4-JULY-PAGE-1.qxd 7/3/2024 10:29 PM Page 1

ਵੀਰਵਾਰ, 4 ਜੁਲਾਈ, 2024

21 ਹਾੜ੍ਹ { ਨਾਨਕਸ਼ਾਹੀ 556 / ਬਿਕਰਮੀ 2081

ਜਿਲਦ/VOL. : 73

ਅੰਕ/NO. : 33

# ਨਵਾਂ ਜ਼ਮਾਨਾ

DAILY NAWAN ZAMANA • THURSDAY, 4 JULY, 2024

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਨਿਆਂ ਦਾ ਮਜ਼ਾਕ ਨਾ ਬਣਾਓ

## ਸੁਪਰੀਮ ਕੋਰਟ ਨੇ ਐੱਨ ਆਈ ਏ ਨੂੰ ਝਾੜਿਆ, ਤੇਜ਼ ਸੁਣਵਾਈ ਹਰ ਮੁਲਜ਼ਮ ਦਾ ਹੱਕ, ਜ਼ਮਾਨਤ ਦਾ ਵਿਰੋਧ ਰੱਦ



**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਬੁੱਧਵਾਰ ਕਿਹਾ ਕਿ ਹਰੇਕ ਮੁਲਜ਼ਮ ਨੂੰ ਤੇਜ਼ੀ ਨਾਲ ਸੁਣਵਾਈ ਦਾ ਹੱਕ ਹਾਸਲ ਹੈ, ਭਾਵੇਂ ਉਸ 'ਤੇ ਕਿੰਨੇ ਵੀ ਗੰਭੀਰ ਦੋਸ਼ ਹੋਣ। ਗੈਰਕਾਨੂੰਨੀ ਸਰਗਰਮੀਆਂ ਰੋਕੂ ਕਾਨੂੰਨ (ਯੂ ਏ ਪੀ ਏ) ਤਹਿਤ ਚਾਰ ਸਾਲ ਤੋਂ ਜੇਲ੍ਹ ਵਿਚ ਬੰਦ ਬੰਦੇ ਦੀ ਜ਼ਮਾਨਤ ਦਾ ਵਿਰੋਧ ਕਰਨ 'ਤੇ ਸੁਪਰੀਮ ਕੋਰਟ ਨੇ ਕੌਮੀ ਜਾਂਚ ਏਜੰਸੀ (ਐੱਨ ਆਈ ਏ) ਨੂੰ ਝਾੜਦਿਆਂ ਕਿਹਾ—ਨਿਆਂ ਦਾ ਮਜ਼ਾਕ ਨਾ ਬਣਾਓ...ਤੁਸੀਂ ਸਟੇਟ ਹੋ, ਤੁਸੀਂ ਐੱਨ ਆਈ ਏ ਹੋ...ਉਸ ਨੂੰ (ਮੁਲਜ਼ਮ ਨੂੰ) ਤੇਜ਼ ਸੁਣਵਾਈ ਦਾ ਹੱਕ ਹੈ, ਭਾਵੇਂ ਉਸ ਨੇ ਕੋਈ ਵੀ ਜੁਰਮ ਕੀਤਾ ਹੋਵੇ। ਤੁਹਾਡੀ ਜ਼ਿੰਮੇਵਾਰੀ ਹੈ ਕਿ ਮੁਕੱਦਮਾ ਸ਼ੁਰੂ ਕਰਵਾਓ। ਉਹ ਪਿਛਲੇ ਚਾਰ ਸਾਲ ਤੋਂ ਜੇਲ੍ਹ ਵਿਚ ਹੈ। ਅਜੇ ਤੱਕ ਤੁਸੀਂ ਚਾਰਜਸ਼ੀਟ ਨਹੀਂ ਪੇਸ਼ ਕੀਤੀ। ਐੱਨ ਆਈ ਏ ਦੀ ਹੋਰ ਵਕਤ ਦੇਣ ਦੀ ਬੇਨਤੀ ਰੱਦ ਕਰਦਿਆਂ ਜਸਟਿਸ ਜੇ ਬੀ ਪਰਦੀਵਾਲਾ ਦੀ ਅਗਵਾਈ ਵਾਲੇ ਦੋ ਮੈਂਬਰੀ ਬੈਂਚ ਨੇ ਜਾਵੇਦ ਗੁਲਾਮ ਨਬੀ ਸ਼ੇਖ ਨੂੰ ਜ਼ਮਾਨਤ ਦੇ ਦਿੱਤੀ। ਬੈਂਚ ਵਿਚ ਦੂਜੇ ਜੱਜ ਉੱਜਲ ਭੁਈਆਂ ਸਨ।

ਬੈਂਚ ਨੇ ਕਿਹਾ—ਸੰਵਿਧਾਨ ਮੁਤਾਬਕ ਹਰੇਕ ਬੰਦੇ ਨੂੰ ਤੇਜ਼ ਸੁਣਵਾਈ ਦਾ ਹੱਕ ਹੈ। ਇਸ ਕੇਸ ਵਿਚ ਉਸ ਨਾਲ ਖਿਲਵਾੜ ਕਰਕੇ ਧਾਰਾ 21 ਦੀ ਉਲੰਘਣਾ ਕੀਤੀ ਗਈ ਹੈ।

ਮੁੰਬਈ ਪੁਲਸ ਨੇ ਸ਼ੇਖ ਨੂੰ 9 ਫਰਵਰੀ 2020 ਨੂੰ ਫੜ ਕੇ ਕਿਹਾ ਸੀ ਕਿ ਉਸ ਕੋਲੋਂ ਪਾਕਿਸਤਾਨ ਤੋਂ ਆਏ ਨਕਲੀ ਨੋਟ ਮਿਲੇ ਹਨ। ਬੰਬੇ ਹਾਈ ਕੋਰਟ ਨੇ ਉਸ ਦੀ ਜ਼ਮਾਨਤ ਦੀ ਅਰਜ਼ੀ ਇਸ ਸਾਲ ਫਰਵਰੀ ਵਿਚ ਰੱਦ ਕਰ ਦਿੱਤੀ ਸੀ। ਇਸ ਤੋਂ ਬਾਅਦ ਉਸ ਨੇ ਸੁਪਰੀਮ ਕੋਰਟ ਕੋਲ ਪਹੁੰਚ ਕੀਤੀ।

# ਹੇਮੰਤ ਸੋਰੇਨ ਝਾਰਖੰਡ ਦੀ ਮੁੜ ਕਮਾਨ ਸੰਭਾਲਣਗੇ



**ਰਾਂਚੀ** : ਜ਼ਮਾਨਤ ਤੋਂ ਬਾਅਦ ਜੇਲ੍ਹ ਵਿੱਚੋਂ ਨਿਕਲਣ ਦੇ ਨਾਲ ਹੀ ਹੇਮੰਤ ਸੋਰੇਨ ਦੇ ਮੁੜ ਮੁੱਖ ਮੰਤਰੀ ਬਣਨ ਦਾ ਰਾਹ ਪੱਧਰਾ ਹੋ ਗਿਆ, ਜਦੋਂ ਮੁੱਖ ਮੰਤਰੀ ਚੰਪਈ ਸੋਰੇਨ ਨੇ ਬੁੱਧਵਾਰ ਸ਼ਾਮ ਰਾਜਪਾਲ ਨੂੰ ਅਸਤੀਫਾ ਦੇ ਦਿੱਤਾ ਅਤੇ ਉਸ ਤੋਂ ਬਾਅਦ ਹੇਮੰਤ ਸੋਰੇਨ ਨੇ ਰਾਜਪਾਲ ਕੋਲ ਮਹਾਗੱਠਬੰਧਨ ਦੀ ਸਰਕਾਰ ਬਣਾਉਣ ਦਾ ਦਾਅਵਾ ਪੇਸ਼ ਕਰ ਦਿੱਤਾ।

ਇਸ ਤੋਂ ਪਹਿਲਾਂ ਮਹਾਗੱਠਬੰਧਨ ਦੇ ਵਿਧਾਇਕਾਂ ਨੇ ਚੰਪਈ ਦੀ ਕੋਠੀ ਵਿਚ ਹੋਈ ਮੀਟਿੰਗ 'ਚ ਉਨ੍ਹਾ ਦੀ ਥਾਂ ਹੇਮੰਤ ਸੋਰੇਨ ਨੂੰ ਮੁੜ ਮੁੱਖ ਮੰਤਰੀ ਬਣਾਉਣ ਦਾ ਫੈਸਲਾ ਕੀਤਾ। ਹੁਕਮਰਾਨ ਮਹਾਗੱਠਬੰਧਨ ਵਿਚ ਝਾਰਖੰਡ ਮੁਕਤੀ ਮੋਰਚਾ, ਕਾਂਗਰਸ ਤੇ ਰਾਜਦ ਸ਼ਾਮਲ ਹਨ। ਜੇਲ੍ਹ ਜਾਣ ਤੋਂ ਪਹਿਲਾਂ ਹੇਮੰਤ ਸੋਰੇਨ ਨੇ ਅਸਤੀਫਾ ਦੇ ਦਿੱਤਾ ਸੀ ਤੇ 67 ਸਾਲਾ ਚੰਪਈ ਸੋਰੇਨ ਮੁੱਖ ਮੰਤਰੀ ਬਣਾਏ ਗਏ ਸਨ। ਝਾਰਖੰਡ ਅਸੰਬਲੀ ਚੋਣਾਂ ਕੁਝ ਮਹੀਨਿਆਂ ਤੱਕ ਹੋਣ ਵਾਲੀਆਂ ਹਨ ਤੇ ਮਹਾਗੱਠਬੰਧਨ ਹੇਮੰਤ ਸੋਰੇਨ ਦੇ ਚਿਹਰੇ ਨਾਲ ਇਹ ਚੋਣਾਂ ਲੜਨੀਆਂ ਚਾਹੁੰਦਾ ਹੈ।

# ਪੀ ਆਰ ਟੀ ਸੀ ਵਰਕਰਾਂ ਵੱਲੋਂ ਜ਼ਬਰਦਸਤ ਧਰਨਾ





**ਪਟਿਆਲਾ** : ਪੀ ਆਰ ਟੀ ਸੀ ਵਿੱਚ ਕੰਮ ਕਰਦੀਆਂ ਛੇ ਜਥੇਬੰਦੀਆਂ ਸੰਬੰਧਤ ਏਟਕ, ਇੰਟਕ, ਕਰਮਚਾਰੀ ਦਲ, ਐੱਸ ਸੀ ਬੀ ਸੀ, ਕੰਟਰੈਕਟ ਯੂਨੀਅਨ ਅਜ਼ਾਦ ਅਤੇ ਰਿਟਾਇਰ ਵਰਕਰਜ਼ ਭਾਈਚਾਰਾ ਯੂਨੀਅਨ 'ਤੇ ਆਧਾਰਤ ਪੀ ਆਰ ਟੀ ਸੀ ਵਰਕਰਜ਼ ਐਕਸ਼ਨ ਕਮੇਟੀ ਵੱਲੋਂ ਬੁੱਧਵਾਰ ਵਰਕਰਾਂ ਦੀਆਂ ਮੰਗਾਂ ਨੂੰ ਲੈ ਕੇ ਮੁੱਖ ਦਫਤਰ ਪਟਿਆਲਾ ਦੇ ਸਾਹਮਣੇ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ। ਧਰਨੇ ਵਿੱਚ ਇੱਕ ਹਜ਼ਾਰ ਤੋਂ ਵੱਧ ਗਿਣਤੀ ਵਿੱਚ ਕਰਮਚਾਰੀਆਂ ਨੇ ਸ਼ਾਮਲ ਹੋ ਕੇ ਆਪਣੇ ਗੁੱਸੇ ਦਾ ਜ਼ਬਰਦਸਤ ਪ੍ਰਗਟਾਵਾ ਕੀਤਾ। ਧਰਨਾਕਾਰੀਆਂ ਦੀ ਅਗਵਾਈ ਨਿਰਮਲ ਸਿੰਘ ਧਾਲੀਵਾਲ ਕਨਵੀਨਰ ਅਤੇ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖੱਟੜਾ, ਰਾਕੇਸ਼ ਕੁਮਾਰ ਦਾਤਾਰਪੁਰੀ, ਮਨਜਿੰਦਰ ਕੁਮਾਰ ਬੱਬੂ ਸ਼ਰਮਾ ਅਤੇ ਮੁਹੰਮਦ ਖਲੀਲ ਕਰ ਰਹੇ ਸਨ।

ਜਿਨ੍ਹਾਂ ਮੁੱਖ ਮੰਗਾਂ ਨੂੰ ਲੈ ਕੇ ਐਜੀਟੇਸ਼ਨ ਦੇ ਪਹਿਲੇ ਪੜਾਅ ਵਜੋਂ ਧਰਨਾ ਦਿੱਤਾ ਗਿਆ, ਉਹਨਾਂ ਵਿੱਚ ਕੰਟਰੈਕਟ, ਆਊਟਸੋਰਸ ਵਰਕਰਾਂ ਨੂੰ ਰੈਗੂਲਰ ਕਰਨਾ, ਮਾਣਯੋਗ ਹਾਈ ਕੋਰਟ ਦੇ ਹੁਕਮ ਦੀ ਪਾਲਣਾ ਕਰਕੇ ਸੰਨ 2004 ਤੋਂ ਪਹਿਲਾਂ ਦੇ ਭਰਤੀ ਹੋਏ 600 ਕਰਮਚਾਰੀਆਂ ਨੂੰ 1992 ਦੀ ਪੈਨਸ਼ਨ ਸਕੀਮ ਦੇ ਹੱਕਦਾਰ ਬਣਾਉਣਾ, ਸੁਪਰਵਾਈਜ਼ਰੀ ਚੈਕਿੰਗ ਸਟਾਫ ਨੂੰ ਔਖੀਆਂ ਕੰਮ ਹਾਲਤਾਂ ਦੇ ਮੱਦੇਨਜ਼ਰ 5000 ਰੁਪਏ ਪ੍ਰਤੀ ਮਹੀਨਾ ਵਿਸ਼ੇਸ਼ ਭੱਤਾ ਦੇਣਾ, ਕੰਟਰੈਕਟ/ ਆਊਟ ਸੋਰਸ ਵਰਕਰਾਂ ਨੂੰ 4 ਰਿਪੋਰਟਾਂ ਉਪਰੰਤ ਬਲੈਕਲਿਸਟ ਕਰਨਾ ਬੰਦ ਕਰਾਉਣਾ, ਕੰਟਰੈਕਟ/ ਆਊਟਸੋਰਸ ਵਰਕਰਾਂ ਵਿਰੁੱਧ ਅਨੁਸ਼ਾਸਨੀ ਕਾਰਵਾਈ ਕਰਨ ਲਈ ਠੋਸੀਆਂ ਗਈਆਂ ਗੈਰ-ਕਾਨੂੰਨੀ ਸਖਤ ਸ਼ਰਤਾਂ ਨੂੰ ਨਰਮ ਕਰਕੇ ਤਰਕਸੰਗਤ ਬਣਾਉਣਾ, ਹਾਈ ਕੋਰਟ ਦੇ ਨਿਰਦੇਸ਼ਾਂ ਅਨੁਸਾਰ ਵੇਟਿੰਗ ਲਿਸਟ ਵਿੱਚ ਰੱਖੇ ਸਾਰੇ ਕਰਮਚਾਰੀਆਂ ਨੂੰ ਤੁਰੰਤ ਡਿਊਟੀਆਂ 'ਤੇ ਪਾਉਣਾ, ਸਮੁੱਚੇ ਕੰਟਰੈਕਟ/ ਆਊਟਸੋਰਸ ਕਰਮਚਾਰੀਆਂ ਦੀਆਂ ਤਨਖਾਹਾਂ ਵਿੱਚ ਇੱਕਸਾਰਤਾ ਲਿਆਉਣਾ, ਅਡਵਾਂਸ ਬੁਕਰਜ਼ ਦੇ ਕਮਿਸ਼ਨ ਵਿੱਚ ਯੋਗ ਵਾਧਾ ਕਰਨਾ, 1992 ਦੀ ਪੈਨਸ਼ਨ ਸਕੀਮ ਤੋਂ ਵਾਂਝੇ ਰਹਿੰਦੇ 400 ਬਜ਼ੁਰਗ ਸੇਵਾ-ਮੁਕਤ ਕਰਮਚਾਰੀਆਂ ਨੂੰ ਪੈਨਸ਼ਨ ਦੇਣਾ, ਵਰਕਰਾਂ ਦੇ ਬਣਦੇ ਕਰੋੜਾਂ ਰੁਪਏ ਦੇ ਸੇਵਾ-ਮੁਕਤੀ ਲਾਭ ਅਤੇ ਹੋਰ ਬਕਾਏ ਅਦਾ ਕਰਨੇ, ਪੈਨਸ਼ਨਰਾਂ ਨੂੰ 2 ਸਾਲ ਬਾਅਦ ਸਫਰ ਭੱਤੇ ਦੇ ਤੌਰ 'ਤੇ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਇੱਕ ਬੇਸਿਕ ਪੈਨਸ਼ਨ ਦੀ ਰਾਸ਼ੀ ਦੇਣਾ, ਪੀ ਆਰ ਟੀ ਸੀ ਵਿੱਚ ਆਪਣੀ ਮਾਲਕੀ ਵਾਲੀਆਂ 500 ਬੱਸਾਂ ਤੁਰੰਤ ਪਾਉਣਾ, ਪੰਜਾਬ ਸਰਕਾਰ ਤੋਂ ਮੁਫ਼ਤ ਸਫਰ ਸਹੂਲਤਾਂ ਬਦਲੇ ਬਣਦੀ 400 ਕਰੋੜ ਰੁਪਏ ਤੋਂ ਵੱਧ ਦੀ ਰਕਮ ਲੈਣਾ, ਫਲਾਇੰਗ ਸਟਾਫ ਨੂੰ ਪਟਿਆਲਾ ਹੈੱਡਕੁਆਟਰ ਦਾ ਹਾਊਸ ਰੈਂਟ ਦਿੱਤਾ ਜਾਣਾ, ਸਹਾਇਕ ਆਡੀਟਰਾਂ ਦੀ ਉਚ ਯੋਗਤਾ ਅਤੇ ਵੱਧ ਜ਼ਿੰਮੇਵਾਰੀ

● ਬਾਕੀ ਸਫ਼ਾ 2 'ਤੇ

## ਭਾਰੀ ਮੀਂਹ ਦੀ ਪੇਸ਼ੀਨਗੋਈ

**ਨਵੀਂ ਦਿੱਲੀ** : ਹੜ੍ਹ ਕਾਰਨ ਮਨੀਪੁਰ ਸਰਕਾਰ ਨੇ ਬੁੱਧਵਾਰ ਸੂਬੇ ਦੇ ਸਾਰੇ ਸਰਕਾਰੀ ਦਫਤਰਾਂ 'ਚ ਛੁੱਟੀ ਦਾ ਐਲਾਨ ਕਰ ਦਿੱਤਾ, ਜਦੋਂ ਕਿ ਸਕੂਲ 4 ਜੁਲਾਈ ਨੂੰ ਵੀ ਬੰਦ ਰਹਿਣਗੇ। ਦੂਜੇ ਪਾਸੇ ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਉੱਤਰਾਖੰਡ, ਰਾਜਸਥਾਨ, ਗੁਜਰਾਤ, ਬਿਹਾਰ, ਪੱਛਮੀ ਬੰਗਾਲ, ਸਿੱਕਮ, ਅਰੁਣਾਚਲ, ਮਨੀਪੁਰ, ਮੇਘਾਲਿਆ, ਅਸਾਮ, ਨਾਗਾਲੈਂਡ, ਤ੍ਰਿਪੁਰਾ, ਮਿਜ਼ੋਰਮ ਵਿਚ ਬਹੁਤ ਭਾਰੀ ਮੀਂਹ ਦੀ ਪੇਸ਼ੀਨਗੋਈ ਕੀਤੀ ਹੈ। ਇਸ ਤੋਂ ਇਲਾਵਾ ਹਿਮਾਚਲ, ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼, ਛੱਤੀਸਗੜ੍ਹ, ਮਹਾਰਾਸ਼ਟਰ, ਗੋਆ, ਆਂਧਰਾ, ਕਰਨਾਟਕ ਤੇ ਕੇਰਲਾ 'ਚ ਮੀਂਹ ਦਾ ਅਲਰਟ ਜਾਰੀ ਕੀਤਾ ਗਿਆ ਹੈ।

## ਰਾਹੁਲ ਖਿਲਾਫ ਪ੍ਰਦਰਸ਼ਨ

**ਨਵੀਂ ਦਿੱਲੀ** : ਰਾਹੁਲ ਗਾਂਧੀ ਵੱਲੋਂ ਕਥਿਤ ਭਗਵਾ ਪਾਰਟੀ 'ਤੇ ਟਿੱਪਣੀ ਕੀਤੇ ਜਾਣ ਖਿਲਾਫ ਭਾਜਪਾ ਆਗੂਆਂ ਅਤੇ ਵਰਕਰਾਂ ਨੇ ਪ੍ਰਦਰਸ਼ਨ ਕਰਦਿਆਂ ਅਕਬਰ ਰੋਡ ਸਥਿਤ ਕਾਂਗਰਸ ਦੇ ਮੁੱਖ ਦਫਤਰ ਵੱਲ ਵਧਣ ਦੀ ਕੋਸ਼ਿਸ਼ ਕੀਤੀ। ਭਾਜਪਾ ਯੁਵਾ ਮੋਰਚਾ ਦੇ ਕੌਮੀ ਪ੍ਰਧਾਨ ਤੇਜਸਵੀ ਸੂਰੀਆ ਨੇ ਕਿਹਾ ਕਿ ਜਿਸ ਤਰ੍ਹਾਂ ਰਾਹੁਲ ਗਾਂਧੀ ਨੇ ਹਿੰਦੂ ਸਮਾਜ 'ਤੇ ਹਿੰਸਕ ਹੋਣ ਦਾ ਦੋਸ਼ ਲਾਇਆ ਹੈ ਇਹ ਮੁਆਫ ਕਰਨ ਯੋਗ ਨਹੀਂ। ਪ੍ਰਦਰਸ਼ਨ ਦੌਰਾਨ ਭਾਜਪਾ ਦੇ ਸੰਸਦ ਮੈਂਬਰ ਮਨੋਜ ਤਿਵਾੜੀ ਅਤੇ ਬਾਂਸੁਰੀ ਸਵਰਾਜ ਵੀ ਮੌਜੂਦ ਸਨ। ਉਨ੍ਹਾਂ ਕਿਹਾ ਕਿ ਅਸੀਂ ਵਿਰੋਧ ਜਾਰੀ ਰੱਖਾਂਗੇ।

## ਭਾਰਤੀ ਵਿਸਕੀ ਸਰਵੋਤਮ

**ਬੇਂਗਲੁਰੂ** : ਇੱਥੋਂ ਅੰਮ੍ਰਿਤ ਡਿਸਟਿਲਰੀਜ਼ ਨੇ ਲੰਡਨ 'ਚ 2024 ਇੰਟਰਨੈਸ਼ਨਲ ਸਪਿਰਟ ਚੈਲੇਂਜ 'ਚ ਵਿਸ਼ਵ ਦੀ ਸਰਵੋਤਮ ਵਿਸਕੀ ਦਾ ਖਿਤਾਬ ਜਿੱਤਿਆ ਹੈ। ਇਸ ਮੁਕਾਬਲੇ 'ਚ ਸਕਾਟਲੈਂਡ, ਆਇਰਲੈਂਡ ਅਤੇ ਜਾਪਾਨ ਸਣੇ ਵਿਸ਼ਵ ਭਰ ਦੇ ਚੋਟੀ ਦੇ ਵਿਸਕੀ ਬ੍ਰਾਂਡ ਸ਼ਾਮਲ ਸਨ। ਅੰਮ੍ਰਿਤ ਡਿਸਟਿਲਰੀਜ਼ ਨੇ ਵਿਸ਼ਵ ਪੱਧਰ 'ਤੇ ਭਾਰਤੀ ਡਿਸਟਿਲਰੀਆਂ ਲਈ ਇੱਕ ਨਵਾਂ ਮਿਆਰ ਕਾਇਮ ਕਰਦੇ ਹੋਏ ਸਖਤ ਮੁਕਾਬਲੇ ਵਿਚ ਪੰਜ ਸੋਨ ਤਮਗੇ ਹਾਸਲ ਕੀਤੇ ਹਨ। ਅੰਮ੍ਰਿਤ ਕੰਪਨੀ ਦੀ ਸਥਾਪਨਾ ਮਰਹੂਮ ਰਾਧਾਕ੍ਰਿਸ਼ਨ ਜਗਦਲੇ ਵੱਲੋਂ 1948 'ਚ ਕੀਤੀ ਗਈ ਸੀ।

## ਪ੍ਰੋਫੈਸਰ ਵੱਲੋਂ ਪਿਓ ਕਤਲ

**ਭੁਵਨੇਸ਼ਵਰ** : ਓਡੀਸ਼ਾ 'ਚ ਇਕ ਪ੍ਰਾਈਵੇਟ ਲਾਅ ਕਾਲਜ ਦੇ ਅਸਿਸਟੈਂਟ ਪ੍ਰੋਫੈਸਰ ਨੇ ਕਥਿਤ ਤੌਰ 'ਤੇ ਆਪਣੇ ਪਿਤਾ ਦਾ ਕਤਲ ਕਰ ਦਿੱਤਾ। ਪੁਲਸ ਅਧਿਕਾਰੀ ਪ੍ਰਤੀਕ ਸਿੰਘ ਨੇ ਦੱਸਿਆ ਕਿ ਸੁਨੀਲ ਚੌਧਰੀ ਦੀ ਛਾਤੀ ਅਤੇ ਪੇਟ 'ਤੇ ਕਈ ਵਾਰ ਹਮਲਾ ਕੀਤਾ ਗਿਆ। ਮੁਲਜ਼ਮ ਅਨਿਰੁਧ ਚੌਧਰੀ ਪਤਨੀ ਨਾਲ ਵਿਵਾਦ ਤੋਂ ਬਾਅਦ ਆਪਣੇ ਮਾਪਿਆਂ ਨਾਲ ਰਹਿ ਰਿਹਾ ਸੀ। ਉਸ ਨੇ ਮਾਂ ਦੇ ਸਾਹਮਣੇ ਇਹ ਕਾਰਾ ਕੀਤਾ। ਇਸ ਪਿੱਛੇ ਪੈਸਿਆਂ ਦਾ ਲੈਣ-ਦੇਣ ਦੱਸਿਆ ਜਾ ਰਿਹਾ ਹੈ। ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।

## ਅੰਮ੍ਰਿਤਪਾਲ ਭਲਕੇ ਸਹੁੰ ਚੁੱਕੇਗਾ

**ਅੰਮ੍ਰਿਤਸਰ** : ਹਲਕਾ ਖਡੂਰ ਸਾਹਿਬ ਤੋਂ ਲੋਕ ਸਭਾ ਮੈਂਬਰ ਚੁਣੇ ਗਏ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਪੈਰੋਲ ਮਿਲ ਗਈ ਹੈ। ਫਰੀਦਕੋਟ ਤੋਂ ਸੰਸਦ ਮੈਂਬਰ ਸਰਬਜੀਤ ਸਿੰਘ ਖਾਲਸਾ ਨੇ ਦੱਸਿਆ ਕਿ ਅੰਮ੍ਰਿਤਪਾਲ ਸਿੰਘ 5 ਜੁਲਾਈ ਨੂੰ ਸਹੁੰ ਚੁੱਕੇਗਾ। ਉਸ ਨੇ ਫੇਸਬੁਕ 'ਤੇ ਕਿਹਾ ਕਿ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਇਸ ਦੀ ਪੁਸ਼ਟੀ ਕੀਤੀ ਹੈ। ਅੰਮ੍ਰਿਤਪਾਲ ਨੂੰ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਤੋਂ ਹੈਲੀਕਾਪਟਰ ਰਾਹੀਂ ਲਿਆਂਦਾ ਜਾਵੇਗਾ।

## ਕੁਲਵਿੰਦਰ ਦਾ ਤਬਾਦਲਾ

**ਮੁਹਾਲੀ** : ਇੱਥੋਂ ਦੇ ਹਵਾਈ ਅੱਡੇ 'ਤੇ ਕੰਗਣਾ ਰਣੌਤ ਨੂੰ ਥੱਪੜ ਮਾਰਨ ਵਾਲੀ ਸੀ ਆਈ ਐੱਸ ਐੱਫ ਕਾਂਸਟੇਬਲ ਕੁਲਵਿੰਦਰ ਕੌਰ ਦਾ ਬੇਂਗਲੁਰੂ ਤਬਾਦਲਾ ਕਰ ਦਿੱਤਾ ਗਿਆ ਹੈ। ਉਹ ਜਾਂਚ ਪੂਰੀ ਹੋਣ ਤੱਕ ਮੁਅੱਤਲ ਚੱਲ ਰਹੀ ਹੈ। ਕੁਲਵਿੰਦਰ ਕੌਰ ਦੇ ਪਤੀ, ਜੋ ਚੰਡੀਗੜ੍ਹ ਹਵਾਈ ਅੱਡੇ 'ਤੇ ਤਾਇਨਾਤ ਸੀ, ਦਾ ਵੀ ਤਬਾਦਲਾ ਕਰ ਦਿੱਤਾ ਗਿਆ ਹੈ।

# ਮੋਦੀ ਦੇ ਭਾਸ਼ਣ ਦੌਰਾਨ ਵਾਕਆਊਟ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੁੱਧਵਾਰ ਰਾਜ ਸਭਾ ਵਿਚ ਕਿਹਾ ਕਿ ਪੇਪਰ ਲੀਕ ਮਾਮਲੇ ਵਿਚ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ ਤੇ ਸਾਰੇ ਦੋਸ਼ੀਆਂ ਨੂੰ ਕਾਬੂ ਕਰਨ ਲਈ ਹਰ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ। ਮੋਦੀ ਨੇ ਕਿਹਾ ਕਿ 60 ਸਾਲਾਂ ਬਾਅਦ ਅਜਿਹਾ ਹੋਇਆ ਹੈ ਕਿ 10 ਸਾਲਾਂ ਬਾਅਦ ਮੁੜ ਉਹੀ ਸਰਕਾਰ ਵਾਪਸ ਆਈ ਹੈ, ਪਰ ਇਹ ਗੱਲ ਕਈਆਂ ਨੂੰ ਹਜ਼ਮ ਨਹੀਂ ਹੋ ਰਹੀ। ਇਸ ਤੋਂ ਬਾਅਦ ਸਦਨ ਵਿਚ ਹੰਗਾਮਾ ਹੋ ਗਿਆ। ਪ੍ਰਧਾਨ ਮੰਤਰੀ ਦੇ ਭਾਸ਼ਣ ਦੌਰਾਨ ਵਿਰੋਧੀ ਧਿਰ ਹੰਗਾਮਾ ਕਰਦੀ ਰਹੀ। 32 ਮਿੰਟ ਦੇ ਭਾਸ਼ਣ ਤੋਂ ਬਾਅਦ ਵਿਰੋਧੀ ਧਿਰ ਨੇ ਸਦਨ ਤੋਂ ਵਾਕਆਊਟ ਕਰ ਦਿੱਤਾ। ਇਸ 'ਤੇ ਚੇਅਰਮੈਨ ਜਗਦੀਪ ਧਨਖੜ ਨੇ ਕਿਹਾ ਕਿ ਉਹ ਉਨ੍ਹਾਂ ਤੋਂ ਨਹੀਂ, ਬਲਕਿ ਸੰਵਿਧਾਨ ਤੋਂ ਮੂੰਹ ਮੋੜ ਰਹੇ ਹਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਉਹ (ਵਿਰੋਧੀ ਧਿਰ) ਦੇਸ਼ ਵਾਸੀਆਂ ਵੱਲੋਂ ਦਿੱਤੇ ਫਤਵੇ ਨੂੰ ਹਜ਼ਮ ਨਹੀਂ ਕਰ ਪਾ ਰਹੇ ਹਨ ਤੇ ਉਹ ਹੁਣ ਮੈਦਾਨ ਛੱਡ ਕੇ ਭੱਜ ਗਏ ਹਨ। ਮੋਦੀ ਨੇ ਕਿਹਾ ਕਿ ਕਾਂਗਰਸ ਨੇ ਸੰਵਿਧਾਨ ਦਾ ਵਿਰੋਧ ਕੀਤਾ ਹੈ। ਵਿਰੋਧੀ ਕੰਮ ਕਰਨ ਦੀ ਥਾਂ ਸਿਰਫ ਰੌਲਾ ਪਾਉਂਦੇ ਹਨ। ਉਨ੍ਹਾ ਕਿਹਾ ਕਿ ਕਿਸਾਨਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ ਅਤੇ ਛੋਟੇ ਕਿਸਾਨਾਂ ਨੂੰ ਹੁਣ ਤੱਕ ਕੋਈ ਫਾਇਦਾ ਨਹੀਂ ਪਹੁੰਚਾਇਆ ਗਿਆ, ਪਰ ਭਾਜਪਾ ਸਰਕਾਰ ਨੇ ਘੱਟ ਕੀਮਤਾਂ 'ਤੇ ਕਿਸਾਨਾਂ ਲਈ ਖਾਦਾਂ ਮੁਹੱਈਆ ਕਰਵਾਈਆਂ ਅਤੇ ਉਨ੍ਹਾਂ ਨੂੰ ਹਰ ਤਰ੍ਹਾਂ ਦੀ ਸਹੂਲਤ ਦੇਣ ਲਈ ਕਦਮ ਚੁੱਕੇ ਹਨ।

## ਸਟੇਸ਼ਨਾਂ 'ਤੇ ਵਾਈ-ਫਾਈ ਸਹੂਲਤ ਯਕੀਨੀ ਬਣਾਉਣ ਦੇ ਨਿਰਦੇਸ਼

**ਨਵੀਂ ਦਿੱਲੀ** : ਰੇਲਵੇ ਬੋਰਡ ਵੱਲੋਂ ਕਈ ਰੇਵਲੇ ਸਟੇਸ਼ਨਾਂ 'ਤੇ ਬੰਦ ਪਈਆਂ ਵਾਈ-ਫਾਈ ਸੁਵਿਧਾਵਾਂ ਦੇ ਮੱਦੇਨਜ਼ਰ ਸਖਤ ਨੋਟਿਸ ਲਿਆ ਗਿਆ ਹੈ। ਉਸ ਨੇ 17 ਜ਼ੋਨਾਂ ਦੇ ਜਨਰਲ ਮੈਨੇਜਰਾਂ (ਸਿਗਨਲ ਅਤੇ ਦੂਰਸੰਚਾਰ) ਨੂੰ ਪੱਤਰ ਜਾਰੀ ਕਰਦਿਆਂ ਸੇਵਾਵਾਂ ਬਹਾਲ ਕਰਨ ਲਈ ਤੁਰੰਤ ਕਦਮ ਚੁੱਕਣ ਲਈ ਕਿਹਾ ਹੈ। ਬੋਰਡ ਅਨੁਸਾਰ ਦੇਸ਼ ਦੇ 7000 ਤੋਂ ਵੱਧ ਸਟੇਸ਼ਨਾਂ ਵਿੱਚੋਂ 6108 ਸਟੇਸ਼ਨਾਂ 'ਤੇ ਯਾਤਰੀਆਂ ਲਈ ਮੁਫਤ ਵਾਈਫਾਈ ਸੁਵਿਧਾ ਉਪਲੱਬਧ ਹੈ। ਪੱਤਰ ਵਿਚ ਕਿਹਾ ਗਿਆ ਹੈ ਕਿ ਕਈ ਕਾਰਨਾਂ ਕਰਕੇ ਵਾਈਫਾਈ ਕੰਮ ਨਹੀਂ ਕਰ ਰਿਹਾ, ਜਿਸ ਨਾਲ ਯਾਤਰੀਆਂ ਨੂੰ ਅਸੁਵਿਧਾ ਹੋ ਰਹੀ ਹੈ। ਬੋਰਡ ਨੇ ਜਨਰਲ ਮੈਨੇਜਰਾਂ ਤੋਂ ਇਕ ਹਫਤੇ ਵਿਚ ਹਦਾਇਤਾਂ ਦੀ ਪਾਲਣਾ ਸੰਬੰਧੀ ਕਾਰਵਾਈ ਰਿਪੋਰਟ ਵੀ ਮੰਗੀ ਹੈ।

# ਬਾਬੇ ਦੇ ਚਰਨਾਂ ਦੀ ਧੂੜ ਚੁੱਕਦੇ ਮਿੱਟੀ ਹੋ ਗਏ ਸ਼ਰਧਾਲੂ

## ਪਰਮਿਸ਼ਨ 80 ਹਜ਼ਾਰ ਦੀ, ਇਕੱਠ ਢਾਈ ਲੱਖ ਦਾ



ਭਾਰੀ ਭੀੜ ਕਾਰਨ ਇਕ-ਦੂਜੇ 'ਤੇ ਡਿੱਗਦੇ ਗਏ। ਕੁਝ ਤਾਂ ਨੇੜਲੇ ਨਾਲੇ ਵਿਚ ਡਿੱਗ ਗਏ।

**ਹਾਥਰਸ** : ਸਤਿਸੰਗ ਦੌਰਾਨ ਮੰਗਲਵਾਰ ਮਚੀ ਭਾਜੜ 'ਚ 120 ਤੋਂ ਵੱਧ ਮੌਤਾਂ ਦੇ ਸੰਬੰਧ ਵਿਚ ਪੁਲਸ ਨੇ ਪ੍ਰਬੰਧਕਾਂ 'ਤੇ ਸਬੂਤ ਛੁਪਾਉਣ ਅਤੇ ਸ਼ਰਤਾਂ ਦੀ ਉਲੰਘਣਾ ਕਰਨ ਦੇ ਦੋਸ਼ ਹੇਠ ਕੇਸ ਦਰਜ ਕੀਤਾ ਹੈ। ਐੱਫ ਆਈ ਆਰ ਵਿਚ ਕਿਹਾ ਗਿਆ ਹੈ ਕਿ ਢਾਈ ਲੱਖ ਲੋਕ ਇਕੱਠੇ ਹੋਏ ਸਨ, ਜਦਕਿ ਇਜਾਜ਼ਤ ਸਿਰਫ 80,000 ਲੋਕਾਂ ਦੀ ਲਈ ਹੋਈ ਸੀ। ਤਾਂ ਵੀ, ਐੱਫ ਆਈ ਆਰ ਵਿਚ ਹਾਥਰਸ ਜ਼ਿਲ੍ਹੇ ਦੇ ਫੁਲਰਾਈ ਪਿੰਡ ਨੇੜੇ ਸਤਿਸੰਗ ਕਰਨ ਵਾਲੇ ਬਾਬਾ ਨਾਰਾਇਣ ਹਰੀ ਉਰਫ ਸਾਕਾਰ ਵਿਸ਼ਵ ਹਰੀ ਭੋਲੇ ਬਾਬਾ ਦਾ ਨਾਂਅ ਨਹੀਂ ਹੈ।

ਇਸੇ ਦੌਰਾਨ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਬੁੱਧਵਾਰ ਹਸਪਤਾਲ ਵਿਚ ਜ਼ਖਮੀਆਂ ਦਾ ਹਾਲ ਪੁੱਛਿਆ ਗਿਆ ਤੇ ਸਰਕਟ ਹਾਊਸ ਵਿਚ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਅਧਿਕਾਰੀਆਂ ਮੁਤਾਬਕ ਜ਼ਖਮੀਆਂ ਦੀ ਗਿਣਤੀ 28 ਹੈ ਤੇ 121 ਲਾਸ਼ਾਂ 'ਚੋਂ ਸਿਰਫ ਚਾਰ ਦੀ ਪਛਾਣ ਹੋਣੀ ਬਾਕੀ ਹੈ। ਯੋਗੀ ਨੇ ਕਿਹਾ ਕਿ ਮਾਮਲੇ ਦੀ ਤਹਿ ਤੱਕ ਜਾਣ ਲਈ ਜੁਡੀਸ਼ੀਅਲ ਜਾਂਚ ਕਰਵਾਈ ਜਾਵੇਗੀ।

ਯੂ ਪੀ ਦੇ ਚੀਫ ਸੈਕਟਰੀ ਮਨੋਜ ਕੁਮਾਰ ਸਿੰਘ ਨੇ ਦੱਸਿਆ ਕਿ ਸਤਿਸੰਗ ਖਤਮ ਹੋਣ ਤੋਂ ਬਾਅਦ ਸ਼ਰਧਾਲੂਆਂ ਨੇ ਬਾਬੇ ਦੇ ਚਰਨ ਛੂਹਣ ਤੇ ਚਰਨਾਂ ਦੀ ਧੂੜ ਚੁੱਕਣ ਦੀ ਕੋਸ਼ਿਸ਼ ਕੀਤੀ ਤਾਂ ਭਾਰੀ ਭੀੜ ਕਾਰਨ ਇਕ-ਦੂਜੇ 'ਤੇ ਡਿੱਗਦੇ ਗਏ। ਕੁਝ ਤਾਂ ਨੇੜਲੇ ਨਾਲੇ ਵਿਚ ਡਿੱਗ ਗਏ।

ਇਸ ਹਾਦਸੇ ਵਿਚ ਪ੍ਰਸ਼ਾਸਨ ਦੀ ਲਾਪ੍ਰਵਾਹੀ ਸਾਫ ਨਜ਼ਰ ਆਈ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਸਤਿਸੰਗ ਦੀਆਂ ਤਿਆਰੀਆਂ 17 ਦਿਨ ਤੋਂ ਚੱਲ ਰਹੀਆਂ ਸਨ ਅਤੇ 26 ਜੂਨ ਨੂੰ ਹੀ ਰਾਜਸਥਾਨ, ਮੱਧ ਪ੍ਰਦੇਸ਼ ਤੇ ਹੋਰਨਾਂ ਰਾਜਾਂ ਤੋਂ ਤਕਰੀਬਨ 500 ਬੱਸਾਂ ਪੁੱਜ ਚੁੱਕੀਆਂ ਸਨ। ਪ੍ਰਸ਼ਾਸਨ ਨੇ ਧਿਆਨ ਨਹੀਂ ਦਿੱਤਾ ਕਿ ਏਨੇ ਲੋਕਾਂ ਨੂੰ ਸੰਭਾਲਿਆ ਕਿਵੇਂ ਜਾਵੇਗਾ।

ਆਗਰਾ ਦੀ ਰਿਪੋਰਟ ਹੈ ਕਿ ਭੈਣ ਨੂੰ ਲੱਭਣ ਲਈ ਭਰਾ ਨੇ 100 ਤੋਂ ਵੱਧ ਲਾਸ਼ਾਂ ਦੇ ਚਿਹਰੇ ਚੈੱਕ ਕੀਤੇ, ਪਰ ਉਹ ਲੱਭੀ ਨਹੀਂ। 46 ਸਾਲਾ ਰਾਕੇਸ਼ ਕੁਮਾਰ ਦੀ 50 ਸਾਲਾ ਭੈਣ ਹਰਬੇਜੀ ਦੇਵੀ ਵੀ ਮੰਗਲਵਾਰ ਸਤਿਸੰਗ ਸੁਣਨ ਗਈ ਸੀ, ਜਿੱਥੇ ਮਚੀ ਭਾਜੜ ਵਿਚ 120 ਤੋਂ ਵੱਧ ਲੋਕ ਮਾਰੇ ਗਏ।

ਰਾਕੇਸ਼ ਕੁਮਾਰ ਪਹਿਲਾਂ ਹਾਥਰਸ, ਏਟਾ ਤੇ ਅਲੀਗੜ੍ਹ ਦੇ ਪੋਸਟਮਾਰਟਮ ਹਾਊਸ ਗਿਆ, ਜਿੱਥੇ ਵੱਡੀ ਗਿਣਤੀ 'ਚ ਲਾਸ਼ਾਂ ਰੱਖੀਆਂ ਹੋਈਆਂ ਸਨ। ਉਸ ਤੋਂ ਬਾਅਦ ਭੈਣ ਦੀ ਭਾਲ ਵਿਚ ਮੋਟਰਸਾਈਕਲ 'ਤੇ ਬੁੱਧਵਾਰ ਸਵੇਰੇ ਆਗਰਾ ਦੇ ਪੋਸਟਮਾਰਟਮ ਹਾਊਸ ਪੁੱਜਾ।

ਯੂ ਪੀ ਦੇ ਕਾਸਗੰਜ ਦੇ ਰਾਕੇਸ਼ ਕੁਮਾਰ ਨੇ ਦੱਸਿਆ—ਮੰਗਲਵਾਰ ਮੈਨੂੰ ਅਲੀਗੜ੍ਹ ਦੇ ਪਿੰਡ ਤੋਂ ਫੋਨ ਆਇਆ ਕਿ ਹਰਬੇਜੀ ਸਤਿਸੰਗ ਸੁਣਨ ਗਈ ਸੀ। ਗੁਆਂਢੀ ਤਾਂ ਮੁੜ ਆਏ, ਪਰ ਉਹ ਨਹੀਂ ਆਈ। ਮੈਂ ਮੋਟਰਸਾਈਕਲ 'ਤੇ ਬਹੁਤ ਥਾਈਂ ਗਿਆ, ਪਰ ਉਹ ਨਹੀਂ ਲੱਭੀ।

# ਮੋਦੀ ਖਿਲਾਫ ਪਟੀਸ਼ਨ ਰੱਦ

**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਲੋਕ ਸਭਾ ਤੋਂ ਬਰਖਾਸਤ ਕਰਨ ਵਾਲੀ ਇਕ ਪਟੀਸ਼ਨ ਨੂੰ ਖਾਰਜ ਕਰਦਿਆਂ ਕਿਹਾ ਕਿ ਇਸ ਵਿਚ ਲਾਪ੍ਰਵਾਹੀ ਨਾਲ ਲਗਾਏ ਗਏ ਦੋਸ਼ ਬੇਬੁਨਿਆਦ ਹਨ।

ਕਾਰਜਕਾਰੀ ਚੀਫ ਜਸਟਿਸ ਮਨਮੋਹਨ ਰਾਓ ਅਤੇ ਜਸਟਿਸ ਤੁਸ਼ਾਰ ਰਾਓ ਗੇਡੇਲਾ ਦੀ ਬੈਂਚ ਨੇ ਕਿਹਾ ਕਿ ਉਹ ਪਟੀਸ਼ਨ ਨੂੰ ਪਹਿਲਾਂ ਹੀ ਰੱਦ ਕਰਨ ਵਾਲੇ ਸਿੰਗਲ ਜੱਜ ਦੇ ਫੈਸਲੇ ਨਾਲ ਸਹਿਮਤ ਹੈ। ਬੈਂਚ ਨੇ ਕਿਹਾ ਕਿ ਅਪੀਲਕਰਤਾ ਨੂੰ ਡਾਕਟਰੀ ਸਹਾਇਤਾ ਦੀ ਲੋੜ ਹੈ। ਉਨ੍ਹਾ ਸੰਬੰਧਤ ਥਾਣਾ ਮੁਖੀ, ਸਬ-ਡਵੀਜ਼ਨਲ ਮੈਜਿਸਟ੍ਰੇਟ ਅਤੇ ਜ਼ਿਲ੍ਹਾ ਮੈਜਿਸਟ੍ਰੇਟ ਨੂੰ ਮੈਡੀਕਲ ਹੈੱਲਥ ਐਕਟ ਦੀਆਂ ਵਿਵਸਥਾਵਾਂ ਅਨੁਸਾਰ ਅਪੀਲਕਰਤਾ 'ਤੇ ਨਜ਼ਰ ਰੱਖਣ ਲਈ ਆਦੇਸ਼ ਦਿੱਤੇ ਹਨ।

ਕੈਪਟਨ ਦੀਪਕ ਕੁਮਾਰ ਵੱਲੋਂ ਦਾਇਰ ਪਟੀਸ਼ਨ ਵਿਚ ਦੋਸ਼ ਲਗਾਏ ਗਏ ਸਨ ਕਿ ਮੋਦੀ ਅਤੇ ਉਸ ਦੇ ਸਾਥੀਆਂ ਨੇ 2018 ਵਿਚ ਏਅਰ ਇੰਡੀਆ ਦੀ ਉਡਾਣ ਦੇ ਘਾਤਕ ਹਾਦਸੇ ਦੀ ਯੋਜਨਾ ਬਣਾ ਕੇ ਕੌਮੀ ਸੁਰੱਖਿਆ ਨੂੰ ਅਸਥਿਰ ਕਰਨ ਦੀ ਕੋਸ਼ਿਸ਼ ਕੀਤੀ ਸੀ। ਅਦਾਲਤ ਦੇ ਸਾਹਮਣੇ ਬਹਿਸ ਕਰਦੇ ਹੋਏ ਕੁਮਾਰ ਨੇ ਦੋਸ਼ ਲਗਾਇਆ ਕਿ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਕੇਂਦਰੀ ਮੰਤਰੀ ਜਯੋਤਿਰਾਦਿਤਿਆ ਸਿੰਧੀਆ ਦੇਸ਼-ਵਿਰੋਧੀ ਗਤੀਵਿਧੀਆਂ 'ਚ ਸ਼ਾਮਲ ਹਨ ਅਤੇ ਉਨ੍ਹਾਂ ਨੂੰ ਲੋਕ ਸਭਾ ਤੋਂ ਬਰਖਾਸਤ ਕੀਤਾ ਜਾਣਾ ਚਾਹੀਦਾ ਹੈ।

## ਜੈਸ਼ੰਕਰ ਨੇ ਲਾਵਰੋਵ ਕੋਲ ਜੰਗ 'ਚ ਝੋਕੇ ਭਾਰਤੀਆਂ ਦਾ ਮੁੱਦਾ ਉਠਾਇਆ

**ਅਸਤਾਨਾ (ਕਜ਼ਾਕਿਸਤਾਨ)**-ਭਾਰਤ ਦੇ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਇੱਥੇ ਰੂਸੀ ਵਿਦੇਸ਼ ਮੰਤਰੀ ਸਰਗੇਈ ਲਾਵਰੋਵ ਨਾਲ ਮੁਕਾਲਤ ਦੌਰਾਨ ਯੁੱਧ ਖੇਤਰ ਵਿਚ ਮੌਜੂਦ ਭਾਰਤੀਆਂ ਦਾ ਮੁੱਦਾ ਉਠਾਇਆ ਅਤੇ ਉਨ੍ਹਾਂ ਦੀ ਸੁਰੱਖਿਅਤ ਵਾਪਸੀ ਲਈ ਦਬਾਅ ਪਾਇਆ। ਜੈਸ਼ੰਕਰ ਸ਼ੰਘਾਈ ਸਹਿਯੋਗ ਸੰਗਠਨ ਦੇ ਸਲਾਨਾ ਸੰਮੇਲਨ ਵਿਚ ਭਾਰਤ ਦੀ ਨੁਮਾਇੰਦਗੀ ਕਰਨ ਪੁੱਜੇ ਸਨ। ਜੈਸ਼ੰਕਰ ਨੇ ਸੋਸ਼ਲ ਮੀਡੀਆ 'ਐੱਕਸ' 'ਤੇ ਜਾਣਕਾਰੀ ਸਾਂਝੀ ਕਰਦਿਆਂ ਲਿਖਿਆ ਕਿ ਉਨ੍ਹਾ ਯੁੱਧ ਖੇਤਰ ਵਿਚ ਮੌਜੂਦ ਭਾਰਤੀ ਨਾਗਰਿਕਾਂ ਬਾਰੇ ਵਿਸ਼ੇਸ਼ ਤੌਰ 'ਤੇ ਚਿੰਤਾ ਜ਼ਾਹਰ ਕਰਦਿਆਂ ਉਨ੍ਹਾਂ ਦੀ ਸੁਰੱਖਿਅਤ ਵਾਪਸੀ ਲਈ ਚਰਚਾ ਕੀਤੀ ਹੈ।

## ਜ਼ੀਕਾ ਵਾਇਰਸ ਫੈਲਣ ਤੋਂ ਰੋਕਣ ਲਈ ਦਿਸ਼ਾ-ਨਿਰਦੇਸ਼

**ਨਵੀਂ ਦਿੱਲੀ** : ਮਹਾਰਾਸ਼ਟਰ ਦੇ ਕੁਝ ਹਿੱਸਿਆਂ ਵਿਚ ਸਾਹਮਣੇ ਆਏ ਜ਼ੀਕਾ ਵਾਇਰਸ ਦੇ ਮਾਮਲਿਆਂ ਦੇ ਮੱਦੇਨਜ਼ਰ ਕੇਂਦਰੀ ਸਿਹਤ ਮੰਤਰਾਲੇ ਨੇ ਦਿਸ਼ਾ-ਨਿਰਦੇਸ਼ ਜਾਰੀ ਕਰਦਿਆਂ ਇਸ ਪ੍ਰਤੀ ਚੌਕਸੀ ਵਧਾਉਣ ਲਈ ਕਿਹਾ ਹੈ।

ਡਾਇਰੈਕਟਰ ਜਨਰਲ ਅਤੁਲ ਗੋਇਲ ਵੱਲੋਂ ਜਾਰੀ ਨਿਰਦੇਸ਼ਾਂ ਤਹਿਤ ਸੂਬਿਆਂ ਨੂੰ ਗਰਭਵਤੀ ਮਹਿਲਾਵਾਂ ਦੀ ਜਾਂਚ ਅਤੇ ਸੰਕਰਮਤ ਮਹਿਲਾਵਾਂ ਦੇ ਭਰੂਣ ਦੇ ਵਿਕਾਸ 'ਤੇ ਖਾਸ ਧਿਆਨ ਰੱਖਣ ਲਈ ਕਿਹਾ ਗਿਆ ਹੈ। ਇਸ ਤੋਂ ਇਲਾਵਾ ਮੰਤਰਾਲੇ ਵੱਲੋਂ ਸਿਹਤ ਸੰਸਥਾਵਾਂ ਨੂੰ ਡੇਂਗੂ ਵਾਲੇ ਮੱਛਰ ਤੋਂ ਮੁਕਤ ਰੱਖਣ ਲਈ ਨੋਡਲ ਅਫਸਰ ਨਿਯੁਕਤ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ ਹਨ।

ਜ਼ੀਕਾ ਡੇਂਗੂ ਅਤੇ ਚਿਕਨਗੁਨੀਆ ਵਾਂਗ ਏਡੀਜ਼ ਮੱਛਰ (ਡੇਂਗੂ ਮੱਛਰ) ਤੋਂ ਫੈਲਣ ਵਾਲੀ ਬਿਮਾਰੀ ਹੈ। ਇਹ ਗਰਭਵਤੀ ਔਰਤਾਂ ਤੋਂ ਪੈਦਾ ਹੋਣ ਵਾਲੇ ਬੱਚਿਆਂ ਨੂੰ 'ਮਾਈਕੋਸੇਫਲੀ' ਦਾ ਕਾਰਨ ਬਣਦਾ ਹੈ। 'ਮਾਈਕੋਸੇਫਲੀ' ਵਿਚ ਗਰਭਵਤੀ ਔਰਤਾਂ ਦੇ ਬੱਚਿਆਂ ਦਾ ਸਿਰ ਉਮੀਦ ਨਾਲੋਂ ਬਹੁਤ ਛੋਟਾ ਹੁੰਦਾ ਹੈ, ਜਿਸ ਕਾਰਨ ਇਹ ਵਾਇਰਸ ਵੱਡੀ ਚਿੰਤਾ ਦਾ ਕਾਰਨ ਬਣਦਾ ਹੈ।

ਸਾਲ 2024 ਦੌਰਾਨ 2 ਜੁਲਾਈ ਤੱਕ ਜ਼ੀਕਾ ਵਾਇਰਸ ਨਾਲ ਸੰਬੰਧਤ ਪੁਣੇ ਵਿਚ ਛੇ, ਕੋਹਲਾਪੁਰ ਅਤੇ ਸੰਗਮਨੇਰ ਵਿਚ ਇੱਕ-ਇੱਕ ਮਾਮਲਾ ਦਰਜ ਕੀਤਾ ਗਿਆ ਹੈ।

## ਅੱਜ-ਨਾਮਾ

ਅੱਠਵਾਂ ਟੁੱਟਾ ਅੱਜ ਪੁਲ ਬਿਹਾਰ ਦੇ ਵਿੱਚ,
ਖਬਰਾਂ ਮਾੜੀਆਂ ਦੀ ਲੱਗੀ ਹੈ ਡਾਰ ਬੇਲੀ।
ਪੜ੍ਹ ਕੇ ਖਬਰਾਂ ਪਏ ਦੇਸ਼ ਦੇ ਲੋਕ ਸੋਚਣ,
ਓਧਰ ਦੀ ਕਰਦੀ ਆ ਕੀ ਸਰਕਾਰ ਬੇਲੀ।
ਨਹੀਂ ਸੀ ਸਾਂਝ ਤਾਂ ਨਿੰਦ ਰਹੀ ਭਾਜਪਾ ਸੀ,
ਅੱਜਕੱਲ੍ਹ ਬੈਠ ਗਈ ਚੁੱਪ ਆ ਧਾਰ ਬੇਲੀ।
ਸਮੁੱਚੇ ਮੁਲਕ ਵਿੱਚ ਕਿਤੇ ਨਾ ਇੰਜ ਹੁੰਦਾ,
ਜਿਹੋ ਜਿਹਾ ਹੁੰਦਾ ਈ ਵਿੱਚ ਬਿਹਾਰ ਬੇਲੀ।
ਭ੍ਰਿਸ਼ਟਾਚਾਰ ਦੀ ਚਰਚਾ ਬੱਸ ਜਦੋਂ ਸੁਣਦੀ,
ਸੁਣਦਾ ਬਾਕੀਆਂ ਦਾ ਬਹੁਤਾ ਜ਼ਿਕਰ ਬੇਲੀ।
ਛੱਡੀ ਪਈ ਕਰਨੀ ਬਿਹਾਰ ਦੀ ਬਾਤ ਲੋਕਾਂ,
ਸਮਝਦੇ ਲੋੜ ਨਾ ਕਰਨ ਦੀ ਫਿਕਰ ਬੇਲੀ।

-ਤੀਸ ਮਾਰ ਖਾਂ

# ਓ ਟੀ ਐੱਸ ਨਾਲ 137.66 ਕਰੋੜ ਰੁਪਏ ਦਾ ਕਰ ਮਾਲੀਆ ਇਕੱਤਰ : ਚੀਮਾ

## 11,559 ਡੀਲਰਾਂ ਨੂੰ ਮੌਕਾ ਦੇਣ ਲਈ ਸਕੀਮ 16 ਅਗਸਤ ਤੱਕ ਵਧਾਈ



**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਬੁੱਧਵਾਰ ਕਿਹਾ ਕਿ ਪੰਜਾਬ ਯਕਮੁਸ਼ਤ ਨਿਪਟਾਰਾ (ਸੋਧ) ਯੋਜਨਾ (ਓ ਟੀ ਐੱਸ-3) ਪਿਛਲੀਆਂ ਸਕੀਮਾਂ ਨੂੰ ਪਛਾੜਦਿਆਂ ਦੇਸ਼ ਦੇ ਸਭ ਤੋਂ ਸਫਲ ਵਿੱਤੀ ਪ੍ਰਬੰਧਨ ਵਿੱਚੋਂ ਇੱਕ ਸਾਬਤ ਹੋਈ ਹੈ।ਪੰਜਾਬ ਭਵਨ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਓ ਟੀ ਐੱਸ-3 ਦੌਰਾਨ ਕਰ ਮਾਲੀਏ ਵਿੱਚ 137.66 ਕਰੋੜ ਰੁਪਏ ਇਕੱਤਰ ਹੋਏ ਹਨ, ਜੋ ਪਿਛਲੀਆਂ ਸਰਕਾਰਾਂ ਦੁਆਰਾ ਲਾਗੂ ਕੀਤੀਆਂ ਗਈਆਂ ਓ ਟੀ ਐੱਸ-1 ਅਤੇ ਓ ਟੀ ਐੱਸ-2 ਤੋਂ ਇਕੱਤਰ ਹੋਏ ਕੁੱਲ 13.15 ਕਰੋੜ ਦੇ ਮੁਕਾਬਲੇ ਕਿਤੇ ਜ਼ਿਆਦਾ ਹੈ। ਵਿਤ ਮੰਤਰੀ ਨੇ ਕਿਹਾ ਕਿ ਇਹ ਪ੍ਰਾਪਤੀ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀ ਕਰ ਪਾਲਣਾ ਵਾਲੇ ਸੱਭਿਆਚਾਰ ਨੂੰ ਉਤਸ਼ਾਹਤ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

ਉਹਨਾ ਦੱਸਿਆ ਕਿ ਓ ਟੀ ਐੱਸ -3 ਲਈ ਬਿਨੈ ਕਰਨ ਸਮੇਂ ਵਧੀਕ ਕਾਨੂੰਨੀ ਘੋਸ਼ਣਾ ਫਾਰਮ ਜਮ੍ਹਾਂ ਕਰਨ ਦੀ ਸਹੂਲਤ ਨੇ ਡੀਲਰਾਂ ਲਈ ਰਾਹ ਸੌਖੀ ਕਰ ਦਿੱਤੀ। 58,756 ਡੀਲਰਾਂ ਨੇ ਓ ਟੀ ਐੱਸ-3 ਦਾ ਲਾਭ ਲਿਆ ਹੈ ਅਤੇ 1 ਲੱਖ ਰੁਪਏ ਤੱਕ ਦੀ ਸਲੈਬ ਵਿੱਚ 50,774 ਡੀਲਰਾਂ ਲਈ 215.92 ਕਰੋੜ ਰੁਪਏ ਮੁਆਫ ਕੀਤੇ ਗਏ ਹਨ। ਇਸੇ ਤਰ੍ਹਾਂ 1 ਲੱਖ ਤੋਂ 1 ਕਰੋੜ ਰੁਪਏ ਤੱਕ ਦੀ ਸਲੈਬ ਵਿੱਚ 7,982 ਡੀਲਰਾਂ ਲਈ 414.67 ਕਰੋੜ ਰੁਪਏ ਮੁਆਫ਼ ਕੀਤੇ ਗਏ ਹਨ।

ਵਿੱਤ ਮੰਤਰੀ ਨੇ ਓ ਟੀ ਐੱਸ-3 ਦੀ ਸਫਲਤਾ ਦਾ ਸਿਹਰਾ ਇਸ ਦੀ ਨਿਵੇਸ਼ਕ ਪੱਖੀ ਪਹੁੰਚ ਅਤੇ ਕਰਦਾਤਾਵਾਂ ਦੀ ਸਹਾਇਤਾ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਿੱਤਾ। ਉਨ੍ਹਾ ਕਿਹਾ ਕਿ ਇਸ ਸਕੀਮ ਦੀ ਮਿਆਦ 16 ਅਗਸਤ ਤੱਕ ਵਧਾਉਣ ਦਾ ਉਦੇਸ਼ ਬਾਕੀ ਰਹਿੰਦੇ 11,559 ਡੀਲਰਾਂ ਨੂੰ ਇਸ ਪਹਿਲਕਦਮੀ ਤੋਂ ਲਾਭ ਲੈਣ ਲਈ ਹੋਰ ਸਮਾਂ ਪ੍ਰਦਾਨ ਕਰਨਾ ਹੈ।

ਜ਼ਿਕਰਯੋਗ ਹੈ ਕਿ 15 ਨਵੰਬਰ 2023 ਨੂੰ ਬਕਾਇਆ ਕਰਾਂ ਦੀ ਵਸੂਲੀ ਲਈ ਲਾਗੂ ਕੀਤੀ ਗਈ ਪੰਜਾਬ ਯਕਮੁਸ਼ਤ ਨਿਪਟਾਰਾ ਯੋਜਨਾ, 2023 ਕਰਦਾਤਾਵਾਂ ਨੂੰ ਆਪਣੇ ਬਕਾਏ ਦਾ ਨਿਪਟਾਰਾ ਕਰਨ ਲਈ ਇੱਕ ਵਾਰ ਦਾ ਮੌਕਾ ਪ੍ਰਦਾਨ ਕਰਦੀ ਹੈ। ਇਸ ਯੋਜਨਾ ਤਹਿਤ ਸਾਲ 2016-17 ਤੱਕ ਦੇ ਕੇਸਾਂ ਅਤੇ 1 ਕਰੋੜ ਰੁਪਏ ਤੱਕ ਦੇ ਬਕਾਏ ਨੂੰ ਸ਼ਾਮਲ ਕੀਤਾ ਗਿਆ ਹੈ। ਇਸ ਸਕੀਮ ਵਿੱਚ 31 ਮਾਰਚ ਤੱਕ 1 ਲੱਖ ਰੁਪਏ ਤੱਕ ਦੇ ਬਕਾਏ ਦੇ ਮਾਮਲੇ ਵਿੱਚ ਕਰ, ਵਿਆਜ ਅਤੇ ਜੁਰਮਾਨੇ ਦੀ ਪੂਰੀ ਛੋਟ ਸ਼ਾਮਲ ਹੈ, ਜਦੋਂਕਿ ਇੱਕ ਲੱਖ ਰੁਪਏ ਤੋਂ ਇੱਕ ਕਰੋੜ ਰੁਪਏ ਤੱਕ ਦੇ ਬਕਾਏ ਲਈ 100 ਫੀਸਦੀ ਵਿਆਜ, 100 ਫੀਸਦੀ ਜੁਰਮਾਨੇ ਅਤੇ 50 ਫੀਸਦੀ ਕਰ ਦੀ ਮੁਆਫੀ ਹੈ।

# ਤਿੰਨ ਗੱਡੀਆਂ ਦੀ ਟੱਕਰ 'ਚ ਦੋ ਜਣਿਆਂ ਦੀ ਮੌਤ, ਚਾਰ ਗੰਭੀਰ ਜ਼ਖਮੀ



**ਭਵਾਨੀਗੜ੍ਹ** : ਬਠਿੰਡਾ-ਚੰਡੀਗੜ੍ਹ ਕੌਮੀ ਮਾਰਗ 'ਤੇ ਪਿੰਡ ਨਦਾਮਪੁਰ ਨੇੜੇ ਬੁੱਧਵਾਰ ਤਿੰਨ ਗੱਡੀਆਂ ਦੀ ਟੱਕਰ 'ਚ 2 ਵਿਅਕਤੀਆਂ ਦੀ ਮੌਤ ਹੋ ਗਈ ਅਤੇ ਚਾਰ ਗੰਭੀਰ ਜ਼ਖ਼ਮੀ ਹੋ ਗਏ। ਭਵਾਨੀਗੜ੍ਹ ਵੱਲੋਂ ਪਟਿਆਲਾ ਵੱਲ ਜਾ ਰਹੀ ਇਕ ਮਰਸਡੀਜ਼ ਕਾਰ ਪਿੰਡ ਨਦਾਮਪੁਰ ਨੇੜੇ ਕੌਮੀ ਮਾਰਗ 'ਤੇ ਬਣੇ ਬੱਸ ਅੱਡੇ ਨੇੜਲੇ ਨਹਿਰ ਦੇ ਪੁਲ ਤੋਂ ਅਚਾਨਕ ਬੇਕਾਬੂ ਹੋ ਕੇ ਡਿਵਾਈਡਰ ਨੂੰ ਪਾਰ ਕਰਕੇ ਹਾਈਵੇ ਦੇ ਦੂਜੇ ਪਾਸੇ ਜਾ ਪਹੁੰਚੀ। ਇਸੇ ਦੌਰਾਨ ਉਸ ਦੀ ਪਟਿਆਲਾ ਵੱਲੋਂ ਆ ਰਹੀ ਪਿੱਕਅੱਪ ਗੱਡੀ ਅਤੇ ਮਹਿੰਦਰਾ ਐੱਕਸ ਯੂ ਵੀ ਨਾਲ ਸਿੱਧੀ ਟੱਕਰ ਹੋ ਗਈ। ਮਰਸਡੀਜ਼ ਕਾਰ ਦੇ ਚਾਲਕ ਸੁਖਪ੍ਰੀਤ ਵਾਸੀ ਅਬੋਹਰ ਅਤੇ ਪਿੱਕਅੱਪ 'ਚ ਸਵਾਰ ਵਿਅਕਤੀ ਦੀ ਮੌਤ ਹੋ ਗਈ। ਮਰਸਡੀਜ਼ 'ਚ ਸਵਾਰ ਇਕ ਹੋਰ ਵਿਅਕਤੀ ਮੋਹਿਤ ਸਮੇਤ ਚਾਰ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਏ। ਹਾਦਸੇ ਵਿਚ ਤਿੰਨੇ ਵਾਹਨਾਂ ਦੇ ਪਰਖੱਚੇ ਉੱਡ ਗਏ ਅਤੇ ਮਰਸਡੀਜ਼ ਕਾਰ ਦਾ ਚਾਲਕ ਕਾਰ ਵਿਚ ਹੀ ਫਸਿਆ ਰਹਿ ਗਿਆ, ਜਿਸ ਦੀ ਲਾਸ਼ ਕਾਫੀ ਦੇਰ ਤਕ ਜੱਦੋ-ਜਹਿਦ ਤੋਂ ਬਾਅਦ ਬਾਹਰ ਕੱਢੀ ਗਈ।

CMYK

## ਟੁੱਟੀਆਂ ਸੜਕਾਂ 'ਤੇ ਪੈਚਰ ਲਾ ਕੇ ਬੁੱਤਾ ਸਾਰਿਆ ਜਾ ਰਿਹਾ : ਹਰਪਾਲ ਸੋਨੂੰ



**ਸੰਗਰੂਰ (ਪ੍ਰਵੀਨ ਸਿੰਘ)** ਸੰਗਰੂਰ ਦੇ ਪਟਿਆਲਾ ਗੇਟ ਸਥਿਤ ਧਰਮ ਅਰਥ ਲੰਗਰ ਮੂਹਰੇ ਟੁੱਟੀਆਂ ਸੜਕਾਂ ਕਾਰਨ ਜਿੱਥੇ ਰਾਹਗੀਰ ਪ੍ਰੇਸ਼ਾਨ ਹੁੰਦੇ ਹਨ।ਉਸ ਦੇ ਨਾਲ ਬਰਸਾਤ ਦੇ ਮੌਸਮ ਦੇ ਮੱਦੇਨਜਰ ਬਜ਼ਾਰ ਦੇ ਦੁਕਾਨਦਾਰ ਵੀ ਸਰਕਾਰ ਨਾਲ ਨਰਾਜ਼ਗੀ ਜਤਾਉਂਦੇ ਦਿਖੇ।

ਕਾਂਗਰਸ ਪਾਰਟੀ ਸੰਗਰੂਰ ਦੇ ਮੁੱਖ ਬੁਲਾਰੇ ਤੇ ਉਬੀਸੀ ਡਿਪਾਰਟਮੈਂਟ ਪੰਜਾਬ ਕਾਂਗਰਸ ਪਾਰਟੀ ਦੇ ਵਾਈਸ ਚੇਅਰਮੈਨ ਹਰਪਾਲ ਸੋਨੂੰ ਨੇ ਕਿਹਾ ਕਿ ਸਰਕਾਰ ਚੋਣਾਂ ਸਮੇਂ ਤਾਂ ਵੱਡੇ-ਵੱਡੇ ਦਾਅਵੇ ਤੇ ਵਾਅਦੇ ਕਰਦੀ ਸੀ, ਪਰ ਸੱਤਾ ਵਿੱਚ ਆਉਣ ਤੋਂ ਬਾਅਦ ਵਾਅਦੇ ਸਿਰਫ ਝੂਠੇ ਲਾਰੇ ਬਣਦੇ ਦਿਖਾਈ ਦੇ ਰਹੇ ਹਨ, ਕਿਉਂ ਜੋ ਸ਼ਹਿਰ ਦੀਆਂ ਸੜਕਾਂ ਦਾ ਬੁਰਾ ਹਾਲ ਹੈ ਤੇ ਸ਼ਹਿਰ ਵਾਸੀ ਟੁੱਟੀਆਂ ਸੜਕਾਂ ਕਾਰਨ ਬਹੁਤ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ, ਦੂਜੇ ਪਾਸੇ ਸਰਕਾਰ ਦੀ ਰਾਜਧਾਨੀ ਦੇ ਨਾਂਅ ਨਾਲ ਜਾਣਿਆ ਜਾਂਦਾ ਸੰਗਰੂਰ ਅੱਜ ਤਰੱਕੀ ਦੇ ਪੱਖ ਤੋਂ ਬਹੁਤ ਪੱਛੜਿਆ ਹੋਇਆ ਨਜਰ ਆ ਰਿਹਾ ਹੈ, ਕਿਉਂ ਜੋ ਟੁੱਟੀਆਂ ਸੜਕਾਂ ਤੇ ਸਰਕਾਰ ਵੱਲੋਂ ਪੈਚਰ ਲਵਾਏ ਜਾ ਰਹੇ ਹਨ, ਜੋ ਸਿਵਾਏ ਬੁੱਤਾ ਸਾਰਨ ਤੋਂ ਹੋਰ ਕੁਝ ਵੀ ਨਹੀਂ ਹੈ। ਇਸ ਮੌਕੇ ਪਟਿਆਲਾ ਗੇਟ ਸਥਿਤ ਬਾਜ਼ਾਰ ਦੁਕਾਨਦਾਰਾਂ ਨੇ ਇਕੱਤਰ ਹੋ ਕੇ ਸਰਕਾਰ ਵਿਰੁੱਧ ਰੋਸ ਜ਼ਾਹਰ ਕੀਤਾ ਕਿ ਚੋਣਾਂ ਸਮੇਂ ਕੀਤੇ ਵਾਅਦੇ ਮੁਤਾਬਕ ਨਵੀਂਆਂ ਸੜਕਾਂ ਬਣਾਈਆਂ ਜਾਣ ਤੇ ਸੜਕਾਂ ਤੇ ਪੈਚਰ ਲਾ ਕੇ ਡੰਗ ਟਪਾਊ ਕੰਮ ਨਾ ਕੀਤਾ ਜਾਵੇ।ਇਸ ਮੌਕੇ ਮਨਮੋਹਨ ਸਿੰਘ ਸਾਹਨੀ ਦੁਕਾਨਦਾਰ ਵੱਲੋਂ ਕਿਹਾ ਗਿਆ ਕਿ ਐਮ.ਪੀ ਚੋਣਾਂ ਤੋਂ ਪਹਿਲਾਂ ਮੌਜੂਦਾ ਐਮ ਐਲ ਏ ਨਰਿੰਦਰ ਕੌਰ ਭਰਾਜ ਨੇ ਆ ਕੇ ਵਾਧਾ ਕੀਤਾ ਸੀ ਤੇ ਕਿਹਾ ਸੀ ਕਿ ਇਸ ਸੜਕ ਦਾ ਟੈਂਡਰ ਪਾਸ ਹੋ ਗਿਆ ਹੈ, ਇਸ ਨੂੰ ਪਟਿਆਲਾ ਗੇਟ ਤੋਂ ਵੱਡੇ ਚੌਕ ਤੱਕ ਬਣਾਇਆ ਜਾਵੇਗਾ, ਜਦਕਿ ਹੁਣ ਇਸ 'ਤੇ ਪੈਚ ਵਰਕ ਕੀਤਾ ਜਾ ਰਿਹਾ।

## ਡੀ ਸੀ ਦਫਤਰ 'ਚ ਸਥਾਪਤ ਸਹਾਇਤਾ ਕੇਂਦਰ ਦੀ ਅਚਾਨਕ ਜਾਂਚ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਦਫਤਰਾਂ 'ਚ ਲੋਕਾਂ ਨੂੰ ਪਾਰਦਰਸ਼ੀ ਅਤੇ ਤੇਜ਼ੀ ਨਾਲ ਸਰਕਾਰੀ ਸੇਵਾਵਾਂ ਮੁਹੱਈਆ ਕਰਾਉਣ ਦੇ ਨਿਰਦੇਸ਼ਾਂ ਅਨੁਸਾਰ ਫ਼ਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਸਹਾਇਤਾ ਤੇ ਸਵਾਗਤ ਕੇਂਦਰ ਸਥਾਪਤ ਕੀਤਾ ਗਿਆ ਹੈ।ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਅਚਾਨਕ ਪਹੁੰਚ ਕੇ ਸਟਾਫ ਦੇ ਕੰਮਕਾਜ ਦਾ ਜਾਇਜ਼ਾ ਲਿਆ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇੱਕ ਨਵੀਂ ਪਹਿਲ ਕਦਮੀ ਦੇ ਤੌਰ 'ਤੇ ਪ੍ਰਮੁੱਖ ਵਿਭਾਗਾਂ ਦੇ ਅਧਿਕਾਰੀ ਅਤੇ ਕ੍ਰਮਚਾਰੀ ਇਸ ਸਵਾਗਤ ਕੇਂਦਰ ਤੇ ਹੀ ਸਮੇਤ ਕੰਪਿਊਟਰ ਬਿਠਾਏ ਗਏ ਹਨ ਤਾਂ ਜੁ ਇੱਥੇ ਆਉਣ ਵਾਲੇ ਲੋਕਾਂ ਨੂੰ ਉਹਨਾਂ ਦੀਆਂ ਮੁਸ਼ਕਲਾਂ ਸੁਣ ਕੇ ਤੁਰੰਤ ਹੱਲ ਕੀਤਾ ਜਾ ਸਕੇ ਅਤੇ ਸਰਕਾਰੀ ਸੇਵਾਵਾਂ ਦਾ ਲਾਭ ਦਿੱਤਾ ਜਾ ਸਕੇ।ਉਨਾਂ ਕਿਹਾ ਕਿ ਸਾਰੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਸਵੇਰੇ 10 ਤੋਂ 12 ਵਜੇ ਤੱਕ ਆਪਣੇ ਦਫਤਰਾਂ 'ਚ ਬੈਠਣ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਤੁਰੰਤ ਉਨ੍ਹਾਂ ਦਾ ਹੱਲ ਕਰਨ। ਉਨ੍ਹਾਂ ਨੇ ਕਿਹਾ ਕਿ ਸਾਰੇ ਵਿਭਾਗਾਂ ਨੂੰ ਇਹ ਵੀ ਹਦਾਇਤ ਕੀਤੀ ਗਈ ਹੈ ਕਿ ਲੋਕਾਂ ਦੀਆਂ ਆਈਆਂ ਅਰਜ਼ੀਆਂ ਦਾ ਸਮਾਂਬੱਧ ਤਰੀਕੇ ਨਾਲ ਨਿਪਟਾਰਾ ਕੀਤਾ ਜਾਵੇ ਅਤੇ ਦਫ਼ਤਰ ਵਿੱਚ ਆਉਣ ਵਾਲੇ ਲੋਕਾਂ ਦਾ ਪੂਰਾ ਰਿਕਾਰਡ ਰੱਖਿਆ ਜਾਵੇ ਤਾਂ ਜੁ ਇਹ ਪਤਾ ਲਾਇਆ ਜਾ ਸਕੇ ਕਿ ਕੌਣ ਨਾਗਰਿਕ, ਕਿਹੜੀ ਸਰਵਿਸ ਲੈਣ ਲਈ, ਕਿਸ ਦਿਨ ਆਇਆ ਸੀ ਅਤੇ ਉਸ ਨੂੰ ਇਹ ਸੇਵਾ ਕਿੰਨੇ ਦਿਨਾਂ ਬਾਅਦ ਦਿੱਤੀ ਜਾ ਸਕੀ।

## ਫਾਜ਼ਿਲਕਾ-ਫਿਰੋਜ਼ਪੁਰ ਰੂਟ ਲਈ ਰੋਡਵੇਜ਼ ਨੇ ਤਿੰਨ ਹੋਰ ਬੱਸਾਂ ਦੀ ਮੰਗ ਕੀਤੀ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** ਫ਼ਾਜ਼ਿਲਕਾ ਫਿਰੋਜ਼ਪੁਰ ਰੂਟ 'ਤੇ ਯਾਤਰੀਆਂ ਦੀ ਸਹੂਲਤ ਲਈ ਪਨਬਸ ਫ਼ਿਰੋਜ਼ਪੁਰ ਡਿਪੂ ਵੱਲੋਂ ਤਿੰਨ ਹੋਰ ਬੱਸਾਂ ਦੀ ਮੰਗ ਕੀਤੀ ਗਈ ਹੈ, ਜਿਸ ਸਬੰਧੀ ਮੈਨੇਜਿੰਗ ਡਾਇਰੈਕਟਰ ਪਨਬਸ ਵੱਲੋਂ ਉਨ੍ਹਾਂ ਨੂੰ ਇਹ ਤਿੰਨ ਬੱਸਾਂ ਰੂਪਨਗਰ ਤੋਂ ਮੁਹੱਈਆ ਕਰਾਉਣ ਦੀ ਸਹਿਮਤੀ ਦਿੱਤੀ ਗਈ ਹੈ।ਡੀਪੂ ਮੈਨੇਜਰ ਪਨਬਸ ਫਿਰੋਜ਼ਪੁਰ ਨੇ ਦਿੰਦਿਆਂ ਦੱਸਿਆ ਕਿ ਇਸ ਸਬੰਧੀ ਜਲਦੀ ਹੀ ਬੱਸਾਂ ਮਿਲ ਜਾਣਗੀਆਂ ਤਾਂ ਫ਼ਾਜ਼ਿਲਕਾ-ਫਿਰੋਜ਼ਪੁਰ ਰੂਟ 'ਤੇ ਯਾਤਰੀਆਂ ਦੀ ਸਹੂਲਤ ਲਈ ਇਹ ਬੱਸਾਂ ਉਪਲਬਧ ਹੋ ਸਕਣਗੀਆਂ।ਉਨ੍ਹਾਂ ਦੱਸਿਆ ਕਿ ਫਾਜ਼ਿਲਕਾ ਤੋਂ ਪੱਟੀ ਤੱਕ ਦਾ ਇਹ ਰੂਟ ਪੰਜਾਬ ਰੋਡਵੇਜ਼ ਦਾ ਰੂਟ ਹੈ ਅਤੇ ਇਸਦੀ ਇੱਕ ਪਾਸੇ ਦੀ ਲੰਬਾਈ ਲਗਭਗ 150 ਕਿਲੋਮੀਟਰ ਬਣਦੀ ਹੈ ਤੇ ਇਹ ਬੱਸਾਂ ਮਿਲਣ ਨਾਲ ਯਾਤਰੀਆਂ ਨੂੰ ਸਹੂਲਤ ਹੋਵੇਗੀ।

## ਅਹਿਮਦ ਢੰਡੀ ਸਕੂਲ 'ਚ ਪਲਾਂਟੇਸ਼ਨ ਮੁਹਿੰਮ ਦੀ ਆਰੰਭਤਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਸਰਹੱਦੀ ਸਕੂਲ ਸਰਕਾਰੀ ਹਾਈ ਸਕੂਲ ਅਹਿਮਦ ਢੰਡੀ ਵਿੱਚ ਮਾਨਸੂਨ-ਬਰਸਾਤ ਰੁੱਤ ਦੀ ਆਮਦ ਤੇ ਫੁੱਲਦਾਰ, ਫਲਦਾਰ, ਛਾਂਦਾਰ ਬੂਟਿਆਂ ਨੂੰ ਲਾਉਣ ਦੀ ਆਰੰਭਤਾ ਹੋ ਗਈ ਹੈ।ਇਸ ਸਕੂਲ ਵਿੱਚ ਸਾਬਕਾ ਕੈਬਨਿਟ ਮੰਤਰੀ ਫੌਜਾ ਸਿੰਘ ਸਰਾਰੀ ਦੇ ਨਿੱਜੀ ਸਕੱਤਰ, ਸਰਪੰਚ ਬਚਿੱਤਰ ਸਿੰਘ ਲਾਡੀ, ਮਾਨ ਸਿੰਘ ਸੋਢੀ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਗੂਆਂ ਵੱਲੋਂ ਮਿਲੀ ਵਿਸ਼ੇਸ਼ ਪ੍ਰੇਰਨਾ ਸਦਕਾ ਸਕੂਲ ਨੂੰ ਹਰਿਆ-ਭਰਿਆ ਬਣਾਉਣ ਲਈ ਆਰੰਭੀ ਮੁਹਿੰਮ ਨੂੰ ਭਾਰੀ ਸਫਲਤਾ ਹਾਸਲ ਹੋਈ ਹੈ।ਸਕੂਲ ਮੁਖੀ ਹੈੱਡ ਮਾਸਟਰ ਜਗਦੀਸ਼ ਸਿੰਘ ਨੇ ਦੱਸਿਆ ਕਿ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਮੁਤਾਬਕ ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰਗਟ ਸਿੰਘ ਬਰਾੜ ਦੀ ਅਗਵਾਈ ਵਿੱਚ ਵਿਦਿਆਰਥੀਆਂ ਨੂੰ ਸਕੂਲ ਕੈਂਪਸ ਵਿੱਚ ਹਰਿਆਵਲ ਦੇ ਬੀਜ ਬੀਜਣ ਦੇ ਨਾਲ-ਨਾਲ ਪਿੰਡ ਦੀਆਂ ਖਾਲੀ ਸੁੰਨੀਆਂ ਜਗ੍ਹਾ ਤੇ ਦਰੱਖਤ ਲਾਉਣ ਲਈ ਪ੍ਰੇਰਨਾਵਾਂ ਕੀਤੀਆਂ ਜਾ ਰਹੀਆਂ ਹਨ। ਸਾਇੰਸ ਅਧਿਆਪਕਾ ਆਸਥਾ ਕੰਬੋਜ਼ ਵੱਲੋਂ ਵਿਦਿਆਰਥੀਆਂ ਨੂੰ ਚੌਗਿਰਦੇ ਦੀ ਸੰਭਾਲ ਤੇ ਪਾਣੀ ਦੇ ਸਰੋਤਾਂ ਦੀ ਸੰਜਮ ਨਾਲ ਵਰਤੋਂ ਬਾਰੇ ਰੋਜ਼ਾਨਾ ਲੈਕਚਰਾਂ ਰਾਹੀਂ ਵਿਚਾਰ-ਵਟਾਂਦਰਾ ਕੀਤਾ ਜਾ ਰਿਹਾ ਹੈ।ਪਿੰਡ ਦੇ ਸਰਪੰਚ ਫਲਕ ਸਿੰਘ ਇਲਾਕੇ ਦੇ ਉੱਘੇ ਸਿੱਖਿਆ ਸ਼ਾਸਤਰੀ ਮਨਜੀਤ ਸਿੰਘ ਕੋਹਰ ਸਿੰਘ ਵਾਲਾ ਨੇ ਇਸ ਨਿਵੇਕਲੇ ਕਦਮ ਦੀ ਉਚੇਚੀ ਸ਼ਲਾਘਾ ਕੀਤੀ ਹੈ।

## ਲੁਟੇਰੇ ਔਰਤ ਕੋਲੋਂ ਸੋਨੇ ਦੇ ਗਹਿਣੇ, ਪਰਸ ਤੇ ਮੋਬਾਇਲ ਖੋਹ ਕੇ ਹੋਏ ਫਰਾਰ, ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਫਿਰੋਜ਼ਪੁਰ ਛਾਉਣੀ ਪੀਰ ਬਾਬਾ ਦਰਗਾਹ ਰੇਲਵੇ ਸਟੇਸ਼ਨ ਦੇ ਕੋਲ ਇਕ ਔਰਤ ਕੋਲੋਂ ਲੁਟੇਰੇ ਸੋਨੇ ਦੀ ਅੰਗੂਠੀ, ਗਲ ਪਾਇਆ ਲਾਕੇਟ, ਕੰਨਾਂ ਪਾਈਆਂ ਸੋਨੇ ਦੀਆਂ ਵਾਲੀਆਂ, ਪਰਸ ਤੇ ਮੋਬਾਇਲ ਫੋਨ ਖੋਹ ਕੇ ਫਰਾਰ ਹੋ ਗਏ। ਇਸ ਸਬੰਧ ਵਿੱਚ ਥਾਣਾ ਸਦਰ ਫ਼ਿਰੋਜ਼ਪੁਰ ਪੁਲਸ ਨੇ 3 ਅਣਪਛਾਤੇ ਵਿਅਕਤੀਆਂ ਖਿਲਾਫ਼ 379-ਬੀ ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਕਵਿਤਾ ਪਤਨੀ ਮਨਦੀਪ ਵਾਸੀ ਪਿੰਡ ਸਾਮਨ ਮਕਾਨ ਨੰਬਰ 250 ਥਾਣਾ ਮਹਿਮ ਜ਼ਿਲ੍ਹਾ ਰੋਹਤਕ (ਹਰਿਆਣਾ) ਨੇ ਦੱਸਿਆ ਕਿ ਉਹ ਆਪਣੀ ਸਹੇਲੀ ਜੋਤੀ ਪੁੱਤਰੀ ਸ਼ਤੀਸ਼ ਕੁਮਾਰ ਵਾਸੀ ਰਿਜਵਾਣਾ ਕਲਾਂ ਥਾਣਾ ਜੁਲਾਣਾ ਜ਼ਿਲ੍ਹਾ ਜੀਂਦ ਨਾਲ ਪਲੇਟਫਾਰਮ ਫ਼ਿਰੋਜ਼ਪੁਰ ਕੈਂਟ ਨੂੰ ਜਾ ਰਹੀ ਸੀ, ਜਦ ਉਹ ਪੀਰ ਬਾਬਾ ਦੀ ਦਰਗਾਹ ਕੋਲ ਪੁੱਜੀਆਂ ਤਾਂ ਇਕ ਮੋਟਰਸਾਈਕਲ 'ਤੇ ਤਿੰਲ ਵਿਅਕਤੀ ਆਏ, ਜਿਨ੍ਹਾਂ ਨੇ ਇਕਦਮ ਮੋਟਰਸਾਈਕਲ ਰੋਕ ਕੇ ਉਸ ਦੇ ਹੱਥ ਫੜਿਆ ਪਰਸ ਖੋਹਣ ਲੱਗੇ, ਜਦ ਉਸ ਨੇ ਇਸ ਦਾ ਵਿਰੋਧ ਕੀਤਾ ਤਾਂ ਉਨ੍ਹਾਂ ਨੇ ਖਿਡਾਉਣੇ ਵਰਗਾ ਪਿਸਤੌਲਨੁਮਾ ਕੱਢ ਕੇ ਉਸ ਨੂੰ ਕਿਹਾ ਕਿ ਤੇਰੇ ਕੋਲ ਜੋ ਕੁਝ ਹੈ ਕੱਢ ਦੇ। ਉਸ ਨੇ ਡਰਦੀ ਹੋਈ ਹੱਥ ਵਿਚ ਪਾਈ ਸੋਨੇ ਦੀ ਅੰਗੂਠੀ, ਗਲ਼ 'ਚ ਪਾਇਆ ਲਾਕੇਟ ਤੇ ਕੰਨਾਂ ਵਿਚ ਪਾਈਆਂ ਸੋਨੇ ਦੀਆਂ ਵਾਲੀਆਂ, ਮੋਬਾਇਲ ਫੋਨ ਵੀਪੋ ਵੀਆਈ 02 ਟੀ ਤੇ ਪਰਸ, ਜਿਸ ਵਿੱਚ ਆਧਾਰ ਕਾਰਡ, ਪੈਨ ਕਾਰਡ, ਏਟੀਐੱਮ, ਰੇਲਵੇ ਆਈਡੀ ਤੇ 4 ਹਜ਼ਾਰ ਰੁਪਏ ਸਨ, ਖੋਹ ਕੇ ਲੈ ਗਏ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

## ਰੋਟਰੀ ਕਲੱਬ ਵੱਲੋਂ ਕੀਤੀ ਗਈ ਨਵੇਂ ਸੈਸ਼ਨ ਦੀ ਸ਼ੁਰੂਆਤ



**ਸਮਾਣਾ (ਇਕਬਾਲ ਸਿੰਘ ਬੱਲ)** ਰੋਟਰੀ ਕਲੱਬ ਵੱਲੋਂ ਪ੍ਰਧਾਨ ਸਾਚੀ ਸਿੰਗਲਾ ਦੀ ਅਗਵਾਈ ਹੇਠ ਨਵੇਂ ਸੈਸ਼ਨ ਦੀ ਸ਼ੁਰੂਆਤ ਨਵੀਂ ਅਗਰਵਾਲ ਗਊਸ਼ਾਲਾ ਵਿਖੇ ਸ੍ਰੀ ਰਾਧਾ ਕ੍ਰਿਸ਼ਨ ਜੀ ਮੰਦਰ ਵਿਖੇ ਨਤਮਸਤਕ ਹੋਣ ਉਪਰੰਤ ਗਊਸ਼ਾਲਾ ਵਿਖੇ ਗਊਆਂ ਲਈ ਹਰੇ ਚਾਰੇ ਦੀ ਸੇਵਾ ਕਰਦਿਆਂ ਕੀਤੀ ਗਈ। ਇਸ ਮੌਕੇ ਕਲੱਬ ਦੇ ਪ੍ਰਧਾਨ ਸਾਚੀ ਸਿੰਗਲਾ ਨੇ ਕਿਹਾ ਕਿ ਕਲੱਬ ਦੀ ਟੀਮ ਆਪਣੇ ਨਵੇਂ ਕਾਰਜਕਾਲ ਦੀ ਸ਼ੁਰੂਆਤ ਗਊ ਮਾਤਾ ਦੀ ਸੇਵਾ ਨਾਲ ਕੀਤੀ ਗਈ ਹੈ। ਇਸ ਮੌਕੇ ਕਲੱਬ ਮੈਂਬਰ ਵਨਿਕਾ ਗੋਇਲ, ਸੰਗੀਤਾ, ਸਾਲੂ ਗਰਗ, ਪੂਜਾ ਜਿੰਦਲ ਤੇ ਰਸਮੀ ਗੁਪਤਾ ਆਦਿ ਮੌਜੂਦ ਸਨ।

## ਲਾਪਤਾ ਨਾਬਾਲਿਗ ਲੜਕੇ ਦੇ ਮਾਮਲੇ 'ਚ ਅਗਵਾ ਦਾ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਕੁਝ ਦਿਨ ਪਹਿਲਾਂ ਉਦਯੋਗਿਕ ਨਗਰੀ ਮੰਡੀ ਗੋਬਿੰਦਗੜ੍ਹ ਤੋਂ ਲਾਪਤਾ ਹੋਏ ਉੱਤਰ ਪ੍ਰਦੇਸ਼ ਮੂਲ ਦੇ ਇੱਕ ਪਰਵਾਰ ਦੇ 14 ਸਾਲਾ ਨਾਬਾਲਗ ਲੜਕੇ ਦੇ ਮਾਮਲੇ 'ਚ ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਅਗਵਾ ਦਾ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ। ਜਾਣਕਾਰੀ ਅਨੁਸਾਰ ਪੂਨਮ ਵਾਸੀ ਬਹਿਰਾਈਚ (ਯੂ.ਪੀ.) ਹਾਲ ਕਿਰਾਏਦਾਰ ਇਕਬਾਲ ਨਗਰ, ਮੰਡੀ ਗੋਬਿੰਦਗੜ੍ਹ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਸਦਾ 14 ਸਾਲਾ ਲੜਕਾ ਮੋਨੂੰ ਬੀਤੀ 25 ਜੂਨ ਨੂੰ ਦੁਕਾਨ ਤੋਂ ਦਾਲ ਲੈਣ ਲਈ ਗਿਆ ਸੀ, ਜੋ ਮੁੜ ਘਰ ਵਾਪਸ ਨਹੀਂ ਪਰਤਿਆ।ਸ਼ਿਕਾਇਤਕਰਤਾ ਨੇ ਸ਼ੱਕ ਜਤਾਇਆ ਕਿ ਕੋਈ ਨਾਮਾਲੂਮ ਵਿਅਕਤੀ ਉਸ ਦੇ ਲੜਕੇ ਮੋਨੂੰ ਨੂੰ ਅਗਵਾ ਕਰਕੇ ਲੈ ਗਿਆ ਹੈ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਨਾਮਾਲੂਮ ਵਿਅਕਤੀ/ਵਿਅਕਤੀਆਂ ਵਿਰੁੱਧ ਅ/ਧ 365 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਡਾ. ਹਰਵਿੰਦਰਪਾਲ ਕੌਰ ਬਣੇ ਭਾਸ਼ਾ ਵਿਗਿਆਨ ਤੇ ਪੰਜਾਬੀ ਕੋਸ਼ਕਾਰੀ ਵਿਭਾਗ ਦੇ ਮੁਖੀ

**ਪਟਿਆਲਾ, (ਪੱਤਰ ਪ੍ਰੇਰਕ)** ਡਾ. ਹਰਵਿੰਦਰ ਪਾਲ ਕੌਰ ਨੇ ਪੰਜਾਬੀ ਯੂਨੀਵਰਸਿਟੀ ਦੇ ਭਾਸ਼ਾ ਵਿਗਿਆਨ ਤੇ ਪੰਜਾਬੀ ਕੋਸ਼ਕਾਰੀ ਵਿਭਾਗ ਦੇ ਨਵੇਂ ਮੁਖੀ ਵਜੋਂ ਅਹੁਦਾ ਸੰਭਾਲ ਲਿਆ।ਇਸ ਮੌਕੇ ਉੱਘੇ ਭਾਸ਼ਾ ਵਿਗਿਆਨੀ ਡਾ. ਬੂਟਾ ਸਿੰਘ ਬਰਾੜ ਪ੍ਰੋਫੈਸਰ ਪ੍ਰੋ. ਰਜਿੰਦਰ ਲਹਿਰੀ, ਪ੍ਰੋ. ਗੁਰਮੁਖ ਸਿੰਘ, ਪ੍ਰੋ. ਅਵਨੀਤ ਪਾਲ ਸਿੰਘ, ਪੰਜਾਬੀ ਭਾਸ਼ਾ ਤੇ ਤਕਨੀਕੀ ਵਿਕਾਸ ਦੇ ਖੋਜ ਕੇਂਦਰ ਦੇ ਡਾਇਰੈਕਟਰ ਪ੍ਰੋ. ਧਰਮਵੀਰ ਸ਼ਰਮਾ ਤੇ ਸਮੂਹ ਸਟਾਫ, ਡਾ. ਅਨਵਰ ਚਿਰਾਗ, ਡਾ. ਮੋਹਨ ਤਿਆਗੀ, ਡਾ. ਸੀ ਪੀ ਕੰਬੋਜ, ਡਾ. ਅਜੇ ਵਰਮਾ, ਡਾ. ਪਰਮੀਤ ਕੌਰ, ਡਾਕਟਰ ਵਰਿੰਦਰ ਸ਼ਾਸਤਰੀ, ਡਾ. ਨੀਤੂ ਕੌਸ਼ਲ, ਡਾ. ਗੁਰਪ੍ਰੀਤ ਕੌਰ ਬਰਾੜ, ਡਾ. ਵਿੰਪੀ, ਪਲਵੀ ਕੌਸ਼ਲ, ਵਰਿੰਦਰ ਖੁਰਾਣਾ, ਸਿਮਰਤ ਜੀਤ ਕੌਰ ਨੇ ਉਨ੍ਹਾਂ ਨੂੰ ਵਧਾਈਆਂ ਤੇ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ। ਜ਼ਿਕਰਯੋਗ ਹੈ ਕਿ ਉਹ ਪਹਿਲਾਂ ਪੰਜਾਬੀ ਭਾਸ਼ਾ ਦੇ ਤਕਨੀਕੀ ਵਿਕਾਸ ਦੇ ਖੋਜ ਕੇਂਦਰ ਵਿਖੇ ਪਿਛਲੇ 12 ਸਾਲਾਂ ਤੋਂ ਅਧਿਆਪਕ ਵਜੋਂ ਕੰਮ ਕਰ ਰਹੇ ਸਨ।

## ਬੇਰਹਿਮ ਵਿਅਕਤੀ ਨੇ ਮੱਝ ਨੂੰ ਟਰੈਕਟਰ ਪਿੱਛੇ ਬੰਨ੍ਹ ਕੇ ਘੜੀਸਿਆ, ਵੀਡੀਓ ਹੋਈ ਵਾਇਰਲ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਜ਼ਿਲ੍ਹਾ ਤਰਨ ਤਾਰਨ ਅਧੀਨ ਪੈਂਦੇ ਪਿੰਡ ਸਭਰਾਂ ਦੇ ਕਿਸਾਨ ਵੱਲੋਂ ਬੇਜ਼ੁਬਾਨ ਮੱਝ ਨੂੰ ਟਰੈਕਟਰ ਪਿੱਛੇ ਬੰਨ੍ਹ ਕੇ ਸੜਕ 'ਤੇ ਬੁਰੀ ਤਰ੍ਹਾਂ ਘੜੀਸਣ ਦੀ ਇੱਕ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਉਪਰੋਕਤ ਮੱਝ ਨੇ ਟਰੈਕਟਰ ਚਾਲਕ ਦੇ ਖੇਤ 'ਚ ਵੜ ਕੇ ਥੋੜ੍ਹਾ ਚਾਰਾ ਖਾ ਲਿਆ ਸੀ, ਜਿਸ ਦਾ ਖਮਿਆਜ਼ਾ ਉਸ ਨੂੰ ਬੁਰੀ ਤਰ੍ਹਾਂ ਜ਼ਖ਼ਮੀ ਹੋ ਕੇ ਭੁਗਤਣਾ ਪਿਆ।ਵੀਡੀਓ ਵਾਇਰਲ ਹੋਣ ਮਗਰੋਂ ਪਸ਼ੂ ਪ੍ਰੇਮੀਆਂ ਤੇ ਆਮ ਜਨਤਾ 'ਚ ਉਪਰੋਕਤ ਟਰੈਕਟਰ ਚਾਲਕ ਪ੍ਰਤੀ ਭਾਰੀ ਗੁੱਸਾ ਵੇਖਣ ਨੂੰ ਮਿਲ ਰਿਹਾ ਹੈ ਤੇ ਲੋਕ ਉਕਤ ਵਿਅਕਤੀ ਖ਼ਿਲਾਫ ਸਖ਼ਤ ਤੋਂ ਸਖ਼ਤ ਕਾਰਵਾਈ ਕਰਨ ਦੀ ਮੰਗ ਉਠਾ ਰਹੇ ਹਨ।ਉਧਰ ਇਸ ਮਾਮਲੇ ਸੰਬੰਧੀ ਗਹਿਰੀ ਚਿੰਤਾ ਪ੍ਰਗਟਾਉਂਦਿਆਂ ਭਗਤ ਪੂਰਨ ਸਿੰਘ ਸੁਸਾਇਟੀ ਪੱਟੀ ਦੇ ਪ੍ਰਧਾਨ ਅਨੂ ਸ਼ਰਮਾ ਨੇ ਕਿਹਾ ਕਿ ਉਨ੍ਹਾਂ ਵੱਲੋਂ ਟਰੈਕਟਰ ਚਾਲਕ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਲਈ ਇੱਕ ਲਿਖਤੀ ਦਰਖ਼ਾਸਤ ਐੱਸਡੀਐੱਮ ਪੱਟੀ, ਐੱਸਐੱਸਪੀ ਤਰਨ ਤਾਰਨ, ਡਿਪਟੀ ਕਮਿਸ਼ਨਰ ਤਰਨ ਤਾਰਨ ਤੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਅੰਮ੍ਰਿਤਸਰ ਨੂੰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਬੇਰਹਿਮ ਟਰੈਕਟਰ ਚਾਲਕ ਨੇ ਬੇਜ਼ੁਬਾਨ ਮੱਝ ਨੂੰ ਸੜਕ 'ਤੇ ਘੜੀਸ ਕੇ ਇਨਸਾਨੀਅਤ ਨੂੰ ਸ਼ਰਮਸ਼ਾਰ ਕੀਤਾ ਹੈ।ਅਨੂ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੇ ਧਿਆਨ ਵਿੱਚ ਇਹ ਗੱਲ ਆਈ ਹੈ ਕਿ ਮੱਝ ਦੇ ਮਾਲਕ ਨੇ ਟਰੈਕਟਰ ਚਾਲਕ ਨਾਲ ਰਾਜ਼ੀਨਾਮਾ ਕਰ ਲਿਆ ਹੈ,ਪ੍ਰੰਤੂ ਅਜਿਹਾ ਕਰਨ ਨਾਲ ਬੇਜ਼ੁਬਾਨ ਮੱਝ ਨੂੰ ਇਨਸਾਫ਼ ਨਹੀਂ ਮਿਲਿਆ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਤੇ ਸੰਬੰਧਤ ਵਿਭਾਗ ਨੂੰ ਉਪਰੋਕਤ ਵਿਅਕਤੀ ਖ਼ਿਲਾਫ ਮਿਸਾਲੀ ਕਾਰਵਾਈ ਅਮਲ ਵਿੱਚ ਲਿਆਉਣੀ ਚਾਹੀਦੀ ਹੈ ਤਾਂ ਜੋ ਭਵਿੱਖ ਵਿੱਚ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਸਾਹਮਣੇ ਨਾ ਆਉਣ।ਉਧਰ ਜਦੋਂ ਇਸ ਮਾਮਲੇ ਸੰਬੰਧੀ ਡੀ. ਐੱਸ. ਪੀ. ਪੱਟੀ ਕਮਲਪ੍ਰੀਤ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਫੌਜਦਾਰੀ ਨਿਆਂ ਪ੍ਰਣਾਲੀ 'ਚ ਬਦਲਾਅ ਹੋਣ ਕਾਰਨ ਫਿਲਹਾਲ ਉਪਰੋਕਤ ਟਰੈਕਟਰ ਚਾਲਕ ਖ਼ਿਲਾਫ਼ ਕੋਈ ਵੀ ਮਾਮਲਾ ਦਰਜ ਨਹੀਂ ਕੀਤਾ ਗਿਆ ਹੈ। ਡੀ. ਐੱਸ. ਪੀ. ਦਾ ਕਹਿਣਾ ਸੀ ਕਿ ਭਾਵੇਂ ਮੱਝ ਦੇ ਮਾਲਕ ਨੇ ਟਰੈਕਟਰ ਚਾਲਕ ਨਾਲ ਰਾਜ਼ੀਨਾਮਾ ਕਰ ਲਿਆ ਹੈ, ਪ੍ਰੰਤੂ ਬੇਜ਼ੁਬਾਨ ਮੱਝ 'ਤੇ ਅਣਮਨੁੱਖੀ ਤਸ਼ੱਦਦ ਢਾਹੁਣ ਵਾਲੇ ਵਿਅਕਤੀ ਖ਼ਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਨਿੰਦਰ ਸਿੰਘ, ਮਲਕੀਤ ਸਿੰਘ, ਅਮਨ, ਸੰਜੀਵ ਚੋਪੜਾ, ਸੰਦੀਪ ਧਵਨ, ਲੱਖਾ ਸਿੰਘ ਗਗਨਦੀਪ ਸਿੰਘ, ਗੁਰਜੰਟ ਸਿੰਘ, ਮਾਣਕ ਧਵਨ, ਲਾਡੀ ਅਤੇ ਮੰਨਾ ਨੰਬਰਦਾਰ ਆਦਿ ਵਿਅਕਤੀ ਹਾਜ਼ਰ ਸਨ।

## ਚੱਕ ਬਾਹਮਣੀਆਂ ਟੋਲ 'ਤੇ ਕਿਸਾਨ ਜਥੇਬੰਦੀਆਂ ਨੇ ਨਵੇਂ ਕਨੂੰਨਾਂ ਦੀਆਂ ਕਾਪੀਆਂ ਸਾੜ ਕੇ ਕੀਤਾ ਪ੍ਰਦਰਸ਼ਨ



**ਮੋਗਾ, (ਇਕਬਾਲ ਸਿੰਘ ਖਹਿਰਾ)** ਚੱਕ ਬਾਹਮਣੀਆਂ ਟੋਲ ਪਲਾਜਾ ਨੇੜੇ ਸ਼ਾਹਕੋਟ ਨੂੰ ਫ੍ਰੀ ਕੀਤੇ ਹੋਏ 32 ਦਿਨ ਹੋ ਗਏ ਹਨ। ਅੱਜ ਟੋਲ ਪਲਾਜਾ 'ਤੇ ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਦੇ ਸੂਬਾ ਪ੍ਰਧਾਨ ਸੁੱਖ ਗਿੱਲ ਮੋਗਾ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਜਲੰਧਰ ਦੇ ਜਨਰਲ ਸਕੱਤਰ ਗੁਰਚਰਨ ਸਿੰਘ ਚਾਹਲ, ਟਰੱਕ ਯੂਨੀਅਨ ਧਰਮਕੋਟ ਦੇ ਪ੍ਰਧਾਨ ਸਤਵੀਰ ਸਿੰਘ ਸੱਤੀ ਵੱਲੋਂ ਬੀਜੇਪੀ ਵੱਲੋਂ ਬਦਲੇ ਗਏ ਕਾਨੂੰਨਾਂ ਦੀਆਂ ਕਾਪੀਆਂ ਸਾੜੀਆਂ ਗਈ ਤੇ ਕੇਂਦਰ ਸਰਕਾਰ ਦੇ ਖਿਲਾਫ਼ ਕਿਸਾਨਾਂ ਨੇ ਰੋਹ ਭਰਪੂਰ ਨਾਅਰੇਬਾਜ਼ੀ ਕੀਤੀ।

ਸੁੱਖ ਗਿੱਲ ਮੋਗਾ ਨੇ ਕਿਹਾ ਕਿ ਜਿਸ ਗੱਲ ਦਾ ਲੋਕਾਂ ਨੂੰ ਡਰ ਸੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਾਨੂੰਨ ਬਦਲ ਕੇ ਉਹੀ ਕੰਮ ਕੀਤਾ ਹੈ, ਉਨ੍ਹਾਂ ਕਿਹਾ ਕਿ ਸਾਡਾ ਚੱਕ ਬਾਹਮਣੀਆਂ ਟੋਲ 'ਤੇ ਧਰਨਾ ਕਿਸਾਨਾਂ ਤੇ ਆਮ ਲੋਕਾਂ ਦੀਆਂ ਮੰਗਾਂ ਨੂੰ ਲੈ ਕੇ ਹੈ। ਜੇ ਪ੍ਰਸ਼ਾਸਨ ਨਹੀਂ ਚਾਹੁੰਦਾ ਕਿ ਲੋਕਾਂ ਨੂੰ ਸੁੱਖ ਸਹੂਲਤਾਂ ਨਾ ਮਿਲਣ ਤਾਂ ਸਾਡਾ ਧਰਨਾ ਨਿਰੰਤਰ ਏਸੇ ਤਰ੍ਹਾਂ ਹੀ ਚੱਲਦਾ ਰਹੇਗਾ। ਉਨ੍ਹਾਂ ਕਿਹਾ ਕਿ ਹੁਣ ਤਾਂ ਕਿਸਾਨ ਵੀਰ ਝੋਨਾ ਲਾ ਕੇ ਫ੍ਰੀ ਹੋ ਗਏ ਹਨ ਅਤੇ ਟੋਲ 'ਤੇ ਲਗਾਤਾਰ ਹਾਜ਼ਰੀ ਵੀ ਵਧੇਗੀ। ਇਸ ਮੌਕੇ ਕੇਵਲ ਸਿੰਘ ਖਹਿਰਾ ਕੌਮੀ ਜਨਰਲ ਸਕੱਤਰ ਪੰਜਾਬ, ਜਸਵੰਤ ਸਿੰਘ ਲੋਹਗੜ੍ਹ ਜ਼ਿਲਾ ਪ੍ਰਧਾਨ ਜਲੰਧਰ, ਤਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਲੁਧਿਆਣਾ, ਰਾਜਪਾਲ ਸਿੰਘ ਮਖੀਜਾ, ਪਰਮਜੀਤ ਸਿੰਘ ਗਦਾਈਕੇ, ਸਵਰਨ ਸਿੰਘ ਰਾਧਲਕੇ, ਸਤਨਾਮ ਸਿੰਘ ਦਾਨੇਵਾਲਾ, ਮਹਿਲ ਸਿੰਘ ਰਾਧਲਕੇ, ਬੋਹੜ ਸਿੰਘ ਦਾਨੇਵਾਲਾ, ਸੁੱਖਾ ਐਮ ਸੀ ਧਰਮਕੋਟ, ਬਲਕਾਰ ਸਿੰਘ ਬਲਾਕ ਪ੍ਰਧਾਨ ਸ਼ਾਹਕੋਟ ਉਗਰਾਹਾਂ, ਪ੍ਰਿੰਸੀਪਲ ਮਨਜੀਤ ਸਿੰਘ, ਰਣਯੋਧ ਸਿੰਘ ਕੋਟ ਈਸੇ ਖਾਂ, ਮਹਿਲ ਸਿੰਘ ਕੋਟ ਈਸੇ ਖਾਂ, ਤਲਵਿੰਦਰ ਗਿੱਲ ਤੋਤੇਵਾਲਾ ਯੂਥ ਕਿਸਾਨ ਆਗੂ, ਡਾ ਸਰਤਾਜ ਧਰਮਕੋਟ, ਲਾਡੀ ਭੱਦਮਾਂ, ਕਿੱਕਰ ਸਿੰਘ ਢੋਸ, ਬਲਵਿੰਦਰ ਸਿੰਘ ਮੈਂਬਰ, ਬੈੜ ਸਿੰਘ ਮੈਬਰ, ਮੰਦਰ ਸਿੰਘ ਮੈਂਬਰ, ਇੰਦਰਜੀਤ ਸਿੰਘ ਮੈਂਬਰ, ਲਖਜਿੰਦਰ ਸਿੰਘ ਪੱਪੂ ਐਮ ਸੀ, ਸੇਵਕ ਚਾਹਲ, ਬਲਵਿੰਦਰ ਸਿੰਘ ਰੋਸ਼ਨ ਵਾਲਾ, ਨਿਰਵੈਰ ਸਿੰਘ, ਮਲਕੀਤ ਸਿੰਘ, ਹਜ਼ੂਰਾ ਸਿੰਘ, ਗੁਰਬਖਸ਼ ਸਿੰਘ, ਤਜਿੰਦਰ ਸਿੰਘ ਸੈਕਟਰੀ, ਦਲਜੀਤ ਸਿੰਘ ਬਾਬਾ ਉਧੋਵਾਲ, ਲਾਡੀ ਬੀਟਲਾਂ, ਲਖਵਿੰਦਰ ਸਿੰਘ ਜੁਲਕਾ ਅਤੇ ਰਣਜੀਤ ਸਿੰਘ ਚੱਕ ਤਾਰੇਵਾਲਾ, ਮਨਦੀਪ ਸਿੰਘ ਮੰਨਾ ਬਲਾਕ ਪ੍ਰਧਾਨ ਧਰਮਕੋਟ, ਨਿਰਮਲ ਸਿੰਘ ਇਕਾਈ ਪ੍ਰਧਾਨ ਬੱਡੂਵਾਲਾ ਹਾਜ਼ਰ ਸਨ।

## ਸਮਾਜ ਭਲਾਈ ਦੇ ਕੰਮਾਂ ਬਦਲੇ ਪ੍ਰਧਾਨ ਤਰਸੇਮ ਗੋਇਲ ਸਨਮਾਨਤ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਸਮਾਜ ਭਲਾਈ ਕੰਮਾਂ 'ਚ ਮੋਹਰੀ ਇਲਾਕੇ ਦੀਆਂ ਨਾਮਵਰ ਸੰਸਥਾਵਾਂ ਕਲੀਨ ਐਂਡ ਗਰੀਨ ਸੇਵਾ ਸੁਸਾਇਟੀ, ਸ੍ਰੀ ਅਗਰਵਾਲ ਸਮਾਜ, ਸ੍ਰੀਮਦ ਭਾਗਵਤ ਕਥਾ ਸੁਸਾਇਟੀ ਦੇ ਪ੍ਰਧਾਨ ਤਰਸੇਮ ਗੋਇਲ ਨੂੰ ਪਿਛਲੇਂ ਦਿਨੀਂ ਹੋਈਆਂ ਲੋਕ ਚੋਣਾਂ ਦੌਰਾਨ ਲਗਾਈਆਂ ਠੰਡੇ ਮਿੱਠੇ ਪਾਣੀ ਦੀਆਂ ਛਬੀਲਾਂ ਬਦਲੇ ਪ੍ਰਸ਼ਾਸ਼ਨਿਕ ਅਧਿਕਾਰੀ ਐਸ ਡੀ ਐਮ ਮੈਡਮ ਬਲਜੀਤ ਕੌਰ ਵੱਲੋਂ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਤ ਕੀਤਾ ਗਿਆ।ਜ਼ਿਕਰਯੋਗ ਹੈ ਕਿ ਚੋਣਾਂ ਦੌਰਾਨ ਉਕਤ ਸੰਸਥਾਵਾਂ ਦੇ ਪ੍ਰਧਾਨ ਤਰਸੇਮ ਗੋਇਲ ਦੀ ਸਮੁੱਚੀ ਟੀਮ ਵੱਲੋਂ ਗੁਰੂ ਨਾਨਕ ਕਾਲਜ, ਬਾਗਵਾਲਾ ਸਕੂਲ ਤੇ ਸਰਵਹਿਤਕਾਰੀ ਸਕੂਲ 'ਚ ਚੋਣ ਅਮਲੇ ਅਤੇ ਵੋਟਰਾਂ ਲਈ ਠੰਡੇ ਮਿੱਠੇ ਪਾਣੀ ਦੀਆਂ ਛਬੀਲਾਂ ਲਗਾਉਣ ਦੇ ਨਾਲ ਨਾਲ ਹਵਾ ਤੇ ਛਾਂ ਦਾ ਪ੍ਰਬੰਧ ਵੀ ਬੜੇ ਹੀ ਸੁਚੱਜੇ ਢੰਗ ਨਾਲ ਕੀਤਾ ਗਿਆ ਸੀ। ਜਿਸ ਤੋਂ ਪ੍ਰਭਾਵਤ ਹੋ ਕੇ ਪ੍ਰਸ਼ਾਸ਼ਨ ਨੇ ਸੁਸਾਇਟੀਆਂ ਦੇ ਪ੍ਰਧਾਨ ਤਰਸੇਮ ਗੋਇਲ ਨੂੰ ਸਨਮਾਨਤ ਕੀਤਾ।

ਇਸ ਮੌਕੇ ਐਸ ਡੀ ਐਮ ਮੈਡਮ ਬਲਜੀਤ ਕੌਰ ਵੱਲੋਂ ਪ੍ਰਧਾਨ ਤਰਸੇਮ ਗੋਇਲ ਵੱਲੋਂ ਕੀਤੇ ਜਾਂਦੇ ਸਮਾਜ ਭਲਾਈ ਦੇ ਕੰਮਾਂ ਦੀ ਸ਼ਲਾਘਾ ਕੀਤੀ।ਦੱਸਣਯੋਗ ਹੈ ਕਿ ਪ੍ਰਧਾਨ ਤਰਸੇਮ ਗੋਇਲ ਪਿਛਲੇਂ ਲੰਮੇ ਅਰਸੇ ਤੋਂ ਸ੍ਰੀ ਮੁਕਤਸਰ ਸਾਹਿਬ ਦੇ ਸਰਕਾਰੀ ਸਕੂਲਾਂ 'ਚ ਪੜ੍ਹਦੇ ਲੋੜਵੰਦ ਬੱਚਿਆਂ ਨੂੰ ਸਟੇਸ਼ਨਰੀ, ਕਾਪੀਆਂ ਕਿਤਾਬਾਂ, ਬਿਮਾਰ ਤੇ ਗਰੀਬ ਲੋਕਾਂ ਦੀ ਆਰਥਿਕ ਸਹਾਇਤਾ ਕਰਨ ਤੋਂ ਇਲਾਵਾ ਪ੍ਰਸ਼ਾਸ਼ਨ ਦੇ ਸਹਿਯੋਗ ਨਾਲ ਹਰ ਇੱਕ ਲੋਕ ਹਿੱਤ ਕਾਰਜ 'ਚ ਭਾਗ ਲੈਣ ਸਮੇਂ ਮੋਹਰੀ ਹੁੰਦੇ ਹਨ।

## ਸਰਕਾਰੀ ਪ੍ਰਾਇਮਰੀ ਸਕੂਲ ਕਿਸ਼ਨਗੜ੍ਹ ਨੂੰ ਵਾਟਰ ਕੂਲਰ ਭੇਟ



**ਬਰੇਟਾ (ਰੀਤਵਾਲ)** ਪਿੰਡ ਕਿਸ਼ਨਗੜ੍ਹ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ ਨੂੰ ਸਵ. ਦਲਬਾਰਾ ਸਿੰਘ ਸਾਬਕਾ ਸਰਪੰਚ ਦੀ ਯਾਦ ਨੂੰ ਸਮਰਪਤ ਪਰਵਾਰ ਵੱਲੋਂ ਵਾਟਰ ਕੂਲਰ ਭੇਟ ਕੀਤਾ ਗਿਆ। ਸਕੂਲ ਮੁਖੀ ਨਾਇਬ ਸਿੰਘ ਨੇ ਦੱਸਿਆ ਕਿ ਸਰਪੰਚ ਦੀ ਮੌਤ ਨਾਲ ਸਕੂਲ ਨੂੰ ਕਦੇ ਵੀ ਪੂਰਾ ਨਾ ਹੋਣ ਵਾਲਾ ਘਾਟਾ ਪਿਆ ਹੈ। ਉਨ੍ਹਾਂ ਕਿਹਾ ਕਿ ਸਰਪੰਚ ਦਾ ਸਕੂਲ ਦੀ ਲਾਇਬ੍ਰੇਰੀ, ਇਮਾਰਤ ਨੂੰ ਰੰਗ ਰੋਗਨ ਅਤੇ ਸਕੂਲ ਦੇ ਹੋਰ ਕੰਮਾਂ ਲਈ ਬਹੁਤ ਹੀ ਸਹਿਯੋਗ ਰਿਹਾ ਹੈ। ਗਰਮੀ ਵਿੱਚ ਬੱਚਿਆਂ ਨੂੰ ਠੰਡਾ ਪਾਣੀ ਪੀਣ ਲਈ ਵਾਟਰ ਕੂਲਰ ਦੀ ਬਹੁਤ ਜਿਆਦਾ ਜ਼ਰੂਰਤ ਸੀ। ਅਜਿਹੇ ਸ਼ਲਾਘਾਯੋਗ ਕੰਮ ਨੂੰ ਦੇਖਦੇ ਹੋਏ ਪਿੰਡ ਦੇ ਸਾਬਕਾ ਸਰਪੰਚ ਕੁਲਵੰਤ ਸਿੰਘ ਤੇ ਸਰਪੰਚ ਕਰਮਜੀਤ ਸਿੰਘ ਤੇ ਪਿੰਡ ਵਾਸੀਆਂ ਨੇ ਪਰਿਵਾਰ ਦਾ ਬਹੁਤ ਧੰਨਵਾਦ ਕੀਤਾ। ਸਵ: ਦਲਵਾਰਾ ਸਿੰਘ ਦੇ ਪੁੱਤਰ ਬਲਵਿੰਦਰ ਸਿੰਘ ਰਿੰਪੀ ਅਤੇ ਜਸਪਾਲ ਸਿੰਘ ਨੇ ਆਪਣੇ ਪਿਤਾ ਦੀ ਸੋਚ ਤੇ ਚਲਦਿਆਂ ਸਕੂਲ ਨੂੰ ਹਰ ਸਮੇ ਸਹਿਯੋਗ ਦੇਣ ਦਾ ਵਾਅਦਾ ਕੀਤਾ ਹੈ। ਇਸ ਮੌਕੇ ਮਹਿੰਦਰ ਪਾਲ, ਵਿਨੋਦ ਕੁਮਾਰ, ਪ੍ਰਿੰਸ ਪਾਲ, ਨੀਸ਼ਾ ਰਾਣੀ, ਮਨਪ੍ਰੀਤ ਕੌਰ, ਨਿਰਮਲ ਕੌਰ, ਰਣਜੀਤ ਕੌਰ, ਰਾਜ ਕੌਰ, ਕੁਲਦੀਪ ਸਿੰਘ, ਦਲਬਾਰਾ ਸਿੰਘ ਪੰਚ, ਬੂਟਾ ਸਿੰਘ, ਜਸ਼ਨਪ੍ਰੀਤ ਸਿੰਘ, ਗੁਰਲਾਲ ਸਿੰਘ ਬਿੰਦਰ ਸਿੰਘ ਸਮਾਜ ਸੇਵੀ, ਸਕੂਲ ਸਟਾਫ਼ ਤੇ ਪਤਵੰਤੇ ਸੱਜਣ ਹਾਜ਼ਰ ਸਨ।

## ਬੈਟਰ ਸਕਿੱਲ ਇਮੀਗ੍ਰੇਸ਼ਨ ਨੇ ਲਗਵਾਇਆ ਪਤੀ ਪਤਨੀ ਦਾ ਕੈਨੇਡਾ ਦਾ ਵੀਜ਼ਾ



**ਕੋਟ ਈਸੇ ਖਾਂ (ਅਰੋੜਾ)**-ਇਲਾਕੇ ਦੀ ਨਾਮਵਰ ਇੰਮੀਗ੍ਰੇਸ਼ਨ ਅਤੇ ਸਭ ਤੋ ਭਰੋਸੇਮੰਦ ਸੰਸਥਾ ਬੈਟਰ ਸਕਿੱਲ ਇੰਮੀਗ੍ਰੇਸ਼ਨ ਧਰਮਕੋਟ ਜੋ ਕਿ ਵਿਦੇਸ਼ ਜਾਣ ਦੇ ਚਾਹਵਾਨਾਂ ਦੇ ਸੁਪਨੇ ਸਕਾਰ ਕਰਦੀ ਆ ਰਹੀ ਹੈ ਤੇ ਇਸ ਸੰਸਥਾ ਨੇ ਵੱਖ ਵੱਖ ਪ੍ਰਕਾਰ ਦੇ ਕੈਨੇਡਾ ਵੀਜ਼ੇ ਲਗਵਾ ਕੇ ਆਪਣੀ ਵੱਖਰੀ ਹੀ ਪਹਿਚਾਣ ਬਣਾ ਲਈ ਹੈ।ਇਸ ਸਬੰਧੀ ਬੈਟਰ ਸਕਿੱਲ ਇਮੀਗ੍ਰੇਸ਼ਨ ਦੇ ਡਾਇਰੈਕਟਰ ਸਿਮਰਨਜੀਤ ਸਿੰਘ ਗਿੱਲ ਨੇ ਦੱਸਿਆ ਕਿ ਕਿਰਨਦੀਪ ਕੌਰ ਨੇ 2019 ਵਿੱਚ ਆਪਣੀ +2 ਪੂਰੀ ਕੀਤੀ ਸੀ ।ਜਿਸ ਤੋਂ ਬਾਅਦ ਕਿਰਨਦੀਪ ਦਾ 5 ਸਾਲ ਦਾ ਗੈਪ ਸੀ।ਕਿਰਨਦੀਪ ਅਤੇ ਉਸ ਦੇ ਪਤੀ ਇੰਦਰਜੀਤ ਗੈਪ ਕਾਰਨ ਬਹੁਤ ਚਿੰਤਤ ਸਨ ।ਫਿਰ ਕਿਸੇ ਨਜ਼ਦੀਕੀ ਰਿਸ਼ਤੇਦਾਰ ਨੇ ਬੈਟਰ ਸਕਿੱਲ ਇਮੀਗ੍ਰੇਸ਼ਨ ਬਾਰੇ ਦੱਸਿਆ।ਉਸ ਤੋਂ ਬਾਅਦ ਉਨ੍ਹਾ ਨੇ ਸੋਸ਼ਲ ਮੀਡੀਆ 'ਤੇ ਆਏ ਹੋਏ ਪਤੀ- ਪਤਨੀ ਇਕੱਠਿਆ ਦੇ ਰਿਜ਼ਲਟਾਂ ਨੂੰ ਦੇਖਦਿਆਂ ਬੈਟਰ ਸਕਿੱਲ ਇਮੀਗ੍ਰੇਸ਼ਨ ਦੇ ਡਾਇਰੈਕਟਰ ਸਿਮਰਨਜੀਤ ਸਿੰਘ ਗਿੱਲ ਨਾਲ ਗੱਲਬਾਤ ਕਰਦੇ ਹੋਏ ਚੰਗੀ ਸਲਾਹ ਲਈ ਅਤੇ ਆਪਣੀ ਦੋਨਾਂ ਦੀ ਪ੍ਰੋਫਾਈਲ ਸ਼ੇਅਰ ਕਰਦਿਆਂ 7 ਦਿਨਾਂ ਵਿੱਚ ਕਿਰਨਦੀਪ ਕੌਰ ਦਾ ਸਟੱਡੀ ਵੀਜ਼ਾ ਅਤੇ ਉਸ ਦੇ ਪਤੀ ਇੰਦਰਜੀਤ ਸਿੰਘ ਦਾ ਓਪਨ ਵਰਕ ਪਰਮਿਟ ਵੀਜ਼ਾ ਪ੍ਰਾਪਤ ਹੋਇਆ। ਅੱਜ ਦੋਨੋ ਪਤੀ ਪਤਨੀ ਇਕੱਠੇ ਕੈਨੇਡਾ ਪਹੁੰਚ ਗਏ ਹਨ। ਬੈਟਰ ਸਕਿੱਲ ਇਮੀਗ੍ਰੇਸ਼ਨ ਵੱਲੋਂ ਕਿਰਨਦੀਪ ਕੌਰ ਅਤੇ ਇੰਦਰਜੀਤ ਸਿੰਘ ਨੂੰ ਆਉਣ ਵਾਲੇ ਭਵਿੱਖ ਲਈ ਸ਼ੁੱਭ ਦੁਆਵਾਂ।

## ਮਦਨ ਲਾਲ ਬੱਗਾ ਵੱਲੋਂ ਵਾਰਡ ਨੰਬਰ 95 'ਚ ਨਵੀਆਂ ਸੜਕਾਂ ਦਾ ਉਦਘਾਟਨ

**ਲੁਧਿਆਣਾ (ਰਾਜ ਸਿੰਗਲਾ)**- ਇਲਾਕੇ ਦੇ ਵਸਨੀਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਦੇ ਮੰਤਵ ਨਾਲ, ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਮਦਨ ਲਾਲ ਬੱਗਾ ਵਲੋਂ ਸਥਾਨਕ ਵਾਰਡ ਨੰਬਰ 95 ਅਧੀਨ ਗੁਰਨਾਮ ਨਗਰ ਵਿਖੇ ਨਵੀਆਂ ਸੜਕਾਂ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਵਿਧਾਇਕ ਬੱਗਾ ਨਾਲ ਸੀਨੀਅਰ 'ਆਪ' ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਵੀ ਮੌਜੂਦ ਸਨ। ਵਿਧਾਇਕ ਬੱਗਾ ਨੇ ਦੱਸਿਆ ਕਿ ਇਨ੍ਹਾਂ ਸੜਕਾਂ ਦੇ ਨਿਰਮਾਣ ਤੋਂ ਬਾਅਦ ਆਵਾਜਾਈ ਸੁਚਾਰੂ ਢੰਗ ਨਾਲ ਚੱਲੇਗੀ। ਹਲਕਾ ਲੁਧਿਆਣਾ ਉੱਤਰੀ ਨੂੰ ਵਿਕਾਸ ਪੱਖੋਂ ਮੋਹਰੀ ਬਣਾਉਣ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਵਿਧਾਇਕ ਬੱਗਾ ਅਤੇ ਉਨ੍ਹਾ ਦੀ ਟੀਮ ਨੇ ਕਿਹਾ ਕਿ ਨਵੀਂ ਸੜਕ ਦਾ ਨਿਰਮਾਣ ਜੰਗੀ ਪੱਧਰ 'ਤੇ ਕਰਵਾਇਆ ਜਾਵੇਗਾ। ਉਨ੍ਹਾ ਸਪੱਸ਼ਟ ਕੀਤਾ ਕਿ ਪਿੰਡਾਂ ਦੇ ਨਾਲ ਸ਼ਹਿਰਾਂ ਦੇ ਵਿੱਚ ਵੀ ਸੜਕ ਕੁਨੇਕਟੀਵਿਟੀ ਨੂੰ ਬਿਹਤਰ ਬਣਾਉਣ ਦੇ ਲਈ ਲਗਾਤਾਰ ਸਾਡੀ ਸਰਕਾਰ ਵੱਲੋਂ ਯਤਨ ਕੀਤੇ ਜਾ ਰਹੇ ਹਨ।

# ਦਿਹਾਤੀ ਮਜ਼ਦੂਰ ਸਭਾ ਵੱਲੋਂ ਜ਼ਿਲ੍ਹਾ ਪੱਧਰੀ ਮੀਟਿੰਗ




**ਮੁਕਤਸਰ (ਸ਼ਮਿੰਦਰਪਾਲ/ਪੂਜਾ)**- ਬੀਤੇ ਦਿਨੀਂ ਦਿਹਾਤੀ ਮਜ਼ਦੂਰ ਸਭਾ ਮੁਕਤਸਰ ਸਾਹਿਬ ਵੱਲੋਂ ਦਿਹਾਤੀ ਮਜ਼ਦੂਰਾਂ ਦੀ ਜ਼ਿਲ੍ਹਾ ਮੀਟਿੰਗ ਗੁਰੂ ਗੋਬਿੰਦ ਸਿੰਘ ਪਾਰਕ ਵਿੱਚ ਆਯੋਜਿਤ ਕੀਤੀ ਗਈ ਜਿਸ ਪ੍ਰਧਾਨਗੀ ਹਰਜੀਤ ਸਿੰਘ ਮਦਰੱਸਾ ਨੇ ਕੀਤੀ। ਇਸ ਮੀਟਿੰਗ ਨੂੰ ਦਿਹਾਤੀ ਮਜ਼ਦੂਰ ਸਭਾ ਪੰਜਾਬ ਦੇ ਸੂਬਾ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਨੇ ਸੰਬੋਧਨ ਕੀਤਾ। ਉਨ੍ਹਾਂ ਮੋਦੀ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਨਵੇਂ ਲੋਕ ਵਿਰੋਧੀ ਨਵੇਂ ਲੋਕ ਵਿਰੋਧੀ ਕਾਨੂੰਨਾਂ ਨੂੰ ਪਾਸ ਕਰਨ ਦੀ ਜ਼ੋਰਦਾਰ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਪਹਿਲਾਂ ਮੋਦੀ ਸਰਕਾਰ ਨੇ ਕਿਸਾਨਾਂ ਵਿਰੋਧੀ ਕਾਲੇ ਕਾਨੂੰਨਾਂ ਨੂੰ ਪਾਸ ਕੀਤਾ ਸੀ ਜਿਸ ਵਿਰੁੱਧ ਪੰਜਾਬ ਸਮੇਤ ਸਮੁੱਚੇ ਦੇਸ਼ ਦੇ ਲੋਕਾਂ ਨੇ ਇਨ੍ਹਾਂ ਕਾਨੂੰਨਾਂ ਵਿਰੁੱਧ ਜ਼ੋਰਦਾਰ ਵਿਸ਼ਾਲ ਅੰਦੋਲਨ ਕਰਕੇ ਵਾਪਸ ਕਰਾਏ ਸਨ ਅਤੇ 700 ਕਿਸਾਨਾਂ ਦੀ ਸ਼ਹਾਦਤ ਹੋਈ ਸੀ ਅਤੇ ਬੇਈਮਾਨ ਮੋਦੀ ਸਰਕਾਰ ਨੇ ਅਜੇ ਵੀ ਪੈਂਡਿੰਗ ਕਰ ਦਿਤੇ ਹਨ ਰੱਦ ਨਹੀਂ ਅਤੇ ਮੋਦੀ ਸਰਕਾਰ ਇਨ੍ਹਾਂ ਕਾਨੂੰਨਾਂ ਨੂੰ ਰੱਦ ਕਰਨ ਲਈ ਤਿਆਰ ਨਹੀਂ । ਐਮ ਐਸ ਪੀ ਨਹੀਂ ਦਿੱਤੀ ਜਾ ਰਹੀ ਅਤੇ ਤੀਜੀ ਵਾਰ ਜਿੱਤ ਕੇ ਮੋਦੀ ਸਰਕਾਰ ਹੁਣ ਸੰਵਿਧਾਨ ਦੀਆਂ ਧੱਜੀਆਂ ਉਡਾ ਰਹੀ ਹੈ। ਇਸ ਸਰਕਾਰ ਨੇ ਪਿਛਲੇ ਕਾਨੂੰਨਾਂ ਨੂੰ ਬਦਲ ਕੇ ਨਵੇ ਲੋਕ ਵਿਰੋਧੀ ਕਾਨੂੰਨਾਂ ਨੂੰ ਪਾਸ ਕੀਤਾ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਇਨ੍ਹਾਂ ਕਾਨੂੰਨਾਂ ਨੂੰ ਲਾਗੂ ਕਰਨ ਲਈ ਪੱਬਾਂ ਭਾਰ ਹੋਈ ਪਈ ਹੈ। ਉਨ੍ਹਾਂ ਕਿਹਾ ਕਿ ਜਥੇਬੰਦੀ ਇਨ੍ਹਾਂ ਨਵੇਂ ਕਾਨੂੰਨਾਂ ਨੂੰ ਲਾਗੂ ਕਰਨ ਦੀ ਜ਼ੋਰਦਾਰ ਨਿੰਦਾ ਕਰਦੀ ਹੈ ਅਤੇ ਇਹ ਕਾਨੂੰਨ ਪੁਲਸ ਨੂੰ ਵੱਧ ਲੋਕਾਂ ਤੇ ਜਬਰ ਕਰਨ ਦਾ ਅਧਿਕਾਰ ਦਿੰਦੇ ਹਨ। ਜਿਸ ਨੂੰ ਜਥੇਬੰਦੀ ਬਰਦਾਸ਼ਤ ਨਹੀਂ ਕਰ ਸਕਦੀ। ਇਸ ਖ਼ਿਲਾਫ ਸਾਂਝਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ ਅਤੇ ਦਿਹਾਤੀ ਮਜ਼ਦੂਰ ਦੂਸਰੀਆਂ ਮਜ਼ਦੂਰ ਕਿਸਾਨ ਜਥੇਬੰਦੀਆਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਇਨ੍ਹਾਂ ਕਾਨੂੰਨਾਂ ਦਾ ਵਿਰੋਧ ਕਰੇਗੀ। ਉਨ੍ਹਾਂ ਮਜ਼ਦੂਰ ਮੰਗਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਮਜ਼ਦੂਰ ਮੰਗਾਂ ਵਿੱਚ ਪੰਜਾਬ ਸਰਕਾਰ ਨੇ ਮਜ਼ਦੂਰਾਂ ਨਾਲ਼ ਕੀਤੇ ਵਾਅਦਿਆਂ ਤੋਂ ਪੂਰੀ ਤਰ੍ਹਾਂ ਪਾਸਾ ਵੱਟਿਆ ਹੋਇਆ ਹੈ ਅਤੇ ਔਰਤਾਂ ਨੂੰ ਇੱਕ ਹਜ਼ਾਰ ਦੇਣ ਦੇ ਵਾਅਦੇ ਤੋਂ ਵੀ ਪੂਰੀ ਤਰ੍ਹਾਂ ਮੁੱਕਰ ਚੁੱਕੀ ਹੈ। ਮਜ਼ਦੂਰ ਜਥੇਬੰਦੀਆਂ ਨਾਲ ਮੁੱਖ ਮੰਤਰੀ ਨੇ ਸੱਤ ਵਾਰ ਮੀਟਿੰਗਾਂ ਰੱਖ ਕੇ ਜਥੇਬੰਦੀਆਂ ਨਾਲ ਮੀਟਿੰਗ ਕਰਨ ਨੂੰ ਮੁਨਾਸਿਬ ਨਹੀਂ ਸਮਝਿਆ ਅਤੇ ਮਜ਼ਦੂਰਾਂ ਦੀਆਂ ਸਾਰੀਆਂ ਭਲਾਈ ਸਕੀਮਾਂ ਨੂੰ ਜਾਮ ਕਰਕੇ ਬੈਠੀ ਹੋਈ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰ ਮੰਗਾਂ ਦੀ ਪ੍ਰਾਪਤੀ ਲਈ ਜੁਲਾਈ ਦੇ ਦੂਜੇ ਹਫਤੇ ਸੰਘਰਸ਼ ਮਘਾ ਦਿੱਤਾ ਜਾਵੇਗਾ। ਉਨ੍ਹਾਂ ਇਹ ਦੱਸਿਆ ਕਿ ਜੁਲਾਈ ਦੇ ਪਹਿਲੇ ਹਫਤੇ ਜਿਥੇ ਸਾਰੇ ਪੰਜਾਬ ਵਿੱਚ ਕ੍ਰਮਵਾਰ ਐਮ ਐਲ ਐਮ ਅਤੇ ਮੌਜੂਦਾ ਵਿਧਾਇਕਾਂ, ਐਮ ਪੀਜ਼ ਨੂੰ ਮਜ਼ਦੂਰ ਮੰਗ ਪੱਤਰ ਸੌਂਪੇ ਜਾਣੇ ਹਨ। ਮੁਕਤਸਰ ਸਾਹਿਬ ਦੇ ਮੌਜੂਦਾ ਵਿਧਾਇਕਾਂ ਅਤੇ ਐਨੀ ਸ਼ੇਰ ਸਿੰਘ ਘੁਬਾਇਆ ਨੂੰ ਵੀ ਮੰਗ ਦਿੱਤਾ ਜਾਵੇਗਾ। ਇਸ ਮੀਟਿੰਗ ਨੂੰ ਜਗਜੀਤ ਸਿੰਘ ਜੱਸੇਆਣਾ ਅਤੇ ਲਖਵੀਰ ਸਿੰਘ ਤਖ਼ਤ ਮੁਲਾਣਾ ਨੇ ਸੰਬੋਧਨ ਕੀਤਾ।

## ਕਾਂਗੜ ਦੇ ਪਿੰਡ ਦੀ ਮੁੱਖ ਸੜਕ ਦੀ ਹਾਲਤ ਤਰਸਯੋਗ



**ਭਗਤਾ ਭਾਈ ਕਾ, (ਰਾਜੀਵ ਗੋਇਲ):** ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਦੇ ਪਿੰਡ ਦੀ ਐਂਟਰੀ 'ਤੇ ਸੜਕ ਦਾ ਇੰਨਾ ਮਾੜਾ ਹਾਲ ਹੈ ਕਿ ਉੱਥੋਂ ਪੈਦਲ ਤਾਂ ਕੀ, ਵਾਹਨ ਚਾਲਕ ਵੀ ਲੰਘਣ ਤੋਂ ਗੁਰੇਜ਼ ਕਰਦੇ ਹਨ, ਕਿਉਂਕਿ ਇਹ ਸੜਕ ਆਪਣੀ ਹੀ ਤਰਸਯੋਗ ਹਾਲਾਤ 'ਤੇ ਹੰਝੂ ਵਹਾ ਰਹੀ ਹੈ। ਕਾਂਗੜ ਪਿੰਡ ਦੀ ਐਂਟਰੀ ਤੋਂ ਲੈ ਕੇ ਦੀਨਾ ਸਾਹਿਬ ਤੱਕ ਇਸ ਸੜਕ ਦਾ ਬੁਰਾ ਹਾਲ ਹੈ। ਉੱਥੋਂ ਲੰਘਣ ਵਾਲੇ ਰਾਹਗੀਰ ਮੌਕੇ ਦੀ ਸਰਕਾਰ ਅਤੇ ਤਤਕਾਲੀ ਸਰਕਾਰਾਂ ਨੂੰ ਕੋਸਦੇ ਨਜ਼ਰ ਆਉਂਦੇ ਹਨ। ਵਿਕਾਸ ਦਾ ਢੰਡੋਰਾ ਪਿੱਟਣ ਵਾਲੀ ਕਾਂਗਰਸ ਦੇ ਰਾਜ 'ਚ ਵਿਕਾਸ ਹੋਇਆ ਕਿੱਥੇ ਹੈ? ਦੱਸ ਦੇਈਏ ਕਿ ਜੇਕਰ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਦਾ ਇਹ ਜੱਦੀ ਪਿੰਡ ਹੈ ਤਾਂ ਇਸ ਸਮੇਂ ਹਲਕਾ ਰਾਮਪੁਰਾ ਫੂਲ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਬਲਕਾਰ ਸਿੱਧੂ ਦੀ ਵੀ ਇਸ ਪਿੰਡ ਵਿੱਚ ਨੇੜਲੀ ਰਿਸ਼ਤੇਦਾਰੀ ਹੈ ਪਰ ਸ਼ਾਇਦ ਹੁਣ ਇਹ ਸੜਕ ਸਿੱਧੂ ਸਾਬ੍ਹ ਨੂੰ ਵੀ ਨਜ਼ਰ ਨਹੀਂ ਆ ਰਹੀ।

## ਪੰਜਾਬ ਦੇ ਲੋਕ ਪ੍ਰਤੀਨਿਧੀ ਸੰਸਦ 'ਚ ਪੰਜਾਬੀ 'ਚ ਆਪਣੇ ਵਿਚਾਰ ਪੇਸ਼ ਕਰਨ : ਪ੍ਰੋ. ਗੁਰਭਜਨ ਗਿੱਲ

**ਸਮਰਾਲਾ, (ਸੁਰਜੀਤ ਸਿੰਘ)**- ਪੰਜਾਬ ਦੇ ਮੈਂਬਰ ਪਾਰਲੀਮੈਂਟ ਲੋਕ ਸਭਾ ਵਿੱਚ ਉਹੀ ਬੋਲੀ ਵਰਤਣ ਜਿਸ ਵਿੱਚ ਪਿਛਲੇ ਮਹੀਨੇ ਵੋਟਾਂ ਮੰਗੀਆਂ ਸੀ। ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਦੇਸ਼ ਦਾ ਸੰਵਿਧਾਨ ਸਾਨੂੰ ਇਹ ਅਧਿਕਾਰ ਦੇਂਦਾ ਹੈ ਕਿ ਅਸੀਂ ਆਪੋ ਆਪਣੀ ਮਾਂ ਬੋਲੀ ਵਿੱਚ ਦੇਸ਼ ਦੇ ਸਰਵੋਤਮ ਤੇ ਪਵਿੱਤਰ ਸਦਨ ਵਿੱਚ ਆਪਣੀ ਗੱਲ ਕਰ ਸਕੀਏ।ਪ੍ਰੋ. ਗਿੱਲ ਨੇ ਕਿਹਾ ਕਿ ਅੰਗਰੇਜ਼ੀ, ਉਰਦੂ ਜਾਂ ਹਿੰਦੀ ਬੋਲਣਾ ਗੁਨਾਹ ਨਹੀਂ ਪਰ ਪੰਜਾਬੀਆਂ ਦੀ ਮਾਂ ਬੋਲੀ ਦੀ ਨੁਮਾਇੰਦਗੀ ਨਾ ਕਰਨਾ ਬੱਜਰ ਕੁਰਹਿਤ ਹੈ। ਉਨ੍ਹਾਂ ਕਿਹਾ ਕਿ ਸਾਡੇ ਸਭ ਪ੍ਰਤੀਨਿਧ ਹੀਣਭਾਵਨਾ ਵਿੱਚੋਂ ਨਿਕਲਣ ਅਤੇ ਦੋਹਾਂ ਸਦਨਾਂ ਵਿੱਚ ਹੀ ਆਪਣੇ ਵਿਚਾਰ ਮਾਂ ਬੋਲੀ ਪੰਜਾਬੀ ਵਿੱਚ ਪੇਸ਼ ਕਰਨ। ਉਨ੍ਹਾਂ ਸੰਗਰੂਰ ਤੋਂ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਦੀ ਸ਼ਲਾਘਾ ਕੀਤੀ ਜਿਸ ਨੇ ਸੋਹਣੀ ਪੰਜਾਬੀ ਬੋਲ ਕੇ ਤੱਤਸਾਰ ਪੇਸ਼ ਕਰਦਿਆਂ ਪੰਜਾਬ ਦੇ ਸਰਬੱਤ ਮਾਮਲੇ ਉਠਾਏ। ਜਿਹੜੇ ਪ੍ਰਤੀਨਿਧਾਂ ਨੇ ਹੋਰ ਜ਼ਬਾਨਾਂ ਵਿੱਚ ਸੰਬੋਧਨ ਕਰਕੇ ਉਕਾਈ ਕੀਤੀ ਹੈ, ਉਹ ਇਸ ਨੂੰ ਭਵਿੱਖ ਵਿੱਚ ਨਾ ਦੁਹਰਾਉਣ।

## ਕਿਸਾਨਾਂ ਨੂੰ ਪ੍ਰਦੂਸ਼ਣ ਲਈ ਜ਼ਿੰਮੇਵਾਰ ਦੱਸਣ ਵਾਲਿਆਂ ਨੂੰ ਐੱਨ.ਜੀ.ਟੀ ਵੱਲੋਂ ਕਰਾਰਾ ਜੁਆਬ : ਦੌਲਤਪੁਰਾ, ਘੱਲ, ਚੋਟੀਆਂ



**ਮੋਗਾ, (ਇਕਬਾਲ ਸਿੰਘ ਖਹਿਰਾ)** ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਦਫ਼ਤਰ ਵਿਖੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਸੂਬਾ ਮੀਤ ਪ੍ਰਧਾਨ ਗੁਲਜ਼ਾਰ ਸਿੰਘ ਘੱਲ ਕਲਾਂ, ਜ਼ਿਲ੍ਹਾ ਮੀਤ ਪ੍ਰਧਾਨ ਜਗਤਾਰ ਸਿੰਘ ਛੋਟੀਆਂ ਦੀ ਅਗਵਾਈ ਹੇਠ ਵਿਚਾਰਾਂ ਹੋਈਆਂ, ਜਿਸ ਦੌਰਾਨ ਕਿਸਾਨ ਆਗੂਆਂ ਨੇ ਜ਼ਿਲ੍ਹਾ ਮੀਡੀਆ ਇੰਚਾਰਜ ਬਲਕਰਨ ਸਿੰਘ ਢਿੱਲੋਂ ਰਾਹੀਂ ਦੱਸਿਆ ਕਿ ਐਨਜੀਟੀ ਵੱਲੋਂ ਕਿਸਾਨਾਂ ਨੂੰ ਦਿੱਲੀ ਜਾਂ ਨਾਲ ਲੱਗਦੇ ਸੂਬਿਆਂ ਵਿੱਚ ਪ੍ਰਦੂਸ਼ਣ ਲਈ ਹਮੇਸ਼ਾ ਪੰਜਾਬ ਤੇ ਪੰਜਾਬ ਦੇ ਕਿਸਾਨਾਂ ਨੂੰ ਜ਼ਿੰਮੇਵਾਰ ਠਹਿਰਾਉਣ ਨੂੰ ਗਲਤ ਦੱਸਿਆ ਹੈ। ਇਸ ਸਮੇਂ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਕਿਹਾ ਕਿ ਐਨਜੀਟੀ ਮੈਂਬਰ ਜਸਟਿਸ ਸੁਧੀਰ ਅਗਰਵਾਲ ਨੇ ਜੋ ਕਿਸਾਨਾਂ ਉੱਤੇ ਦਰਜ ਕੀਤੇ ਪਰਚੇ ਤੇ ਜੇਲ੍ਹਾਂ 'ਚ ਡੱਕੇ ਜਾਣ ਦੀ ਨਿਖੇਧੀ ਕੀਤੀ ਹੈ। ਅਸੀਂ ਸਮੂਹ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਉਨ੍ਹਾਂ ਦਾ ਧੰਨਵਾਦ ਕਰਦੇ ਹਾਂ।

ਕੌਮੀ ਗਰੀਨ ਟ੍ਰਿਬਿਊਨਲ (ਐਨਜੀਟੀ) ਦੇ ਮੈਂਬਰ ਜਸਟਿਸ ਸੁਧੀਰ ਅਗਰਵਾਲ ਨੇ ਕਿਹਾ ਕਿ ਪੰਜਾਬ ਦੇ ਖੇਤਾਂ 'ਚ ਅੱਗ ਲੱਗਣ ਕਾਰਨ ਦਿੱਲੀ ਚ ਹਵਾ ਪ੍ਰਦੂਸ਼ਣ ਵਧਣ ਦੇ ਦਾਅਵੇ ਦੀ ਪੁਸ਼ਟੀ ਕਰਨ ਲਈ ਕੋਈ ਵਿਗਿਆਨਕ ਆਧਾਰ ਨਹੀਂ ਹੈ। ਉਨ੍ਹਾਂ ਪਰਾਲੀ ਸਾੜਨ ਦੇ ਦੋਸ਼ ਹੇਠ ਸੂਬੇ ਦੇ ਕਿਸਾਨਾਂ ਨੂੰ ਜੁਰਮਾਨੇ ਲਾਉਣ ਤੇ ਜੇਲ੍ਹਾਂ ਵਿੱਚ ਡੱਕਣ ਦੀ ਨਿਖੇਧੀ ਕਰਦਿਆਂ ਇਸ ਨੂੰ ਬੇਇਨਸਾਫ਼ੀ ਕਰਾਰ ਦਿੱਤਾ। ਐਨਜੀਟੀ ਦੇ ਮੌਜੂਦਾ ਨਿਆਂਇਕ ਮੈਂਬਰਾਂ ਦਾ ਇਹ ਬਿਆਨ ਇਸ ਲਈ ਅਹਿਮ ਹੈ, ਕਿਉਂਕਿ ਬਹੁਤੀਆਂ ਨਿਆਂਇਕ ਕਾਰਵਾਈਆਂ ਤੇ ਜਨਤਕ ਭਾਸ਼ਣਾਂ ਵਿੱਚ ਗੁਆਂਢੀ ਸੂਬਿਆਂ ਖਾਸ ਕਰਕੇ ਪੰਜਾਬ 'ਚ ਝੋਨੇ ਦੀ ਰਹਿੰਦ ਖੂੰਹਦ ਸਾੜਨ ਨੂੰ ਦਿੱਲੀ ਵਿੱਚ ਵੱਧ ਰਹੇ ਹਵਾ ਪ੍ਰਦੂਸ਼ਣ ਲਈ ਜ਼ਿੰਮੇਵਾਰ ਠਹਿਰਾਇਆ ਜਾਂਦਾ ਹੈ।

ਜਸਟਿਸ ਅਗਰਵਾਲ ਨੇ ਕਿਹਾ ਹੈ ਕਿ ਦਿੱਲੀ 'ਚ ਹਵਾ ਪ੍ਰਦੂਸ਼ਣ ਰੋਕਣਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਲਈ ਕਿਸਾਨਾਂ ਨੂੰ ਜੁਰਮਾਨੇ ਲਾਉਣੇ ਤੇ ਉਨ੍ਹਾਂ ਨੂੰ ਜੇਲ੍ਹ ਭੇਜਣਾ ਬੇਇਨਸਾਫੀ ਹੈ। ਜਸਟਿਸ ਅਗਰਵਾਲ ਕੌਮੀ ਰਾਜਧਾਨੀ 'ਚ ਕਰਾਏ ਗਏ ਕਾਨਫਰੰਸ ਆਨ ਇਨਵਾਇਰਮੈਂਟ ਫਰੈਂਡਲੀ ਪੈਡੀ ਕਲਟੀਵੇਸ਼ਨ (ਵਾਤਾਵਰਨ ਪੱਖੀ ਝੋਨੇ ਦੀ ਕਾਸ਼ਤ ਬਾਰੇ ਕਾਨਫਰੰਸ) ਅਤੇ ਸੇਵੀਅਰ ਆਫ਼ ਨੈਚੁਰਲ ਰਿਸੋਰਸਿਜ਼ ਐਂਡ ਐਨਵਾਇਰਮੈਂਟ ਐਵਾਰਡ (ਕੁਦਰਤੀ ਸਰੋਤਾਂ ਤੇ ਵਾਤਾਵਰਨ ਦੇ ਰਖਵਾਲੇ ਐਵਾਰਡ) ਸਮਾਗਮ ਦੌਰਾਨ ਸੰਬੋਧਨ ਕਰ ਰਹੇ ਸਨ। ਐਨਜੀਟੀ ਦੇ ਮੈਂਬਰ ਵੱਲੋਂ ਆਪਣੇ ਤਜਰਬੇ ਸਾਂਝੇ ਕਰਦਿਆਂ ਜਸਟਿਸ ਅਗਰਵਾਲ ਨੇ ਕਿਹਾ ਕਿ ਪਰਾਲੀ ਸਾੜਨ ਨੂੰ ਅਕਸਰ ਹੀ ਦਿੱਲੀ ਵਿੱਚ ਵਧ ਰਹੇ ਹਵਾ ਪ੍ਰਦੂਸ਼ਣ ਦਾ ਮੁੱਖ ਕਾਰਨ ਮੰਨਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਿੱਲੀ ਦਾ ਨੇੜਲਾ ਗੁਆਂਢੀ ਵੀ ਨਹੀਂ ਹੈ। ਇਸ ਤੋਂ ਇਲਾਵਾ ਪੰਜਾਬ ਦੀ ਹਵਾ ਦੇ ਕੌਮੀ ਰਾਜਧਾਨੀ ਤੱਕ ਪਹੁੰਚਣ ਲਈ ਹਵਾ ਦੀ ਇੱਕ ਖਾਸ ਹਵਾ ਰਫ਼ਤਾਰ ਤੇ ਇੱਕ ਖਾਸ ਦਿਸ਼ਾ ਦੀ ਲੋੜ ਹੁੰਦੀ ਹੈ। ਜਸਟਿਸ ਅਗਰਵਾਲ ਨੇ ਕਿਹਾ ਕਿ ਹਰ ਗੱਲ ਲਈ ਕਿਸਾਨ ਭਰਾਵਾਂ ਨੂੰ ਜ਼ਿੰਮੇਵਾਰ ਠਹਿਰਾਉਣਾ ਮੇਰੀ ਸਮਝ ਤੋਂ ਬਾਹਰ ਹੈ। ਉਨ੍ਹਾਂ ਪੁੱਛਿਆ ਕਿ ਅਜਿਹੇ ਦੋਸ਼ ਲਾਉਣ ਤੋਂ ਪਹਿਲਾਂ ਕੋਈ ਵਿਗਿਆਨਿਕ ਅਧਿਐਨ ਕੀਤਾ ਗਿਆ ਸੀ? ਉਹਨਾਂ ਕਿਹਾ ਕਿ ਦਿੱਲੀ ਦੀ ਹਵਾ ਵਿੱਚ ਤੇਲ ਦੇ ਅੰਸ਼ ਵੀ ਹਨ ਤੇ ਫ਼ਸਲਾਂ ਦੀ ਰਹਿੰਦ ਖੂੰਹਦ ਵਿੱਚ ਇਹ ਨਹੀਂ ਹੋ ਸਕਦੇ। ਇਸ ਕਰਕੇ ਇਸ ਨੂੰ ਦਿੱਲੀ ਦੀ ਹਵਾ ਪ੍ਰਦੂਸ਼ਣ ਦਾ ਕਾਰਨ ਮੰਨਣਾ ਠੀਕ ਨਹੀਂ ਹੈ। ਉਨ੍ਹਾਂ ਕਿਹਾ ਕਿ ਦਿੱਲੀ ਦੇ ਹਵਾ ਪ੍ਰਦੂਸ਼ਣ ਦਾ ਅਸਲ ਕਾਰਨ ਕੁਝ ਹੋਰ ਹੈ ਅਤੇ ਇਸ ਲਈ ਕਿਸਾਨਾਂ ਖਿਲਾਫ ਕੇਸ ਦਰਜ ਕਰਨਾ ਪੂਰੀ ਤਰ੍ਹਾਂ ਬੇਇਨਸਾਫੀ ਹੈ।

ਅਸੀਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਜਸਟਿਸ ਅਗਰਵਾਲ ਦੇ ਇਸ ਬਿਆਨ ਦੀ ਸ਼ਲਾਘਾ ਕਰਦੇ ਹਾਂ ਅਤੇ ਨਾਲ ਹੀ ਪੰਜਾਬ ਸਰਕਾਰ ਅਤੇ ਸਮੂਹ ਸੂਬਿਆਂ ਦੀਆਂ ਸਰਕਾਰਾਂ ਨੂੰ ਅਪੀਲ ਕਰਦੇ ਹਾਂ ਕਿ ਜੋ ਕਿਸਾਨਾਂ ਉੱਪਰ ਨਜਾਇਜ਼ ਪਰਚੇ ਦਰਜ ਕੀਤੇ ਹਨ, ਉਨ੍ਹਾਂ ਨੂੰ ਜਲਦ ਤੋਂ ਜਲਦ ਰੱਦ ਕੀਤਾ ਜਾਵੇ ਅਤੇ ਕਿਸਾਨਾਂ ਦੇ ਕੇਸ ਖਤਮ ਕੀਤੇ ਜਾਣ।

## ...ਸ.ਫ਼ਾ 1 ਦੇ ਬਾਕੀ

### ਪੀ ਆਰ ਟੀ ਸੀ...

ਮੰਨਦੇ ਹੋਏ ਉਹਨਾਂ ਦੀ ਤਨਖਾਹ ਵਿੱਚ ਬਣਦਾ ਯੋਗ ਵਾਧਾ ਕਰਨਾ, ਵਰਕਰਾਂ ਦੀਆਂ ਬਣਦੀਆਂ ਤਰੱਕੀਆਂ ਬਿਨਾਂ ਦੇਰੀ ਕਰਨਾ, ਰੈਗੂਲਰ ਅਧਾਰ 'ਤੇ ਭਰਤੀ ਹੋਏ 3 ਸਾਲ ਬੇਸਿਕ ਪੇਅ 'ਤੇ ਕੰਮ ਕਰਦੇ ਕਰਮਚਾਰੀਆਂ ਨੂੰ ਬਣਦੀ ਮਿਤੀ ਤੋਂ ਰੈਗੂਲਰ ਪੂਰਾ ਸਕੇਲ ਦਿੱਤਾ ਜਾਵੇ, ਸਰੈਂਡਰ ਕੀਤੀਆਂ ਪੋਸਟਾਂ ਪੁਨਰ-ਸੁਰਜੀਤ ਕਰਨੀਆਂ, ਕਿਸੇ ਵੀ ਕਰਮਚਾਰੀ ਦੀ ਡਿਊਟੀ ਦੌਰਾਨ ਗੈਰ-ਕੁਦਰਤੀ ਮੌਤ ਦੇ ਮੁਆਵਜ਼ੇ ਵਜੋਂ 50 ਲੱਖ ਰੁਪਏ ਦੀ ਮੁਆਵਜ਼ਾ ਰਾਸ਼ੀ ਦੇਣਾ, ਵਰਕਸ਼ਾਪ ਸਟਾਫ ਦੇ ਕੰਟਰੈਕਟ / ਆਊਟਸੋਰਸ ਕਰਮਚਾਰੀਆਂ ਨੂੰ ਸੈਮੀ ਸਕਿਲਡ, ਸਕਿਲਡ ਅਤੇ ਉਚ ਸਿੱਖਿਅਤ ਅਨੁਸਾਰ ਤਨਖਾਹ ਦੇਣਾ ਅਤੇ ਪੀ ਆਰ ਟੀ ਸੀ ਦੇ ਲੜਖੜਾਏ ਪ੍ਰਬੰਧਕੀ ਢਾਂਚੇ ਨੂੰ ਠੀਕ ਕਰਾਉਣ ਲਈ ਸਰਕਾਰ ਦਾ ਧਿਆਨ ਖਿਚਣਾ ਆਦਿ ਸ਼ਾਮਲ ਹਨ।

ਐਕਸ਼ਨ ਕਮੇਟੀ ਦੇ ਬੁਲਾਰਿਆਂ ਨਿਰਮਲ ਸਿੰਘ ਧਾਲੀਵਾਲ, ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖੱਟੜਾ, ਰਾਕੇਸ਼ ਕੁਮਾਰ ਦਤਾਰਪੁਰੀ, ਮਨਜਿੰਦਰ ਕੁਮਾਰ ਬੱਬੂ ਸ਼ਰਮਾ ਅਤੇ ਮੁਹੰਮਦ ਖਲੀਲ ਨੇ ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਮੈਨੇਜਮੈਂਟ ਵਰਕਰਾਂ ਦੀਆਂ ਕਾਨੂੰਨਾਂ ਅਤੇ ਸਰਕਾਰ ਵੱਲੋਂ ਪ੍ਰਵਾਨਤ ਅਤੇ ਲਾਗੂ ਕੀਤੇ ਹੁਕਮਾਂ ਅਨੁਸਾਰ ਮਿਲਣਯੋਗ ਸਹੂਲਤਾਂ ਲਾਗੂ ਨਹੀਂ ਕਰ ਰਹੀ, ਜਿਸ ਦਾ ਸਾਫ ਮਤਲਬ ਹੈ ਕਿ ਇਹ ਅਫਸਰਸ਼ਾਹੀ ਨਾ ਕਾਨੂੰਨਾਂ ਦਾ ਆਦਰ ਕਰਦੀ ਹੈ, ਨਾ ਹੀ ਇਹ ਸਰਕਾਰ ਦੇ ਹੁਕਮਾਂ ਅਤੇ ਫੈਸਲਿਆਂ ਦੀ ਪ੍ਰਵਾਹ ਕਰਦੀ ਹੈ। ਜਿੱਥੇ ਅਜਿਹਾ ਵਤੀਰਾ ਵਰਕਰਾਂ ਪ੍ਰਤੀ ਨੈਤਿਕ ਤੌਰ 'ਤੇ ਵੀ ਠੀਕ ਨਹੀਂ, ਉੱਥੇ ਇਹ ਵਰਕਰਾਂ ਵਿਰੁੱਧ ਜਾਲਸਾਨਾ ਵਿਹਾਰ ਤੋਂ ਘੱਟ ਨਹੀਂ। ਪੀ ਆਰ ਟੀ ਸੀ ਦਾ ਪ੍ਰਬੰਧਕੀ ਢਾਂਚਾ ਕਿਸੇ ਵੀ ਸਮੇਂ ਨਾਲੋਂ ਜਿਵੇਂ ਅੱਜਕੱਲ੍ਹ ਅਵੇਸਲੇਪਣ, ਤਾਲਮੇਲ ਦੀ ਘਾਟ ਅਤੇ ਬੇਯਕੀਨੀ ਦੇ ਆਲਮ ਵਿਚੋਂ ਗੁਜ਼ਰ ਰਿਹਾ ਹੈ, ਉਸ ਤੋਂ ਸਾਫ ਜ਼ਾਹਰ ਹੈ ਕਿ ਕੁਝ ਸਮੇਂ ਬਾਅਦ ਅਦਾਰੇ ਉਪਰ ਅਜਿਹੇ ਮਹੌਲ ਦੇ ਦੁਰਪ੍ਰਭਾਵ ਸਪੱਸ਼ਟ ਨਜ਼ਰ ਆਉਣਗੇ। ਸਿਆਸੀ ਤੌਰ 'ਤੇ ਨਿਯੁਕਤ ਕੀਤੇ ਚੇਅਰਮੈਨ ਵੱਲੋਂ ਵੀ ਅਜੇ ਤੱਕ ਅਜਿਹੀ ਕੋਈ ਭੂਮਿਕਾ ਨਿਭਾਈ ਨਜ਼ਰ ਨਹੀਂ ਆਉਂਦੀ, ਜਿਸ ਤੋਂ ਆਸ ਬੱਝੀ ਹੋਵੇ ਕਿ ਪੀ ਆਰ ਟੀ ਸੀ ਦਾ ਪ੍ਰਬੰਧ ਸੁਚਾਰੂ ਰੂਪ ਵਿੱਚ ਚੱਲ ਪਾਏਗਾ ਜਾਂ ਨਹੀਂ।

ਬੁਲਾਰਿਆਂ ਮੈਨੇਜਮੈਂਟ ਨੂੰ ਚਿਤਾਵਨੀ ਦਿੰਦਿਆ ਕਿਹਾ ਕਿ ਜੇਕਰ ਵਰਕਰਾਂ ਦੀਆਂ ਹੱਕੀ ਅਤੇ ਵਾਜਬ ਮੰਗਾਂ ਦਾ ਤਰਕਸੰਗਤ ਜਲਦੀ ਨਿਪਟਾਰਾ ਨਾ ਕੀਤਾ ਅਤੇ ਅਦਾਰੇ ਦੇ ਸੁਧਾਰ ਹਿੱਤ ਵਿੱਚ ਕੋਈ ਠੋਸ ਕਦਮ ਨਾ ਚੁੱਕੇ ਗਏ ਤਾਂ ਐਕਸ਼ਨ ਕਮੇਟੀ ਦੀ ਅਗਲੇ ਹਫਤੇ ਹੋਣ ਵਾਲੀ ਮੀਟਿੰਗ ਵਿੱਚ ਹੋਰ ਸਖਤ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

ਜਿਹੜੇ ਹੋਰ ਆਗੂਆਂ ਨੇ ਧਰਨੇ ਨੂੰ ਸੰਬੋਧਨ ਕੀਤਾ, ਉਹਨਾਂ ਵਿੱਚ ਉਤਮ ਸਿੰਘ ਬਾਗੜੀ, ਗੰਡਾ ਸਿੰਘ, ਦਲਜੀਤ ਸਿੰਘ, ਬਿਕਰਮਜੀਤ ਸ਼ਰਮਾ, ਨਸੀਬ ਚੰਦ ਤੇ ਗੁਰਧਿਆਨ ਸਿੰਘ ਸ਼ਾਮਲ ਸਨ।


### ਉੱਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਖੁਲੀ ਟੈਂਡਰ ਸੂਚਨਾ**

ਉਪ ਮੁੱਖ ਵਿਯੁਤ ਇੰਜੀਨੀਅਰ/ਗਤੀ ਸ਼ਕਤੀ ਯੂਨਿਟ ਉ.ਰੇ. ਫ਼ਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ-ਟੈਂਡਰਾ ਆਖਰੀ ਮਿਤੀ 25.07.2024 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰ ਅਪਣੀ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ 25.07.2024 ਨੂੰ 15.00 ਵਜੇ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹੈ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (₹) | ਟੈਂਡਰ ਦੀ ਕੀਮਤ (₹) | ਟੈਂਡਰ ਪੂਰਾ ਕਰਨ ਦੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (₹) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੇਬਸਾਈਟ |
|---|---|---|---|---|---|---|---|---|
| 609-ਟੀ.ਆਰ.ਡੀ. ਫ਼ਿਰੋਜ਼ਪੁਰ 2024-25 | ਫ਼ਿਰੋਜ਼ਪੁਰ ਮੰਡਲ ਉਤੇ ਲਾਇਵ ਓਐਚਈ ਉਤੇ ਗੇਟ ਬੂਮ ਨੂੰ ਸਿੱਧੇ ਗਿਰਨੇ ਤੋਂ ਬਚਾਨ ਦੇ ਲਈ ਸਮਪਾਰ ਫਾਟਕਾਂ ਉਤੇ ਝੂਠੀ ਕੈਟੇਨਰੀ ਦਾ ਪ੍ਰਾਵਧਾਨ। | ₹ 43,05,930.33 | ਸਿਫ਼ਰ | 25.07.2024 15:00 ਵਜੇ ਤਕ | 86,100/- | ਇਕ ਸਾਲ (12 ਮਹੀਨੇ) | 25.07.2024 15:00 ਵਜੇ ਦੇ ਬਾਦ | www.ireps.gov.in |

# ਟੈਂਡਰਕਰਤਾ ਕ੍ਰਿਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਗੈਰ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੇਂਟ ਗੇਟਵੇ ਦੇ ਦੁਵਾਰਾ ਤੋਂ ਨਕਦ ਵਿਚ ਜਾਂ ਭਾਰਤ ਦੇ ਕਿਸੀ ਅਨੁਸੂਚਿਤ ਵਾਣਿਜਿਕ ਬੈਂਕ ਤੋਂ ਬੈਂਕ ਗਰੰਟੀ ਬਾਂਡ ਦੇ ਰੂਪ ਵਿਚ ਜਾਂ ਟੈਂਡਰ ਦਸਤਾਵੇਜਾਂ ਵਿਚ ਉਲੇਖਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਧ ਹੈ। ਬੋਲੀ ਦੀ ਵੈਧਤਾ ਸਮੇਂ ਦੇ ਬਾਦ 90 ਦਿਨਾਂ ਦੇ ਲਈ ਅਪੂਰਨ ਅਤੇ ਅਮਾਨਯ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸਦੇ ਲਈ ਠੇਕੇਦਾਰ ਦਾ ਰੇਲਵੇ ਉਤੇ ਕੋਈ ਦਾਵਾ ਨਹੀਂ ਹੋਵੇਗਾ।

ਨੰ: 609-ਟੀ.ਆਰ.ਡੀ.ਫ਼ਿਰੋਜ਼ਪੁਰ-2024-25 ਮਿਤੀ : 03.07.2024 2010/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

4-JulyPAGE-3.qxd 7/3/2024 10:40 PM Page 1



# ਸਰਹੱਦੀ ਪਿੰਡਾਂ ਦੀ ਰੱਖਿਆ ਲਈ ਬਣਾਈਆਂ ਵਿਸ਼ੇਸ਼ ਕਮੇਟੀਆਂ ਨਾਲ ਐੱਸ ਡੀ ਐੱਮ ਵੱਲੋਂ ਮੀਟਿੰਗ

## * ਕਿਹਾ ਨਸ਼ਿਆਂ ਨੂੰ ਮੁਕੰਮਲ ਤੌਰ 'ਤੇ ਠੱਲ੍ਹ ਪਾਉਣ ਲਈ ਸਰਹੱਦੀ ਖੇਤਰ ਦੇ ਲੋਕ ਸਹਿਯੋਗ ਦੇਣ



**ਅਜਨਾਲਾ/ ਅੰਮ੍ਰਿਤਸਰ (ਸੁਖਤਿੰਦਰ ਸਿੰਘ ਰਾਜੂ/ਨਰਿੰਦਰਜੀਤ ਸਿੰਘ)**-ਸੂਬੇ ਨੂੰ ਨਸ਼ਿਆਂ ਤੋਂ ਮੁਕੰਮਲ ਤੌਰ ਉੱਤੇ ਮੁਕਤ ਕਰਨ ਲਈ ਪੰਜਾਬ ਪੁਲਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ, ਪਰ ਨਸ਼ੇ ਨੂੰ ਮੁਕੰਮਲ ਤੌਰ ਉਤੇ ਠੱਲ੍ਹ ਪਾਉਣ ਲਈ ਸਰਹੱਦੀ ਪੱਟੀ ਤੇ ਵਾਸੀਆਂ ਦੇ ਸਾਥ ਦੀ ਲੋੜ ਹੈ।ਐੱਸ. ਡੀ. ਐੱਮ. ਅਜਨਾਲਾ ਅਰਵਿੰਦਰ ਪਾਲ ਸਿੰਘ ਨੇ ਸਰਹੱਦੀ ਪਿੰਡਾਂ ਦੀ ਰੱਖਿਆ ਲਈ ਬਣਾਈਆਂ ਵਿਸ਼ੇਸ਼ ਕਮੇਟੀਆਂ ਨਾਲ ਨਸ਼ਿਆਂ ਦੀ ਮੌਜੂਦਾ ਸਥਿਤੀ ਬਾਬਤ ਸਿਵਲ, ਪੁਲਸ, ਬੀਐੱਸਐੱਫ ਅਤੇ ਹੋਰ ਕੇਂਦਰੀ ਏਜੰਸੀਆਂ ਦੇ ਅਧਿਕਾਰੀਆਂ ਨਾਲ ਸਾਂਝੀ ਮੀਟਿੰਗ ਕਰਦੇ ਕਿਹਾ ਕਿ ਨਸ਼ਿਆਂ ਖਿਲਾਫ ਲੜਾਈ ਵਿੱਚ ਸਮੂਹ ਨਾਗਰਿਕਾਂ ਦੇ ਸਰਗਰਮ ਸਹਿਯੋਗ ਦੀ ਲੋੜ ਹੈ।ਸਰਹੱਦ ਦੇ ਪਿੰਡ ਸੈਦੋਗਾਜੀ ਅਤੇ ਮਾਜੀ ਮਿਓ ਵਿਖੇ ਕੀਤੀਆਂ ਮੀਟਿੰਗਾਂ ਦੌਰਾਨ ਸ ਅਰਵਿੰਦਰ ਪਾਲ ਸਿੰਘ ਨੇ ਕਿਹਾ ਕਿ ਸਮਾਜ ਵਿੱਚੋ ਨਸ਼ਿਆਂ ਦੇ ਖਾਤਮੇ ਲਈ ਇਕ ਅੰਦੋਲਨ ਦੀ ਲੋੜ ਹੈ ਜਿਸ ਵਿੱਚ ਹਰ ਵਰਗ ਦਾ ਸ਼ਾਮਿਲ ਹੋਣਾ ਜਰੂਰੀ ਹੈ ਤਾਂ ਹੀ ਇਸ ਸਮਾਜਿਕ ਬੁਰਾਈ ਖਾਤਮਾ ਕੀਤਾ ਜਾ ਸਕਦਾ ਹੈ। ਉਨਾਂ ਕਿਹਾ ਕਿ ਕੇਵਲ ਨਸ਼ਾ ਸਮਗਲਰ ਫੜਨ ਨਾਲ ਇਹ ਮਸਲਾ ਹੱਲ ਨਹੀਂ ਹੋ ਸਕਦਾ, ਇਸ ਲਈ ਨਸ਼ੇ ਦੀ ਮੰਗ ਖਤਮ ਕਰਨੀ ਅਤੇ ਨਸ਼ਾ ਲੈ ਰਹੇ ਬੱਚਿਆਂ ਦਾ ਇਲਾਜ ਕਰਵਾਉਣਾ ਵੀ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਅਸੀਂ ਹਰ ਤਰ੍ਹਾਂ ਨਾਲ ਤਿਆਰ ਹਾਂ, ਪਰ ਲੋਕਾਂ ਦੇ ਸਾਥ ਦੀ ਲੋੜ ਹੈ, ਜੋ ਕਿ ਨਸ਼ੇ ਖਿਲਾਫ ਆਵਾਜ਼ ਬੁਲੰਦ ਕਰਨ।ਉਨ੍ਹਾਂ ਕਿਹਾ ਕਿ ਜਦੋਂ ਵੀ ਸਰਹੱਦ ਪਾਰੋਂ ਡਰੋਨ ਦੀ ਆਮਦ ਦਾ ਪਤਾ ਲੱਗੇ ਤਾਂ ਤੁਸੀਂ ਤੁਰੰਤ ਸਾਨੂੰ ਪੁਲਸ ਜਾਂ ਬੀਐੱਸਐੱਫ ਨੂੰ ਦੱਸੋ।ਇਸ ਤੋਂ ਇਲਾਵਾ ਜੇਕਰ ਕੋਈ ਪਿੰਡ ਵਿੱਚ ਨਸ਼ੇ ਵੇਚਦਾ ਹੈ ਤਾਂ ਉਸਦਾ ਨਾਂ ਵੀ ਦੱਸੋ, ਅਸੀਂ ਤੁਹਾਡਾ ਨਾਂ ਗੁਪਤ ਰੱਖਦੇ ਹੋਏ ਕਰਵਾਈ ਕਰਾਂਗੇ।ਇਸ ਮੌਕੇ ਡੀਐੱਸਪੀ ਰਾਜ ਕੁਮਾਰ ਨੇ ਕਿਹਾ ਕਿ ਸਮਾਜ ਵਿੱਚ ਆਪਣੇ ਨਿੱਜੀ ਸਵਾਰਥਾਂ ਲਈ ਭੋਲੇ ਭਾਲੇ ਲੋਕਾਂ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਣ ਵਾਲੇ ਸ਼ਰਾਰਤੀ ਅਨਸਰਾਂ ਨੂੰ ਮਿਸਾਲੀ ਸਜ਼ਾਵਾਂ ਦਿੱਤੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਸਰਹੱਦੀ ਪੱਟੀ ਦੇ ਪਿੰਡ ਅਤੇ ਸ਼ਹਿਰ ਵਿੱਚ ਪੁਲਸ ਜਨਤਕ ਸਹਿਯੋਗ ਦੇ ਨਾਲ ਕਮੇਟੀਆਂ ਦਾ ਗਠਨ ਕੀਤਾ ਜਾ ਰਿਹਾ ਹੈ ਜਿਸ ਨਾਲ ਨਸ਼ਾ ਵਿਰੋਧੀ ਮੁਹਿੰਮ ਨੂੰ ਮਜ਼ਬੂਤੀ ਮਿਲੇਗੀ।ਉਨ੍ਹਾਂ ਕਿਹਾ ਕਿ ਜਿਹੜੇ ਲੋਕ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਦਿੰਦੇ ਹਨ ਉਨ੍ਹਾਂ ਦਾ ਨਾਮ ਅਤੇ ਪਤਾ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਪੁਲਸ ਦਾ ਕੋਈ ਅਧਿਕਾਰੀ ਜਾਂ ਕਰਮਚਾਰੀ ਕਿਸੇ ਵੀ ਨਸ਼ਾ ਤਸਕਰ ਦੀ ਮਦਦ ਕਰਦਾ ਪਾਇਆ ਜਾਵੇਗਾ ਤਾਂ ਉਸ ਵਿਰੁੱਧ ਕੇਸ ਦਰਜ ਕਰਨ ਦੇ ਨਾਲ ਨਾਲ ਸਖਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।ਇਸ ਮੌਕੇ ਐੱਸਡੀਐੱਮ ਨੇ ਕਿਹਾ ਕਿ ਜਿਹੜੇ ਵੀ ਨਾਗਰਿਕ ਗੁੰਮਰਾਹ ਹੋ ਕੇ ਨਸ਼ਿਆਂ ਦੇ ਰੋਗ ਦਾ ਸ਼ਿਕਾਰ ਹੋ ਗਏ ਹਨ ਉਨ੍ਹਾਂ ਦਾ ਇਲਾਜ ਸੰਭਵ ਹੈ ਅਤੇ ਅਜਿਹੇ ਲੋਕਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਸਰਕਾਰੀ ਨਸ਼ਾ ਮੁਕਤੀ ਕੇਂਦਰ ਵਿਚ ਦਾਖਲ ਕਰਵਾਇਆ ਜਾਵੇ।ਇਸ ਮੌਕੇ ਬੀਐੱਸਐੱਫ ਦੇ ਕੰਪਨੀ ਕਮਾਂਡਰ ਹਰੀ ਓਮ ਸੁਆਮੀ, ਤਹਿਸੀਲਦਾਰ ਰਾਜ ਪ੍ਰਿਤਪਾਲ ਸ਼ਾਵਰ, ਨਾਇਬ ਤਹਿਸੀਲਦਾਰ ਅਕਸ਼ੇ ਕੁੰਦਰਾ, ਬੀਡੀਪੀਓ ਸੁਖਜੀਤ ਸਿੰਘ ਬਾਜਵਾ ਅਤੇ ਪਿੰਡਾਂ ਦੇ ਮੋਹਤਬਰ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ।

# ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਬਕਾਏ ਤੁਰੰਤ ਜਾਰੀ ਕਰੇ : ਸੁਰਿੰਦਰ ਪੱਪੂ

**ਗੁਰਦਾਸਪੁਰ, (ਜਨਕ ਮਹਾਜਨ)**-ਟੈਕਨੀਕਲ ਸਰਵਿਸਿਜ਼ ਯੂਨੀਅਨ ਪੰਜਾਬ ਦੇ ਸਾਬਕਾ ਵਿੱਤ ਸਕੱਤਰ ਸੁਰਿੰਦਰ ਪੱਪੂ ਨੇ ਵਿਸ਼ੇਸ਼ ਮੁਲਾਕਾਤ ਦੌਰਾਨ ਦੱਸਿਆ ਗਿਆ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵੋਟਾਂ ਤੋਂ ਪਹਿਲਾਂ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਤੇ ਪੈਨਸ਼ਨਾਂ ਨਾਲ ਇੱਕ ਵਾਅਦਾ ਕੀਤਾ ਸੀ ਕਿ ਇਸ ਵਾਰ ਪੰਜਾਬ ਅੰਦਰ ਆਮ ਆਦਮੀ ਪਾਰਟੀ ਨੂੰ ਵੋਟਾਂ ਪਾਓ ਅਤੇ ਉਸ ਦੀ ਸਰਕਾਰ ਬਣਾ ਦਿਓ, ਫਿਰ ਕਿਸੇ ਵੀ ਮੁਲਾਜ਼ਮ, ਪੈਨਸ਼ਨਰ ਤੇ ਮਜ਼ਦੂਰ ਨੂੰ ਹੜਤਾਲ ਜਾਂ ਸੰਘਰਸ਼ ਕਰਨ ਦਾ ਮੌਕਾ ਨਹੀਂ ਦਿੱਤਾ ਜਾਵੇਗਾ ਪ੍ਰੰਤੂ ਹੋਇਆ ਉਸ ਦੇ ਉਲਟ। ਪੰਜਾਬ ਦੀ ਜਨਤਾ, ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਵਧ-ਚੜ੍ਹ ਕੇ ਆਪ ਨੂੰ ਵੋਟਾਂ ਪਾ ਦਿੱਤੀਆਂ। ਸਰਕਾਰ ਬਣਨ ਪਿੱਛੋਂ ਹੋਇਆ ਉਲਟ, ਪਹਿਲਾਂ ਮਿਲਦੀਆਂ ਸਹੂਲਤਾਂ ਵੀ ਖੋਹ ਲਈਆਂ ਗਈਆਂ। 37 ਤਰ੍ਹਾਂ ਦੇ ਵੱਖ-ਵੱਖ ਭੱਤੇ ਅਤੇ ਵਿਕਾਸ ਦੇ ਨਾਮ 'ਤੇ 200 ਰੁਪਏ ਵਾਧੂ ਟੈਕਸ ਲਗਾ ਕੇ ਆਰਥਿਕ ਪੱਖ ਤੋਂ ਪਹਿਲਾਂ ਹੀ ਮੰਦਹਾਲੀ ਦੇ ਦੌਰ ਤੋਂ ਗੁਜ਼ਰ ਰਹੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਹੋਰ ਵੀ ਧੱਕਾ ਕੀਤਾ ਜਾ ਰਿਹਾ ਹੈ। ਪੱਪੂ ਨੇ ਮੁੱਖ ਮੰਤਰੀ ਪੰਜਾਬ ਤੋਂ ਮੰਗ ਕੀਤੀ ਕਿ ਹਿਮਾਚਲ ਤੇ ਹਰਿਆਣਾ ਦੀ ਸਰਕਾਰ ਦੀ ਤਰਜ਼ 'ਤੇ 12 ਫੀਸਦੀ ਡੀਏ ਦੀਆਂ ਕਿਸ਼ਤਾਂ, ਉਨ੍ਹਾਂ ਦਾ ਏਰੀਅਰ, ਪੁਰਾਣੀ ਪੈਨਸ਼ਨ 1972 ਐਕਟ ਅਨੁਸਾਰ ਪਹਿਲਾਂ ਕੀਤਾ ਅਧੂਰਾ ਨੋਟੀਫਿਕੇਸ਼ਨ ਰੱਦ ਕਰਕੇ ਪੁਰਾਣੀ ਪੈਨਸ਼ਲ ਬਹਾਲ ਕੀਤੀ ਜਾਵੇ, 2016 ਤੋਂ ਛੇਵੇਂ ਪੇ ਕਮਿਸ਼ਨ ਦਾ ਏਰੀਅਰ ਦਿੱਤਾ ਜਾਵੇ, 2016 ਤੋਂ ਪਹਿਲਾਂ ਸੇਵਾ-ਮੁਕਤ ਹੋਏ ਕਰਮਚਾਰੀਆਂ ਨੂੰ ਛੇਵਾਂ ਪੇ-ਕਮਿਸ਼ਨ ਦੀ ਸਿਫਾਰਿਸ਼ ਅਨੁਸਾਰ 2.59 ਗੁਣਾਂਕ ਨਾਲ ਵਾਧਾ ਕਰਕੇ ਸਾਰਾ ਬਕਾਇਆ ਜਾਰੀ ਕੀਤਾ ਜਾਵੇ, ਨਵ-ਨਿਯੁਕਤ ਮੁਲਾਜ਼ਮਾਂ ਦੀ ਪਰਖ ਕਾਲ ਸਮਾਂ ਇੱਕ ਸਾਲ ਕੀਤਾ ਜਾਵੇ, ਪਰਖ ਕਾਲ ਸਮਾਂ ਪੂਰਾ ਕਰ ਚੁੱਕੇ ਮੁਲਾਜ਼ਮਾਂ ਨੂੰ ਪਰਖ ਕਾਲ ਸਮੇਂ ਦੀ ਪੂਰੀ ਤਨਖਾਹ ਦਿੱਤੀ ਜਾਵੇ, 17.7.20 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਨੂੰ ਛੇਵੇਂ ਪੇ-ਕਮਿਸ਼ਨ ਅਨੁਸਾਰ ਤਨਖਾਹ ਦਿੱਤੀ ਜਾਵੇ। ਉਨ੍ਹਾਂ ਅਪੀਲ ਕੀਤੀ ਕਿ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਪੂਰੀਆਂ ਕਰਕੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਅੰਦਰ ਪਾਇਆ ਜਾ ਰਿਹਾ ਸਰਕਾਰ ਪ੍ਰਤੀ ਰੋਸ ਦੂਰ ਕੀਤਾ ਜਾਵੇ। ਜੇਕਰ ਇਹੀ ਮੰਗਾਂ ਜਲਦੀ ਲਾਗੂ ਨਹੀਂ ਕੀਤੀਆਂ ਜਾਂਦੀਆਂ ਤਾਂ ਸਰਕਾਰ ਖਿਲਾਫ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਗੇ ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

ਇਸ ਸਮੇਂ ਉਨ੍ਹਾਂ ਨਾਲ ਹੋਰਨਾਂ ਤੋਂ ਇਲਾਵਾ ਅਮਰੀਕ ਸਿੰਘ, ਬਲਕਾਰ ਸਿੰਘ, ਜਸਵੰਤ ਸਿੰਘ, ਰਜਿੰਦਰ ਸ਼ਰਮਾ, ਮਾਸਟਰ ਇੰਜੀਨੀਅਰ ਜਗਤ ਸਿੰਘ, ਮਾਸਟਰ ਮਨੀ ਸਿੰਘ, ਸਰਵਣ ਸਿੰਘ, ਇੰਜੀਨੀਅਰ ਮਲਕੀਤ ਸਿੰਘ, ਜੋਗਿੰਦਰ ਸਿੰਘ, ਬਾਬਾ ਕਿਰਪਾਲ ਸਿੰਘ, ਠਾਕਰ ਮਦਨ ਲਾਲ, ਸਤਨਾਮ ਸਿੰਘ, ਦਰਸ਼ਨ ਲਾਲ, ਦਰਸ਼ਨ ਸਿੰਘ ਬਾਜਵਾ, ਸਤਪਾਲ ਸਿੰਘ ਲੱਖੋਵਾਲ, ਮਾਸਟਰ ਇੰਜੀਨੀਅਰ ਨਰਵੀਰ ਸਿੰਘ, ਸੈਣੀ ਰਮੇਸ਼ ਕੁਮਾਰ, ਰੂਪ ਲਾਲ, ਤਰਸੇਮ ਲਾਲ, ਰਘਵੀਰ ਸਿੰਘ, ਮੁੱਖਾ ਸਿੰਘ, ਮਾਸਟਰ ਇੰਜੀਨੀਅਰ ਗੁਰਨਾਮ ਸਿੰਘ, ਸੁਰਿੰਦਰ ਸਿੰਘ ਸੈਣੀ, ਸੰਤੋਖ ਸਿੰਘ, ਕੁੰਨਣ ਸਿੰਘ ਬੁੱਟਰ, ਮਾਸਟਰ ਇੰਜੀਨੀਅਰ ਰਜਿੰਦਰ ਸਿੰਘ ਕਾਹਲੋਂ ਹਾਜ਼ਰ ਸਨ।

# ਮਿਆਦ ਪੁੱਗ ਚੁੱਕੇ ਸਾਮਾਨ ਨੂੰ ਖਾਣ ਨਾਲ ਬੱਚੇ ਹੋ ਰਹੇ ਨੇ ਬਿਮਾਰ, ਜ਼ਿਲ੍ਹਾ ਪ੍ਰਸ਼ਾਸਨ ਤੇ ਸਿਹਤ ਵਿਭਾਗ ਧਿਆਨ ਦੇਣ





**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਸ਼ਹਿਰ ਅਤੇ ਆਲ-ਦੁਆਲੇ ਦੇ ਪਿੰਡਾਂ ਅਤੇ ਕਸਬਿਆਂ ਵਿਚ ਵੱਖ-ਵੱਖ ਕੰਪਨੀਆਂ ਵੱਲੋਂ ਪੈਕੇਟਾਂ ਵਿਚ ਸਾਮਾਨ ਬੰਦ ਕਰਕੇ ਬਜ਼ਾਰ ਵਿਚ ਧੜੱਲੇ ਨਾਲ ਵੇਚਿਆ ਜਾਂਦਾ ਹੈ ਪਰ ਜਦੋਂ ਇਹ ਸਾਮਾਨ ਜ਼ਿਆਦਾ ਦੇਰ ਤੱਕ ਦੁਕਾਨਾਂ ਅੰਦਰ ਪਿਆ ਰਹਿੰਦਾ ਹੈ ਤਾਂ ਇਸ ਸਾਮਾਨ ਨੂੰ ਵਰਤਣ ਦੀ ਮੁਨਿਆਦ ਖ਼ਤਮ ਹੋ ਚੁੱਕੀ ਹੁੰਦੀ ਹੈ ਪਰ ਪੈਕੇਟਾਂ ਵਿਚ ਬੰਦ ਪਏ ਸਾਮਾਨ ਨੂੰ ਨਾ ਤਾਂ ਦੁਕਾਨਦਾਰਾਂ ਵੱਲੋਂ ਨਸ਼ਟ ਕੀਤਾ ਜਾਂਦਾ ਹੈ ਅਤੇ ਨਾ ਹੀ ਸਿਹਤ ਵਿਭਾਗ ਵਲੋਂ ਕੋਈ ਕਾਰਵਾਈ ਕਰਕੇ ਅਜਿਹੇ ਸਾਮਾਨ ਨੂੰ ਬਜ਼ਾਰ ਵਿਚੋਂ ਵਿਕਣ ਤੋਂ ਬੰਦ ਕਰਵਾਇਆ ਜਾਂਦਾ ਹੈ। ਘੱਟ ਪੜ੍ਹੇ ਲਿਖੇ ਤਬਕੇ ਦੇ ਲੋਕ ਜੋ ਇਸ ਬਾਰੇ ਜਾਣਕਾਰੀ ਨਹੀਂ ਰੱਖਦੇ ਹਨ ਉਹ ਦੁਕਾਨਦਾਰ ਨੂੰ ਪੈਸੇ ਦੇ ਕੇ ਪੈਕੇਟਾਂ ਵਿਚ ਬੰਦ ਪਿਆ ਸਾਮਾਨ ਖ਼ਰੀਦ ਲੈਂਦੇ ਹਨ ਪਰ ਉਸ ਉਪਰ ਲਿਖਤੀ ਮਿਤੀ ਨੂੰ ਚੈੱਕ ਨਹੀਂ ਕਰਦੇ ਅਤੇ ਨਾ ਹੀ ਦੁਕਾਨਦਾਰ ਵੱਲੋਂ ਗਾਹਕਾਂ ਨੂੰ ਇਸ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ। ਇਸ ਤਰ੍ਹਾਂ ਪੈਕੇਟਾਂ ਵਿਚ ਬੰਦ ਲੇਜ਼, ਕੁਰਕਰੇ, ਨਮਕੀਨ, ਬਿਸਕੁਟ, ਭੁਜੀਆ ਤੋਂ ਇਲਾਵਾ ਹੋਰ ਅਨੇਕਾਂ ਮੁਨਿਆਦ ਪੁੱਗ ਚੁੱਕੀਆਂ ਵਸਤੂਆਂ ਨੂੰ ਲੋਕ ਖ਼ਾ ਕੇ ਕਈ ਤਰ੍ਹਾਂ ਦੀਆਂ ਭਿਆਨਕ ਬਿਮਾਰੀਆਂ ਦੀ ਗ੍ਰਿਫਤ ਵਿਚ ਫਸ ਰਹੇ ਹਨ। ਖ਼ਾਸ ਕਰਕੇ ਪਿੰਡਾਂ ਵਿਚ ਇਸ ਐਕਸਪਾਇਰ ਹੋਏ ਸਾਮਾਨ ਦੀ ਵਰਤੋ ਆਮ ਹੀ ਦੇਖਣ ਨੂੰ ਮਿਲਦੀ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਕੁਝ ਲੋਕਾਂ ਨੇ ਆਪਣਾ ਨਾਂਅ ਗੁਪਤ ਰੱਖਣ ਦੀ ਸ਼ਰਤ 'ਤੇ ਦੱਸਿਆ ਕਿ ਉਨ੍ਹਾਂ ਵਲੋਂ ਕਈ ਵਾਰ ਦੁਕਾਨਾਂ 'ਤੇ ਜਾ ਕੇ ਬੱਚਿਆਂ ਨੂੰ ਲੇਜ਼, ਕੁਰਕਰੇ ਵਗੈਰਾ ਜਦੋਂ ਖ਼ਰੀਦ ਕੇ ਦਿੱਤੇ ਜਾਂਦੇ ਹਨ ਉਨ੍ਹਾਂ ਦੀ ਮਿਆਦ ਪੁੱਗ ਚੁੱਕੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਇਸ ਮਿਆਦ ਭੁਗ ਚੁੱਕੇ ਸਾਮਾਨ ਦੀਆਂ ਲੰਬੀਆ ਲੰਬੀਆਂ ਲੜੀਆਂ ਦੁਕਾਨਾਂ ਦੇ ਬਾਹਰ ਟੰਗੀਆਂ ਦੇਖੀਆਂ ਜਾਂਦੀਆਂ ਹਨ ਜਿਨ੍ਹਾਂ ਨੂੰ ਸ਼ਰੇਆਮ ਗਾਹਕਾਂ ਨੂੰ ਵੇਚਿਆ ਜਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਇਸ ਸਭ ਕੁਝ ਸਿਹਤ ਵਿਭਾਗੀ ਦੀ ਅਣਗਹਿਲੀ ਕਾਰਨ ਹੋ ਰਿਹਾ ਹੈ। ਉਨ੍ਹਾਂ ਕਿਹਾ ਸਿਹਤ ਵਿਭਾਗ ਦੀ ਟੀਮ ਵਲੋਂ ਕਦੇ ਵੀ ਸ਼ਹਿਰਾਂ ਅਤੇ ਪਿੰਡਾਂ ਅੰਦਰ ਰੱਖੇ ਪੈਕੇਟਾਂ ਵਾਲੇ ਸਾਮਾਨ ਦੀ ਚੈਕਿੰਗ ਨਹੀਂ ਕੀਤੀ ਜਾਂਦੀ। ਇਸੇ ਤਰ੍ਹਾਂ ਡੇਅਰੀ ਨਾਲ ਸਬੰਧਿਤ ਵਸਤੂਆਂ ਜਿਵੇਂ ਦੁੱਧ, ਦਹੀ, ਪਨੀਰ ਅਤੇ ਮਠਿਆਈਆਂ ਜੋ ਘਟੀਆ ਮਿਆਰ ਦੀਆਂ ਸ਼ਰੇਆਮ ਦੁਕਾਨਾਂ 'ਤੇ ਵਿਕ ਰਹੀਆਂ ਹਨ। ਲੋਕਾਂ ਦਾ ਕਹਿਣਾ ਹੈ ਕਿ ਦੁੱਧ ਦੇ ਘੱਟ ਉਤਪਾਦਨ ਦੇ ਬਾਵਜੂਦ ਵੀ ਮਾਰਕੀਟ ਅੰਦਰ ਦੁੱਧ ਤੋਂ ਤਿਆਰ ਵਾਲੀਆਂ ਮਠਿਆਈਆਂ ਦੀ ਵਰਤੋ ਵੱਡੇ ਪੱਧਰ 'ਤੇ ਹੋ ਰਹੀ ਹੈ। ਖ਼ਾਸ ਕਰਕੇ ਤਿਉਹਾਰਾਂ ਦੇ ਦਿਨਾਂ ਵਿਚ ਘਟੀਆ ਮਿਆਰ ਦੀਆਂ ਮਠਿਆਈਆਂ ਦੀ ਵਿਕਰੀ ਜ਼ਿਆਦਾ ਹੁੰਦੀ ਹੈ। ਲੋਕਾਂ ਦਾ ਕਹਿਣਾਂ ਹੈ ਕਿ ਇਸੇ ਤਰ੍ਹਾਂ ਸ਼ਹਿਰ ਅੰਦਰ ਵੱਡੀ ਗਿਣਤੀ ਵਿਚ ਲੋਕ ਫਾਸਟ ਫੂਡ ਦੀਆਂ ਦੁਕਾਨਾਂ 'ਤੇ ਸਾਰਾ ਦਿਨ ਕੁਝ ਨਾ ਕੁਝ ਖਾਂਦੇ ਹੋਏ ਨਜ਼ਰ ਆਉਂਦੇ ਹਨ ਪਰ ਰੇਹੜੀਆਂ ਵਾਲਿਆਂ ਵਲੋਂ ਵੀ ਘਟੀਆ ਮਿਆਰ ਦੀ ਸਬਜ਼ੀ ਜਿਨ੍ਹਾਂ ਵਿਚ ਪਿਆਜ਼, ਗਾਜਰਾਂ, ਗੋਭੀ, ਸ਼ਿਮਲਾ ਮਿਰਚ ਤੋਂ ਹੋਰ ਸਸਤਾ ਸਾਮਾਨ ਪਿੱਛੋਂ ਲਿਆ ਕੇ ਉਸ ਨੂੰ ਮਿਕਸ ਕਰਕੇ ਫਾਸਟ ਫੂਡ ਤਿਆਰ ਕਰਕੇ ਲੋਕਾਂ ਨੂੰ ਵੇਚਿਆ ਜਾਂਦਾ ਹੈ। ਲੋਕਾਂ ਨੇ ਪੰਜਾਬ ਸਰਕਾਰ ਦੇ ਸਿਹਤ ਮੰਤਰੀ ਪਾਸੋਂ ਮੰਗ ਕੀਤੀ ਕਿ ਸਿਹਤ ਵਿਭਾਗ ਗੁਰਦਾਸਪੁਰ ਨੂੰ ਹਦਾਇਤਾਂ ਜਾਰੀ ਕਰਕੇ ਗੁਰਦਾਸਪੁਰ ਸ਼ਹਿਰ ਅੰਦਰ ਪੈਕੇਟਾਂ ਵਿਚ ਬੰਦ ਮੁਨਿਆਦ ਪੁੱਗ ਚੁੱਕੇ ਸਾਮਾਨ ਅਤੇ ਦੁੱਧ ਤੋਂ ਬਣੇ ਸਾਮਾਨ ਦੀ ਚੈਕਿੰਗ ਕਰਵਾਈ ਤਾਂ ਜੋ ਆਮ ਲੋਕਾਂ ਵਲੋਂ ਇਸ ਘਟੀਆ ਮਿਆਰ ਦੀ ਵਰਤੋ ਨਾਲ ਹੋ ਰਹੇ ਸਿਹਤ ਦੇ ਨੁਕਸਾਨ ਤੋਂ ਬਚਾਅ ਹੋ ਸਕੇ।

03ਜੀਡੀਪੀ01

# ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਵਿਖੇ ਲਗਾਇਆ ਦੰਦਾਂ ਤੇ ਜਬਾੜਿਆਂ ਦਾ 432ਵਾਂ ਫ੍ਰੀ ਕੈਂਪ



**ਫਗਵਾੜਾ ( ਡਾ. ਰਮਨ )** ਉਦਯੋਗਪਤੀ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਹੇਠ ਸਥਾਨਕ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਵਿਖੇ ਮਾਤਾ ਠਾਕੁਰ ਦੇਵੀ ਅਤੇ ਨਾਨਕ ਚੰਦ ਸੇਠੀ ਦੀ ਮਿੱਠੀ ਯਾਦ ਨੂੰ ਸਮਰਪਿਤ 432ਵਾਂ ਦੰਦਾਂ ਅਤੇ ਜਬਾੜਿਆਂ ਦਾ ਫਰੀ ਕੈਂਪ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਲਗਾਇਆ ਗਿਆ। ਜਿਸ ਦਾ ਉਦਘਾਟਨ ਬਤੌਰ ਮੁੱਖ ਮਹਿਮਾਨ ਪਹੁੰਚੇ ਸੀ.ਏ. ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਰਾਕੇਸ਼ ਗੁਪਤਾ ਅਤੇ ਦੀਪਕ ਗੁਪਤਾ ਸਕੱਤਰ ਸੀ.ਏ. ਐਸੋਸੀਏਸ਼ਨ ਵਲੋਂ ਕਰਵਾਇਆ ਗਿਆ। ਪਤਵੰਤਿਆਂ ਨੇ ਬਲੱਡ ਬੈਂਕ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਸ਼ਲਾਘਾ ਕਰਦਿਆਂ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਉਪਰੰਤ 10 ਲੋੜਵੰਦ ਬਜ਼ੁਰਗਾਂ ਨੂੰ ਨਵੇਂ ਤਿਆਰ ਕੀਤੇ ਜਬਾੜੇ ਭੇਟ ਕੀਤੇ। ਇਸ ਦੌਰਾਨ ਸੀ.ਐਮ.ਸੀ ਲੁਧਿਆਣਾ ਤੋਂ ਪਹੁੰਚੀ ਮਾਹਿਰ ਡਾਕਟਰਾਂ ਦੀ 25 ਮੈਂਬਰੀ ਮੋਬਾਈਲ ਟੀਮ ਨੇ 130 ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ। ਲੋੜਵੰਦਾਂ ਦੇ ਦੰਦ ਸਾਫ਼ ਕੀਤੇ ਗਏ ਅਤੇ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਮਰੀਜ਼ਾਂ ਦੇ ਖਰਾਬ ਹੋਏ ਦੰਦਾਂ ਦੀ ਫਿਲਿੰਗ ਵੀ ਕੀਤੀ ਗਈ। ਕੈਂਪ ਦੌਰਾਨ 25 ਨਵੇਂ ਜਬਾੜੇ ਬਣਾਉਣ ਦੀ ਅਗਲੀ ਪ੍ਰਕਿਰਿਆ ਨੂੰ ਵੀ ਨੇਪਰੇ ਚਾੜਿਆ ਗਿਆ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ 18 ਸਾਲ ਤੋਂ ਇਹ ਕੈਂਪ ਸੀ.ਐਮ.ਸੀ. ਲੁਧਿਆਣਾ ਦੇ ਸਹਿਯੋਗ ਨਾਲ ਮਹੀਨੇ ਵਿਚ ਦੋ ਵਾਰ ਲਗਾਇਆ ਜਾਂਦਾ ਹੈ। ਹਜਾਰਾਂ ਬਜ਼ੁਰਗਾਂ ਨੂੰ ਨਵੇਂ ਜਬਾੜੇ ਤਿਆਰ ਕਰਕੇ ਫ੍ਰੀ ਵੰਡੇ ਜਾ ਚੁੱਕੇ ਹਨ। ਅਗਲਾ ਕੈਂਪ 15 ਜੁਲਾਈ ਨੂੰ ਲਗਾਇਆ ਜਾਵੇਗਾ। ਦੰਦਾਂ ਦੀਆਂ ਬਿਮਾਰੀਆਂ ਤੋਂ ਪੀੜਤ ਲੋੜਵੰਦ ਮਰੀਜ਼ ਕੈਂਪ ਦਾ ਲਾਭ ਲੈ ਸਕਦੇ ਹਨ। ਇਸ ਮੌਕੇ ਗੁਲਾਬ ਸਿੰਘ ਠਾਕੁਰ, ਕੁਲਦੀਪ ਦੁੱਗਲ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਅਣਰਜੀਤ ਡਾਂਗ, ਵਿਸ਼ਵਾਮਿੱਤਰ ਸ਼ਰਮਾ, ਟੀ.ਡੀ. ਚਾਵਲਾ, ਤਾਰਾ ਚੰਦ ਚੁੰਬਰ, ਐਨ.ਐਸ. ਸੈਣੀ ਤੋਂ ਇਲਾਵਾ ਸੀ.ਏ. ਐਸੋਸੀਏਸ਼ਨ ਦੇ ਮੈਂਬਰ ਐਨ.ਕੇ. ਗਾਬਾ, ਮੋਹਿਤ ਗਾਬਾ, ਮੁਕੇਸ਼ ਗੇਰਾ, ਰਾਕੇਸ਼ ਅੱਗਰਵਾਲ, ਕੁਨਾਲ ਬਾਂਸਲ, ਪਿਊਸ਼ ਬਾਂਸਲ, ਅਮਿਤ ਚੱਢਾ, ਰਾਹੁਲ ਕੱਕੜ, ਅਦਿੱਤਯਾ ਰਣਦੇਵ, ਅਭਿਸ਼ੇਕ ਸੋਨੀ ਆਦਿ ਹਾਜ਼ਰ ਸਨ।

# ਮੋਦੀ ਸਰਕਾਰ ਯੂਏਪੀਏ ਲਾ ਕੇ ਮੁਕੱਦਮਾ ਚਲਾਉਣ ਤੇ ਸਜ਼ਾਵਾਂ ਦੇਣੀਆਂ ਤੁਰੰਤ ਬੰਦ ਕਰੇ : ਜਾਮਾਰਾਏ/ਪੰਡੋਰੀ

**ਤਰਨ ਤਾਰਨ( ਪ੍ਰਿਤਪਾਲ ਸਿੰਘ)**— ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਦੇ ਸੂਬਾਈ ਸਕੱਤਰ ਪਰਗਟ ਸਿੰਘ ਜਾਮਾਰਾਏ, ਬਲਦੇਵ ਸਿੰਘ ਪੰਡੋਰੀ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਉਘੀ ਲੇਖਕਾ ਅਰੁੰਧਤੀ ਰਾਏ ਤੇ ਪ੍ਰੋ. ਸ਼ੇਖ ਸ਼ੌਕਤ ਹੁਸੈਨ ਵਿਰੁੱਧ ਲਾਇਆ ਯੂਏਪੀਏ ਮੁਕੱਦਮਾ ਵਾਪਸ ਲਿਆ ਜਾਵੇ ਅਤੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਤੇ ਝੂਠੇ ਕੇਸਾਂ ਵਿਚ ਜੇਲਾਂ 'ਚ ਬੰਦ ਸਮਾਜਿਕ/ਸਿਆਸੀ ਕਾਰਕੁੰਨਾਂ ਦੀ ਤੁਰੰਤ ਰਿਹਾਈ ਕੀਤੀ ਜਾਵੇ ।ਇਨ੍ਹਾਂ ਆਗੂਆਂ ਨੇ ਵਿਸ਼ਵ ਪ੍ਰਸਿੱਧ ਲੇਖਕਾ ਅਰੁੰਧਤੀ ਰਾਏ ਅਤੇ ਪ੍ਰੋ. ਸ਼ੇਖ ਸ਼ੌਕਤ ਹੁਸੈਨ ਵਿਰੁੱਧ ਉਨਾਂ ਵਲੋਂ 14 ਸਾਲ ਪਹਿਲਾਂ ਦਿੱਲੀ ਵਿਖੇ ਇਕ ਸੈਮੀਨਾਰ ਵਿਚ ਕੀਤੇ ਭਾਸ਼ਣ ਬਦਲੇ ਹੁਣ ਦਿੱਲੀ ਦੇ ਲੈਫਟੀਨੈਂਟ ਗਵਰਨਰ ਵੱਲੋਂ ਯੂਏਪੀਏ ਲਾਉਣ ਦਾ ਹੁਕਮ ਦੇਣ ਦੀ ਸਖਤ ਨਿਖੇਧੀ ਕੀਤੀ ਗਈ ਅਤੇ ਇਹ ਹੁਕਮ ਵਾਪਸ ਲੈਣ ਦੀ ਮੰਗ ਕੀਤੀ ਹੈ ਕਿਉਂਕਿ 14 ਸਾਲ ਪੁਰਾਣੇ ਮਾਮਲੇ ਨੂੰ ਆਧਾਰ ਬਣਾ ਕੇ ਯੂਏਪੀਏ ਲਾਉਣਾ ਜਮਹੂਰੀ ਹੱਕਾਂ ਦੀ ਘੋਰ ਉਲੰਘਣਾ ਅਤੇ ਸਪੱਸ਼ਟ ਤੌਰ 'ਤੇ ਜ਼ੁਬਾਨਬੰਦੀ ਦੀ ਇਕ ਬਦਲਾ ਲਊ ਕਾਰਵਾਈ ਹੈ।ਇਸ ਲਈ ਫੈਸਲਾ ਤੁਰੰਤ ਵਾਪਸ ਲਿਆ ਜਾਣਾ ਚਾਹੀਦਾ ਹੈ।ਇਨ੍ਹਾਂ ਆਗੂਆਂ ਨੇ ਅਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਮੂਹ ਕੈਦੀਆਂ ਅਤੇ ਝੂਠੇ ਕੇਸਾਂ ਵਿਚ ਸਾਲਾਂ ਤੋਂ ਬਿਨਾਂ ਮੁਕੱਦਮਾ ਚਲਾਏ ਜੇਲਾਂ ਵਿਚ ਡੱਕੇ ਸਾਰੇ ਸਮਾਜਿਕ ਤੇ ਸਿਆਸੀ ਕਾਰਕੁੰਨਾਂ ਨੂੰ ਬਿਨਾਂ ਕਾਰਨ ਜੇਲਾਂ 'ਚ ਡੱਕਣ ਦੀ ਜ਼ੋਰਦਾਰ ਨਿੰਦਾ ਕੀਤੀ।ਫੌਰੀ ਤੌਰ 'ਤੇ ਰਿਹਾਅ ਕੀਤੇ ਜਾਣ ਦੀ ਵੀ ਪੁਰਜ਼ੋਰ ਮੰਗ ਕੀਤੀ।ਇਸ ਮੌਕੇ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ, ਜ਼ਿਲ੍ਹਾ ਸਕੱਤਰ ਮੁਖਤਾਰ ਸਿੰਘ ਮੱਲ੍ਹਾ, ਕਿਸਾਨ ਆਗੂ ਦਲਜੀਤ ਸਿੰਘ ਦਿਆਲਪੁਰਾ ਆਗੂ ਹਾਜਰ ਸਨ।

# ਪੀਰ ਗੋਦੜੀ ਸ਼ਾਹ ਦੇ ਦਰਬਾਰ 'ਤੇ ਦੋ ਰੋਜ਼ਾ ਸਾਲਾਨਾ ਜੋੜ ਮੇਲਾ ਅੱਜ ਤੋਂ

**ਸ਼ਾਹਕੋਟ (ਗਿਆਨ ਸੈਦਪੁਰੀ)** ਸ਼ਾਹਕੋਟ ਤੇ ਮਲਸੀਆਂ ਦੇ ਵਿਚਕਾਰ ਰੇਲਵੇ ਫਾਟਕ ਦੇ ਨਜ਼ਦੀਕ ਸਥਿਤ ਪੀਰ ਬਾਬਾ ਗੋਦੜੀ ਸ਼ਾਹ ਦਾ ਸਾਲਾਨਾ ਦੋ ਰੋਜ਼ਾ ਧਾਰਮਿਕ ਜੋੜ ਮੇਲਾ 4 ਅਤੇ 5 ਜੁਲਾਈ ਨੂੰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੂਟਾ ਸਿੰਘ ਕੋਟਲੀ,ਸਕੱਤਰ ਜੋਗਿੰਦਰ ਸਿੰਘ ਟਾਈਗਰ ਅਤੇ ਵਿੱਤ ਸਕੱਤਰ ਤਰਸੇਮ ਲਾਲ ਸ਼ਰਮਾ ਨੇ ਦੱਸਿਆ ਕਿ 4 ਜੁਲਾਈ ਨੂੰ ਬਾਬਾ ਜੀ ਦੇ ਦਰਬਾਰ 'ਤੇ ਝੰਡਾ ਅਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ ਅਤੇ ਰਾਤ ਨੂੰ ਮਹਿਫਲੇ ਕਵਾਲੀ ਹੋਵੇਗੀ। 5 ਜੁਲਾਈ ਨੂੰ ਵਿਸ਼ਾਲ ਸੱਭਿਆਚਾਰਕ ਪ੍ਰੋਗਰਾਮ ਹੋਵੇਗਾ,ਜਿਸ ਵਿਚ ਪੰਜਾਬ ਦੇ ਨਾਮਵਰ ਗਾਇਕ ਆਪਣੀ ਕਲਾ ਦਾ ਮੁਜ਼ਾਹਰਾ ਕਰਨਗੇ। ਸ਼ਾਮ ਨੂੰ ਛਿੰਝ ਮੇਲਾ ਹੋਵੇਗਾ,ਜਿਸ ਵਿਚ ਸੱਦੇ ਹੋਏ ਅਖਾੜਿਆਂ ਦੇ ਪਹਿਲਵਾਨ ਆਪਣੀ ਸ਼ਰੀਰਕ ਸ਼ਕਤੀ ਦੇ ਜੌਹਰ ਦਿਖਾਉਣਗੇ। ਪਟਕੇ ਦੀ ਕੁਸ਼ਤੀ ਹਰਮਨ ਆਲਮਗੀਰ ਤੇ ਤੀਰਥ ਮਾਹਲਾ ਫਗਵਾੜਾ ਦਰਮਿਆਨ ਹੋਵੇਗੀ। ਪਟਕੇ ਦੀ ਕੁਸ਼ਤੀ ਦੇ ਪਹਿਲਵਾਨਾਂ ਨੂੰ 51000 ਰੁਪਏ ਨਕਦ ਇਨਾਮ ਵਜੋਂ ਦਿੱਤੇ ਜਾਣਗੇ।

# ਪਸ਼ੂ ਪਾਲਕਾਂ ਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਮੁਫ਼ਤ ਡੇਅਰੀ ਸਿਖਲਾਈ ਦੇਣ ਲਈ ਕੌਂਸਲਿੰਗ 8 ਨੂੰ : ਵਰਿਆਮ ਸਿੰਘ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਡੇਅਰੀ ਵਿਕਾਸ ਵਿਭਾਗ, ਪੰਜਾਬ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਵਿਖੇ ਅਨੁਸੂਚਿਤ ਜਾਤੀਆਂ ਨਾਲ ਸਬੰਧਿਤ ਪਸ਼ੂ ਪਾਲਕਾਂ ਅਤੇ ਬੇਰੁਜ਼ਗਾਰ ਨੌਜਵਾਨਾਂ ਲਈ ਮੁਫ਼ਤ ਡੇਅਰੀ ਸਿਖਲਾਈ ਕੋਰਸ 15 ਜੁਲਾਈ 2024 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ।ਡੇਅਰੀ ਵਿਕਾਸ ਵਿਭਾਗ ਦੇ ਡਿਪਟੀ ਡਾਇਰੈਕਟਰ ਵਰਿਆਮ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਸਕੀਮ ਅਧੀਨ ਅਨੁਸੂਚਿਤ ਜਾਤੀ ਦੇ ਲਾਭਪਾਤਰੀਆਂ ਨੂੰ ਦੋ ਹਫ਼ਤੇ ਦੀ ਮੁਫ਼ਤ ਡੇਅਰੀ ਸਿਖਲਾਈ ਦੇ ਨਾਲ-ਨਾਲ ਸਫਲਤਾਪੂਰਵਕ ਟਰੇਨਿੰਗ ਕਰਨ ਉਪਰੰਤ 3500 ਰੁਪਏ ਵਜ਼ੀਫ਼ਾ ਅਤੇ ਡੇਅਰੀ ਨਾਲ ਸਬੰਧਿਤ ਲਿਟਰੇਚਰ ਵੀ ਦਿੱਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਲਾਭਪਾਤਰੀਆਂ ਦੀ ਕੌਂਸਲਿੰਗ ਮਿਤੀ 08 ਜੁਲਾਈ 2024 ਨੂੰ ਸਵੇਰੇ 10:00 ਵਜੇ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਲਾਕ-ਬੀ, ਚੌਥੀ ਮੰਜ਼ਿਲ, ਕਮਰਾ ਨੰਬਰ 508 ਵਿਖੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਚਾਹਵਾਨ ਲੜਕੇ/ਵਿਆਹੀਆਂ ਲੜਕੀਆਂ ਜਿਨ੍ਹਾਂ ਦੀ ਉਮਰ 18 ਤੋਂ 50 ਸਾਲ ਦਰਮਿਆਨ ਹੋਵੇ, ਪਿੰਡ ਦਾ ਵਸਨੀਕ ਹੋਵੇ, ਆਪਣਾ ਅਨੁਸੂਚਿਤ ਜਾਤੀ ਨਾਲ ਸਬੰਧਿਤ ਸਰਟੀਫਿਕੇਟ ਸਮੇਤ ਪਾਸਪੋਰਟ ਸਾਈਜ਼ ਫ਼ੋਟੋ, ਘੱਟੋ-ਘੱਟ ਪੰਜਵੀਂ ਪਾਸ ਦਾ ਤਸਦੀਕਸ਼ੁਦਾ ਯੋਗਤਾ ਸਰਟੀਫਿਕੇਟ, ਆਧਾਰ ਕਾਰਡ ਨਾਲ ਲੈ ਕੇ ਦਫ਼ਤਰ ਵਿਖੇ ਹਾਜ਼ਰ ਹੋਣ।ਉਨ੍ਹਾਂ ਕਿਹਾ ਕਿ ਚੁਣੇ ਗਏ ਲਾਭਪਾਤਰੀਆਂ ਨੂੰ ਡੇਅਰੀ ਸਿਖਲਾਈ ਸੈਂਟਰ, ਵੇਰਕਾ (ਅੰਮ੍ਰਿਤਸਰ) ਵਿਖੇ ਸਿਖਲਾਈ ਦਿੱਤੀ ਜਾਵੇਗੀ ਅਤੇ ਪਸ਼ੂਆਂ ਦਾ ਡੇਅਰੀ ਯੂਨਿਟ ਸਥਾਪਿਤ ਕਰਨ ਉਪਰੰਤ ਲਾਭਪਾਤਰੀਆਂ ਨੂੰ ਫ਼ੀਸਦੀ ਸਬਸਿਡੀ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 80548—00880 ਅਤੇ 75089—73471 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਖੰਡ ਮਿੱਲ ਪਨਿਆੜ ਦੀ ਬੋਰਡ ਆਫ ਡਾਇਰੈਕਟਰਜ਼ ਦੀ ਚੋਣ 'ਚ ਬੇਨਿਯਮੀਆਂ



**ਦੀਨਾਨਗਰ, (ਸੰਜੀਵ)**- ਅਸੀਂ ਪਿਛਲੀ ਕਾਂਗਰਸ ਸਰਕਾਰ ਵੇਲੇ ਖੰਡ ਮਿੱਲ ਪਨਿਆੜ ਦੇ ਹਜ਼ਾਰਾਂ ਗੰਨਾ ਕਾਸ਼ਤਕਾਰ ਕਿਸਾਨਾਂ ਉੱਪਰ ਥੋਪੇ ਗਏ ਬੋਰਡ ਆਫ ਡਾਇਰੈਕਟਰਜ਼ ਦੀ ਹੋਈ ਚੋਣ 'ਚ ਬੇਨਿਯਮੀਆਂ ਦਾ ਪਰਦਾਫਾਸ਼ ਕਰਨ ਲੱਗੇ ਹਾਂ। ਦਰਅਸਲ ਲੰਘੀਆਂ ਵਿਧਾਨ ਸਭਾ ਚੋਣਾਂ ਤੋਂ ਐਨ ਪਹਿਲਾਂ ਦਸੰਬਰ 2020 ਵਿੱਚ ਉਸ ਵੇਲੇ ਦੀ ਸੱਤਾਧਾਰੀ ਕਾਂਗਰਸ ਪਾਰਟੀ ਦੇ ਸਥਾਨਕ ਨੁਮਾਇੰਦਿਆਂ ਨੇ ਲੋਕਾਂ ਵੱਲੋਂ ਦਿੱਤੀ ਗਈ ਤਾਕਤ ਦੀ ਦੁਰਵਰਤੋਂ ਕਰਦਿਆਂ ਖੰਡ ਮਿੱਲ ਪਨਿਆੜ ਦੇ ਹਜ਼ਾਰਾਂ ਗੰਨਾ ਕਾਸ਼ਤਕਾਰ ਕਿਸਾਨਾਂ ਨਾਲ ਧੋਖਾ ਕੀਤਾ ਹੈ। ਉਨ੍ਹਾਂ ਵੱਲੋਂ ਅਜਿਹੇ ਅਯੋਗ ਲੋਕਾਂ ਨੂੰ ਮਿੱਲ ਦੇ ਡਾਇਰੈਕਟਰ ਬਣਾ ਕੇ ਕੁਰਸੀਆਂ ਉੱਪਰ ਬਿਠਾ ਦਿੱਤਾ ਗਿਆ ਹੈ, ਜੋ ਮਿੱਲ ਦੇ ਡਾਇਰੈਕਟਰ ਬਣਨ ਦੀਆਂ ਮੁੱਢਲੀਆਂ ਸ਼ਰਤਾਂ ਵੀ ਪੂਰੀਆਂ ਨਹੀਂ ਸਨ ਕਰਦੇ।ਬੇਨਿਯਮੀ ਵਿੱਚ ਸਭ ਤੋਂ ਵੱਡਾ ਰੋਲ ਉਸ ਵੇਲੇ ਦੀ ਕਾਂਗਰਸ ਸਰਕਾਰ ਦੇ ਡਿਪਟੀ ਮੁੱਖ ਮੰਤਰੀ ਅਤੇ ਸਹਿਕਾਰਤਾ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ, ਜੋ ਕਿ ਇਸ ਵੇਲੇ ਗੁਰਦਾਸਪੁਰ ਤੋਂ ਮੈਂਬਰ ਪਾਰਲੀਮੈਂਟ ਵੀ ਹਨ।?ਇਹ ਗੱਲਾਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਦੀਨਾਨਗਰ ਸ਼ਮਸ਼ੇਰ ਸਿੰਘ ਵੱਲੋਂ ਇਕ ਪ੍ਰੈੱਸ ਵਾਰਤਾ ਦੌਰਾਨ ਕਹੀਆਂ ਗਈਆਂ। ਉਨ੍ਹਾਂ ਕਿਹਾ ਕਿ ਗੁਰਦਾਸਪੁਰ ਦੇ ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ ਅਤੇ ਦੀਨਾਨਗਰ ਦੀ ਵਿਧਾਇਕਾ ਅਰੁਣਾ ਚੌਧਰੀ ਨੇ ਬੋਰਡ ਆਫ ਡਾਇਰੈਕਟਰ ਦੇ ਦਸ ਮੈਂਬਰਾਂ ਵਿੱਚ ਪੰਜ ਅਯੋਗ ਲੋਕਾਂ ਨੂੰ ਬੋਰਡ ਆਫ ਡਾਇਰੈਕਟਰ ਦੀਆਂ ਕੁਰਸੀਆਂ ਉੱਪਰ ਬਿਠਾ ਕੇ ਲੋਕਾਂ ਦੇ ਨਾਲ-ਨਾਲ ਪਨਿਆੜ ਖੰਡ ਮਿੱਲ ਨਾਲ ਜੁੜੇ ਹਜ਼ਾਰਾਂ ਗੰਨਾ ਕਾਸ਼ਤਕਾਰਾਂ ਦੀਆਂ ਅੱਖਾਂ ਵਿੱਚ ਘੱਟਾ ਪਾਇਆ ਹੈ ਜਿਸ ਦੀ ਅਸੀਂ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੇ ਹਾਂ ਅਤੇ ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕੋਲੋਂ ਮੌਜੂਦਾ ਅਯੋਗ ਬੋਰਡ ਆਫ ਡਾਇਰੈਕਟਰਜ਼ ਨੂੰ ਭੰਗ ਕਰਕੇ ਮਾਮਲੇ ਦੀ ਮੁਕੰਮਲ ਜਾਂਚ ਕਰਨ ਅਤੇ ਦੋਸ਼ੀਆਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਦੀ ਮੰਗ ਕਰਦੇ ਹਾਂ ।

# ਇੰਜੀ : ਸਰਵਰਿੰਦਰ ਸਿੰਘ ਜੇ ਈ ਦਾ ਤਰੱਕੀ ਹੋਣ 'ਤੇ ਏਟਕ ਵੱਲੋਂ ਸਨਮਾਨ

## * ਬਿਜਲੀ ਹਾਦਸਿਆਂ ਨਾਲ ਕਰਮਚਾਰੀਆਂ ਦੀਆਂ ਹੋ ਰਹੀਆਂ ਮੌਤਾਂ 'ਤੇ ਕੀਤੀ ਚਿੰਤਾ ਜ਼ਾਹਰ



ਤਰਨ ਤਾਰਨ (ਨਜ਼ਸ)—ਇਥੋਂ ਥੋੜੀ ਦੂਰ 66 ਕੇ ਵੀ ਬਿਜਲੀ ਘਰ ਲੋਹਕਾ ਵਿਖੇ ਬਤੌਰ ਜੇ ਈ ਤਾਇਨਾਤ ਇੰਜੀ:ਸਰਵਰਿੰਦਰ ਸਿੰਘ ਨੂੰ ਸਹਾਇਕ ਇੰਜੀਨੀਅਰ ਦੀ ਤਰੱਕੀ ਹੋਣ ਉਪਰੰਤ ਅੱਜ ਡਿਊਟੀ ਜੁਆਇਨ ਕਰਨ 'ਤੇ ਦਫਤਰ ਦੇ ਸਮੂਹ ਸਟਾਫ ਨੇ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਰਜਿਸਟਰਡ ਨੰਬਰ 41 ਜਥੇਬੰਦੀ ਦੇ ਡਵੀਜ਼ਨ ਪ੍ਰਧਾਨ ਬਲਕਾਰ ਸਿੰਘ ਜੰਡੋਕੇ ਦੀ ਅਗਵਾਈ ਹੇਠ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ।ਇਸ ਸਨਮਾਨ ਸਮਾਰੋਹ ਵਿੱਚ ਉਚੇਚੇ ਤੌਰ 'ਤੇ ਸ਼ਿਰਕਤ ਕਰਨ ਪਹੁੰਚੇ ਜਥੇਬੰਦੀ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਇੰਜੀ : ਸਰਵਰਿੰਦਰ ਸਿੰਘ ਵੱਲੋ ਵਿਭਾਗ ਦੇ ਕੰਮ ਨੂੰ ਪੂਰੀ ਲਗਨ ਨਾਲ ਕਰਨ ਦੇ ਨਾਲ-ਨਾਲ ਪੂਰੀ ਸੇਵਾ ਦੌਰਾਨ ਏਟਕ ਜਥੇਬੰਦੀ ਦੀਆਂ ਜਥੇਬੰਦਕ ਸਰਗਰਮੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਜ਼ੋਰਦਾਰ ਪ੍ਰਸ਼ੰਸ਼ਾ ਕੀਤੀ ।

ਇਸ ਮੌਕੇ ਹਾਜ਼ਰ ਇੰਜੀ: ਜਗਦੀਪ ਸਿੰਘ ਐੱਸ. ਐੱਸ. ਈ., ਇੰਜੀ : ਜੋਗਾ ਸਿੰਘ ਜੇ. ਈ. , ਇੰਜੀ :ਜਸਵਿੰਦਰ ਸਿੰਘ ਜੇ. ਈ., ਇੰਜੀ : ਬ੍ਰਹਮਜੋਤ ਸਿੰਘ ਜੇ. ਈ., ਕੁਲਦੀਪ ਸਿੰਘ, ਸਾਹਿਬ ਸਿੰਘ, ਰੇਸ਼ਮ ਸਿੰਘ, ਗੁਰਨਾਮ ਸਿੰਘ ਪੰਡੋਰੀ, ਮਨਦੀਪ ਸਿੰਘ, ਜਰਨੈਲ ਸਿੰਘ, ਰਜਵੰਤ ਸਿੰਘ, ਲਖਬੀਰ ਸਿੰਘ ਹਰੀਕੇ ਤੋਂ ਇਲਾਵਾ ਟੀ. ਐੱਸ. ਯੂ. ਜਥੇਬੰਦੀ ਦੇ ਆਗੂ ਬੂਟਾ ਸਿੰਘ ਅਤੇ ਏਟਕ ਜਥੇਬੰਦੀ ਦੇ ਆਗੂ ਸਰਬਜੀਤ ਸਿੰਘ ਜਵੰਦਾ ਸਮੇਤ ਸਮੂਹ ਸਟਾਫ ਨੇ ਇੰਜੀ :ਸਰਵਰਿੰਦਰ ਸਿੰਘ ਵੱਲੋਂ ਵਿਭਾਗ ਨੂੰ ਦਿੱਤੀਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕੀਤੀ।ਸਨਮਾਨ ਸਮਾਰੋਹ ਮੌਕੇ ਇਕੱਤਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਗੰਡੀਵਿੰਡ ਨੇ ਇੰਜੀ : ਸਰਵਰਿੰਦਰ ਸਿੰਘ ਦਾ ਸਨਮਾਨ ਕਰਨ ਲਈ ਹਾਜ਼ਰੀਨ ਦਾ ਧੰਨਵਾਦ ਕਰਦੇ ਹੋਏ ਵਿਭਾਗ ਵਿੱਚ ਸਟਾਫ ਦੀ ਘਾਟ ਹੋਣ ਕਾਰਣ ਫੀਲਡ ਵਿੱਚ ਕੰਮ ਕਰਦੇ ਕਾਮਿਆਂ 'ਤੇ ਕੰਮ ਦੇ ਵੱਧ ਰਹੇ ਦਬਾਅ ਦੀ ਵਜ੍ਹਾ ਕਰਕੇ ਹੋ ਰਹੇ ਹਾਦਸਿਆਂ ਨਾਲ ਕਰਮਚਾਰੀਆਂ ਦੀਆਂ ਲਗਾਤਾਰ ਜਾ ਰਹੀਆਂ ਕੀਮਤੀ ਜਾਨਾਂ 'ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਬਿਜਲੀ ਹਾਦਸਿਆਂ ਨਾਲ ਵਿਛੋੜਾ ਦੇ ਗਏ ਕਰਮਚਾਰੀਆਂ ਨੂੰ ਸ਼ਹੀਦ ਦਾ ਦਰਜਾ ਦੇਣ ਤੋਂ ਇਲਾਵਾ ਸੁਰੱਖਿਆ ਜਵਾਨਾਂ ਦੀ ਤਰਜ਼ 'ਤੇ ਪਰਿਵਾਰਾਂ ਨੂੰ ਇਕ ਕਰੋੜ ਦੀ ਰਾਸ਼ੀ ਦੇਣ ਦਾ ਐਲਾਨ ਕਰਨ ਸਮੇਤ ਕਰਮਚਾਰੀ ਦੀ ਯਾਦ ਨੂੰ ਸਦੀਵੀਂ ਰੱਖਣ ਲਈ ਉਸ ਦੇ ਪਿੰਡ ਵਿੱਚ ਢੁੱਕਵੀਂ ਯਾਦਗਾਰ ਬਣਾਈ ਜਾਵੇ।

ਸਮਾਗਮ ਦੇ ਅਖੀਰ ਤੇ ਇੰਜੀ: ਸਰਵਰਿੰਦਰ ਸਿੰਘ ਨੇ ਏਟਕ ਜਥੇਬੰਦੀ ਦੀ ਲੀਡਰਸ਼ਿਪ ਸਮੇਤ ਸਮੂਹ ਸਟਾਫ ਦਾ ਧੰਨਵਾਦ ਕੀਤਾ।

# ਇੰਸ. ਪ੍ਰਮਜੀਤ ਸਿੰਘ ਵਿਰਦੀ ਨੇ ਥਾਣਾ ਝਬਾਲ ਦੇ ਬਤੌਰ ਐੱਸ ਐੱਚ ਓ ਚਾਰਜ ਸੰਭਾਲਿਆ

## * ਨਸ਼ੇ ਦੇ ਸੌਦਾਗਰਾਂ ਨੂੰ ਪਾਈਆਂ ਭਾਜੜਾਂ, ਨਹੀਂ ਬਖਸ਼ੇ ਜਾਣਗੇ ਨਸ਼ਾ ਵੇਚਣ ਵਾਲੇ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਜ਼ਿਲਾ ਪੁਲਸ ਮੁਖੀ ਤਰਨ ਤਾਰਨ ਅਸ਼ਵਨੀ ਕਪੂਰ ਦੇ ਹੁਕਮਾਂ ਅਨੁਸਾਰ ਐੱਸ. ਪੀ. ਅਜੈਰਾਜ ਸਿੰਘ ਤੇ ਡੀ. ਐੱਸ. ਪੀ. ਸਿਟੀ ਤਰਸੇਮ ਮਸੀਹ ਦੇ ਨਿਰਦੇਸ਼ਾਂ ਅਧੀਨ ਇੰਸ ਪ੍ਰਮਜੀਤ ਸਿੰਘ ਵਿਰਦੀ ਨੇ ਬੀਤੇ ਦਿਨ ਥਾਣਾ ਝਬਾਲ ਦੇ ਬਤੌਰ ਐੱਸ. ਐੱਚ. ਓ. ਆਪਣਾ ਅਹੁਦਾ ਸੰਭਾਲ ਲਿਆ।ਇਸ ਮੌਕੇ ਨਵ ਨਿਯੁਕਤ ਐੱਸ. ਐੱਚ. ਓ. ਪ੍ਰਮਜੀਤ ਸਿੰਘ ਵਿਰਦੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਐੱਸ. ਐੱਸ. ਪੀ. ਦੇ ਨਿਰਦੇਸ਼ਾਂ ਹੇਠ ਪੁਲਸ ਥਾਣਾ ਝਬਾਲ ਅਧੀਨ ਪੈਂਦੇ ਪਿੰਡਾਂ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਲਈ ਸਖਤ ਕਦਮ ਚੁੱਕੇ ਜਾਣਗੇ।ਉਨ੍ਹਾਂ ਚਿੱਟਾ, ਸਮੈਕ ਤੇ ਹੋਰ ਨਸ਼ੀਲੇ ਪਦਾਰਥਾਂ ਨੂੰ ਸਪਲਾਈ ਤੇ ਵੇਚਣ ਦਾ ਧੰਦਾ ਕਰਨ ਵਾਲੇ ਨਸ਼ੇ ਦੇ ਸੌਦਾਗਰਾਂ, ਭੈੜੇ ਅਨਸਰਾਂ ਨੂੰ ਸਖਤ ਤਾੜਨਾ ਕਰਦਿਆਂ ਕਿਹਾ ਕਿ ਉਹ ਨਸ਼ੇ ਦਾ ਕਾਰੋਬਾਰ ਬੰਦ ਕਰ ਦੇਣ ਨਹੀਂ ਤਾਂ ਫੜ ਕੇ ਸਲਾਖਾਂ ਪਿੱਛੇ ਡੱਕੇ ਜਾਣਗੇ।ਇਸ ਦੇ ਨਾਲ ਹੀ ਉਨ੍ਹਾਂ ਅੱਡਾ ਝਬਾਲ ਚੌਕ ਅੰਮ੍ਰਿਤਸਰ, ਅਟਾਰੀ, ਤਰਨ ਤਾਰਨ ਤੇ ਭਿੱਖੀਵਿੰਡ ਰੋਡ ਤੇ ਫਲ ਫਰੂਟ, ਸਬਜ਼ੀਆਂ, ਖਾਣ-ਪੀਣ ਦੀਆਂ ਵਸਤਾਂ ਦੀਆਂ ਰੇਹੜੀਆਂ ਤੇ ਘੋੜਾ ਰੇਹੜਿਆਂ ਵਾਲਿਆਂ ਨੂੰ ਸਖਤ ਲਫ਼ਜ਼ਾਂ ਵਿੱਚ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੇ ਆਪ ਹੀ ਸੜਕ ਨੂੰ ਛੱਡ ਦੇਣ ਅਤੇ ਟ੍ਰੈਫਿਕ ਵਿੱਚ ਕਿਸੇ ਵੀ ਕਿਸਮ ਦਾ ਵਿਘਨ ਨਾ ਪਾਉਣ ਨਹੀਂ ਤਾਂ ਸਖਤ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।ਇਸਦੇ ਨਾਲ ਹੀ ਉਨ੍ਹਾਂ ਸਕੂਲ ਵਿੱਚ ਪੜ੍ਹਨ ਜਾਂਦੀਆਂ ਲੜਕੀਆਂ ਨੂੰ ਤੰਗ-ਪ੍ਰੇਸ਼ਾਨ ਤੇ ਮੋਟਰਸਾਈਕਲਾਂ 'ਤੇ ਚੱਕਰ ਕੱਟਣ ਵਾਲੇ, ਲੁੱਟਾਂ-ਖੋਹਾਂ ਤੇ ਝਬਾਲ ਦੇ ਸਟੇਡੀਅਮ ਅੰਦਰ ਤੇ ਸਟੇਡੀਅਮ ਦੇ ਪਿਛਲੇ ਪਾਸੇ ਨਸ਼ੇ ਦੇ ਟੀਕੇ ਲਾਉਣ ਵਾਲੇ ਮਾੜੇ ਅਨਸਰਾਂ ਨੂੰ ਸਖਤ ਤਾੜਨਾ ਕੀਤੀ ਕਿ ਬਾਜ਼ ਆ ਜਾਣ ਨਹੀਂ ਤਾਂ ਫੜ ਕੇ ਛਿੱਤਰ ਪਰੇਡ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਵਿਰਦੀ ਨੇ ਕਿਹਾ ਕਿ ਥਾਣੇ ਵਿੱਚ ਆਉਣ ਵਾਲੇ ਹਰ ਆਮ ਤੇ ਖਾਸ ਆਦਮੀ ਦਾ ਸਤਿਕਾਰ ਕੀਤਾ ਜਾਵੇਗਾ।ਜ਼ਿਕਰਯੋਗ ਹੈ ਕਿ ਇੰਸ. ਪ੍ਰਮਜੀਤ ਸਿੰਘ ਵਿਰਦੀ ਪੁਲਸ ਵਿਭਾਗ ਦੇ ਬੇਹੱਦ ਕਾਬਲ ਤੇ ਇਨਸਾਫ ਪਸੰਦ ਅਫ਼ਸਰ ਦੇ ਤੌਰ 'ਤੇ ਜ਼ਿਲ੍ਹਾ ਪੁਲਸ ਤਰਨ ਤਾਰਨ ਦੇ ਵੱਖ-ਵੱਖ ਥਾਣਿਆਂ ਵਿੱਚ ਬਤੌਰ ਐੱਸ. ਐੱਚ. ਓ. ਆਪਣੀਆਂ ਬੇਹਤਰ ਸੇਵਾਵਾਂ ਨਿਭਾ ਚੁੱਕੇ ਹਨ ਤੇ ਹੁਣ ਥਾਣਾ ਝਬਾਲ ਵਿਖੇ ਇਲਾਕਾ ਵਾਸੀਆਂ ਨੂੰ ਆਪਣੀਆਂ ਸੇਵਾਵਾਂ ਪ੍ਰਦਾਨ ਕਰਨ ਵਾਸਤੇ ਉਤਸ਼ਾਹਿਤ ਨਜ਼ਰ ਆ ਰਹੇ ਹਨ।

# ਕਿਸਾਨਾਂ ਦੇ ਸ਼ਾਂਤਮਈ ਪ੍ਰਦਰਸ਼ਨ 'ਤੇ ਢਾਹੇ ਜ਼ੁਲਮ ਦੀ ਹੋ ਰਹੀ ਦੇਸ਼ ਵਿਆਪੀ ਨਿਖੇਧੀ : ਕੋਟ ਬੁੱਢਾ



**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਕੇਂਦਰ ਸਰਕਾਰ ਪਾਸੋ ਹੱਕੀ ਮੰਗਾਂ ਨੂੰ ਲੈ ਕੇ ਪੰਜਾਬ ਦੀਆਂ ਸਰਹੱਦਾਂ ਸ਼ੰਭੂ ਅਤੇ ਖਨੌਰੀ ਬਾਰਡਰ 'ਤੇ ਡਟੇ ਸੰਯੁਕਤ ਕਿਸਾਨ ਮੋਰਚਾ (ਗੈਰ ਰਾਜਨੀਤਿਕ) ਅਤੇ ਕਿਸਾਨ ਮਜ਼ਦੂਰ ਮੋਰਚਾ ਦੇ ਚਲਦੇ ਪ੍ਰਦਰਸ਼ਨ 'ਤੇ ਬੀਜੇਪੀ ਦੇ ਕਾਰਕੁੰਨਾਂ ਨੇ ਜਬਰੀ ਜ਼ੁਲਮ ਢਾਹ ਕੇ ਤਾਨਾਸ਼ਾਹ ਵਰਗੇ ਰਾਜ ਦਾ ਸਬੂਤ ਦਿੱਤਾ।ਹੱਦਾਂ ਟੱਪ ਚੁੱਕੇ ਜ਼ੁਲਮ ਦੌਰਾਨ ਵੱਡੀ ਗਿਣਤੀ 'ਚ ਕਿਸਾਨ ਜ਼ਖਮੀ ਹੋਏ, ਕਈ ਕਿਸਾਨ ਆਪਣੀਆਂ ਅੱਖਾਂ ਤੱਕ ਗੁਆ ਬੈਠੇ।ਇਥੇ ਹੀ ਬੱਸ ਨਹੀਂ, ਸ਼ੁਭਕਰਨ ਵਰਗੇ ਨੌਜਵਾਨ ਭਰ ਜਵਾਨੀ 'ਚ ਸ਼ਹੀਦਾਂ ਦੀ ਕਤਾਰ ਵਿੱਚ ਜਾ ਖੜ੍ਹੇ ਹੋਏ।ਉਕਤ ਵਿਚਾਰ ਸਾਂਝੇ ਕਰਦਿਆਂ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੇ ਸੂਬਾ ਪ੍ਰਧਾਨ ਇੰਦਰਜੀਤ ਸਿੰਘ ਕੋਟ ਬੁੱਢਾ ਨੇ ਕਿਹਾ ਕਿ ਕਿਸਾਨੀ ਮੰਗਾਂ ਵੱਲ ਪਿੱਠ ਕਰ ਕੇ ਬੈਠੀ ਕੇਂਦਰ ਸਰਕਾਰ ਪਾਸੋਂ ਮੰਗਾਂ ਮੰਨਵਾਉਣ ਤੱਕ ਸੰਘਰਸ਼ ਜਾਰੀ ਰਹੇਗਾ।ਇਸ ਮੌਕੇ ਸੂਬਾ ਆਗੂ ਸੁਖਵੰਤ ਸਿੰਘ ਦੁਬਲੀ, ਜਥੇਦਾਰ ਪ੍ਰਗਟ ਸਿੰਘ ਪਰਿੰਗੜੀ ਨੇ ਕਿਹਾ ਕਿ ਅਸੈਂਬਲੀ ਵਿੱਚ ਚੱਲ ਰਹੇ ਸੈਸ਼ਨ ਦੌਰਾਨ ਵਿਰੋਧੀ ਧੜੇ ਵੱਲੋ ਦੇਸ਼ ਦੇ ਕਿਸਾਨਾਂ ਦੀਆਂ ਮੰਗਾਂ ਦੀ ਆਵਾਜ਼ ਉਠਾਉਣੀ ਸ਼ਲਾਘਾਯੋਗ ਹੈ।ਉਨ੍ਹਾਂ ਕਿਹਾ ਕਿ ਇਹ ਵੀ ਭਾਜਪਾ ਦੀ ਹਾਰ ਤੋਂ ਘੱਟ ਨਹੀਂ ਕਿ 400 ਤੋਂ ਪਾਰ ਜਾਣ ਦੇ ਦਾਅਵੇ ਕਰਨ ਵਾਲੀ ਪਾਰਟੀ ਨੂੰ ਲੰਗੜੀ ਸਰਕਾਰ ਬਣਾਉਣੀ ਪਈ।ਆਗੂਆਂ ਕਿਹਾ ਕਿ 2020 ਦੇ ਦਿੱਲੀ ਅੰਦੋਲਨ ਦੌਰਾਨ ਬਾਕੀ ਮੰਗਾਂ ਦੇ ਹੱਲ ਲਈ ਖੇਤੀ ਸਕੱਤਰ ਸੰਜੇ ਅਗਰਵਾਲ ਨੇ ਲਿਖਤੀ ਪ੍ਰਵਾਨਗੀ ਦਿੱਤੀ ਸੀ ਜਿਸ ਨੂੰ ਲਾਗੂ ਕਰਾਉਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ।ਖਨੌਰੀ ਮੋਰਚੇ 'ਚ ਸ਼ਾਮਲ ਹਰਬੰਸ ਸਿੰਘ, ਦਿਆਲ ਸਿੰਘ ਭੰਗਾਲਾ, ਜਸਵੰਤ ਸਿੰਘ ਲੱਧੂ, ਦਲਬੀਰ ਸਿੰਘ ਕੋਟਲੀ ਗਾਜਰਾਂ, ਅਰੂੜ ਸਿੰਘ, ਇੰਦਰਜੀਤ ਸਿੰਘ ਦੁੱਬਲੀ ਅਤੇ ਸਤਨਾਮ ਸਿੰਘ ਕੋਟ ਬੁੱਢਾ ਆਦਿ ਹਾਜ਼ਰ ਸਨ।

# ਬਰਨਾਲਾ ਕਾਲੋਨੀ ਅੱਜ ਵੀ ਸਰਕਾਰੀ ਸਹੂਲਤਾਂ ਤੋਂ ਵਾਂਝੀ, ਲੋਕ ਨਰਕ ਭਰੀ ਜ਼ਿੰਦਗੀ ਜਿਊਣ ਲਈ ਮਜਬੂਰ





**ਗੁਰਦਾਸਪੁਰ, (ਜਨਕ ਮਹਾਜਨ)**-ਸਰਕਾਰ ਵੱਲੋਂ ਰਾਜ ਸਰਕਾਰ 'ਚ ਪੰਚਾਇਤੀ ਰਾਜ ਲਾਗੂ ਕਰਨ ਤੇ ਪਿੰਡਾਂ ਦੇ ਲੋਕਾਂ ਨੂੰ ਹਰ ਤਰ੍ਹਾਂ ਦੀ ਸਹਾਇਤਾ ਦੇਣ ਦੇ ਸਾਰੇ ਦਾਅਵੇ ਕਰਨ ਦੇ ਬਾਵਜੂਦ ਬਰਨਾਲਾ ਕਲੋਨੀ ਅੱਜ ਵੀ ਕਈ ਸਹੂਲਤਾਂ ਤੋਂ ਵਾਂਝੀ ਹੈ। ਕਾਲੋਨੀ ਦੀਆਂ ਗਲੀਆਂ ਨਾਲੀਆਂ ਦੀ ਹਾਲਤ ਬਹੁਤ ਹੀ ਤਰਸਯੋਗ ਹੈ। ਕਾਲੋਨੀ ਵਿੱਚ ਸੀਵਰੇਜ ਨਹੀਂ ਪਾਇਆ ਗਿਆ ਅਤੇ ਨਾ ਹੀ ਸਰਕਾਰੀ ਫਲੱਸ਼ਾਂ ਬਣਾਈਆਂ ਗਈਆਂ। ਬਿਜਲੀ ਦਾ ਸਹੀ ਪ੍ਰਬੰਧ ਨਾ ਹੋਣ ਕਾਰਨ ਤਾਰਾਂ ਲਮਕ ਰਹੀਆਂ ਹਨ। ਇਸ ਸਬੰਧੀ ਕਈ ਵਾਰ ਸਬੰਧਿਤ ਅਧਿਕਾਰੀਆਂ ਨੂੰ ਜਾਣੂ ਕਰਵਾਇਆ ਜਾ ਚੁੱਕਾ ਹੈ ਪਰ ਇਸ ਪਿੰਡ ਦੀ ਸਰਕਾਰੀ ਕਾਲੋਨੀ ਦੇ ਵਿਕਾਸ ਵੱਲ ਕਿਸੇ ਵੀ ਸਰਕਾਰ ਨੇ ਵਿਸ਼ੇਸ਼ ਧਿਆਨ ਨਹੀਂ ਦਿੱਤਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਿੰਡ ਬਰਨਾਲਾ ਕਾਲੋਨੀ ਵਾਸੀਆਂ ਸੁਸ਼ੀਲ ਕੁਮਾਰ, ਸੁਨੀਤਾ, ਮਹਿੰਦਰ ਸਿੰਘ, ਲੱਭਾ, ਤਿਲਕ ਰਾਜ, ਬਲਵੀਰ, ਰਿੰਕੂ ਬਾਲਾ ਆਦਿ ਨੇ ਦੱਸਿਆ ਕਿ ਪਿੰਡ ਵਿੱਚ ਮੁੱਢਲੀਆਂ ਸਹੂਲਤਾਂ ਵੀ ਲੋਕਾਂ ਨੂੰ ਮੁਹੱਈਆ ਨਹੀਂ ਕਰਵਾਈਆਂ ਜਾ ਰਹੀਆਂ। ਬਰਨਾਲਾ ਦੀ ਕਾਲੋਨੀ ਵਿੱਚ ਸਰਕਾਰ ਵੱਲੋਂ ਜ਼ਰੂਰਤਮੰਦ ਪਰਿਵਾਰਾਂ ਨੂੰ ਰਹਿਣ ਲਈ ਸੰਨ 1975 ਵਿੱਚ ਪੰਚਾਇਤ ਵਲੋਂ ਸਰਕਾਰੀ ਪਲਾਟ ਦਿੱਤੇ ਗਏ ਪਰ ਕਾਲੋਨੀ ਵਿੱਚ ਗਲੀਆਂ ਨਾਲੀਆਂ ਪੱਕੀਆਂ ਨਾ ਹੋਣ ਕਾਰਨ ਕਾਲੋਨੀ ਵਾਸੀ ਨਰਕ ਭਰੀ ਜ਼ਿੰਦਗੀ ਗੁਜ਼ਾਰਨ ਨੂੰ ਮਜਬੂਰ ਹਨ। ਲੋਕਾਂ ਨੇ ਦੱਸਿਆ ਕਿ ਕਾਲੋਨੀ ਵਿੱਚ ਗਲੀਆਂ-ਨਾਲੀਆਂ ਪੱਕੀਆਂ ਨਾ ਹੋਣ ਕਾਰਨ ਉਨ੍ਹਾਂ ਨੇ ਆਪਣੇ ਘਰਾਂ ਵਿੱਚ ਟੋਏ ਪੁੱਟ ਹੋਏ ਹਨ। ਗੰਦੇ ਪਾਣੀ ਨਾਲ ਟੋਏ ਭਰਨ ਕਰਕੇ ਪਾਣੀ ਗਲੀਆਂ ਵਿਚ ਖੜ੍ਹਾ ਹੋ ਕੇ ਛੱਪੜ ਦਾ ਰੂਪ ਧਾਰਨ ਕਰ ਲੈਂਦਾ ਹੈ ਜਿਸ ਕਾਰਨ ਲਾਇਲਾਜ ਬਿਮਾਰੀਆਂ ਲੱਗਣ ਦਾ ਡਰ ਬਣਿਆ ਰਹਿੰਦਾ ਹੈ। ਲੋਕਾਂ ਨੇ ਪੰਜਾਬ ਸਰਕਾਰ ਤੇ ਸਬੰਧਤ ਵਿਭਾਗ ਤੋਂ ਮੰਗ ਕੀਤੀ ਹੈ ਕਿ ਜਲਦੀ ਤੋਂ ਜਲਦੀ ਗਲੀਆਂ-ਨਾਲੀਆਂ ਬਣਾਈਆਂ ਜਾਣ।

# ਐਸਪੀਰੇਸ਼ਨਲ ਜ਼ਿਲ੍ਹਾ/ਬਲਾਕ ਪ੍ਰੋਗਰਾਮ ਤਹਿਤ ਗਤੀਵਿਧੀਆਂ 4 ਜੁਲਾਈ ਤੋਂ 30 ਸਤੰਬਰ ਤੱਕ

**ਕਲਾਨੌਰ, (ਮਨਦੀਪ ਕੋਹਲੀ)**- ਨੀਤੀ ਆਯੋਗ ਵੱਲੋਂ ਵੱਖ-ਵੱਖ ਜ਼ਿਲ੍ਹਿਆਂ ਨੂੰ ਵੱਖ-ਵੱਖ ਖ਼ਾਸ ਖੇਤਰਾਂ ਵਿੱਚ ਅੱਗੇ ਲਿਜਾਣ ਲਈ ਐਸਪੀਰੇਸ਼ਨਲ ਜ਼ਿਲ੍ਹਾ ਤੇ ਬਲਾਕ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ, ਜਿਸ ਤਹਿਤ ਜ਼ਿਲ੍ਹਾ ਗੁਰਦਾਸਪੁਰ ਨੂੰ ਐਸਪੀਰੇਸ਼ਨਲ ਜ਼ਿਲ੍ਹਾ ਅਤੇ ਡੇਰਾ ਬਾਬਾ ਨਾਨਕ ਨੂੰ ਐਸਪੀਰੇਸ਼ਨਲ ਬਲਾਕ ਐਲਾਨ ਕੀਤਾ ਗਿਆ ਹੈ।ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸਤੀਸ਼ ਕੁਮਾਰ ਨੇ ਦੱਸਿਆ ਕਿ ਐਸਪੀਰੇਸ਼ਨਲ ਜ਼ਿਲ੍ਹਾ ਤੇ ਬਲਾਕ ਪ੍ਰੋਗਰਾਮ ਤਹਿਤ ਮਹੱਤਵਪੂਰਨ 6 ਪਹਿਲੂਆਂ ਦਾ ਸੰਪੂਰਨਤਾ ਅਭਿਆਨ ਤਹਿਤ 4 ਜੁਲਾਈ ਤੋਂ ਲੈ ਕੇ 30 ਸਤੰਬਰ 2024 ਤੱਕ ਚਲਾਇਆ ਜਾ ਰਿਹਾ ਹੈ।ਜਿਹੜੇ 6 ਪਹਿਲੂਆਂ ਦੇ ਟੀਚਿਆਂ ਨੂੰ ਸੌ ਫ਼ੀਸਦੀ ਪੂਰਾ ਕਰਨ ਲਈ ਇਸ ਮੁਹਿੰਮ ਤਹਿਤ ਜ਼ੋਰ ਦਿੱਤਾ ਜਾਵੇਗਾ ਉਨ੍ਹਾਂ ਵਿੱਚ ਸਿਹਤ, ਪੋਸ਼ਣ, ਖੇਤੀਬਾੜੀ, ਸਿੱਖਿਆ, ਸਮਾਜਿਕ ਤਰੱਕੀ ਆਦਿ ਨਾਲ ਸਬੰਧਿਤ ਵੱਖ-ਵੱਖ ਮਹੱਤਵਪੂਰਨ ਕਾਰਜ ਸ਼ਾਮਲ ਹਨ।ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸਤੀਸ਼ ਕੁਮਾਰ ਨੇ ਸੰਪੂਰਨਤਾ ਅਭਿਆਨ ਸੰਮੇਲਨ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਤੇ ਬਲਾਕ ਪੱਧਰ ਤੇ ਇਸ ਦਾ ਉਦਘਾਟਨੀ ਪ੍ਰੋਗਰਾਮ 4 ਜੁਲਾਈ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਡੇਰਾ ਬਾਬਾ ਨਾਨਕ ਅਤੇ 5 ਜੁਲਾਈ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕਲਾਨੌਰ ਵਿਖੇ ਆਯੋਜਿਤ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਡੇਰਾ ਬਾਬਾ ਨਾਨਕ ਅਤੇ ਕਲਾਨੌਰ ਵਿਖੇ ਸੰਪੂਰਨਤਾ ਅਭਿਆਨ ਦਾ ਉਦਘਾਟਨ ਸਵੇਰੇ 10:00 ਵਜੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਵਿਸ਼ੇਸ਼ ਸਾਰੰਗਲ ਕਰਨਗੇ।ਇਸ ਤੋਂ ਬਾਅਦ ਸਕੂਲੀ ਵਿਦਿਆਰਥੀਆਂ ਵੱਲੋਂ ਸੰਪੂਰਨਤਾ ਯਾਤਰਾ ਕੱਢੀ ਜਾਵੇਗੀ।ਇਸ ਦੌਰਾਨ ਵਿਦਿਆਰਥੀਆਂ ਦੇ ਰੰਗੋਲੀ ਅਤੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਜਾਣਗੇ।ਸਿਹਤ ਵਿਭਾਗ ਵੱਲੋਂ ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ਮੁਫ਼ਤ ਹੈਲਥ ਕੈਂਪ ਲਗਾਇਆ ਜਾਵੇਗਾ ਅਤੇ ਬਿਮਾਰੀਆਂ ਤੋਂ ਬਚਣ ਲਈ ਜਾਗਰੂਕਤਾ ਪੈਂਫ਼ਲਿਟ ਵੰਡੇ ਜਾਣਗੇ।ਹੈਲਥੀ ਫੂਡ ਰੈਸਪੀ ਦੀ ਪ੍ਰਦਰਸ਼ਨੀ ਲਗਾਈ ਜਾਵੇਗੀ ਅਤੇ ਡਾਈਟ ਕਾਊਂਸਲਿੰਗ ਕੀਤੀ ਜਾਵੇਗੀ। ਖੇਤੀਬਾੜੀ ਵਿਭਾਗ ਵੱਲੋਂ ਮਿੱਟੀ ਪਰਖ ਦੇ ਸੈਂਪਲ ਲਏ ਜਾਣਗੇ ਅਤੇ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਸੁਧਾਰ ਬਾਰੇ ਦੱਸਿਆ ਜਾਵੇਗਾ।ਸਵੈ ਸਹਾਇਤਾ ਸਮੂਹਾਂ ਵੱਲੋਂ ਤਿਆਰ ਕੀਤੇ ਸਮਾਨ ਦੀਆਂ ਪ੍ਰਦਰਸ਼ਨੀਆਂ ਲਗਾਈਆਂ ਜਾਣਗੀਆਂ ਅਤੇ ਉਨ੍ਹਾਂ ਨੂੰ ਆਮਦਨ ਵਧਾਉਣ ਦੇ ਨੁਕਤਿਆਂ ਬਾਰੇ ਦੱਸਿਆ ਜਾਵੇਗਾ।ਜ਼ਿਕਰਯੋਗ ਹੈ ਕਿ ਐਸਪੀਰੇਸ਼ਨਲ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ ਭਾਰਤ ਸਰਕਾਰ ਦੀ ਇੱਕ ਪਹਿਲਕਦਮੀ ਹੈ, ਜਿਸ ਤਹਿਤ ਵੱਖ-ਵੱਖ ਮਾਪਦੰਡਾਂ ਵਿੱਚ ਪੱਛੜ ਰਹੇ ਜ਼ਿਲ੍ਹਿਆਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਅਤੇ ਆਰਥਿਕ ਵਿਕਾਸ ਕਰਨਾ ਹੈ।

ਨਵਾਂ ਜ਼ਮਾਨਾ
ਵੀਰਵਾਰ, 4 ਜੁਲਾਈ 2024

# ਆਈ ਜੀਤੋ, ਗਈ ਜੀਤੋ

*ਪੰਜਾਬ ਅਸੰਬਲੀ ਦੇ ਜਲੰਧਰ ਪੱਛਮੀ ਹਲਕੇ ਦੀ ਜ਼ਿਮਨੀ ਚੋਣ ਦੇ ਪ੍ਰਚਾਰ ਦੌਰਾਨ ਮੰਗਲਵਾਰ ਜੋ ਘਟਨਾਕ੍ਰਮ ਹੋਇਆ, ਉਸ ਨੇ 'ਆਇਆ ਰਾਮ, ਗਯਾ ਰਾਮ' ਦਾ ਕਿੱਸਾ ਮੁੜ ਚੇਤੇ ਕਰਵਾ ਦਿੱਤਾ। ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਬੀਬੀ ਸੁਰਜੀਤ ਕੌਰ ਦੁਪਹਿਰੇ 'ਆਪ' ਵਿਚ ਸ਼ਾਮਲ ਹੋ ਗਈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਕਾਇਦਾ ਸਿਰੋਪਾ ਪਾ ਕੇ ਉਨ੍ਹਾ ਦਾ ਸਵਾਗਤ ਕੀਤਾ। ਸੂਰਜ ਢਲਦਿਆਂ ਬੀਬੀ ਜੀ ਫਿਰ ਅਕਾਲੀ ਦਲ ਵਿਚ ਵਾਪਸੀ ਕਰ ਗਏ।*

*'ਆਇਆ ਰਾਮ, ਗਯਾ ਰਾਮ' ਕਿੱਸੇ ਦਾ ਜਨਮ 1967 'ਚ ਹੋਇਆ ਸੀ। ਪੰਜਾਬ ਤੋਂ 1966 'ਚ ਅੱਡ ਹੋ ਕੇ ਬਣੇ ਹਰਿਆਣਾ ਰਾਜ ਦੀਆਂ ਪਹਿਲੀਆਂ ਅਸੰਬਲੀ ਚੋਣਾਂ ਹੋਈਆਂ ਤਾਂ ਕਾਂਗਰਸ ਨੇ ਕੁਲ 81 ਸੀਟਾਂ ਵਿੱਚੋਂ 48 ਸੀਟਾਂ ਜਿੱਤੀਆਂ। ਜਨਸੰਘ (ਹੁਣ ਵਾਲੀ ਭਾਜਪਾ) ਨੂੰ 12, ਸਵਤੰਤਰ ਪਾਰਟੀ ਨੂੰ 3 ਤੇ ਰਿਪਬਲੀਕਨ ਪਾਰਟੀ ਨੂੰ 2 ਸੀਟਾਂ ਮਿਲੀਆਂ। ਇਨ੍ਹਾਂ ਤੋਂ ਇਲਾਵਾ 16 ਆਜ਼ਾਦ ਜਿੱਤੇ, ਜੋ ਦੂਜਾ ਸਭ ਤੋਂ ਵੱਡਾ ਗਰੁੱਪ ਸਨ। ਇਨ੍ਹਾਂ ਆਜ਼ਾਦਾਂ ਵਿਚ ਗਯਾ ਲਾਲ ਵੀ ਸਨ, ਜਿਨ੍ਹਾਂ ਪਲਵਲ ਜ਼ਿਲ੍ਹੇ 'ਚ ਪੈਂਦੀ ਹਸਨਪੁਰ ਦੀ ਰਿਜ਼ਰਵ ਸੀਟ ਜਿੱਤੀ। ਕਾਂਗਰਸ ਦੇ ਭਗਵਤ ਦਿਆਲ ਸ਼ਰਮਾ ਨੇ 10 ਮਾਰਚ 1967 ਨੂੰ ਪਹਿਲੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ, ਪਰ ਇਕ ਹਫਤੇ ਦੇ ਅੰਦਰ ਹੀ ਉਨ੍ਹਾ ਦੀ ਸਰਕਾਰ ਡਿਗ ਗਈ। ਕਾਂਗਰਸ ਦੇ 12 ਵਿਧਾਇਕਾਂ ਨੇ ਹਰਿਆਣਾ ਕਾਂਗਰਸ ਦੇ ਨਾਂਅ ਨਾਲ ਨਵਾਂ ਧੜਾ ਬਣਾ ਕੇ ਪਾਰਟੀ ਛੱਡ ਦਿੱਤੀ। ਉਧਰ, ਆਜ਼ਾਦਾਂ ਨੇ ਮਿਲ ਕੇ ਯੂਨਾਈਟਿਡ ਫਰੰਟ ਬਣਾ ਲਿਆ। ਕਾਂਗਰਸ ਦੇ ਬਾਗੀ ਵਿਧਾਇਕਾਂ, ਆਜ਼ਾਦਾਂ ਤੇ ਕੁਝ ਹੋਰਨਾਂ ਨੇ ਮਿਲ ਕੇ ਸੰਯੁਕਤ ਵਿਧਾਇਕ ਦਲ (ਐੱਸ ਵੀ ਡੀ) ਬਣਾ ਲਿਆ। ਇਸ ਦਲ 'ਚ 48 ਵਿਧਾਇਕ ਇਕੱਠੇ ਹੋ ਗਏ। ਇਸ ਦੇ ਬਾਅਦ 24 ਮਾਰਚ 1967 ਨੂੰ ਰਾਓ ਬੀਰੇਂਦਰ ਸਿੰਘ ਨੇ ਸੰਯੁਕਤ ਵਿਧਾਇਕ ਦਲ ਦੇ ਆਗੂ ਵਜੋਂ ਮੁੱਖ ਮੰਤਰੀ ਦੇ ਅਹੁਦੇ ਦੀ ਸਹੁੰ ਚੁੱਕੀ। ਵਿਸ਼ਾਲ ਹਰਿਆਣਾ ਪਾਰਟੀ ਦੇ ਰਾਓ ਬੀਰੇਂਦਰ ਸਿੰਘ ਚੋਣਾਂ ਵਿਚ ਕਾਂਗਰਸ ਦੀ ਟਿਕਟ 'ਤੇ ਪਟੌਦੀ ਹਲਕੇ ਤੋਂ ਜਿੱਤੇ ਸਨ। ਕਾਂਗਰਸ ਵਿਚ ਭਗਵਤ ਦਿਆਲ ਸ਼ਰਮਾ ਤੇ ਦੇਵੀ ਲਾਲ ਦੇ ਮੁਕਾਬਲੇ ਰਾਓ ਬੀਰੇਂਦਰ ਸਿੰਘ ਦੀ ਸਥਿਤੀ ਕਮਜ਼ੋਰ ਸੀ। ਸਿਆਸੀ ਉਥਲ-ਪੁਥਲ ਦੌਰਾਨ ਸਭ ਤੋਂ ਵੱਧ ਸੁਰਖੀਆਂ ਵਿਚ ਗਯਾ ਲਾਲ ਰਹੇ। ਮਹਿਜ਼ 9 ਘੰਟਿਆਂ ਵਿਚ ਉਨ੍ਹਾ ਕਾਂਗਰਸ ਦਾ ਪੱਲਾ ਫੜਿਆ ਵੀ ਤੇ ਛੱਡਿਆ ਵੀ। ਇਸ ਦੇ ਬਾਅਦ ਦੋ ਹਫਤਿਆਂ ਦੇ ਅੰਦਰ ਉਹ ਯੂਨਾਈਟਿਡ ਫਰੰਟ ਵਿਚ ਸ਼ਾਮਲ ਹੋ ਗਏ। ਭਗਵਤ ਦਿਆਲ ਸ਼ਰਮਾ ਤੋਂ ਮੁੱਖ ਮੰਤਰੀ ਦਾ ਅਹੁਦਾ ਖੋਹਣ ਵਾਲੇ ਰਾਓ ਬੀਰੇਂਦਰ ਸਿੰਘ ਨੇ ਚੰਡੀਗੜ੍ਹ ਵਿਚ ਪ੍ਰੈੱਸ ਕਾਨਫਰੰਸ ਲਾ ਕੇ ਗਯਾ ਲਾਲ ਨੂੰ ਪੇਸ਼ ਕੀਤਾ। ਉਨ੍ਹਾ ਗਯਾ ਲਾਲ ਦਾ ਤੁਆਰਫ ਕਰਾਉਂਦਿਆਂ ਕਿਹਾ—ਗਯਾ ਰਾਮ ਅਬ ਆਯਾ ਰਾਮ ਹੈ। ਹਾਲਾਂਕਿ ਰਾਓ ਬੀਰੇਂਦਰ ਸਿੰਘ ਵੀ ਬਹੁਤਾ ਚਿਰ ਮੁੱਖ ਮੰਤਰੀ ਨਹੀਂ ਰਹੇ ਤੇ 9 ਮਹੀਨੇ ਬਾਅਦ 2 ਨਵੰਬਰ 1967 ਨੂੰ ਭਾਰੀ ਉਥਲ-ਪੁਥਲ ਦਰਮਿਆਨ ਅਸੰਬਲੀ ਭੰਗ ਹੋ ਗਈ ਤੇ ਰਾਸ਼ਟਰਪਤੀ ਰਾਜ ਲੱਗ ਗਿਆ। ਤਾਂ ਵੀ, ਗਯਾ ਲਾਲ ਨੇ ਦਲਬਦਲੀ ਤੋਂ ਤੌਬਾ ਨਹੀਂ ਕੀਤੀ। ਯੂਨਾਈਟਿਡ ਫਰੰਟ ਛੱਡ ਕੇ 1972 ਵਿਚ ਉਹ ਇੰਦਰਵੇਸ਼, ਅਗਨੀਵੇਸ਼ ਤੇ ਆਦਿਤਿਆਵੇਸ਼ ਦੀ ਅਗਵਾਈ ਵਾਲੀ ਆਰੀਆ ਸਭਾ ਨਾਲ ਰਲ ਗਏ। ਦੋ ਸਾਲ ਬਾਅਦ ਚੌਧਰੀ ਚਰਨ ਸਿੰਘ ਦੀ ਅਗਵਾਈ ਵਾਲੇ ਭਾਰਤੀ ਲੋਕ ਦਲ ਵਿਚ ਸ਼ਾਮਲ ਹੋ ਗਏ। ਚੌਧਰੀ ਚਰਨ ਸਿੰਘ ਨੇ ਹੋਰਨਾਂ ਨਾਲ ਮਿਲ ਕੇ ਜਦੋਂ ਜਨਤਾ ਪਾਰਟੀ ਬਣਾਈ ਤਾਂ 1977 ਵਿਚ ਗਯਾ ਲਾਲ ਨੇ ਜਨਤਾ ਪਾਰਟੀ ਦੀ ਟਿਕਟ 'ਤੇ ਚੋਣ ਲੜੀ। ਆਖਰੀ ਚੋਣ ਉਨ੍ਹਾ 1982 ਵਿਚ ਆਜ਼ਾਦ ਉਮੀਦਵਾਰ ਵਜੋਂ ਲੜੀ।*

*ਬੀਬੀ ਸੁਰਜੀਤ ਕੌਰ ਦੇ ਮਾਮਲੇ ਵਿਚ ਸਾਬਕਾ ਅਕਾਲੀ ਵਿਧਾਇਕ ਗੁਰਪ੍ਰਤਾਪ ਸਿੰਘ ਵਡਾਲਾ ਨੇ ਕਿਹਾ ਕਿ ਬੀਬੀ ਸੁਰਜੀਤ ਕੌਰ ਦਾ ਬੀ ਪੀ ਵਧਿਆ ਹੋਇਆ ਸੀ, ਜਦੋਂ ਉਨ੍ਹਾ ਨੂੰ ਆਮ ਆਦਮੀ ਪਾਰਟੀ ਵਿਚ ਸ਼ਾਮਲ ਕਰਵਾਇਆ ਗਿਆ। ਜਦੋਂ ਬੀ ਪੀ ਨਾਰਮਲ ਹੋਇਆ ਤਾਂ ਉਨ੍ਹਾ ਸ਼੍ਰੋਮਣੀ ਅਕਾਲੀ ਦਲ ਵਿਚ ਵਾਪਸੀ ਕਰ ਲਈ। ਵਡਾਲਾ ਹੁਰਾਂ ਦੇ ਇਸ ਤਰਕ ਤੋਂ ਬਾਅਦ ਤਾਂ ਪਾਰਟੀਆਂ ਨੂੰ ਉਮੀਦਵਾਰ ਖੜ੍ਹਾ ਕਰਨ ਤੋਂ ਪਹਿਲਾਂ ਉਸ ਦੀ ਚੰਗੀ ਤਰ੍ਹਾਂ ਡਾਕਟਰੀ ਜਾਂਚ ਕਰਾਉਣੀ ਪਿਆ ਕਰੇਗੀ, ਤਾਂ ਕਿ ਬੀਬੀ ਸੁਰਜੀਤ ਕੌਰ ਵਾਲਾ ਕਿੱਸਾ ਨਾ ਦੁਹਰਾਇਆ ਜਾਵੇ।*

*ਦਲਬਦਲੀ ਨੂੰ ਰੋਕਣ ਲਈ ਰਾਜੀਵ ਗਾਂਧੀ ਦੇ ਦੌਰ ਵਿਚ ਬਣਿਆ ਦਲਬਦਲੀ ਰੋਕੂ ਬਿੱਲ ਵੀ ਇਸ ਬਿਮਾਰੀ ਨੂੰ ਰੋਕਣ ਵਿਚ ਸਫਲ ਨਹੀਂ ਹੋਇਆ, ਸਗੋਂ ਬਿਮਾਰੀ ਨਾਸੂਰ ਦਾ ਰੂਪ ਲੈ ਚੁੱਕੀ ਹੈ। ਮੋਦੀ ਰਾਜ ਦੌਰਾਨ ਤਾਂ ਦਲਬਦਲੀ ਇੱਕ-ਦੋ ਵਿਧਾਇਕਾਂ ਦੀ ਥਾਂ ਥੋਕ ਵਿਚ ਹੋਣ ਲੱਗ ਗਈ ਹੈ। ਜਦੋਂ ਤੱਕ ਕਾਨੂੰਨ ਨੂੰ ਸਮੇਂ ਦਾ ਹਾਣੀ ਨਹੀਂ ਬਣਾਇਆ ਜਾਂਦਾ, 'ਆਯਾ ਰਾਮ ਗਯਾ ਰਾਮ' ਦਾ ਜ਼ਿਕਰ ਹੁੰਦਾ ਹੀ ਰਹਿਣਾ ਹੈ। ਅਸਲ ਵਿਚ ਇਸ ਬਿਮਾਰੀ ਦਾ ਹੱਲ ਵੋਟਰ ਹੀ ਕਰ ਸਕਦੇ ਹਨ। ਜਲੰਧਰ ਪੱਛਮੀ ਹਲਕੇ ਵਿਚ ਉਨ੍ਹਾਂ ਸਾਹਮਣੇ ਜਿਹੜੇ ਪ੍ਰਮੁੱਖ ਉਮੀਦਵਾਰ ਹਨ, ਉਨ੍ਹਾਂ ਵਿਚ ਇਕ ਭਾਜਪਾ ਦੇ ਸ਼ੀਤਲ ਅੰਗੂਰਾਲ ਭਾਜਪਾ ਤੋਂ ਆਮ ਆਦਮੀ ਪਾਰਟੀ ਵਿਚ ਆ ਕੇ ਵਿਧਾਇਕ ਬਣੇ ਸਨ, ਪਰ ਲੋਕ ਸਭਾ ਚੋਣਾਂ ਮੌਕੇ ਭਾਜਪਾ ਵਿਚ ਵਾਪਸੀ ਕਰਨ ਵੇਲੇ ਅਸੰਬਲੀ ਦੀ ਮੈਂਬਰੀ ਤੋਂ ਅਸਤੀਫਾ ਦੇ ਗਏ, ਜਿਸ ਕਰਕੇ ਇਹ ਚੋਣ ਕਰਾਉਣੀ ਪੈ ਰਹੀ ਹੈ। 10 ਜੁਲਾਈ ਨੂੰ ਵੋਟਾਂ ਵਾਲੇ ਦਿਨ ਵੋਟਰਾਂ ਦੀ ਪਰਖ ਹੋਵੇਗੀ ਕਿ ਉਹ 'ਆਯਾ ਰਾਮ ਗਯਾ ਰਾਮ' ਦੇ ਕਿੱਸੇ ਨੂੰ ਕਿਵੇਂ ਲੈਂਦੇ ਹਨ।*

# ਮੋਹਨ ਭਾਗਵਤ ਦਾ ਆਰ ਐੱਸ ਐੱਸ ਨੂੰ ਬਚਾਉਣ ਦਾ ਅਸਫਲ ਯਤਨ

2024 ਦੀਆਂ ਲੋਕ ਸਭਾ ਦੇ ਚੋਣ ਨਤੀਜਿਆਂ ਤੋਂ ਫੌਰਨ ਬਾਅਦ ਬੁਖਲਾਏ ਅਤੇ ਹੈਤਾਸ਼ ਹੋਏ ਆਰ ਐੱਸ ਐੱਸ ਮੁਖੀ ਮੋਹਨ ਭਾਗਵਤ ਨੂੰ ਆਪਣੀਆਂ ਦੰਭੀ ਅਤੇ ਸ਼ੈਤਾਨੀ ਨੀਤੀਆਂ ਅਨੁਸਾਰ ਮਾੜੇ ਚੋਣ ਨਤੀਜਿਆਂ ਤੋਂ ਆਰ ਐੱਸ ਐੱਸ ਨੂੰ ਬਰੀ ਕਰਦਿਆਂ ਸਾਰਾ ਭਾਂਡਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਭਾਜਪਾ ਸਿਰ ਮੜ੍ਹ ਦਿੱਤਾ। ਉਸ ਨੇ 10 ਜੂਨ 2024 ਨੂੰ ਨਾਗਪੁਰ ਵਿਖੇ ਸੰਸਦੀ ਚੋਣਾਂ ਉਪਰੰਤ ਆਪਣੀਆਂ ਪਹਿਲੀਆਂ ਟਿੱਪਣੀਆਂ ਵਿਚ ਹੀ ਭਾਰਤੀ ਜਨਤਾ ਪਾਰਟੀ ਅਤੇ ਪ੍ਰਧਾਨ ਮੰਤਰੀ ਨੂੰ ਉਪਦੇਸ਼ ਦੇਣਾ ਆਰੰਭ ਕਰ ਦਿੱਤਾ, ਜਿਸ ਵਿਚ ਉਸ ਨੇ ਕਿਹਾ ਕਿ ਨੇਤਾਵਾਂ ਨੂੰ "ਨਿਮਰਤਾ ਪੂਰਵਕ, ਹਉਮੈ ਰਹਿਤ, ਦਰਿਆਦਿਲੀ ਅਤੇ ਆਮ ਸਹਿਮਤੀ" ਵਾਲਾ ਰਾਹ ਅਪਨਾਉਣ ਦੀ ਅਵੱਸ਼ਕਤਾ ਹੈ। ਹੰਕਾਰ ਨਾਲ ਭਰੇ ਨੇਤਾ, ਪਾਰਲੀਮੈਂਟ ਮੈਂਬਰ ਅਤੇ ਐੱਮ ਐੱਲ ਏ ਸੱਤਾ ਦੇ ਨਸ਼ੇ ਵਿਚ ਚੂਰ ਪਾਰਟੀ ਵਰਕਰਾਂ ਦੀ ਪਹੁੰਚ ਤੋਂ ਦੂਰ ਹੋ ਗਏ।"

ਮੋਹਨ ਭਾਗਵਤ ਦੀ ਤਰਜ਼ 'ਤੇ ਅਗਲੇ ਦਿਨਾਂ ਵਿਚ ਅਨੇਕਾਂ ਆਰ ਐੱਸ ਐੱਸ ਪ੍ਰਚਾਰਕਾਂ ਨੇ ਵੀ ਉਹੋ ਹੀ ਰਟ ਲਾਉਣੀ ਸ਼ੁਰੂ ਕਰ ਦਿੱਤੀ। ਜੈਪੁਰ ਵਿਖੇ 13 ਜੂਨ 2024, ਦਿਨ ਵੀਰਵਾਰ ਨੂੰ ਆਰ ਐੱਸ ਐੱਸ ਦੇ ਦੂਜੇ ਨੇਤਾ ਇੰਦਰੇਸ਼ ਕੁਮਾਰ ਨੇ ਵੀ ਭਾਜਪਾ ਆਗੂਆਂ 'ਤੇ ਹੰਕਾਰ ਦਾ ਦੋਸ਼ ਮੜ੍ਹਦਿਆਂ ਹੋਇਆਂ ਕਿਹਾ ਕਿ ਏਸੇ ਕਰਕੇ ਹੀ ਭਾਜਪਾ ਬਹੁਗਿਣਤੀ ਨਹੀਂ ਲਿਜਾ ਸਕੀ। ਇੰਦਰੇਸ਼ ਕੁਮਾਰ ਨੇ "ਹਿੰਦੂਤਵ" ਦਾ ਪਾਠ ਪੜ੍ਹਾਉਂਦਿਆਂ ਰਾਮ ਭਗਵਾਨ ਨੂੰ ਸਾਹਮਣੇ ਰੱਖਦਿਆਂ ਹੋਇਆਂ ਆਰ ਐੱਸ ਐੱਸ ਦੇ ਦ੍ਰਿਸ਼ਟੀਕੋਣ ਅਨੁਸਾਰ ਕਿਹਾ "2024 ਵਿਚਲੇ ਪਰਜਾਤੰਤਰ ਦੇ ਉਤਸਵ ਵਿਚ ਭਗਵਾਨ ਰਾਮ ਦੀ ਲੀਲ੍ਹਾ ਵੇਖੋ। ਜਿਹੜੇ ਭਗਵਾਨ ਰਾਮ ਦੀ ਪੂਜਾ ਕਰਦੇ ਸਨ, ਪਰ ਹੰਕਾਰ ਨਾਲ ਗ੍ਰੱਸੇ ਗਏ, ਉਹਨਾਂ ਦੀ ਪਾਰਟੀ ਇਕੱਲੀ ਸਭ ਤੋਂ ਵੱਡੀ ਪਾਰਟੀ ਤਾਂ ਬਣ ਗਈ, ਪਰ ਪੂਰਨ ਬਹੁਮਤ ਤੋਂ ਵਾਂਝੀ ਰਹਿ ਗਈ। ਉਹ ਸਾਰੀਆਂ ਪਾਰਟੀਆਂ ਜਿਹਨਾਂ ਨੇ ਭਗਵਾਨ ਰਾਮ ਦੀ ਵਿਰੋਧਤਾ ਕੀਤੀ, ਮਿਲ ਕੇ ਵੀ ਸਿਰਫ 234 ਸੀਟਾਂ ਹੀ ਲਿਜਾ ਸਕੀਆਂ।" ਬੜੀ ਬੇਸ਼ਰਮੀ ਨਾਲ ਆਰ ਐੱਸ ਐੱਸ ਦਾ ਬਚਾਓ ਕਰਦਿਆਂ ਇੰਦਰੇਸ਼ ਕੁਮਾਰ ਉਮੀਦਵਾਰ ਲੱਲੂ ਸਿੰਘ ਬਾਰੇ ਆਖਿਆ ਕਿ "ਲੱਲੂ ਸਿੰਘ ਦੀ ਰਾਮ ਮੰਦਰ ਦੀ ਭੂਮੀ ਤੋਂ ਹਾਰ ਇਸ ਕਰਕੇ ਹੋਈ, ਕਿਉਂਕਿ ਉਸ ਨੇ ਲੋਕਾਂ 'ਤੇ ਅੱਤਿਆਚਾਰ ਬਹੁਤ ਕੀਤੇ ਸਨ।" ਜਦੋਂ ਕਿ ਅਸਲੀਅਤ ਇਹ ਹੈ ਕਿ ਆਰ ਐੱਸ ਐੱਸ, ਭਾਜਪਾ ਅਤੇ ਦੂਜੇ ਕੱਟੜ ਫਿਰਕੂ ਸੰਗਠਨਾਂ ਨੇ ਪੂਰੇ ਜ਼ੋਰ ਨਾਲ ਲੱਲੂ ਸਿੰਘ ਦੀ ਸਹਾਇਤਾ ਕੀਤੀ ਸੀ। ਉਹਨਾਂ ਨੂੰ ਪਤਾ ਸੀ ਕਿ ਸ੍ਰੀ ਰਾਮ ਦੀ ਅਯੋਧਿਆ ਵਿੱਚੋਂ ਭਾਜਪਾ ਦਾ ਹਾਰਨਾ ਖਾਸ ਮਹੱਤਵ ਰੱਖਦਾ ਹੈ।

ਹਾਰ ਦਾ ਦੂਜਾ ਕਾਰਨ ਆਰ ਐੱਸ ਐੱਸ ਨੇ ਇਹ ਕੱਢਿਆ ਕਿ ਭਾਜਪਾ ਨੇ ਆਪਣੀ ਆਰ ਐੱਸ ਐੱਸ ਵੱਲੋਂ ਪਰੋਸੀ ਗਈ "ਹਿੰਦੂ ਵਿਚਾਰਧਾਰਾ" ਨੂੰ ਧਿਆਨ ਵਿਚ ਨਾ ਰੱਖਿਆ, ਸਗੋਂ ਦੂਜੀਆਂ ਪਾਰਟੀਆਂ ਵਿੱਚੋਂ ਉਨ੍ਹਾਂ ਦੀ ਵਿਚਾਰਧਾਰਾ ਵਿਰੋਧੀ ਲੋਕਾਂ ਨੂੰ ਟਿਕਟਾਂ ਨਾਲ ਨਿਵਾਜਿਆ ਗਿਆ। ਆਰ ਐੱਸ ਐੱਸ ਦੀ ਪੂਰੀ ਤਰ੍ਹਾਂ ਵਰਤੋਂ ਨਾ ਹੋ ਸਕਣ ਕਾਰਨ ਭਾਜਪਾ ਨੂੰ ਵਿਰੋਧੀ ਪਾਰਟੀਆਂ ਦਾ ਮੁਕਾਬਲਾ ਔਖਾ ਹੋ ਗਿਆ ਸੀ। ਭਾਜਪਾ ਦਾ 400 ਤੋਂ ਪਾਰ ਦਾ ਨਾਅਰਾ ਹੇਠਾਂ ਲੋਕਾਂ ਤੱਕ ਵਿਰੋਧੀਆਂ ਵੱਲੋਂ ਲਿਜਾਇਆ ਗਿਆ ਕਿ ਇਹ ਸੰਵਿਧਾਨ ਨੂੰ ਬਦਲਣਾ ਚਾਹੁੰਦੇ ਹਨ। ਵਿਚਾਰਕਾਂ ਨੇ ਕਿਹਾ ਕਿ ਇਹ ਇਕੱਲਾ ਹੀ ਮੁੱਖ ਕਾਰਨ ਸੀ, ਜਿਸ ਕਰਕੇ ਦਲਿਤ ਵੋਟਾਂ ਭਾਜਪਾ ਤੋਂ ਦੂਰ ਹੋ ਗਈਆਂ।'



ਬੰਤ ਸਿੰਘ ਬਰਾੜ

ਆਰ ਐੱਸ ਐੱਸ ਮੁਖੀ ਭਾਗਵਤ ਨੇ ਭਾਜਪਾ ਨੇਤਾਵਾਂ ਨੂੰ ਇਹ ਉਪਦੇਸ਼ ਵੀ ਦੇ ਮਾਰਿਆ ਕਿ ਉਹਨਾਂ ਨੂੰ ਮਨੀਪੁਰ ਵੱਲ ਵਿਸ਼ੇਸ਼ ਧਿਆਨ ਕੇਂਦਰਿਤ ਕਰਨਾ ਹੋਵੇਗਾ। ਸੰਘੀ ਨੇਤਾ ਨੇ ਅੱਗੇ ਆਖਿਆ ਕਿ ਭਾਜਪਾ ਨੂੰ ਵਿਰੋਧੀ ਧਿਰ ਨਾਲ ਸਲਾਹ-ਮਸ਼ਵਰਾ ਕਰਕੇ ਚੱਲਣਾ ਚਾਹੀਦਾ ਹੈ, ਕਿਉਂਕਿ ਪਰਜਾਤੰਤਰ ਵਿਚ ਸੱਤਾਧਾਰੀ ਅਤੇ ਵਿਰੋਧੀ ਧਿਰ ਇਕੋ ਸਿੱਕੇ ਦੇ ਦੋ ਪਹਿਲੂ ਹੁੰਦੇ ਹਨ। ਸੰਘੀ ਨੇਤਾਵਾਂ ਨੂੰ ਭਰਮ ਹੈ ਕਿ ਲੋਕ ਉਹਨਾਂ ਦੀ ਹਰ ਸ਼ਤਰੰਗੀ ਚਾਲ ਦਾ ਸ਼ਿਕਾਰ ਹੋ ਜਾਣਗੇ। ਅਸਲ ਵਿਚ ਨਾਗਪੁਰ ਵਾਲੀ ਸੰਘੀ ਪ੍ਰਯੋਗਸ਼ਾਲਾ ਵਿਚ ਘੜੇ ਗਏ ਨੈਗੇਟਿਵ "ਭਾਜਪਾ 370 ਤੇ ਐੱਨ ਡੀ ਏ 400 ਤੋਂ ਪਾਰ" ਨੂੰ ਭਾਰਤੀ ਲੋਕਾਂ ਨੇ ਬੁਰੀ ਤਰ੍ਹਾਂ ਰੱਦ ਕਰ ਦਿੱਤਾ ਤਾਂ ਆਰ ਐੱਸ ਐੱਸ ਨੇ ਕੱਛੂਕੁੰਮੇ ਵਾਂਗ ਆਪਣੀ ਸਿਰੀ ਅੰਦਰ ਛੁਪਾ ਕੇ ਰੱਖਣ ਨੂੰ ਠੀਕ ਸਮਝਿਆ। ਆਪਣੀ ਡਿੱਗਦੀ ਸ਼ਾਖ ਨੂੰ ਠੁੰਮਣਾ ਦੇਣ ਲਈ ਆਗੂਆਂ ਨੇ ਆਰ ਐੱਸ ਐੱਸ ਨੂੰ ਭਾਜਪਾ ਤੋਂ ਵੱਖਰਾ ਹੋਣ ਦਾ ਢਕੌਂਸਲਾ ਘੜ ਲਿਆ ਤੇ ਲੋਕਾਂ ਵਿਚ ਭੁਲੇਖਾ ਪਾਉਣ ਲਈ ਜ਼ੋਰਦਾਰ ਪ੍ਰਚਾਰ ਅਰੰਭ ਦਿੱਤਾ ਕਿ ਭਾਜਪਾ ਆਗੂਆਂ ਨੇ ਆਰ ਐੱਸ ਐੱਸ ਨੂੰ ਅੱਖੋਂ-ਪਰੋਖੇ ਕਰਕੇ ਚੋਣਾਂ ਜਿੱਤਣ ਦਾ ਅਸਫਲ ਯਤਨ ਕੀਤਾ।

ਦੇਸ਼ ਦੇ ਇਤਿਹਾਸ ਵਿਚ ਜਦੋਂ ਵੀ ਸੰਘ ਦੇ ਫਿਰਕੂ, ਆਜ਼ਾਦੀ ਵਿਰੋਧੀ ਸਰਗਰਮੀ ਤੇ ਹਿੰਸਾਤਮਕ ਕਾਰਨਾਮਿਆਂ ਦਾ ਪਰਦਾ ਫਾਸ਼ ਹਾਣ ਲੱਗਦਾ ਹੈ ਤਾਂ ਇਹ ਬੜੀ ਚਤੁਰਾਈ ਨਾਲ ਆਪਣੇ-ਆਪ ਨੂੰ "ਗੈਰ-ਸਿਆਸੀ ਸੱਭਿਆਚਾਰਕ" ਸੰਸਥਾ ਹੋਣ ਦਾ ਪਾਠ ਪੜ੍ਹਾਉਣਾ ਸ਼ੁਰੂ ਕਰ ਦਿੰਦੇ ਹਨ। ਅਸਲ ਵਿਚ ਅੰਗਰੇਜ਼ ਸਾਮਰਾਜੀਆਂ ਵੱਲੋਂ ਪਾਲੀਆਂ ਗਈਆਂ ਸੰਸਥਾਵਾਂ ਆਰ ਐੱਸ ਐੱਸ ਅਤੇ ਜਮਾਤੇ ਇਸਲਾਮੀ ਨੇ "ਪਾੜੋ ਅਤੇ ਰਾਜ ਕਰੋ" ਦੇ ਨਾਅਰੇ ਨੂੰ ਅਮਲੀ ਰੂਪ ਦੇ ਕੇ ਆਜ਼ਾਦੀ ਦੀ ਜੰਗ ਨੂੰ ਕਮਜ਼ੋਰ ਕਰਨ ਦਾ ਯਤਨ ਕੀਤਾ ਸੀ। ਸੰਘ ਦੇ ਮੁਖੀਆਂ ਕੇਸ਼ਵ ਬਾਲੀ ਰਾਮ, ਹੈਡਗੇਵਰ, ਮਾਧਵ ਸਦਾਸ਼ਿਵ ਰਾਓ, ਗੋਲਵਾਲਕਰ, ਦੱਤਾਰਾਇਆ ਦਿਓਰਸ, ਵੀ ਡੀ ਸਵਰਕਰ ਆਦਿ ਸਾਰੇ ਨੇਤਾਵਾਂ ਨੇ ਆਜ਼ਾਦੀ ਅੰਦੋਲਨ ਦਾ ਜ਼ੋਰਦਾਰ ਵਿਰੋਧ ਕੀਤਾ। ਇਹਨਾਂ ਨੇਤਾਵਾਂ ਨੇ ਹੀ ਦੋ ਕੌਮਾਂ ਦਾ ਸਿਧਾਂਤ ਪੇਸ਼ ਕੀਤਾ ਸੀ। ਭਗਤ ਸਿੰਘ, ਚੰਦਰ ਸ਼ੇਖਰ ਆਜ਼ਾਦ ਵੱਲੋਂ ਸਥਾਪਤ ਕੀਤੀ ਸੰਸਥਾ ਹਿੰਦੋਸਤਾਨ ਸੋਸ਼ਲਿਸਟ ਰੀਪਬਲਿਕ ਆਰਮੀ ਦੀ ਅਗਵਾਈ ਵਿਚ ਲੜੇ ਜਾ ਰਹੇ ਅੰਦੋਲਨ ਅਤੇ ਕੀਤੀਆਂ ਕੁਰਬਾਨੀਆਂ ਦਾ ਜ਼ੋਰਦਾਰ ਵਿਰੋਧ ਕੀਤਾ ਤੇ ਕਿਹਾ ਕਿ "ਇਹ ਕ੍ਰਾਂਤੀਕਾਰੀ ਨੌਜਵਾਨ ਭਾਰਤ ਦੇ ਨੌਜਵਾਨਾਂ ਨੂੰ ਗੁੰਮਰਾਹ ਕਰਕੇ ਅੰਗਰੇਜ਼ਾਂ ਵਿਰੁੱਧ ਭੜਕਾਅ ਰਹੇ ਹਨ, ਜਦੋਂਕਿ ਸਾਡੀ ਲੜਾਈ ਤਾਂ ਮੁਸਲਮਾਨਾਂ ਖਿਲਾਫ ਹੈ।" ਜਦੋਂ ਉਹਨਾਂ ਨੂੰ ਆਜ਼ਾਦੀ ਦੀ ਜੰਗ ਵਿਚ ਹਿੱਸਾ ਨਾ ਲੈਣ ਬਾਰੇ ਕਿਹਾ ਜਾਂਦਾ ਤਾਂ ਉਹ ਝੱਟ ਕਹਿ ਦਿੰਦੇ, ਸਾਡੀ ਆਰ ਐੱਸ ਐੱਸ ਤਾਂ ਇਕ ਸੱਭਿਆਚਾਰਕ ਸੰਸਥਾ ਹੈ, ਜਿਹੜੀ ਭਾਰਤੀ ਸੰਸਕ੍ਰਿਤੀ ਨਾਲ ਸੰਬੰਧਤ ਹੈ। ਸਾਡਾ ਕਿਸੇ ਰਾਜਸੀ ਪਾਰਟੀ ਨਾਲ ਕੋਈ ਸੰਬੰਧ ਨਹੀਂ ਹੈ। ਹੁਣ ਵੀ ਇਹਨਾਂ ਦਾ ਸਟੈਂਡ ਇਹੀ ਹੈ ਕਿ ਰਾਜਸੀ ਪਾਰਟੀਆਂ ਨਾਲ ਉਹਨਾਂ ਦਾ ਕੋਈ ਸੰਬੰਧ ਨਹੀਂ ਹੈ, ਪਰ ਹਕੀਕਤ ਕਿਸੇ ਤੋਂ ਛੁਪੀ ਨਹੀਂ ਕਿ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਸਿਰਫ ਆਰ ਐੱਸ ਐੱਸ ਹੀ ਕਰ ਰਹੀ ਹੈ। 2024 ਵਿਚ ਜਦੋਂ ਭਾਜਪਾ ਦੀ ਅਗਵਾਈ ਵਿਚ ਐੱਨ ਡੀ ਏ ਦੀ ਸਰਕਾਰ ਬਣੀ ਤਾਂ ਆਰ ਐੱਸ ਐੱਸ, ਹਿੰਦੂ ਮਹਾਂਸਭਾ ਅਤੇ ਹੋਰ ਕੱਟੜ ਹਿੰਦੂ ਸੰਗਠਨਾਂ ਨੇ ਦੁਨੀਆ ਭਰ ਵਿਚ ਤਰਥੱਲੀ ਮਚਾ ਦਿੱਤੀ, ਲੱਡੂ ਵੰਡੇ, ਜਲੂਸ ਕੱਢੇ ਅਤੇ ਕਿਹਾ ਕਿ 600 ਸਾਲਾਂ ਬਾਅਦ ਭਾਰਤ ਵਿਚ ਹਿੰਦੂਆਂ ਦਾ ਰਾਜ ਸਥਾਪਿਤ ਹੋ ਗਿਆ ਹੈ। ਕਰਦੇ-ਕਰਾਉਂਦੇ ਸਭ ਆਪ ਹੀ ਹਨ, ਪਰ ਜਦੋਂ ਨਤੀਜੇ ਮਾੜੇ ਨਿਕਲਦੇ ਜਾਂ ਬਦਨਾਮੀ ਹੋਣ ਲਗਦੀ ਹੈ ਤਾਂ ਆਰ ਐੱਸ ਐੱਸ ਨੂੰ ਬਚਾਉਣ ਖਾਤਰ ਇਹ ਗੌਡਸੇਵਾਦੀ-ਹਿਟਲਰਵਾਦੀ ਆਗੂ ਸਾਰਾ ਦੋਸ਼ ਕਿਸੇ ਆਪਣੀ ਭਾਜਪਾ ਜਾਂ ਕਿਸੇ ਹੋਰ ਸੰਸਥਾ ਸਿਰ ਮੜ੍ਹ ਕੇ ਪੇਸ਼ ਕਰਦੇ ਹਨ ਕਿ ਆਰ ਐੱਸ ਐੱਸ ਹਮੇਸ਼ਾ ਹੀ ਠੀਕ ਰਹੀ ਹੈ ਅਤੇ ਠੀਕ ਰਹੇਗੀ। ਜਦੋਂ ਭਾਜਪਾ ਦੀ ਪਿਛਲੀ ਦਸ ਸਾਲਾਂ ਦੀ ਸਰਕਾਰ ਹੇਠਾਂ ਘੱਟ-ਗਿਣਤੀਆਂ, ਮੁਸਲਮਾਨਾਂ, ਈਸਾਈਆਂ ਅਤੇ ਦਲਿਤਾਂ ਵਿਰੁੱਧ ਅਣਗਿਣਤ ਅੱਤਿਆਚਾਰ ਹੋਏ ਜਿਨ੍ਹਾਂ ਸਾਰੀਆਂ ਕਾਰਵਾਈਆਂ ਵਿਚ ਕੱਟੜਪੰਥੀ ਹਿੰਦੂ ਸੰਗਠਨਾਂ ਦਾ ਹੱਥ ਇਹਨਾਂ ਦੀ ਰਹਿਨੁਮਾਈ ਵਿਚ ਹੀ ਹੁੰਦਾ ਸੀ ਤੇ ਇਹ ਹਮੇਸ਼ਾ ਸਰਕਾਰ ਨਾਲ ਖੜ੍ਹੇ ਦਿਸੇ। ਕਠੂਆ ਵਿਚ ਗੁੱਜਰ ਲੜਕੀ ਦਾ ਸਮੂਹਕ ਬਲਾਤਕਾਰ ਮੰਦਰ ਵਿਚ ਹੁੰਦਾ ਹੈ ਤੇ ਬੇਰਹਿਮੀ ਨਾਲ ਉਸ ਦਾ ਕਤਲ ਕੀਤਾ ਜਾਂਦਾ ਹੈ ਤਾਂ ਆਰ ਐੱਸ ਐੱਸ ਪ੍ਰਭਾਵਿਤ ਵਕੀਲਾਂ ਨੇ ਕਾਤਲਾਂ ਦੇ ਹੱਕ ਵਿਚ ਜ਼ੋਰਦਾਰ ਪ੍ਰਦਰਸ਼ਨ ਕੀਤੇ। ਮੋਹਨ ਭਾਗਵਤ ਨੇ ਇਕ ਸ਼ਬਦ ਵੀ ਨਹੀਂ ਬੋਲਿਆ। ਯੂ.ਪੀ. ਵਿਚ ਭਾਜਪਾ ਦੀ ਸਰਕਾਰ ਵੱਲੋਂ "ਲਵ-ਜਿਹਾਦ", "ਗਊ ਰਕਸ਼ਾ", "ਬੁਲਡੋਜ਼ਰ" ਅਤੇ "ਘਰ ਵਾਪਸੀ" ਆਦਿ ਨਾਅਰਿਆਂ ਹੇਠਾਂ ਹਰ ਰੋਜ਼ ਅੱਤਿਆਚਾਰ ਕੀਤੇ, ਖ਼ੂਨ ਦੀਆਂ ਹੋਲੀਆਂ ਖੇਡੀਆਂ ਅਤੇ ਦਲਿਤ ਬੱਚੀਆਂ ਦੀਆਂ ਇੱਜ਼ਤਾਂ ਲੁੱਟ ਕੇ ਕਤਲ ਕੀਤੇ ਗਏ, ਇਹ ਇਕ ਸ਼ਬਦ ਵੀ ਨਹੀਂ ਬੋਲੇ।

ਇਨ੍ਹਾਂ ਦੀ ਅਗਵਾਈ ਵਿਚ ਹੀ "ਰਿਜ਼ਰਵੇਸ਼ਨ ਖਤਮ" ਕਰਨ, ਸੰਵਿਧਾਨ ਬਦਲਣ ਅਤੇ ਮਨੂੰਵਾਦ ਨੂੰ ਸੰਵਿਧਾਨਕ ਦਰਜਾ ਦੇਣ ਅਤੇ "ਹਿੰਦੂ ਰਾਸ਼ਟਰ" ਸਥਾਪਤ ਕਰਨ ਦੇ ਨਾਅਰੇ ਦਿੱਤੇ ਗਏ। ਸੰਸਾਰ ਪ੍ਰਸਿੱਧ ਕਿਸਾਨ ਅੰਦੋਲਨ ਨੂੰ ਕੁਚਲਣ ਲਈ ਸਰਕਾਰ ਨੂੰ ਉਤਸ਼ਾਹਤ ਕੀਤਾ। ਜਦੋਂ ਮਨੀਪੁਰ ਵਿਚ ਘੱਟ-ਗਿਣਤੀਆਂ 'ਤੇ ਅੱਤਿਆਚਾਰ ਹੋ ਰਹੇ ਸਨ ਤੇ ਔਰਤਾਂ ਨੂੰ ਨੰਗਿਆਂ ਕਰਕੇ ਪੁਲਸ ਦੀ ਅਗਵਾਈ ਵਿਚ ਸੜਕਾਂ 'ਤੇ ਘੁਮਾਇਆ ਜਾ ਰਿਹਾ ਸੀ ਤਾਂ ਇਹ ਇਕ ਸ਼ਬਦ ਨਹੀਂ ਨਹੀਂ ਬੋਲੇ। ਬਿਲਕਿਸ ਬਾਨੋ ਸਮੁੱਚੇ ਪਰਿਵਾਰ ਨੂੰ ਕਤਲ ਕਰਨ ਤੇ ਉਸ ਦਾ ਸਮੂਹਿਕ ਬਲਾਤਕਾਰ ਕਰਨ ਵਾਲੇ ਗੁੰਡੇ ਇਹਨਾਂ ਦੀ ਵਿਚਾਰਧਾਰਾ ਨਾਲ ਸੰਬੰਧਤ ਸਨ ਤੇ ਇਹ ਸਭ ਕੁਝ ਵੇਖ ਰਹੇ ਸੀ। ਇਹਨਾਂ ਗੁੰਡਿਆਂ ਨੂੰ ਬਰੀ ਕਰਨ ਵੇਲੇ ਇਹਨਾਂ ਦੇ ਚੇਲਿਆਂ ਨੇ ਕਾਤਲਾਂ ਦੇ ਗਲਾਂ ਵਿਚ ਫੁੱਲਾਂ ਦੇ ਹਾਰ ਪਾਏ ਸਨ। ਈ ਡੀ, ਐੱਨ ਐੱਸ ਏ, ਸੀ ਬੀ ਆਈ, ਯੂ ਏ ਪੀ ਏ ਦੀ ਦੁਰਵਰਤੋਂ ਕਰਕੇ ਜਦੋਂ ਦੇਸ਼ ਦੇ ਬੁੱਧੀਜੀਵੀ, ਇਤਿਹਾਸਕਾਰਾਂ, ਸਮਾਜ ਸੇਵਕਾਂ ਅਤੇ ਵਿਰੋਧੀ ਧਿਰ ਦੇ ਆਗੂਆਂ ਨੂੰ ਜੇਲ੍ਹੀਂ ਸੁੱਟਿਆ ਗਿਆ ਤਾਂ ਵੀ ਇਕ ਸ਼ਬਦ ਵੀ ਨਹੀਂ ਬੋਲਿਆ। ਇਕ ਤੋਂ ਬਾਅਦ ਦੂਜੀਆਂ ਵਿਰੋਧੀ, ਪ੍ਰਾਂਤਿਕ ਸਰਕਾਰ ਨੂੰ ਤੋੜਿਆ ਜਾ ਰਿਹਾ ਸੀ ਤਾਂ ਵੀ ਤੁਸੀਂ ਖੁਸ਼ੀ ਮਹਿਸੂਸ ਕਰਦੇ ਹੋਏ "ਇਕ ਦੇਸ਼, ਇਕ ਸਰਕਾਰ, ਇਕ ਭਾਸ਼ਾ, ਇਕ ਧਰਮ ਤੇ ਇਕ ਨੇਤਾ" ਦਾ ਆਪਣੀਆਂ ਆਰ ਐੱਸ ਐੱਸ ਦੀਆਂ ਸ਼ਾਖਾਵਾਂ ਵਿਚ ਜ਼ੋਰ ਨਾਲ ਪ੍ਰਚਾਰ ਕਰਵਾ ਰਹੇ ਸੀ, ਜੋ ਹੁਣ ਵੀ ਜਾਰੀ ਹੈ। ਭਾਜਪਾ ਦੀ ਅਗਵਾਈ ਵਿਚ ਪਿਛਲੇ ਦਸ ਸਾਲਾਂ ਵਿਚ ਇਕ ਰਾਜਨੀਤਕ, ਆਰਥਿਕ ਅਤੇ ਸਮਾਜਿਕ ਖੇਤਰ ਵਿਚ ਮਚਾਈਆਂ ਗਈਆਂ ਧਾਂਦਲੀਆਂ ਲਈ ਮੋਹਨ ਭਾਗਵਤ ਆਰ ਐੱਸ ਐੱਸ ਨੂੰ ਇਸ ਦੇ ਜ਼ਿੰਮੇਵਾਰ ਹੋਣ ਤੋਂ ਕਿਸੇ ਤਰ੍ਹਾਂ ਵੀ ਬਚਾ ਨਹੀਂ ਸਕਦੇ।

ਅਸਲ ਵਿਚ ਆਰ ਐੱਸ ਐੱਸ ਫਿਰਕੂ ਜ਼ਹਿਰ ਵੰਡਣ, ਧਰੁਵੀਕਰਨ ਦੇ ਨਾਂਅ ਹੇਠਾਂ ਹਿੰਸਾਤਮਕ ਕਾਰਵਾਈਆਂ ਕਰਵਾਉਣ, ਸੰਵਿਧਾਨ ਨੂੰ ਬਦਲਣ, ਹਿੰਦੂ ਸਟੇਟ ਸਥਾਪਤ ਕਰਨ ਦੇ ਨੈਗੇਟਿਵ ਸਥਾਪਤ ਕਰਕੇ ਕੌਮੀ ਅਤੇ ਕੌਮਾਂਤਰੀ ਕਾਰਪੋਰੇਟਾਂ ਦੀ ਸੇਵਾ ਵਿਚ ਦੇਸ਼ ਨੂੰ ਵੰਡਣ ਵਾਲੀ ਦੇਸ਼ ਅਤੇ ਲੋਕ ਦੁਸ਼ਮਣ ਸੰਸਥਾ ਹੈ, ਜਿਹੜੀ ਦੇਸ਼ ਅੰਦਰਲੇ ਮੁੱਖ ਪੁਆੜਿਆਂ ਦੀ ਜੜ੍ਹ ਹੈ। ਜਿੰਨਾ ਇਹ ਕਮਜ਼ੋਰ ਹੋਵੇਗੀ, ਓਨੀ ਹੀ ਦੇਸ਼ ਵਿਚ ਜਮਹੂਰੀਅਤ, ਧਰਮ-ਨਿਰਪੱਖਤਾ ਅਤੇ ਜਮਹੂਰੀ ਹੱਕਾਂ ਦੀ ਸੁਰੱਖਿਆ ਮਜ਼ਬੂਤ ਹੋਵੇਗੀ। ਸਾਨੂੰ ਆਰ ਐੱਸ ਐੱਸ ਬਾਨੀ ਵੀ.ਡੀ. ਸਾਵਰਕਰ ਦੀ ਲਿਖਤ "ਹਿੰਦੂਤਵ ਦੀਆਂ ਵਿਸ਼ੇਸ਼ਤਾਈਆਂ" ਯਾਦ ਰੱਖਣੀ ਚਾਹੀਦੀ ਹੈ, ਜਦੋਂ ਉਹ ਕਹਿੰਦਾ ਹੈ, "ਦੁਸ਼ਮਣ ਨਾਲ ਲੜਾਈ ਤੋਂ ਬਿਨ ਸਵੈ-ਜਾਗਰਤੀ ਐਵੇਂ ਹੀ ਨਹੀਂ ਆ ਜਾਂਦੀ। ਇਕ ਸਾਂਝੇ ਦੁਸ਼ਮਣ ਦੇ ਦਬਾਅ ਕਰਕੇ ਹੀ ਲੋਕ ਇਕ ਕੌਮ ਤੇ ਫਿਰ ਕੌਮਾਂ ਇਕ ਦੇਸ਼ ਕਾਇਮ ਕਰਦੀਆਂ ਹਨ। ਨਫ਼ਰਤ ਕਰਕੇ ਹੀ ਲੋਕ ਲੜਦੇ ਹਨ ਤੇ ਨਫ਼ਰਤ ਕਰਕੇ ਹੀ ਇਕੱਠੇ ਹੁੰਦੇ ਹਨ।" ਭਾਵ ਮੁਸਲਮਾਨਾਂ ਵਿਰੁੱਧ ਨਫ਼ਰਤ ਫੈਲਾਓ ਅਤੇ ਹਿੰਦੂਆਂ ਨੂੰ ਇਕੱਠਾ ਕਰੋ।

ਸਾਵਰਕਰ ਨਫ਼ਰਤ ਦੇ ਬੀਜ ਬੀਜਦਾ ਹੋਇਆ ਅੱਗੇ ਉਪਦੇਸ਼ ਦਿੰਦਾ ਹੈ ਕਿ ਹਿੰਦੂਆਂ ਨੂੰ ਮੁਸਲਮਾਨਾਂ ਵਰਗੇ ਬਣਨਾ ਚਾਹੀਦਾ ਹੈ। ਉਹਨਾਂ ਨੇ ਹਰ ਮੌਕੇ ਹਿੰਦੂ ਔਰਤਾਂ ਦੇ ਰੇਪ ਕੀਤੇ ਤੇ ਉਹਨਾਂ ਨੂੰ ਮੁਸਲਮਾਨ ਬਣਾਇਆ। ਇਸ ਪ੍ਰਕਾਰ ਆਪਣੀ ਜਨਸੰਖਿਆ ਵਧਾਈ। ਉਹ ਰੇਪ ਅਤੇ ਹਿੰਸਾ ਨੂੰ ਇਕ ਹਥਿਆਰ ਵਜੋਂ ਵੇਖਦਾ ਹੈ ਤੇ ਮੁਸਲਮਾਨਾਂ, ਘੱਟ-ਗਿਣਤੀਆਂ ਅਤੇ ਦਲਿਤਾਂ ਨੂੰ ਦੁਸ਼ਮਣ ਸਮਝ ਕੇ ਉਹਨਾਂ ਵਿਰੁੱਧ ਇਹ ਹਥਿਆਰ ਵਰਤਣ ਦੀ ਸਲਾਹ ਦਿੰਦਾ ਹੈ, ਜਦੋਂ ਕਿ ਇਹ ਬਿਲਕੁਲ ਗਲਤ ਧਾਰਨਾ ਹੈ। ਬਹੁਤੇ ਮੁਗਲ ਸ਼ਾਸਕਾਂ ਨੇ ਇੱਥੋਂ ਦੇ ਸੱਭਿਆਚਾਰ ਨੂੰ ਅਪਨਾਇਆ ਅਤੇ ਹਿੰਦੂ-ਮੁਸਲਮਾਨ ਭਾਈਚਾਰਾ ਪੈਦਾ ਕੀਤਾ। ਇਸ ਕਰਕੇ ਹਰ ਭਾਰਤੀ ਨਾਗਰਿਕ ਨੂੰ ਆਰ ਐੱਸ ਐੱਸ ਦੀ ਰੇਪ ਅਤੇ ਹਿੰਸਾ ਬਾਰੇ, ਮੁਸਲਮਾਨਾਂ ਅਤੇ ਘੱਟ-ਗਿਣਤੀਆਂ ਤੇ ਦਲਿਤਾਂ ਬਾਰੇ ਘਟੀਆ ਫਿਰਕੂ ਅਤੇ ਹਿੰਸਾਤਮਕ ਰੁਚੀਆਂ ਦੀ ਰਾਜਨੀਤੀ ਬਾਰੇ ਜਾਣੂ ਹੋਣਾ ਅਤੇ ਇਸ ਵਿਰੁੱਧ ਦੇਸ਼ ਨੂੰ ਲਾਮਬੰਦ ਕਰਨਾ ਅੱਜ ਦੇ ਸਮੇਂ ਦੀ ਇਤਿਹਾਸਕ ਜ਼ਰੂਰਤ ਬਣ ਗਿਆ ਹੈ।

**#ਸੰਪਰਕ** : 98767-26452

**ਜਨਮ ਦਿਨ 'ਤੇ ਵਿਸ਼ੇਸ਼**

# ਪੰਜਾਬੀ ਸਾਹਿਤ ਜਗਤ 'ਚ ਸਭ ਤੋਂ ਵੱਧ ਨਾਵਲਾਂ ਦਾ ਰਚੇਤਾ : ਨਾਵਲਕਾਰ ਨਾਨਕ ਸਿੰਘ

**ਦਰਸ਼ਨ ਸਿੰਘ ਪ੍ਰੀਤੀਮਾਨ**

ਸਮੇਂ ਦੇ ਨਾਲ-ਨਾਲ ਕਈ ਵਿਅਕਤੀਆਂ ਦਾ ਆਪਣੇ ਕਿੱਤੇ ਵਿੱਚ ਨਾਂਅ ਧਰੂ ਤਾਰੇ ਵਾਂਗ ਚਮਕਦਾ ਹੈ। ਉਸ ਕਿੱਤੇ ਨਾਲ ਸੰਬੰਧਤ ਤਾਂ ਹੋਰ ਵੀ ਵਿਅਕਤੀ ਜੁੜੇ ਹੋਏ ਹੁੰਦੇ ਹਨ, ਪਰ ਸਫ਼ਲਤਾ, ਪ੍ਰਸ਼ੰਸਾ ਟਾਂਵੇਂ-ਟਾਂਵੇਂ ਦੇ ਹਿੱਸੇ ਹੀ ਆਉਂਦੀ ਹੈ। ਅਜਿਹਾ ਵਿਅਕਤੀ ਅਜਿਹੀਆਂ ਵਿਲੱਖਣ ਪੈੜਾਂ ਪਾ ਜਾਂਦਾ ਹੈ ਕਿ ਕੋਈ ਨਵੀਂ ਪੀੜ੍ਹੀ ਵਿੱਚੋਂ ਵੀ ਉਸ ਦਾ ਮੁਕਾਬਲਾ ਨਹੀਂ ਕਰ ਸਕਦਾ। ਹਰ ਕਿੱਤੇ ਵਿੱਚ ਉਂਗਲਾਂ 'ਤੇ ਗਿਣੇ ਜਾਣ ਵਾਲੇ ਟਾਂਵੇਂ ਹੀ ਗਿਣਤੀ ਦੇ ਨਾਂਅ ਆਉਂਦੇ ਹਨ। ਨਾਵਲਕਾਰੀ ਦੇ ਖੇਤਰ ਵਿੱਚ ਇੱਕ ਨਾਂਅ ਆਉਂਦਾ ਹੈ, ਜਿਸ ਦਾ ਮੁਕਾਬਲਾ ਅਜੇ ਤੱਕ ਕੋਈ ਨਹੀਂ ਕਰ ਸਕਿਆ, ਉਹ ਨਾਂਅ ਹੈ ਨਾਨਕ ਸਿੰਘ।

ਨਾਵਲਕਾਰ ਨਾਨਕ ਸਿੰਘ ਦਾ ਜਨਮ 4 ਜੁਲਾਈ, 1897 ਈ: ਨੂੰ ਮਾਤਾ ਲੱਛਮੀ ਦੇਵੀ ਦੀ ਕੁੱਖੋਂ, ਪਿਤਾ ਬਹਾਦਰ ਚੰਦ ਦੇ ਘਰ ਚੱਕ ਹਮੀਦ, ਜ਼ਿਲ੍ਹਾ ਜਿਹਲਮ (ਅੱਜਕੱਲ੍ਹ ਪਾਕਿਸਤਾਨ) ਵਿਖੇ ਹੋਇਆ। ਆਪ ਦਾ ਬਚਪਨ ਦਾ ਨਾਂਅ ਹੰਸ ਰਾਜ ਸੀ। ਸਿੱਖ ਧਰਮ 'ਚ ਪ੍ਰਵੇਸ਼ ਕਰ ਨਾਨਕ ਸਿੰਘ ਬਣ ਗਿਆ। ਛੋਟੀ ਉਮਰ 'ਚ ਹੀ ਪਿਤਾ ਦਾ ਸਾਇਆ ਸਿਰ ਤੋਂ ਉੱਠ ਗਿਆ, ਜਿਸ ਕਰਕੇ ਕਬੀਲਦਾਰੀ ਦਾ ਸਾਰਾ ਬੋਝ ਆਪ 'ਤੇ ਆ ਪਿਆ। ਬਹੁਤ ਮੁਸ਼ਕਿਲਾਂ ਭਰੇ ਦਿਨ ਸਨ। ਘਰ ਦੇ ਹਾਲਾਤ ਮਾੜੇ ਹੋਣ ਕਾਰਨ ਆਪ ਸਕੂਲ ਵੀ ਨਹੀਂ ਪੜ੍ਹ ਸਕੇ ਅਤੇ ਉੱਚੀ ਵਿੱਦਿਆ ਪ੍ਰਾਪਤ ਤਾਂ ਕਿਵੇਂ ਕਰਦੇ, ਪਰ ਫਿਰ ਵੀ ਉਨ੍ਹਾਂ ਨੇ ਆਪਣੀ ਲਗ਼ਨ, ਮਿਹਨਤ ਸਦਕਾ ਪੰਜਾਬੀ, ਹਿੰਦੀ ਤੇ ਉਰਦੂ ਸਿੱਖ ਲਈ ਸੀ। ਸੰਨ 1909 ਈ: ਵਿੱਚ ਬਾਰਾਂ ਸਾਲ ਦੇ ਨਾਨਕ ਨੇ ਆਪਣੀ ਪਹਿਲੀ ਕਾਵਿ-ਰਚਨਾ 'ਸੀਹਰਫ਼ੀ' ਹੰਸ ਰਾਜ (ਅੱਠ ਸਫ਼ਿਆਂ ਦੀ ਕਵਿਤਾ ਪੰਜਾਬੀ ਵਿੱਚ) ਪਾਠਕਾਂ ਦੇ ਸਨਮੁੱਖ ਕੀਤੀ।

1922-23 'ਚ ਨਾਨਕ ਸਿੰਘ ਹੋਰਾਂ ਨੂੰ 'ਗੁਰੂ ਕੇ ਬਾਗ਼ ਮੋਰਚੇ' 'ਚ ਗ੍ਰਿਫ਼ਤਾਰੀ ਦੇਣੀ ਪਈ। ਉੱਥੇ ਜੇਲ੍ਹ 'ਚ ਹੀ ਨਾਵਲ ਰਚਨਾ ਆਰੰਭ ਕਰ ਦਿੱਤੀ, ਕਈ ਨਾਵਲ ਲਿਖੇ ਅਤੇ ਜੇਲ੍ਹ ਤੋਂ ਬਾਹਰ ਆ ਕੇ ਬਹੁਤ ਸਾਰੇ ਨਾਵਲ, ਕਹਾਣੀ ਸੰਗ੍ਰਹਿ ਤਿਆਰ ਕੀਤੇ। ਭਾਈ ਵੀਰ ਸਿੰਘ ਤੇ ਗੁਰਬਖ਼ਸ਼ ਸਿੰਘ ਪ੍ਰੀਤਲੜੀ ਦਾ ਇਨ੍ਹਾਂ 'ਤੇ ਪ੍ਰਭਾਵ ਪਿਆ।



ਨਾਵਲਕਾਰ ਨਾਨਕ ਸਿੰਘ ਦੀਆਂ ਪੁਸਤਕਾਂ ਦੀ ਲੜੀ ਬਹੁਤ ਲੰਬੀ ਹੈ। ਪ੍ਰੇਮ ਸੰਗੀਤ, ਮਿੱਠਾ ਮਹੁਰਾ, ਮਤਰੇਈ ਮਾਂ, ਕਾਲ ਚੱਕਰ, ਪਾਪ ਦੀ ਖੱਟੀ, ਗਰੀਬ ਦੀ ਦੁਨੀਆ, ਧੁੰਦਲੇ ਪਰਛਾਵੇਂ, ਦੂਰ ਕਿਨਾਰਾ, ਟੁੱਟੀ ਵੀਣਾ, ਖ਼ੂਨ ਕੇ ਸੋਹਿਲੇ, ਸੁਰਾਪੀਆਂ ਰੂਹਾਂ, ਮਿੱਧੇ ਹੋਏ ਫੁੱਲ, ਗੁਰਕੀਰਤ, ਸਤਿਗੁਰ ਮਹਿਮਾ, ਜ਼ਖ਼ਮੀ ਦਿਲ, ਚਿੱਟਾ ਲਹੂ, ਅੱਧ ਖਿੜਿਆ ਫੁੱਲ, ਜੀਵਨ ਸੰਗਰਾਮ, ਲਵ ਮੈਰਿਜ, ਕੱਟੀ ਹੋਈ ਪਤੰਗ, ਆਦਮਖੋਰ, ਸੰਗਮ, ਬੱਜਰ, ਪੁਜਾਰੀ ਮੰਝਧਾਰ, ਇੱਕ ਮਿਆਨ ਦੋ ਤਲਵਾਰਾਂ, ਚਿੱਤਰਕਾਰ, ਪਵਿੱਤਰ ਪਾਪੀ, ਛਲਾਵਾ, ਨਸੂਰ, ਗੰਗਾਜ਼ਲੀ 'ਚ ਸ਼ਰਾਬ, ਪੱਥਰ ਦੇ ਖੰਭ, ਪੱਥਰ ਕਾਂਬਾ, ਆਸਤਕ ਨਾਸਤਕ, ਫੌਲਾਦੀ ਫੁੱਲ, ਅੱਗ ਦੀ ਖੇਡ, ਗਰੀਬ ਦੀ ਦੁਨੀਆਂ, ਸੁਮਨ ਕਾਂਤਾ, ਕਾਗਜ਼ਾਂ ਦੀ ਬੇੜੀ, ਵਰ ਨਹੀਂ ਸਰਾਪ, ਰਜਨੀ, ਅਣਸੀਤੇ ਜ਼ਖਮ, ਫਰਾਂਸ ਦਾ ਡਾਕੂ, ਪਾਪ ਦਾ ਫਲ, ਮੇਰੇ ਨਾਟਕ, ਮੇਰੀ ਵਾਰਤਕ, ਪ੍ਰਾਸਚਿਤ, ਪੱਤਝੜ ਦੇ ਪੰਛੀ, ਕੋਈ ਹਰਿਆ ਬੂਟ ਛੇਕਤਲੀ ਕਿਸਮ, ਸਵਰਗ ਦੇ ਵਾਰਸ, ਸੁਪਨਿਆਂ ਦੀ ਕਬਰ, ਸੁਨਹਿਰੀ ਜਿਲਦ, ਲੰਬਾ ਪੈਂਡਾ, ਠੰਢੀਆਂ ਛਾਵਾਂ, ਹੰਝੂਆਂ ਦੇ ਹਾਰ, ਮੇਰੀਆਂ ਸਾਰੀਆਂ ਕਹਾਣੀਆਂ, ਨਾਟਕ: ਬੀ. ਏ. ਪਾਸ ਚੌੜ ਚਾਨਣ, ਵਾਰਤਕ: ਚੜ੍ਹਦੀ ਕਲਾ, ਸਵੈਜੀਵਨੀ: ਮੇਰੀ ਦੁਨੀਆ ਆਦਿ।

ਵਾਲਟਰ ਸਕਾਟ ਵਾਂਗ ਨਾਨਕ ਸਿੰਘ ਨੇ ਵੀ ਬੇਸ਼ੁਮਾਰ ਨਾਵਲ ਰਚੇ ਅਤੇ ਚਾਰਲਸ ਡਿਕਨਜ਼ ਵਾਂਗ ਸੁਧਾਰ ਦੀ ਗੱਲ ਕੀਤੀ। ਜਿਵੇਂ ਆਧੁਨਿਕ ਆਲੋਚਨਾ ਦੇ ਇਤਿਹਾਸ ਵਿੱਚ ਸੰਤ ਸਿੰਘ ਸੇਖੋਂ, ਕਵਿਤਾ ਵਿੱਚ ਭਾਈ ਵੀਰ ਸਿੰਘ, ਕਹਾਣੀ ਵਿੱਚ ਕਰਤਾਰ ਸਿੰਘ ਦੁੱਗਲ, ਆਧੁਨਿਕ ਗੱਦ ਦੇ ਇਤਿਹਾਸ ਵਿੱਚ ਗੁਰਬਖ਼ਸ਼ ਸਿੰਘ ਪ੍ਰੀਤਲੜੀ ਨੂੰ ਸਥਾਨ ਪ੍ਰਾਪਤ ਹੈ, ਉਸ ਤਰ੍ਹਾਂ ਹੀ ਨਾਨਕ ਸਿੰਘ ਨੂੰ ਪੰਜਾਬੀ ਨਾਵਲ ਦੇ ਇਤਿਹਾਸ ਵਿੱਚ ਸਥਾਨ ਪ੍ਰਾਪਤ ਹੈ। ਉਹਨਾਂ ਨੇ ਅੱਧੀ ਸਦੀ ਦੇ ਲੱਗਭੱਗ ਸਾਹਿਤ ਦੀ ਰਚਨਾ ਕੀਤੀ। ਨਾਨਕ ਸਿੰਘ 'ਤੇ ਸਭ ਤੋਂ ਵੱਧ ਪ੍ਰਭਾਵ ਗੁਰਬਖ਼ਸ਼ ਸਿੰਘ ਪ੍ਰੀਤਲੜੀ ਦਾ ਪਿਆ, ਇਸ ਕਰਕੇ ਹੀ ਉਹ ਅੰਮ੍ਰਿਤਸਰ ਸ਼ਹਿਰ ਛੱਡ ਕੇ ਪ੍ਰੀਤਨਗਰ ਜਾ ਵਸਿਆ। ਨਾਵਲਕਾਰ ਬਹੁਤ ਹੋਏ ਹਨ, ਪਰ ਅੱਜ ਤੱਕ ਕੋਈ ਵੀ ਨਾਨਕ ਸਿੰਘ ਤੋਂ ਅੱਗੇ ਨਹੀਂ ਲੰਘ ਸਕਿਆ।

ਨਾਵਲਕਾਰ ਨਾਨਕ ਸਿੰਘ ਨੇ ਆਪਣੇ ਨਾਵਲਾਂ ਵਿੱਚ ਆਰਥਿਕ ਸੁਧਾਰ, ਵਿਧਵਾ ਤੇ ਵੇਸਵਾ ਸੁਧਾਰ, ਅਛੂਤ-ਉਧਾਰ, ਵਿੱਦਿਆ ਪ੍ਰਚਾਰ, ਸਮਾਜਿਕ ਕੁਰੀਤੀਆਂ ਵਿਰੁੱਧ ਪ੍ਰਚਾਰ, ਸਮਾਜਿਕ ਕੀਮਤਾਂ ਦੀ ਗੱਲ ਕੀਤੀ ਹੈ। ਉਹ ਬਹੁ-ਭਾਸ਼ਾਈ ਤੇ ਬਹੁ-ਪੱਖੀ ਲੇਖਕ ਸਨ। ਉਨ੍ਹਾਂ ਨੇ ਬੰਗਾਲੀ ਤੇ ਹਿੰਦੀ ਭਾਸ਼ਾ ਦੇ ਨਾਵਲ ਤੇ ਕਹਾਣੀ ਸੰਗ੍ਰਹਿ ਵੀ ਅਨੁਵਾਦ ਕੀਤੇ। ਉਹਨਾਂ ਦੀ ਮੌਲਿਕ ਸੋਚ ਸ਼ਕਤੀ ਤੇ ਵਿਸ਼ਾਲ ਅਨੁਭਵ ਸੀ। ਉਹਨਾਂ ਨੇ ਸਮਾਜ ਨਾਲ ਪਿਆਰ ਭਰੀ ਸਾਂਝ ਬਣਾਈ ਰੱਖੀ ਅਤੇ ਨਰੋਏ ਜੀਵਨ 'ਤੇ ਉਹਨਾਂ ਦੀ ਕਲਮ ਨੇ ਵੀ ਲਿਖਿਆ। ਜ਼ਿੰਦਗੀ ਵਿੱਚ ਅਨੇਕਾਂ ਤੰਗੀਆਂ-ਤੁਰਸ਼ੀਆਂ ਕੱਟਣ ਦੇ ਬਾਵਜੂਦ ਉਨ੍ਹਾਂ ਨੇ ਆਪਣੀ ਕਲਮ ਦੀ ਰਫਤਾਰ ਤੇਜ਼ ਹੀ ਰੱਖੀ। ਅਖੀਰ ਨਾਵਲਕਾਰੀ ਦੇ ਪਿਤਾਮਾ ਮਾਂ ਬੋਲੀ ਦੀ ਝੋਲੀ ਆਪਣਾ ਅਣਮੁੱਲਾ ਬੇਸ਼ੁਮਾਰ ਸਾਹਿਤ ਖਜ਼ਾਨਾ ਪਾ ਕੇ 28 ਦਸੰਬਰ, 1971 ਈ: ਨੂੰ ਪ੍ਰਲੋਕ ਸੁਧਾਰ ਗਏ। ਉਹਨਾਂ ਦੀ ਲਿਖਤ ਸਦਾ ਉਹਨਾਂ ਨੂੰ ਅਮਰ ਰੱਖੇਗੀ।

**# ਸੰਪਰਕ** : 97792-97682

# ਐਗਜ਼ਿਟ ਪੋਲ ਤੇ ਸ਼ੇਅਰ ਬਾਜ਼ਾਰ ਦਾ ਧੜੱਮ ਡਿੱਗਣਾ

ਜਾਦੂ ਦੀ ਛੜੀ ਨਾਲ ਹਰ ਕੰਮ ਨੂੰ ਅੰਜਾਮ ਦੇਣ, ਯਾਨੀ ਕਿ ਸੁਖਾਲਿਆਂ ਹੀ ਅਮੀਰ ਬਣਨ ਦੀ ਲਾਲਸਾ ਅਜੋਕੇ ਸਰਮਾਏਦਾਰਾਨਾ ਸਮਾਜ ਅੰਦਰ ਬਹੁਤ ਡੂੰਘੀ ਤਰ੍ਹਾਂ ਰਮੀ ਹੋਈ ਹੈ। ਇਸੇ 'ਚੋਂ ਹੀ ਸਰਕਾਰ ਨੇ ਵੀ ਲੋਕਾਂ ਦੀ ਇਸ ਰਮਜ਼ ਨੂੰ ਸਮਝਦਿਆਂ ਇਸ ਨੂੰ ਪੱਠੇ ਪਾਉਣ ਤੇ ਆਪ ਕਮਾਈ ਕਰਨ ਦੇ ਮਨਸ਼ੇ ਨਾਲ ਕਈ ਕਿਸਮ ਦੀਆਂ ਸਕੀਮਾਂ ਚਲਾਈਆਂ ਹੋਈਆਂ ਹਨ। ਲਾਟਰੀ ਇਹਨਾਂ 'ਚੋਂ ਇੱਕ ਹੈ। ਵਧੇਰੇ ਪੈਸਾ ਇਕੱਠਾ ਕਰਨ ਦਾ ਇੱਕ ਹੋਰ ਤੇਜ਼ ਸਾਧਨ ਹੈ- ਸੱਟਾ ਬਾਜ਼ਾਰ ਅਤੇ ਇਹਦਾ ਹੀ ਇੱਕ ਹੋਰ ਰੂਪ ਹੈ ਸ਼ੇਅਰ ਬਾਜ਼ਾਰ। ਸਾਡੇ ਮੁਲਕ ਅੰਦਰ 90ਵਿਆਂ ਤੋਂ ਲੈ ਕੇ ਜਦੋਂ ਤੋਂ ਨਵੀਆਂ ਉਦਾਰਵਾਦੀ ਨੀਤੀਆਂ ਨੂੰ ਲਾਗੂ ਕੀਤਾ ਗਿਆ ਹੈ, ਉਦੋਂ ਤੋਂ ਹੀ ਸ਼ੇਅਰ ਮਾਰਕੀਟ ਅੰਦਰ ਆਮ ਲੋਕਾਂ ਵੱਲੋਂ ਨਿਵੇਸ਼ ਕੀਤੇ ਜਾਣ ਦਾ ਰੁਝਾਨ ਬਹੁਤ ਵੱਡੀ ਪੱਧਰ 'ਤੇ ਵਧਿਆ ਹੈ। ਲੋਕ ਨਿਵੇਸ਼ 'ਚ ਪੈਸਾ ਲਾਉਂਦੇ ਹਨ ਅਤੇ ਮੋੜਵੇਂ ਰੂਪ 'ਚ ਸ਼ੇਅਰਾਂ ਦੀ ਖ਼ਰੀਦੋ-ਫ਼ਰੋਖ਼ਤ ਰਾਹੀਂ ਪੈਸਾ ਕਮਾਉਂਦੇ ਹਨ, ਪਰ ਲੰਘੀ 4 ਜੂਨ ਨੂੰ ਸ਼ੇਅਰ ਬਾਜ਼ਾਰ ਅੰਦਰ ਇੱਕ ਦਿਨ 'ਚ ਹੀ ਬਹੁਤ ਵੱਡੀ ਗਿਰਾਵਟ ਦੇਖਣ ਨੂੰ ਮਿਲੀ, ਜਿਸ ਕਾਰਨ ਇੱਕ ਦਿਨ 'ਚ ਹੀ ਵੱਡੇ ਸ਼ੇਅਰ ਧਾਰਕਾਂ ਦੇ ਨਾਲ ਹੀ ਆਮ ਨਿਵੇਸ਼ਕਾਂ ਦੇ 30 ਲੱਖ ਕਰੋੜ ਤੋਂ ਵੱਧ ਰੁਪਏ ਫੁਰਰ ਹੋ ਗਏ।

ਆਮ ਰੂਪ 'ਚ ਸੱਟਾ ਬਾਜ਼ਾਰ ਵਾਂਗ ਸ਼ੇਅਰ ਬਾਜ਼ਾਰ ਨੂੰ ਵੀ ਬਹੁਤ ਹੀ ਬੁਖਾਰਾਤੀ ਸਮਝਿਆ ਜਾਂਦਾ ਹੈ, ਯਾਨੀ ਕਿ ਸੰਵੇਦਨਸ਼ੀਲ। ਬਹੁਤ ਸਾਰੇ ਫੈਕਟਰ ਇਹਦੇ 'ਤੇ ਅਸਰਅੰਦਾਜ਼ ਹੁੰਦੇ ਹਨ। ਮੁਲਕ ਦੀ ਅੰਦਰੂਨੀ ਹਾਲਤ, ਬੈਰੂਨੀ ਹਾਲਤ, ਆਰਥਿਕ ਤੇ ਸਿਆਸੀ ਦੋਨੋਂ ਤਰ੍ਹਾਂ ਦੇ ਹਾਲਾਤ ਇਸ 'ਤੇ ਅਸਰ ਅੰਦਾਜ਼ ਹੁੰਦੇ ਹਨ, ਪਰ 4 ਜੂਨ ਨੂੰ ਸ਼ੇਅਰ ਬਾਜ਼ਾਰ 'ਚ ਆਈ ਰਿਕਾਰਡ ਤੋੜ ਗਿਰਾਵਟ ਲਈ ਕਿਹੜੀਆਂ ਸ਼ਕਤੀਆਂ ਜ਼ੁੰਮੇਵਾਰ ਹਨ, ਇਹ ਸਾਡਾ ਸਰੋਕਾਰ ਹੈ।

ਇਸ ਗਿਰਾਵਟ ਦਾ ਸਿੱਧਾ ਸੰਬੰਧ ਪਾਰਲੀਮਾਨੀ ਚੋਣਾਂ ਨਾਲ ਜਾ ਜੁੜਦਾ ਹੈ। ਮਈ ਦੇ ਆਖ਼ਰੀ ਹਫ਼ਤੇ ਅਤੇ ਜੂਨ ਦੇ ਪਹਿਲੇ ਹਫ਼ਤੇ ਦੌਰਾਨ ਪਾਰਲੀਮਾਨੀ ਚੋਣਾਂ ਦੀਆਂ ਸਰਗਰਮੀਆਂ ਆਪਣੇ ਅੰਤਲੇ ਜ਼ੋਰਾਂ 'ਤੇ ਸਨ। ਇੱਕ ਜੂਨ ਨੂੰ ਵੋਟਾਂ ਪਾਉਣ ਦਾ ਆਖ਼ਰੀ ਗੇੜ ਸੀ। ਇਸ ਲਈ ਹਰ ਪਾਰਟੀ ਹੀ ਆਪਣੀਆਂ ਚੋਣ ਸਰਗਰਮੀਆਂ ਨੂੰ ਆਖ਼ਰੀ ਛੋਹਾਂ ਦੇ ਕੇ ਵੋਟਾਂ ਹਾਸਲ ਕਰਨ ਦਾ ਇੰਤਜ਼ਾਮ ਕਰ ਰਹੀ ਸੀ। ਵੋਟਰਾਂ ਨੂੰ ਲੁਭਾਉਣ ਲਈ ਹਰ ਤਰ੍ਹਾਂ ਦੇ ਵਾਅਦੇ ਕੀਤੇ ਜਾ ਰਹੇ ਸਨ ਅਤੇ ਭਵਿੱਖ ਦੇ ਹਿੰਦੋਸਤਾਨ ਦੇ ਸੁਪਨੇ ਦਿਖਾਏ ਜਾ ਰਹੇ ਸਨ।



ਡਾ. ਬਲਜਿੰਦਰ ਸਿੰਘ

ਅਜਿਹਾ ਹੀ ਇੱਕ ਸੁਪਨਾ/ਝੂਠ ਆਪਣੀ ਇੱਕ ਪ੍ਰਚਾਰ ਰੈਲੀ ਦੌਰਾਨ ਅਮਿਤ ਸ਼ਾਹ ਨੇ ਦਿਖਾਇਆ। 13 ਮਾਰਚ ਨੂੰ ਇੱਕ ਰੈਲੀ 'ਚ ਬੋਲਦਿਆਂ ਸ਼ਾਹ ਨੇ ਕਿਹਾ ਕਿ ਮੈਂ ਥੋਨੂੰ ਸਲਾਹ ਦਿੰਦਾ ਹਾਂ ਕਿ ਤੁਸੀਂ 4 ਜੂਨ ਤੋਂ ਪਹਿਲਾਂ-ਪਹਿਲਾਂ ਹੀ ਸ਼ੇਅਰ ਖਰੀਦ ਲਵੋ। ਸ਼ੇਅਰ ਮਾਰਕੀਟ 'ਚ ਤੇਜ਼ੀ ਆਉਣੀ ਹੀ ਆਉਣੀ ਹੈ।

ਇਸੇ ਤਰਜ਼ 'ਤੇ ਹੀ 19 ਮਈ ਨੂੰ ਇੱਕ ਪ੍ਰਚਾਰ ਰੈਲੀ ਨੂੰ ਮੁਖ਼ਾਤਬ ਹੁੰਦਿਆਂ ਮੋਦੀ ਨੇ ਕਿਹਾ ਕਿ ਚੋਣਾਂ ਦੇ ਨਤੀਜਿਆਂ ਦੇ ਬਾਹਰ ਆਉਣ ਵਾਲੇ ਪਹਿਲੇ ਹਫ਼ਤੇ 'ਚ ਸ਼ੇਅਰ ਬਾਜ਼ਾਰ ਐਨੀਆਂ ਉਚਾਈਆਂ ਨੂੰ ਛੋਹ ਸਕਦਾ ਹੈ, ਰਿਕਾਰਡ ਤੋੜ ਸਕਦਾ ਹੈ ਕਿ ਤਕਨੀਕੀ ਮਾਹਰਾਂ ਨੇ ਵੀ ਇਹਦੇ ਸਾਹਮਣੇ ਹੱਥ ਖੜ੍ਹੇ ਕਰ ਦੇਣੇ ਹਨ।

ਆਖ਼ਰੀ ਗੇੜ ਦੀਆਂ ਵੋਟਾਂ ਇੱਕ ਜੂਨ ਨੂੰ ਪਈਆਂ। ਪਰ ਇਸ ਬਾਜ਼ਾਰ ਅੰਦਰ ਉਥਲ-ਪੁਥਲ ਮਈ ਦੇ ਆਖ਼ਰੀ ਹਫ਼ਤੇ ਹੀ ਸ਼ੁਰੂ ਹੋ ਗਈ ਸੀ। ਇਹਦੇ 'ਚ ਹੈਰਾਨੀ ਦੀ ਕੋਈ ਗੱਲ ਨਹੀਂ ਕਿ ਅਮਿਤ ਸ਼ਾਹ ਦੇ ਕਿਆਫਿਆਂ ਮੁਤਾਬਕ ਹੀ 31 ਮਈ ਦੀ ਸ਼ਾਮ ਨੂੰ ਸ਼ੇਅਰ ਬਾਜ਼ਾਰ ਦੇ ਬੰਦ ਹੋਣ ਵੇਲੇ ਤੱਕ ਦੇਖਿਆ ਗਿਆ ਕਿ ਇਸ ਇਕੱਲੇ ਦਿਨ 'ਚ ਹੀ ਸ਼ੇਅਰ ਟਰੇਡਿੰਗ ਦੁੱਗਣੀ ਹੋ ਗਈ ਸੀ ਅਤੇ ਇਸ ਦਿਨ ਸ਼ੇਅਰ ਧਾਰਕਾਂ ਨੇ ਵੱਡੀ ਤਾਦਾਦ 'ਚ ਸ਼ੇਅਰ ਖਰੀਦੇ ਅਤੇ ਸ਼ੇਅਰਾਂ ਦੀ ਵੱਡੀ ਖਰੀਦਦਾਰੀ ਐੱਫ ਪੀ ਆਈ (ਯਾਨੀ ਕਿ ਵਿਦੇਸ਼ੀ ਕੰਪਨੀਆਂ ਦੇ ਸ਼ੇਅਰ ਧਾਰਕਾਂ) ਵੱਲੋਂ ਕੀਤੀ ਗਈ।

ਇਸ ਤੋਂ ਬਾਅਦ ਇੱਕ ਜੂਨ ਨੂੰ ਚੋਣਾਂ ਸਨ ਅਤੇ ਦੋ ਨੂੰ ਐਤਵਾਰ ਕਰਕੇ ਸ਼ੇਅਰ ਬਾਜ਼ਾਰ ਬੰਦ ਸਨ, ਪਰ 3 ਜੂਨ ਨੂੰ ਜਿਉਂ ਹੀ ਬਾਜ਼ਾਰ ਖੁੱਲ੍ਹਿਆ ਤਾਂ ਇੱਕ ਕਿਸਮ ਨਾਲ ਭਗਦੜ ਜਿਹੀ ਹੀ ਮੱਚ ਗਈ। ਉਸ ਦਿਨ ਐੱਨ ਐੱਸ ਈ ਦਾ ਨਿਫਟੀ 50 ਪਿਛਲੇ ਦਿਨਾਂ ਦੇ ਮੁਕਾਬਲੇ 3% ਵਧੇਰੇ ਅੰਕਾਂ ਨਾਲ ਬੰਦ ਹੋਇਆ। ਕਹਿਣ ਦਾ ਅਰਥ ਕਿ ਬਾਜ਼ਾਰ 'ਚ ਬਹੁਤ ਹੀ ਤੇਜ਼ੀ ਰਹੀ। ਯਾਦ ਰਹਿਣਾ ਚਾਹੀਦਾ ਹੈ ਕਿ 2 ਤੇ 3 ਤਾਰੀਖ ਉਹ ਦਿਨ ਸਨ ਜਦੋਂ ਐਗਜ਼ਿਟ ਪੋਲ ਦਾ ਚੀਕ-ਚਿਹਾੜਾ ਹਰ ਟੀ ਵੀ ਚੈਨਲ 'ਤੇ ਪਾਇਆ ਜਾ ਰਿਹਾ ਸੀ ਅਤੇ ਭਾਜਪਾ ਦੇ 'ਅਬ ਕੀ ਬਾਰ 400 ਪਾਰ' ਦੇ ਨਾਅਰੇ ਦੀ ਤੂਤੀ ਦਾ ਜਾਦੂ ਸਿਰ ਚੜ੍ਹ ਕੇ ਬੋਲ ਰਿਹਾ ਸੀ।

ਪਰ ਜਿਉਂ ਹੀ 4 ਜੂਨ ਨੂੰ ਵੋਟਾਂ ਦੀ ਗਿਣਤੀ ਸ਼ੁਰੂ ਹੋਈ ਤੇ ਰੁਝਾਨ ਆਉਣੇ ਸ਼ੁਰੂ ਹੋਏ ਤੇ ਸ਼ੇਅਰ ਬਾਜ਼ਾਰ ਖੁੱਲ੍ਹਦਿਆਂ ਸਾਰ ਹੀ ਧੜੱਮ ਕਰਕੇ ਥੱਲੇ ਡਿੱਗ ਪਿਆ। ਨਿਫਟੀ ਸੂਚਕ ਅੰਕ 6% ਹੇਠਾਂ ਨੂੰ ਲੁੜਕ ਗਿਆ। ਸ਼ੇਅਰ ਮਾਰਕੀਟ ਦੇ ਨੇੜਲੇ ਇਤਿਹਾਸ ਅੰਦਰ ਅਜਿਹੀ ਗਿਰਾਵਟ ਉਸ ਦਿਨ ਦੇਖੀ ਗਈ ਸੀ, ਜਦੋਂ 23 ਮਾਰਚ 2020 ਨੂੰ ਕੋਰੋਨਾ ਕਰਫਿਊ ਦਾ ਐਲਾਨ ਕੀਤਾ ਗਿਆ ਸੀ ਅਤੇ ਇਉਂ ਇਸ ਇਕੱਲੇ ਦਿਨ 'ਚ ਹੀ ਯਾਨੀ ਕਿ 4 ਜੂਨ ਨੂੰ ਨਿਵੇਸ਼ਕਾਰਾਂ ਨੂੰ ਲੱਗਭੱਗ 30.9 ਲੱਖ ਕਰੋੜ ਰੁਪਏ ਦਾ ਚੂਨਾ ਲੱਗਿਆ।

ਇੱਥੇ ਇਹ ਗੱਲ ਧਿਆਨ ਮੰਗਦੀ ਹੈ ਕਿ 31 ਮਈ ਦੇ ਦਿਨ ਟਰੇਡਿੰਗ ਕਰਨ ਵਾਲੇ ਐੱਫ ਪੀ ਆਈ ਸਨ। ਉਹਨਾਂ ਨੇ ਇਕੱਲਿਆਂ ਨੇ ਹੀ ਇਸ ਦਿਨ 2.3 ਲੱਖ ਕਰੋੜ ਦਾ ਵਪਾਰ ਕੀਤਾ, ਜਿਹੜਾ ਕਿ ਉਹਨਾਂ ਵੱਲੋਂ ਕੀਤੇ ਜਾਂਦੇ 1.1 ਲੱਖ ਕਰੋੜ ਤੋਂ ਦੁੱਗਣਾ ਬਣਦਾ ਹੈ। ਇਹਨਾਂ ਨੇ ਉਸ ਦਿਨ 95500 ਕਰੋੜ ਦੀ ਖਰੀਦਦਾਰੀ ਕੀਤੀ ਜਿਹੜੀ ਕਿ ਕੁੱਲ 41.8% ਬਣਦੀ ਹੈ ਅਤੇ ਇਹਨਾਂ ਨੇ ਉਸ ਦਿਨ 41% ਸ਼ੇਅਰਾਂ ਦੀ ਵਿੱਕਰੀ ਕੀਤੀ।

2024 ਦੀਆਂ ਪਾਰਲੀਮਾਨੀ ਚੋਣਾਂ ਮੌਕੇ 31 ਮਈ ਤੋਂ 4 ਜੂਨ ਦੇ ਦਿਨਾਂ ਦੀ ਇਤਿਹਾਸਕ ਮਹੱਤਤਾ ਬਣ ਜਾਂਦੀ ਹੈ। ਇਹਨਾਂ ਦਿਨਾਂ 'ਚ ਐੱਫ ਪੀ ਆਈ ਧਾਰਕਾਂ ਦੀ ਕਾਰਗੁਜ਼ਾਰੀ 'ਤੇ ਨਜ਼ਰਸਾਨੀ ਕਰਨ ਵਾਲੀ ਹੈ। ਇਹਨਾਂ ਦਿਨਾਂ 'ਚ ਇਹਨਾਂ ਨੇ ਕੁੱਲ ਦੇ 58% 'ਚ ਭਾਗੀਦਾਰੀ ਕੀਤੀ। ਨੋਟ ਕਰਨ ਵਾਲੀ ਹੈ ਕਿ ਇਹਨਾਂ ਨੇ ਇਹਨਾਂ ਦਿਨਾਂ 'ਚ ਖਰੀਦਦਾਰੀ ਕੀਤੀ, ਜਦਕਿ ਪਹਿਲੇ ਸਮਿਆਂ 'ਚ ਇਹ ਮੁੱਖ ਤੌਰ 'ਤੇ ਵਿਕਰੇਤਾ ਹੀ ਹੁੰਦੇ ਸਨ।

ਸ਼ੇਅਰ ਬਾਜ਼ਾਰ ਦੀ ਇਸ ਕਾਰਗੁਜ਼ਾਰੀ ਨੂੰ ਦੇਖ ਕੇ ਇਹ ਲੱਗ ਸਕਦਾ ਹੈ ਕਿ ਐੱਫ ਪੀ ਆਈ ਨੂੰ ਹੀ ਘਾਟਾ ਪਿਆ ਹੋਊ ਤੇ ਇਹਦੇ ਨਾਲ ਸਾਡਾ ਕੀ ਸੰਬੰਧ? ਪਰ ਮਾਮਲਾ ਐਨਾ ਸਿੱਧ-ਪੱਧਰਾ ਨਹੀਂ ਹੈ। ਜਦੋਂ ਮੁਲਕ ਦਾ ਪ੍ਰਧਾਨ ਮੰਤਰੀ ਤੇ ਉਹਦਾ ਜੋੜੀਦਾਰ ਗ੍ਰਹਿ ਮੰਤਰੀ ਸ਼ਰੇਆਮ ਵੋਟਾਂ ਬਟੋਰਨ ਲਈ ਸ਼ੇਅਰ ਮਾਰਕੀਟ ਬਾਬਤ ਅਜਿਹੇ ਬਿਆਨ ਦਿੰਦਾ ਹੋਵੇ ਤਾਂ ਮਾਮਲਾ ਸਪੱਸ਼ਟ ਹੋ ਜਾਂਦਾ ਹੈ ਕਿ ਇਹ ਸਾਰਾ ਕੁੱਝ ਕੋਈ ਅਚਨਚੇਤੀ ਨਹੀਂ ਵਾਪਰਿਆ, ਯਾਨੀ ਕਿ ਇਹ ਸ਼ੇਅਰ ਮਾਰਕੀਟ ਸ਼ਕਤੀਆਂ ਦਾ ਆਪਸੀ ਖਹਿਭੇੜ ਨਹੀਂ ਰਹਿ ਗਿਆ ਬਲਕਿ ਇਹ ਮੈਨੀਪੁਲੇਟਡ ਹੈ।

ਯਾਦ ਰੱਖਣਾ ਹੋਵੇਗਾ ਕਿ ਸ਼ੇਅਰ ਮਾਰਕੀਟ ਅੰਦਰ ਆਮ ਲੋਕਾਂ ਨੇ ਪੈਸਾ ਨਿਵੇਸ਼ ਕੀਤਾ ਹੋਇਆ ਹੈ। ਪਰ ਇਹ ਕੁੱਲ ਦੇ ਮੁਕਾਬਲੇ ਥੋੜ੍ਹਾ ਹੈ। ਸ਼ੇਅਰ ਬਾਜ਼ਾਰ ਦੇ ਵੱਡੇ ਖਿਲਾੜੀ ਤਾਂ ਕਾਰਪੋਰੇਟ ਤੇ ਐੱਫ ਪੀ ਆਈ ਵਰਗੇ ਹੀ ਹਨ ਜੋ ਇਸ ਨੂੰ ਕਿਸੇ ਵੀ ਰੁੱਖ ਮੋੜਾ ਦੇਣ ਦੇ ਸਮਰੱਥ ਹਨ ਅਤੇ ਅਜਿਹੀ ਸਥਿਤੀ 'ਚ ਰਿਟੇਲ ਨਿਵੇਸ਼ਕ ਵੀ ਵਧੇਰੇ ਮਾਂਜੇ ਜਾਂਦੇ ਹਨ। ਇਸ ਘੁਟਾਲੇ 'ਚ ਵੀ ਵਧੇਰੇ ਨੁਕਸਾਨ ਰਿਟੇਲ ਨਿਵੇਸ਼ਕਾਂ ਦਾ ਹੀ ਹੋਇਆ ਹੈ, ਕਿਉਂਕਿ ਐੱਫ ਪੀ ਆਈ ਨਿਵੇਸ਼ਕਾਂ ਦੀ ਦੇਖਾ-ਦੇਖੀ ਉਹਨਾਂ ਨੇ ਵੀ ਮਹਿੰਗੇ ਭਾਅ ਸ਼ੇਅਰ ਖਰੀਦੇ ਅਤੇ ਜਦੋਂ 4 ਜੂਨ ਨੂੰ ਮਾਰਕੀਟ ਧੜੱਮ ਡਿੱਗੀ ਤਾਂ ਘਾਟੇ ਦੀ ਗਾਜ਼ ਉਹਨਾਂ 'ਤੇ ਵੀ ਡਿੱਗਣੀ ਲਾਜ਼ਮੀ ਸੀ। ਐੱਫ ਪੀ ਆਈ ਧਾਰਕ ਤਾਂ ਆਪਣੇ ਘਾਟੇ ਨੂੰ ਹੋਰ ਥਾਵਾਂ ਤੋਂ ਵੀ ਪੂਰਾ ਕਰ ਲੈਣਗੇ, ਪਰ ਰਿਟੇਲ ਨਿਵੇਸ਼ਕਾਂ ਦਾ ਪੈਸਾ ਜ਼ਰੂਰ ਉਹਨਾਂ ਦੇ ਖਾਤਿਆਂ 'ਚੋਂ ਮਨਫੀ ਹੋ ਗਿਆ ਹੈ। ਇਹ ਸਾਰਾ ਚਲਣ ਇਹ ਦਿਖਾਉਣ ਲਈ ਕਾਫ਼ੀ ਹੈ ਕਿ ਮੋਦੀ ਹਕੂਮਤ ਨੇ ਕਿਵੇਂ ਸਾਰੇ ਅਦਾਰੇ ਹੀ ਆਪਣੀ ਮੁੱਠੀ 'ਚ ਕਰ ਲਏ ਹਨ ਅਤੇ ਉਹ ਉਹਨਾਂ ਨੂੰ ਆਪਣੀ ਉਂਗਲੀ 'ਤੇ ਨਚਾ ਰਹੀ ਹੈ।

ਲੋਕਾਂ ਨੂੰ ਅਜਿਹੀਆਂ ਲੋਕ ਵਿਰੋਧੀ ਸ਼ਕਤੀਆਂ ਦੀ ਪਹਿਚਾਣ ਕਰਨੀ ਚਾਹੀਦੀ ਹੈ ਅਤੇ ਸਾਵਧਾਨ ਰਹਿਣਾ ਚਾਹੀਦਾ ਹੈ। ਲੋਕਾਂ ਨੂੰ ਸਮਝ ਜਾਣਾ ਚਾਹੀਦਾ ਹੈ ਕਿ ਗਿਣਤੀ ਦੇ ਇਹ ਚੰਦ ਲੋਕ ਹੀ ਦੇਸ਼ ਦੇ ਹਰ ਸ਼ੋਅਬੇ 'ਤੇ ਕਾਬਜ਼ ਹਨ ਅਤੇ ਹਰ ਹਾਲ ਲੋਕਾਂ ਦੀ ਲੁੱਟ-ਖਸੁੱਟ ਕਰਨ ਨੂੰ ਤਿਆਰ-ਬਰ-ਤਿਆਰ ਬੈਠੇ ਹਨ।

**# ਸੰਪਰਕ** : 94170-79720

# ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਦੀ ਮੁੱਖ ਮੰਤਰੀ ਨਾਲ ਹੋਈ ਪੈਨਲ ਮੀਟਿੰਗ



**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)** ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਸੂਬਾਈ ਆਗੂਆਂ ਵਰਿੰਦਰ ਸਿੰਘ ਮੋਮੀ, ਬਲਿਹਾਰ ਸਿੰਘ ਕਟਾਰੀਆ, ਜਗਰੂਪ ਸਿੰਘ ਲਹਿਰਾ ਮੁਹੱਬਤ, ਗੁਰਵਿੰਦਰ ਸਿੰਘ ਪੰਨੂੰ, ਪਵਨਦੀਪ ਸਿੰਘ, ਸਿਮਰਨਜੀਤ ਸਿੰਘ ਨੀਲੋਂ, ਜਸਪ੍ਰੀਤ ਸਿੰਘ ਗਗਨ ਤੇ ਸ਼ੇਰ ਸਿੰਘ ਖੰਨਾ ਨੇ ਦੱਸਿਆ ਕਿ 1 ਜੁਲਾਈ ਨੂੰ ਮੋਰਚੇ ਦੀ ਮੁੱਖ ਮੰਤਰੀ ਪੰਜਾਬ ਨਾਲ਼ ਪੈਨਲ ਮੀਟਿੰਗ ਫਗਵਾੜਾ ਵਿਖੇ ਹੋਈ।

ਮੀਟਿੰਗ ਦੌਰਾਨ ਮੋਰਚੇ ਦੇ ਮੰਗ ਪੱਤਰ ਵਿੱਚ ਦਰਜ ਸਮੂਹ ਮੰਗਾਂ ਤੇ ਵਿਸਥਾਰਤ ਵਿਚਾਰ ਚਰਚਾ ਹੋਈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਮੂਹ ਮੰਗਾਂ ਨੂੰ ਵਾਜਬ ਦੱਸਦਿਆਂ 20 ਜੁਲਾਈ ਨੂੰ ਮੋਰਚੇ ਦੀ ਸੂਬਾ ਕਮੇਟੀ ਨਾਲ਼ ਇੱਕ ਵਾਰ ਫ਼ਿਰ ਪੈਨਲ ਮੀਟਿੰਗ ਕਰਕੇ ਮੰਗਾਂ ਨੂੰ ਹੱਲ ਕਰਨ ਦੇ ਦਿੱਤੇ ਭਰੋਸੇ ਤੋਂ ਬਾਅਦ ਮੋਰਚੇ ਵੱਲੋਂ 5 ਜੁਲਾਈ ਨੂੰ ਜਲੰਧਰ ਵਿਖੇ ਕੀਤਾ ਜਾਣ ਵਾਲਾ ਸੂਬਾ ਪੱਧਰੀ ਰੋਸ਼ ਪ੍ਰਦਰਸ਼ਨ ਇੱਕ ਵਾਰ ਮੁਲਤਵੀ ਕਰ ਦਿੱਤਾ ਗਿਆ।

ਮੋਰਚਾ ਆਗੂਆਂ ਨੇ ਕਿਹਾ ਕਿ ਸਮੂਹ ਸਰਕਾਰੀ ਵਿਭਾਗਾਂ ਜਿਵੇਂ ਕਿ ਜਲ ਸਪਲਾਈ ਤੇ ਸੈਨੀਟੇਸ਼ਨ, ਪਾਵਰਕਾਮ ਤੇ ਟ੍ਰਾਂਸਕੋ ਸਮੇਤ ਸਮੂਹ ਸਰਕਾਰੀ ਥਰਮਲ ਪਲਾਂਟਾਂ ਅਤੇ ਹਾਈਡਲ ਪ੍ਰਾਜੈਕਟਾਂ, ਵੇਰਕਾ ਮਿਲਕ ਅਤੇ ਕੈਟਲ ਫੀਡ ਪਲਾਂਟਾਂ, ਵਾਟਰ ਸਪਲਾਈ ਤੇ ਸੀਵਰੇਜ ਬੋਰਡ, ਲੋਕ ਨਿਰਮਾਣ ਵਿਭਾਗ (ਬਿਜਲੀ ਵਿੰਗ) ਅਤੇ ਸਿਹਤ ਵਿਭਾਗ ਆਦਿ ਵਿੱਚ ਪਿਛਲੇ 15-20 ਸਾਲਾਂ ਦੇ ਲੰਬੇ ਅਰਸੇ ਤੋਂ ਲਗਾਤਾਰ ਨਿਗੁਣੀਆਂ ਤਨਖਾਹਾਂ 'ਤੇ ਤਨਦੇਹੀ ਨਾਲ ਸੇਵਾਵਾਂ ਦਿੰਦੇ ਆ ਰਹੇ ਆਊਟਸੋਰਸਡ ਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ 'ਆਪ' ਸਰਕਾਰ ਵੱਲੋਂ ਆਪਣੇ ਢਾਈ ਸਾਲਾਂ ਦੇ ਕਾਰਜਕਾਲ ਵਿੱਚ ਪੱਕਾ ਨਾ ਕਰਕੇ ਪਿਛਲੀਆਂ ਸਰਕਾਰਾਂ ਦੀ ਤਰਾਂ ਠੇਕਾ ਮੁਲਾਜ਼ਮਾਂ ਨਾਲ਼ ਨੰਗਾ-ਚਿੱਟਾ ਧੋਖਾ ਕੀਤਾ ਹੈ, ਜਿਸਦਾ ਖਮਿਆਜ਼ਾ ਮੁੱਖ ਮੰਤਰੀ ਨੂੰ ਲੋਕ ਸਭਾ ਚੋਣਾਂ ਦੇ ਚੋਣ ਪ੍ਰਚਾਰ ਦੌਰਾਨ ਹੋਏ ਵਿਰੋਧ ਦੇ ਰੂਪ ਵਿੱਚ ਭੁਗਤਣਾ ਪਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਬੀਤੇ ਸਮੇਂ ਤੋਂ ਸਬਕ ਲੈ ਕੇ 20 ਜੁਲਾਈ ਨੂੰ ਹੋਣ ਵਾਲੀ ਪੈਨਲ ਮੀਟਿੰਗ ਵਿੱਚ ਠੇਕਾ ਮੁਲਾਜ਼ਮਾਂ ਦੀਆਂ ਸਮੂਹ ਮੰਗਾਂ ਦਾ ਕੋਈ ਸਾਰਥਿਕ ਹੱਲ ਨਾ ਕੀਤਾ ਤਾਂ ਆਉਣ ਵਾਲੇ ਸਮੇਂ ਵਿੱਚ ਹੋਣ ਵਾਲੀਆਂ ਜ਼ਿਮਨੀ ਚੋਣਾਂ ਦੇ ਚੋਣ ਪ੍ਰਚਾਰ ਸਮੇਂ ਇੱਕ ਵਾਰ ਫ਼ਿਰ ਠੇਕਾ ਮੁਲਾਜ਼ਮਾਂ ਦੇ ਵਿਰੋਧ ਦਾ ਸਾਹਮਣਾ ਕਰਨਾ ਪਵੇਗਾ।

# ਰਿਸ਼ਵਤ ਮੰਗਣ ਦੇ ਦੋਸ਼ ਹੇਠ ਪਟਵਾਰੀ ਮੁਅੱਤਲ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਇੰਤਕਾਲ ਦਰਜ ਕਰਨ ਬਦਲੇ ਪੱਤਰਕਾਰ ਤੋਂ ਰਿਸ਼ਵਤ ਮੰਗਣ ਦੇ ਕਥਿਤ ਦੋਸ਼ ਲੱਗਣ 'ਤੇ ਡਿਪਟੀ ਕਮਿਸ਼ਨਰ ਫ਼ਤਹਿਗੜ੍ਹ ਸਾਹਿਬ ਵੱਲੋਂ ਮਾਲ ਵਿਭਾਗ ਦੇ ਇੱਕ ਪਟਵਾਰੀ ਨੂੰ ਨੌਕਰੀ ਤੋਂ ਮੁਅੱਤਲ ਕੀਤੇ ਜਾਣ ਦੀ ਸੂਚਨਾ ਹੈ। ਫ਼ਤਹਿਗੜ੍ਹ ਸਾਹਿਬ ਵਿਖੇ ਹੋਈ ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੀ ਇੱਕ ਮੀਟਿੰਗ ਉਪਰੰਤ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਬਲਵਿੰਦਰ ਸਿੰਘ ਜੰਮੂ ਅਤੇ ਸੂਬਾ ਪ੍ਰਧਾਨ ਬਲਵੀਰ ਸਿੰਘ ਜੰਡੂ ਦੀ ਹਾਜ਼ਰੀ ਵਿੱਚ ਯੂਨੀਅਨ ਦੇ ਸੂਬਾਈ ਮੀਤ ਪ੍ਰਧਾਨ ਭੂਸ਼ਨ ਸੂਦ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਫ਼ਤਹਿਗੜ੍ਹ ਸਾਹਿਬ ਤੋਂ ਪੱਤਰਕਾਰ ਪ੍ਰਮੋਦ ਭਾਰਦਵਾਜ ਨੇ ਡਿਪਟੀ ਕਮਿਸ਼ਨਰ ਫ਼ਤਹਿਗੜ੍ਹ ਸਾਹਿਬ ਨੂੰ ਦਿੱਤੀ ਇੱਕ ਸ਼ਿਕਾਇਤ 'ਚ ਦੋਸ਼ ਲਗਾਏ ਸਨ ਕਿ ਉਨ੍ਹਾਂ ਵੱਲੋਂ ਬੀਤੇ ਅਪ੍ਰੈਲ ਮਹੀਨੇ ਇੱਕ ਮਕਾਨ ਖਰੀਦਿਆ ਗਿਆ ਸੀ ਜਿਸ ਦਾ ਇੰਤਕਾਲ ਦਰਜ ਕਰਵਾਉਣ ਲਈ ਉਨ੍ਹਾਂ ਨੇ ਮਾਲ ਵਿਭਾਗ ਦੇ ਸਬੰਧਤ ਪਟਵਾਰੀ ਦਵਿੰਦਰ ਕੁਮਾਰ ਸ਼ਰਮਾ ਨੂੰ ਬੇਨਤੀ ਕੀਤੀ ਸੀ ਪਰ ਉਕਤ ਪਟਵਾਰੀ ਉਨ੍ਹਾਂ ਤੋਂ ਇੰਤਕਾਲ ਦਰਜ ਕਰਨ ਬਦਲੇ ਰਿਸ਼ਵਤ ਦੀ ਮੰਗ ਕਰ ਰਿਹਾ ਹੈ। ਭੂਸ਼ਨ ਸੂਦ ਨੇ ਦੱਸਿਆ ਕਿ ਅੱਜ ਉਨ੍ਹਾਂ ਵੱਲੋਂ ਉਕਤ ਮਾਮਲੇ ਸਬੰਧੀ ਜਦੋਂ ਡਿਪਟੀ ਕਮਿਸ਼ਨਰ ਫ਼ਤਹਿਗੜ੍ਹ ਸਾਹਿਬ ਪਰਨੀਤ ਕੌਰ ਸ਼ੇਰਗਿੱਲ ਨੂੰ ਪੁੱਛਿਆ ਗਿਆ ਤਾਂ ਉਨ੍ਹਾਂ ਜਾਣਕਾਰੀ ਦਿੱਤੀ ਕਿ ਸਬੰਧਤ ਪਟਵਾਰੀ ਦਵਿੰਦਰ ਕੁਮਾਰ ਸ਼ਰਮਾ ਨੂੰ ਨੌਕਰੀ ਤੋਂ ਮੁਅੱਤਲ ਕਰਕੇ ਮਾਮਲੇ ਦੀ ਪੜਤਾਲ ਸ਼ੁਰੂ ਕਰ ਦਿੱਤੀ ਗਈ ਹੈ। ਪੰਜਾਬ ਚੰਡੀਗੜ੍ਹ ਯੂਨੀਅਨ ਦੇ ਸੂਬਾਈ ਪ੍ਰਧਾਨ ਬਲਵਿੰਦਰ ਸਿੰਘ ਜੰਮੂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਤਾਂ ਮੀਡੀਆ ਦੀ ਆਵਾਜ਼ ਨੂੰ ਦਬਾਉਣ ਲਈ ਪਹਿਲਾਂ ਹੀ ਵਰਕਿੰਗ ਜਨਰਲਿਸਟ ਐਕਟ ਰੱਦ ਕਰਕੇ ਪੱਤਰਕਾਰ ਭਾਈਚਾਰੇ ਦੇ ਹੱਕਾਂ 'ਤੇ ਡਾਕਾ ਮਾਰੀ ਚੁੱਕੀ ਹੈ ਪਰ ਅਫਸੋਸ ਦੀ ਗੱਲ ਹੈ ਕਿ ਬਦਲਾਅ ਦੀਆਂ ਗੱਲਾਂ ਕਰਨ ਵਾਲੀ ਪੰਜਾਬ ਦੀ ਮੌਜੂਦਾ ਸਰਕਾਰ ਵੀ ਉਸੇ ਰਾਹ 'ਤੇ ਚੱਲਦੀ ਹੋਈ ਪੱਤਰਕਾਰਾਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕਰ ਰਹੀ ਹੈ। ਸੂਬਾ ਪ੍ਰਧਾਨ ਬਲਵੀਰ ਸਿੰਘ ਜੰਡੂ ਨੇ ਕਿਹਾ ਕਿ ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਪੱਤਰਕਾਰ ਭਾਈਚਾਰੇ ਦੇ ਹੱਕਾਂ ਦੀ ਰਾਖੀ ਲਈ ਤੇ ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਦੱਸਿਆ ਕਿ ਯੂਨੀਅਨ ਜਲਦ ਹੀ ਫ਼ਤਹਿਗੜ੍ਹ ਸਾਹਿਬ ਵਿਖੇ ਇੱਕ ਸੈਮੀਨਾਰ ਵੀ ਕਰਵਾਉਣ ਜਾ ਰਹੀ ਹੈ ਜਿਸ ਵਿੱਚ ਪੱਤਰਕਾਰੀ ਨੂੰ ਦਰਪੇਸ਼ ਸਮੱਸਿਆਵਾਂ 'ਤੇ ਵਿਚਾਰ-ਚਰਚਾ ਕੀਤੀ ਜਾਵੇਗੀ।



# ਦੋ ਦਿਨਾਂ 'ਚ ਰੋਕਿਆ ਦੋ ਘਰਾਂ ਦਾ ਵਾਰੰਟ ਕਬਜ਼ਾ



**ਚੀਮਾ ਮੰਡੀ (ਰਵਿੰਦਰ ਚੀਮਾ)** ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਸੁਨਾਮ ਵੱਲੋਂ ਪਿਛਲੇ ਦੋ ਦਿਨਾਂ ਵਿੱਚ ਸੁਨਾਮ ਬਲਾਕ ਦੇ ਪਿੰਡ ਫਲੇੜਾ ਅਤੇ ਤਰੰਜੀਖੇੜਾ (ਖਡਿਆਲੀ) ਵਿੱਚ ਦੋ ਘਰਾਂ ਨੂੰ ਜ਼ਿੰਦਾ ਲੱਗਣ ਤੋਂ ਬਚਾਇਆ। ਆਗੂਆਂ ਨੇ ਕਿਹਾ ਕਿ ਪੰਜਾਬ ਦਾ ਕਿਸਾਨ-ਮਜ਼ਦੂਰ ਪਹਿਲਾਂ ਹੀ ਕਰਜ਼ੇ ਦੀ ਮਾਰ ਖ਼ੁਦਕੁਸ਼ੀਆਂ ਕਰ ਰਿਹਾ ਹੈ, ਉਪਰੋਂ ਪ੍ਰਾਈਵੇਟ ਫਾਈਨਾਂਸ ਕੰਪਨੀਆਂ ਨੇ ਪੰਜਾਬ ਵਿੱਚ ਬੜਾਂ ਹੀ ਖ਼ਤਰਨਾਕ ਕਰਜ਼ੇ ਦਾ ਜਾਲ਼ ਵਿਛਾ ਰੱਖਿਆ ਹੈ। ਕਰਜ਼ੇ ਦੇ ਜਾਲ਼ ਵਿੱਚ ਫਸਾ ਕੇ ਮਨਮਰਜ਼ੀ ਦੇ ਵਿਆਜ ਤੇ ਮਨਮਰਜ਼ੀ ਨਾਲ ਬੀਮੇ ਕਰਨੇ ਇਹਨਾਂ ਕੰਪਨੀਆਂ ਦਾ ਪੇਸ਼ਾ ਬਣ ਚੁੱਕਿਆ ਹੈ, ਪਰ ਜਥੇਬੰਦੀ ਨੇ ਫਾਈਨਾਂਸ ਕੰਪਨੀਆਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਕਰਜ਼ੇ ਬਦਲੇ ਨਾ ਕਿਸੇ ਕਿਸਾਨ ਦੀ ਜ਼ਮੀਨ ਅਤੇ ਨਾ ਹੀ ਕਿਸੇ ਦਾ ਘਰ ਨਿਲਾਮ ਹੋਣ ਦਿੱਤਾ ਜਾਵੇਗਾ। ਇਸ ਲੜੀ ਤਹਿਤ 2.7.2024 ਨੂੰ ਕਿਸਾਨ ਗੁਰਸੇਵਕ ਸਿੰਘ, ਸੁਖਦੇਵ ਸਿੰਘ ਪਿੰਡ ਫਲੇੜਾ ਦੇ ਘਰ ਨੂੰ ਪ੍ਰਸ਼ਾਸਨ ਜ਼ਿੰਦਾ ਲਾਉਣ ਆਇਆ ਸੀ, ਪਰ ਜਥੇਬੰਦੀ ਦੇ ਰੋਹ ਨੂੰ ਦੇਖਦੇ ਹੋਏ ਪ੍ਰਸ਼ਾਸਨ ਬੇਰੰਗ ਵਾਪਸ ਮੁੜ ਗਿਆ। 3 ਜੁਲਾਈ ਨੂੰ ਪਿੰਡ ਤਰੰਜੀਖੇੜਾ (ਖਡਿਆਲੀ) ਦੇ ਕਿਸਾਨ ਸੁਖਦੇਵ ਸਿੰਘ, ਪਰਮਜੀਤ ਕੌਰ, ਗੁਰਦੀਪ ਸਿੰਘ ਦੇ ਘਰ ਨੂੰ ਪ੍ਰਸ਼ਾਸਨ ਜ਼ਿੰਦਾ ਲਾਉਣ ਆਇਆ ਸੀ ਪਰ ਜਥੇਬੰਦੀ ਦੇ ਰੋਹ ਨੂੰ ਦੇਖਦੇ ਪ੍ਰਸ਼ਾਸਨ ਜ਼ਿੰਦਾ ਨਾ ਲਾ ਸਕਿਆ। ਆਗੂਆਂ ਨੇ ਕਿਹਾ ਕਿ ਫਾਈਨਾਂਸ ਕੰਪਨੀਆਂ ਦੀ ਲੁੱਟ ਬੰਦ ਕਰਨ ਲਈ ਆਉਣ ਵਾਲੇ ਸਮੇਂ ਵਿੱਚ ਸਖ਼ਤ ਸੰਘਰਸ਼ ਵਿੱਢੇ ਜਾਣਗੇ। ਇਸ ਮੌਕੇ ਸੁਨਾਮ ਬਲਾਕ ਦੇ ਆਗੂ ਰਾਮਸਰਨ ਸਿੰਘ ਉਗਰਾਹਾਂ, ਸੁਖਪਾਲ ਸਿੰਘ ਮਾਣਕ ਕਣਕਵਾਲ, ਅਜੈਬ ਸਿੰਘ ਜਖੇਪਲ, ਮਨੀ ਸਿੰਘ ਭੈਣੀ, ਗਗਨ ਚੱਠਾ, ਇੰਦਰਜੀਤ ਸਿੰਘ ਉਗਰਾਹਾਂ, ਭਗਵਾਨ ਸਿੰਘ ਸੁਨਾਮ ਤੇ 12 ਪਿੰਡ ਇਕਾਈ ਦੇ ਕਿਸਾਨ-ਮਜ਼ਦੂਰ ਸ਼ਾਮਲ ਸਨ।

# ਖ਼ਜ਼ਾਨਾ ਭਰਿਆ ਹੋਣ ਦੇ ਦਾਅਵਿਆਂ ਦੀ ਨਿਕਲੀ ਫੂਕ, ਚੌਕੀਦਾਰ ਤਨਖ਼ਾਹ ਤੋਂ ਵਾਂਝੇ

**ਕੋਟਕਪੂਰਾ, (ਰਛਪਾਲ ਭੁੱਲਰ)** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹਰ ਰੋਜ਼ ਪੰਜਾਬ ਦਾ ਖ਼ਜ਼ਾਨਾ ਭਰਿਆ ਹੋਣ ਦੇ ਦਮਗੱਜੇ ਮਾਰੇ ਜਾ ਰਹੇ ਹਨ, ਜਦਕਿ ਖ਼ਜ਼ਾਨੇ ਦੀ ਅਸਲ ਹਾਲਤ ਇਹ ਹੈ ਕਿ ਪੰਜਾਬ ਦੇ ਸਰਕਾਰੀ ਸਕੂਲਾਂ 'ਚ ਸਿਰਫ਼ 3000 ਰੁਪਏ ਮਹੀਨਾ ਉੱਕਾ-ਪੁੱਕਾ ਤਨਖਾਹਾਂ 'ਤੇ ਕੰਮ ਕਰਦੇ ਸਫ਼ਾਈ ਸੇਵਕ ਤੇ ਸਿਰਫ਼ 5000 ਰੁਪਏ ਮਹੀਨਾ ਉੱਕਾ-ਪੁੱਕਾ ਤਨਖਾਹ 'ਤੇ ਕੰਮ ਕਰਦੇ ਚੌਕੀਦਾਰਾਂ ਨੂੰ ਅਪ੍ਰੈਲ, ਮਈ ਤੇ ਜੂਨ ਮਹੀਨੇ ਦੀ ਤਨਖਾਹ ਡੀ ਈ ਓ ਦਫਤਰਾਂ ਕੋਲ ਬੱਜਟ ਨਾ ਹੋਣ ਕਾਰਨ ਅੱਜ ਤੱਕ ਨਹੀਂ ਮਿਲੀ, ਜਿਸ ਕਾਰਨ ਇਹ ਮੁਲਾਜ਼ਮ ਆਰਥਿਕ ਤੌਰ 'ਤੇ ਪ੍ਰੇਸ਼ਾਨੀਆਂ ਦੇ ਦੌਰ 'ਚੋਂ ਦੀ ਲੰਘ ਰਹੇ ਹਨ ਤੇ ਇਨ੍ਹਾਂ ਗ਼ਰੀਬ ਪਰਵਾਰਾਂ ਦਾ ਜੀਵਨ ਦੁੱਭਰ ਹੋ ਕੇ ਰਹਿ ਗਿਆ ਹੈ।

ਪੰਜਾਬ ਸੁਬਾਰਡੀਨੇਟ ਸਰਵਿਸਜ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਸੀਨੀਅਰ ਮੀਤ ਪ੍ਰਧਾਨ ਗੁਰਜੀਤ ਸਿੰਘ ਘੋੜੇਵਾਹ ਤੇ ਗੁਰਪ੍ਰੀਤ ਸਿੰਘ ਮੰਗਵਾਲ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ ਅਤੇ ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਪੰਜਾਬ ਸਰਕਾਰ 'ਤੇ ਦੋਸ਼ ਲਾਇਆ ਹੈ ਕਿ ਆਪਣੇ ਸਵਾ ਦੋ ਸਾਲ ਦੇ ਰਾਜਭਾਗ ਦੌਰਾਨ ਸੰਸਾਰ ਬੈਂਕ ਤੋਂ ਹਜ਼ਾਰਾਂ ਕਰੋੜ ਰੁਪਏ ਦਾ ਕਰਜ਼ਾ ਲੈਣ ਦੇ ਬਾਵਜੂਦ ਤੇ ਖਜ਼ਾਨੇ 'ਤੇ ਬੇਲੋੜੇ ਭਾਰ ਪਾਏ ਜਾਣ ਦੀਆਂ ਨੀਤੀਆਂ ਦੇ ਕਾਰਨ ਦਿਨੋ ਦਿਨ ਪੰਜਾਬ ਦੇ ਖਜ਼ਾਨੇ ਦੀ ਆਰਥਿਕ ਹਾਲਤ ਬਹੁਤ ਮਾੜੀ ਹੋ ਰਹੀ ਹੈ। ਆਗੂਆਂ ਨੇ ਦੋਸ਼ ਲਾਇਆ ਕਿ ਇਨਾ ਹਾਲਤਾਂ ਕਰਨ ਪੰਜਾਬ ਆਰਥਿਕ ਐਮਰਜੈਂਸੀ ਵੱਲ ਵੱਧ ਰਿਹਾ ਹੈ।

# ਬ੍ਰਹਮ ਗਿਆਨੀ ਗੁਰਸਿੱਖ ਹਮੇਸ਼ਾ ਪ੍ਰਮਾਤਮਾ ਦੇ ਭਾਣੇ 'ਚ ਜਿਊਂਦਾ : ਰਾਜਪਿਤਾ ਰਮਿਤ ਚਾਂਦਨਾ



**ਸਮਾਣਾ/ਜਲੰਧਰ (ਇਕਬਾਲ ਸਿੰਘ ਬੱਲ):** ਸੰਤ ਨਿਰੰਕਾਰੀ ਸਤਿਸੰਗ ਮੰਡਲ ਸਮਾਣਾ ਦੇ ਸੰਯੋਜਕ ਸੁਰਿੰਦਰ ਸਿੰਘ ਐਡਵੋਕੇਟ ਨੇ ਦੱਸਿਆ ਕਿ ਬੀਤੇ ਦਿਨ ਜਲੰਧਰ ਵਿਖੇ ਵਿਸ਼ਾਲ ਨਿਰੰਕਾਰੀ ਸੰਤ ਸਮਾਗਮ ਨਿਰੰਕਾਰੀ ਰਾਜ ਪਿਤਾ ਰਮਿਤ ਚਾਂਦਨਾ ਦੀ ਹਜ਼ੂਰੀ ਹੋਇਆ। ਇਸ ਮੌਕੇ ਪੰਜਾਬ ਭਰ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸਮਾਗਮ ਵਿੱਚ ਪਹੁੰਚ ਕੇ ਸਮਾਗਮ ਦਾ ਆਨੰਦ ਪ੍ਰਾਪਤ ਕੀਤਾ। ਸਮਾਗਮ ਦੌਰਾਨ ਵੱਖ ਵੱਖ ਸ਼ਰਧਾਲੂਆਂ ਨੇ ਧਾਰਮਿਕ ਸ਼ਬਦ, ਗੀਤ, ਸੰਗੀਤ, ਕਵਿਤਾਵਾਂ, ਵਿਚਾਰਾਂ ਆਦਿ ਰਾਹੀਂ ਸੱਚ ਦਾ ਸੰਦੇਸ਼ ਦਿੱਤਾ।

ਇਸ ਮੌਕੇ ਨਿਰੰਕਾਰੀ ਰਾਜ ਪਿਤਾ ਰਮਿਤ ਚਾਂਦਨਾ ਨੇ ਆਪਣੇ ਪ੍ਰਵਚਨਾਂ ਵਿੱਚ ਫਰਮਾਇਆ ਕਿ ਬ੍ਰਹਮਗਿਆਨੀ ਗੁਰਸਿੱਖ ਹਮੇਸ਼ਾ ਪ੍ਰਮਾਤਮਾ ਨੂੰ ਜਾਣ ਕੇ ਪ੍ਰਭੂ ਦੇ ਭਾਣੇ ਵਿੱਚ ਰਹਿੰਦੇ ਹੋਏ ਸਤਿਗੁਰੂ ਦੀਆਂ ਸਿੱਖਿਆਵਾਂ ਨੂੰ ਅਮਲੀ ਤੌਰ 'ਤੇ ਮੰਨਦੇ ਹੋਏ ਆਪਣਾ ਜੀਵਨ ਬਤੀਤ ਕਰਦੇ ਹਨ। ਉਨ੍ਹਾਂ ਦੱਸਿਆ ਕਿ ਤਨ ਦੀ ਸੁੰਦਰਤਾ ਨਾਲੋਂ ਮਨ ਦੀ ਸੁੰਦਰਤਾ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਕਸਰ ਆਪਣੇ ਪ੍ਰਵਚਨਾਂ ਵਿੱਚ ਫਰਮਾਉਂਦੇ ਹਨ ਕਿ ਭਗਤ ਕੁਝ ਪਲਾਂ ਦਾ ਭਗਤ ਨਹੀਂ ਹੁੰਦਾ ਬਲਕਿ ਹਰ ਵਕਤ ਦਾ ਹਰ ਸਮੇਂ ਦਾ ਭਗਤ ਹੁੰਦਾ ਹੈ। ਅਸੀਂ ਦੁਨਿਆਵੀ ਉਪਲੱਬਧੀਆਂ ਦੀ ਕਿਸੇ ਪੌੜੀ ਦੇ ਜਿੰਨੇ ਵੀ ਕਦਮ ਚੜ੍ਹਦੇ ਜਾਂਦੇ ਹਾਂ, ਅੱਗੇ ਇੱਕ ਪੌੜੀ ਹੋਰ ਉਸ ਦਾ ਇੰਤਜ਼ਾਰ ਕਰ ਰਹੀ ਹੁੰਦੀ ਹੈ। ਪੌੜੀ ਚੜ੍ਹਨਾ ਮੁਬਾਰਕ ਹੈ ਪਰ ਇਨਸਾਨ ਨੂੰ ਬ੍ਰਹਮਗਿਆਨ ਦੀ ਪ੍ਰਾਪਤੀ ਕਰਕੇ, ਮੂਲ ਨੂੰ ਜਾਣ ਕੇ, ਮਨ ਵਿੱਚੋਂ ਵੈਰ, ਨਫ਼ਰਤ ਦੀਆਂ ਦੀਵਾਰਾਂ ਖਤਮ ਕਰਕੇ ਗੁਰਮਤ ਦੀ ਪੌੜੀ ਚੜ੍ਹਨਾ ਚਾਹੀਦਾ ਹੈ । ਸਾਡਾ ਖਾਣਾ, ਪੀਣਾ, ਉੱਠਣਾ, ਬੈਠਣਾ ਉਦੋਂ ਮੁਬਾਰਕ ਹੋ ਜਾਂਦਾ ਹੈ ਜਦੋਂ ਇਨਸਾਨ ਦੇ ਮਨ 'ਚੋਂ ਹਉਮੈ ਖਤਮ ਹੋ ਜਾਂਦੀ ਹੈ।' ਉਨ੍ਹਾਂ ਜਲੰਧਰ ਸ਼ਹਿਰ ਦੇ ਨਾਮ ਸਬੰਧੀ ਆਪਣੇ ਭਾਵ ਪ੍ਰਗਟ ਕਰਦੇ ਹੋਏ ਕਿਹਾ ਕਿ 'ਜਲੰਧਰ' ਦੇ ਨਾਮ ਵਾਂਗ ਮਨ ਦੇ ਅੰਦਰ ਜੋ ਮੈਂ ਹੈ ਉਸ ਨੂੰ ਜਲਾਉਣਾ ਪਵੇਗਾ, ਹਉਮੈ ਨੂੰ ਛੱਡਣਾ। ਗਿਆਨ ਪ੍ਰਾਪਤ ਕਰਨ ਉਪਰੰਤ ਵੀ ਅਗਰ ਅਸੀਂ ਹਉਮੈ ਵਿੱਚ ਰਹਿੰਦੇ ਹਾਂ ਤਾਂ ਅਸੀਂ ਹੀਰੇ ਮੋਤੀ ਇਕੱਠੇ ਕਰਨ ਦੀ ਬਜਾਏ ਕੰਕਰ ਪੱਥਰ ਇਕੱਠੇ ਕਰਦੇ ਹਾਂ ।ਸਿਰਫ਼ ਪ੍ਰਭੂ ਦਾ ਨਾਮ ਲੈਣਾ ਹੀ ਕਾਫ਼ੀ ਨਹੀਂ ਸਗੋਂ ਪ੍ਰਭੂ ਦੀ ਭਗਤੀ ਵੀ ਕਰਨੀ ਹੈ। ਅਸੀਂ ਕਾਗਜ਼ ਦੇ ਫੁੱਲ ਨਹੀਂ ਬਣਨਾ ਸਗੋਂ ਅਸਲੀ ਫੁੱਲ ਬਣ ਕੇ ਜੀਵਨ ਬਤੀਤ ਕਰਨਾ ਹੈ, ਸਤਿਗੁਰੂ ਬ੍ਰਹਮਗਿਆਨ ਦੇ ਕੇ ਜੀਵਨ ਵਿੱਚ ਕੋਮਲਤਾ, ਸ਼ੀਤਲਤਾ, ਪਿਆਰ ਦੀ ਖੁਸ਼ਬੂ ਭਰ ਦਿੰਦਾ ਹੈ ਅਤੇ ਸਾਡਾ ਜੀਵਨ ਅਸਲੀ ਫੁੱਲਾਂ ਦੀ ਤਰ੍ਹਾਂ ਸਭ ਨੂੰ ਮਹਿਕ ਦੇਣ ਵਾਲਾ ਬਣ ਜਾਂਦਾ ਹੈ। ਇਸ ਸੰਤ ਸਮਾਗਮ ਮੌਕੇ ਕਪੂਰਥਲਾ ਜ਼ੋਨ ਦੇ ਜ਼ੋਨਲ ਇੰਚਾਰਜ ਗੁਲਸ਼ਨ ਲਾਲ ਅਹੂਜਾ ਨੇ ਸਾਰੇ ਪ੍ਰਬੰਧਕਾਂ ਵੱਲੋਂ ਨਿਰੰਕਾਰੀ ਰਾਜ ਪਿਤਾ ਰਮਿਤ ਜੀ, ਸਮੂਹ ਸੰਗਤਾਂ ਅਤੇ ਵਿਸ਼ੇਸ਼ ਮਹਿਮਾਨਾਂ ਦਾ ਨਿੱਘਾ ਸਵਾਗਤ ਕਰਦੇ ਹੋਏ ਜੀ ਆਇਆਂ ਨੂੰ ਆਖਿਆ ਅਤੇ ਸਮੂਹ ਸੇਵਾਦਾਰਾਂ, ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਸ ਪ੍ਰਸ਼ਾਸਨ ਦਾ ਸਮਾਗਮ ਨੂੰ ਸਫ਼ਲ ਬਣਾਉਣ ਲਈ ਭਰਪੂਰ ਸਹਿਯੋਗ ਦੇਣ 'ਤੇ ਧੰਨਵਾਦ ਕੀਤਾ।

# ਸੀ ਪੀ ਆਈ ਤੇ ਸੀ ਪੀ ਐੱਮ ਨੇ ਫੌਜਦਾਰੀ ਕਾਨੂੰਨਾਂ ਦੀਆਂ ਕਾਪੀਆਂ ਸਾੜੀਆਂ

**ਸੰਗਰੂਰ (ਪ੍ਰਵੀਨ ਸਿੰਘ)** ਸੀਪੀਆਈ ਤੇ ਸੀਪੀਐਮ ਵੱਲੋਂ ਸਾਂਝੇ ਤੌਰ 'ਤੇ ਤਿੰਨ ਫੌਜਦਾਰੀ ਕਾਨੂੰਨਾਂ ਦੇ ਖਿਲਾਫ ਸੀਪੀਐਮ ਦੇ ਸਕੱਤਰ ਚਮਕੌਰ ਸਿੰਘ ਖੇੜੀ ਅਤੇ ਸੀਪੀਆਈ ਦੇ ਜ਼ਿਲ੍ਹਾ ਸਕੱਤਰ ਸੁਖਦੇਵ ਸ਼ਰਮਾ ਸੂਬਾ ਆਗੂ ਭੂਪ ਚੰਦ ਚੰਨੋ ਭਰਪੂਰ ਸਿੰਘ ਬੁੱਲਾਪੁਰ ਨਿਰਮਲ ਸਿੰਘ ਬੱਟੜਿਆਣਾ ਦੀ ਅਗਵਾਈ ਵਿੱਚ ਇਕ ਜੁਲਾਈ 2024 ਤੋਂ ਲਾਗੂ ਕੀਤੇ ਫੌਜਦਾਰੀ ਕਾਨੂੰਨਾਂ ਦਾ ਵਿਰੋਧ ਕਰਦਿਆਂ ਕੌਲਾ ਪਾਰਕ ਤੋਂ ਡੀਸੀ ਦਫਤਰ ਤੱਕ ਮਾਰਚ ਕਰਕੇ ਡੀਸੀ ਦਫਤਰ ਦੇ ਸਾਹਮਣੇ ਫੌਜਦਾਰੀ ਕਾਨੂੰਨਾਂ ਦੀਆਂ ਕਾਪੀਆਂ ਸਾੜੀਆਂ।

ਆਗੂਆਂ ਨੇ ਬੋਲਦਿਆਂ ਕਿਹਾ ਕਿ ਫੌਜਦਾਰੀ ਕਾਨੂੰਨ ਪਾਰਲੀਮੈਂਟ ਦੀਆਂ ਚੋਣਾਂ ਤੋਂ ਪਹਿਲਾਂ ਸਾਰੀ ਅਪੋਜੀਸ਼ਨ ਦੇ ਮੈਂਬਰਾਂ ਨੂੰ ਸਸਪੈਂਡ ਕਰਕੇ ਆਪ ਹੁਦਰੇ ਢੰਗ ਨਾਲ ਪਾਸ ਕਰਾਏ ਸਨ, ਜੋ ਪੁਲਸ ਰਾਜ ਪੈਦਾ ਕਰਦੇ ਹਨ।ਸੈਕੂਲਰ ਲੋਕਾਂ ਅਤੇ ਲੋਕਾਂ ਲਈ ਲੜਨ ਵਾਲੇ ਆਗੂਆਂ ਦੇ ਪੈਰਾਂ ਦੀਆਂ ਬੇੜੀਆਂ ਬਣਦੇ ਹਨ।ਪੁਲਸ ਨੂੰ ਅੰਨੇ ਵਾਹ ਸ਼ਕਤੀਆਂ ਪ੍ਰਦਾਨ ਕਰਦੇ ਹਨ।15 ਦਿਨ ਦੀ ਬਜਾਏ ਪੁਲਸ ਨੂੰ 90 ਦਿਨਾਂ ਤੱਕ ਦਾ ਰਿਮਾਂਡ ਹਾਸਲ ਕਰਨ ਦੀ ਪਾਵਰ ਦਿੰਦੇ ਹਨ।ਇਸੇ ਸਮੇਂ ਦਿੱਲੀ ਦੇ ਗਵਰਨਰ ਵੱਲੋਂ 14 ਸਾਲ ਪਹਿਲਾਂ ਆਜ਼ਾਦੀ ਦੇ ਨਾਂਅ 'ਤੇ ਦਿੱਤੇ ਭਾਸ਼ਣ ਨੂੰ ਮੁੱਦਾ ਬਣਾ ਕੇ ਅਰੁੰਧਤੀ ਰਾਏ 'ਤੇ ਕੇਸ ਦਰਜ ਕਰਨ ਦੀ ਇਜਾਜ਼ਤ ਦਿੱਤੀ ਗਈ, ਜਿਸ ਦੀ ਇਕੱਠ ਨਿਖੇਧੀ ਕਰਦਾ ਹੈ।



# ਹੇਮਕੁੰਟ ਸਕੂਲ 'ਚ ਮਨਾਇਆ ਫ੍ਰੀ ਪਲਾਸਟਿਕ ਅੰਤਰਰਾਸ਼ਟਰੀ ਦਿਵਸ



**ਕੋਟ ਈਸੇ ਖਾਂ (ਅਰੋੜਾ)**-ਇਲਾਕੇ ਦੀ ਨਾਮਵਰ ਸੰਸਥਾ ਸ੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਕੋਟ-ਈਸੇ-ਖਾਂ ਵਿਖੇ ਹੇਮਕੁੰਟ ਚੇਅਰਮੈਨ ਕੁਲਵੰਤ ਸਿੰਘ ਸੰਧੂ ਦੀ ਰਹਿਨੁਮਾਈ ਹੇਠ ਵਿਦਿਆਰਥੀਆਂ ਵੱਲੋਂ ਫ੍ਰੀ ਪਲਾਸਟਿਕ ਅੰਤਰਰਾਸ਼ਟਰੀ ਦਿਵਸ ਮਨਾਇਆ ਗਿਆ। ਵਿਦਿਆਰਥੀਆ ਦੇ ਇਸ ਨਾਲ ਸਬੰਧਤ ਚਾਰਟ ਅਤੇ ਸਲੋਗਨ ਮੁਕਾਬਲੇ ਕਰਵਾਏ ਗਏ । ਇਸ ਮੌਕੇ ਐੱਮ.ਡੀ.ਮੈਡਮ ਰਣਜੀਤ ਕੌਰ ਸੰਧੂ ਨੇ ਵਿਦਿਆਰਥੀਆਂ ਨੂੰ ਸਮਝਾਇਆ ਨਾ ਘੁਲਣਸ਼ੀਲ ਪਦਾਰਥਾਂ ਦੇ ਨਾਲ ਧਰਤੀ ਦੀ ਉਪਜਾਊ ਸ਼ਕਤੀ ਨੂੰ ਬਹੁਤ ਨੁਕਸਾਨ ਹੋ ਰਿਹਾ ਹੈ । ਜੇਕਰ ਸਮੇਂ ਰਹਿੰਦਿਆਂ ਅਸੀ ਪਲਾਸਟਿਕ 'ਤੇ ਕਾਬੂ ਪਾ ਲਿਆ ਤਾਂ ਆਲੇ-ਦੁਆਲੇ ਨੂੰ ਸਾਫ ਰੱਖ ਸਕਦੇ ਹਾਂ। ਵਿਦਿਆਰਥੀਆਂ ਨੇ ਆਲੇ-ਦੁਆਲੇ ਦੀ ਸਫਾਈ ਕੀਤੀ ਅਤੇ ਇਹ ਪ੍ਰਣ ਲਿਆ ਕਿ ਉਹ ਆਪਣੇ ਘਰ ਅਤੇ ਆਲੇ-ਦੁਆਲੇ ਦੀ ਸਫਾਈ ਰੱਖਣਗੇ ਅਤੇ ਘੱਟੋ ਘੱਟ ਪਲਾਸਟਿਕ ਦੀਆਂ ਬੋਤਲਾਂ ਅਤੇ ਲਿਫਾਫੇ ਦੀ ਵਰਤੋਂ ਕਰਨਗੇ।

ਪ੍ਰਿੰਸੀਪਲ ਰਮਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਪਲਾਸਟਿਕ ਦੀ ਘੱਟ-ਤੋਂ ਘੱਟ ਵਰਤੋਂ ਕਰਨ ਲਈ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਉਹ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਇਸ ਸਬੰਧੀ ਜਾਗਰੂਕ ਕਰਨ ।

# ਡਿਪਟੀ ਕਮਿਸ਼ਨਰ ਵੱਲੋਂ ਹਲਵਾਰਾ ਹਵਾਈ ਅੱਡੇ ਦੇ ਕੰਮਾਂ ਦਾ ਨਿਰੀਖਣ

**ਚੌਕੀਮਾਨ (ਬਲਬੀਰ ਮਾਨ)** - ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਲੁਧਿਆਣਾ ਵੱਲੋਂ ਅਧਿਕਾਰੀਆਂ ਨੂੰ ਹਲਵਾਰਾ ਵਿਖੇ ਹੋਣ ਵਾਲੇ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਸਾਰੇ ਬਕਾਇਆ ਕਾਰਜਾਂ ਨੂੰ 31 ਜੁਲਾਈ ਤੱਕ ਪੂਰਾ ਕਰਨ ਦੇ ਨਿਰਦੇਸ਼ ਜਾਰੀ ਕੀਤੇ।ਲੋਕ ਨਿਰਮਾਣ ਵਿਭਾਗ, ਪਬਲਿਕ ਹੈਲਥ, ਏ.ਏ.ਆਈ., ਐਨ.ਐਚ.ਏ.ਆਈ., ਡਰੇਨੇਜ ਦੇ ਅਧਿਕਾਰੀਆਂ ਅਤੇ ਠੇਕੇਦਾਰੀ ਕੰਪਨੀ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਭਾਰਤੀ ਹਵਾਈ ਸੈਨਾ ਕੈਂਪਸ ਵਿੱਚ ਐਪਰਨ ਅਤੇ ਟੈਕਸੀਵੇਅ ਬਣਾਉਣ ਦੀ ਰਫਤਾਰ ਨੂੰ ਤੇਜ਼ ਕਰਨ ਦੀ ਲੋੜ ਹੈ। ਉਨ੍ਹਾਂ ਇਨ੍ਹਾਂ ਕੰਮਾਂ ਨੂੰ ਜਲਦ ਤੋਂ ਜਲਦ ਮੁਕੰਮਲ ਕਰਨ ਨੂੰ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਅੰਦਰੂਨੀ ਸੜਕਾਂ ਦੇ ਨਿਰਮਾਣ, ਜਨਤਕ ਸਿਹਤ ਸੇਵਾਵਾਂ, ਕੈਂਪਸ ਲਾਈਟਿੰਗ, ਟਰਮੀਨਲ ਬਿਲਡਿੰਗ, ਸਬ ਸਟੇਸ਼ਨ, ਟਾਇਲਟ ਬਲਾਕ ਅਤੇ ਪਾਰਕਿੰਗ ਸਮੇਤ ਕੰਮ ਮੁਕੰਮਲ ਹੋ ਗਏ ਹਨ।ਡਿਪਟੀ ਕਮਿਸ਼ਨਰ ਵੱਲੋਂ ਸ਼ੁੱਕਰਵਾਰ ਨੂੰ ਆਈ.ਏ.ਐਫ. ਨਾਲ ਸਾਈਟ 'ਤੇ ਸਾਂਝੀ ਮੀਟਿੰਗ ਕੀਤੀ ਸੀ ਅਤੇ ਸੁਰੱਖਿਆ ਚਿੰਤਾਵਾਂ ਨੂੰ ਸੰਤੁਲਿਤ ਕਰਦੇ ਹੋਏ ਸਾਰੀਆਂ ਏਜੰਸੀਆਂ ਵਿਚਕਾਰ ਤਾਲਮੇਲ ਦੇ ਯਤਨ ਤੇਜ਼ ਕੀਤੇ ਜਾ ਰਹੇ ਸਨ। ਉਨ੍ਹਾਂ ਵਿਭਾਗਾਂ ਦੇ ਮੁਖੀਆਂ ਨੂੰ ਇਹ ਵੀ ਕਿਹਾ ਕਿ ਉਹ ਬਾਕੀ ਰਹਿੰਦੇ ਕੰਮਾਂ ਨੂੰ ਮੁਕੰਮਲ ਕਰਨ ਨੂੰ ਪ੍ਰਮੁੱਖ ਤਰਜੀਹ ਦਿੱਤੀ ਜਾਵੇ।ਉਨ੍ਹਾਂ ਇਮਾਰਤ ਦੀ ਸੁਰੱਖਿਆ ਅਤੇ ਢਾਂਚਾਗਤ ਅਖੰਡਤਾ ਨੂੰ ਲੈ ਕੇ ਪੀ.ਡਬਲਯੂ.ਡੀ. ਦੇ ਅਧਿਕਾਰੀਆਂ ਅਤੇ ਕੰਟਰੈਕਟ ਫਰਮ ਦੇ ਨੁਮਾਇੰਦਿਆਂ ਨਾਲ ਵੀ ਗੱਲਬਾਤ ਕੀਤੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹ ਮੌਸਮ ਦੀਆਂ ਅਸਥਿਰਤਾਵਾਂ ਦਾ ਸਾਹਮਣਾ ਕਰ ਸਕਣ। ਉਨ੍ਹਾਂ ਮੁਲਾਂਕਣ ਅਧਿਐਨ ਕਰਨ ਤੋਂ ਬਾਅਦ ਸੁਰੱਖਿਆ ਸਰਟੀਫਿਕੇਟ ਜਮ੍ਹਾ ਕਰਨ ਦੇ ਆਦੇਸ਼ ਵੀ ਦਿੱਤੇ।ਡਿਪਟੀ ਕਮਿਸ਼ਨਰ ਸਾਹਨੀ ਨੇ ਏਅਰਪੋਰਟ ਦੇ ਸ਼ੁਰੂ ਹੋਣ 'ਤੇ ਬੇਸ ਨੂੰ ਸਾਹਨੇਵਾਲ ਤੋਂ ਹਲਵਾਰਾ ਸ਼ਿਫਟ ਕਰਨ ਦੇ ਸਬੰਧ ਵਿੱਚ ਏ.ਏ.ਆਈ. ਦੇ ਅਧਿਕਾਰੀਆਂ ਨਾਲ ਸੰਚਾਲਨ ਤਿਆਰੀ ਪ੍ਰੋਟੋਕੋਲ ਅਤੇ ਚੈਕਲਿਸਟਾਂ ਬਾਰੇ ਵੀ ਚਰਚਾ ਕੀਤੀ।ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਹਵਾਈ ਅੱਡਾ ਇੱਕ ਆਰਥਿਕ ਉਤਪ੍ਰੇਰਕ ਹੋਵੇਗਾ ਜੋ ਉਦਯੋਗਿਕ ਵਿਕਾਸ, ਨਿਰਯਾਤ, ਰੁਜ਼ਗਾਰ, ਰੀਅਲ ਅਸਟੇਟ ਅਤੇ ਹੋਰਾਂ ਨੂੰ ਹੁਲਾਰਾ ਦੇਵੇਗਾ।

# ਡਾਕਟਰੀ ਕਿੱਤਾ ਨਿਰਸਵਾਰਥ ਤੇ ਸਮਰਪਤ ਭਾਵਨਾ ਵਾਲਾ ਹੋਣਾ ਚਾਹੀਦੈ : ਸ਼ਰਮਾ

**ਜ਼ੀਰਾ (ਪਰਮਜੀਤ ਸਿੰਘ ਧੰਜੂ)** ਭਾਰਤ ਵਿਕਾਸ ਪਰਿਸ਼ਦ ਜ਼ੀਰਾ ਵੱਲੋਂ ਸਟੇਟ ਵਾਈਸ ਪ੍ਰਧਾਨ ਸਤਿੰਦਰ ਸਚਦੇਵਾ ਦੀ ਅਗਵਾਈ ਵਿੱਚ ਰਾਸ਼ਟਰੀ ਡਾਕਟਰ ਦਿਵਸ ਯੂਨਿਟ ਪ੍ਰਧਾਨ ਅਨਿਲ ਬਜਾਜ ਅਤੇ ਨਗਰ ਕੌਂਸਲ ਜ਼ੀਰਾ ਦੇ ਸਾਬਕਾ ਵਾਈਸ ਪ੍ਰਧਾਨ ਸੁਖਦੇਵ ਸਿੰਘ ਬਿੱਟੂ ਵਿੱਜ ਵੱਲੋਂ ਜ਼ੀਰਾ ਵਿਖੇ ਸਿਹਤ ਸਹੂਲਤਾਂ ਦੇ ਰਹੇ ਵੱਖ-ਵੱਖ ਰੋਗਾਂ ਦੇ ਮਾਹਿਰ ਡਾਕਟਰਾਂ ਨੂੰ ਸਨਮਾਨਤ ਕੀਤਾ ਗਿਆ, ਜਿਨ੍ਹਾਂ ਵਿੱਚ ਹੱਡੀਆਂ ਦੇ ਮਾਹਰ ਡਾਕਟਰ ਸੌਰਵ ਜੈਨ, ਡਾਕਟਰ ਪ੍ਰਦੀਪ ਵਰਮਾ, ਡਾਕਟਰ ਪਵਨ ਕੁਮਾਰ ਤੇ ਸੀ.ਏ ਜਤਿਨ ਬਜਾਜ ਸ਼ਾਮਲ ਸਨ।

ਸਮਾਜ ਸੇਵੀ ਜਗਦੇਵ ਸ਼ਰਮਾ ਨੇ ਦੱਸਿਆ ਕਿ ਰਾਸ਼ਟਰੀ ਚਿਕਿਤਸਕ ਦਿਵਸ ਹਰ ਸਾਲ 1 ਜੁਲਾਈ ਨੂੰ ਪ੍ਰਸਿੱਧ ਡਾਕਟਰ ਤੇ ਬੰਗਾਲ ਦੇ ਦੂਜੇ ਮੁੱਖ ਮੰਤਰੀ ਡਾਕਟਰ ਵਿਧਾਨ ਚੰਦਰ ਰਾਏ ਦੇ ਸਨਮਾਨ ਵਿੱਚ ਮਨਾਇਆ ਜਾਂਦਾ ਹੈ।ਇਸ ਦਿਵਸ ਦਾ ਉਦੇਸ਼ ਡਾਕਟਰੀ ਕਿੱਤੇ ਦਾ ਮਹੱਤਵ, ਨਿਰਸਵਾਰਥ ਸੇਵਾ ਤੇ ਸਵਾਸਥ ਕਲਿਆਣ ਸਬੰਧੀ ਲੋਕਾਂ ਨੂੰ ਜਾਗਰੂਕ ਕਰਨਾ ਹੈ।ਇਸ ਲਈ ਕਿੱਤਾ ਨਿਰਸਵਾਰਥ ਤੇ ਸਮਰਪਣ ਦੀ ਭਾਵਨਾ ਵਾਲਾ ਹੋਣਾ ਚਾਹੀਦਾ ਹੈ।ਗੁਰਬਖਸ਼ ਸਿੰਘ ਵਿੱਜ ਅਤੇ ਤਰਸੇਮ ਲਾਲ ਜੁਨੇਜਾ ਨੇ ਕਿਹਾ ਕਿ ਡਾਕਟਰ ਪ੍ਰਮਾਤਮਾ ਦਾ ਦੂਜਾ ਰੂਪ ਹਨ, ਜੋ ਐਮਰਜੈਂਸੀ ਵਿੱਚ ਰੋਗੀ ਲੋਕਾਂ ਨੂੰ ਨਵਾਂ ਜੀਵਨ ਦਿੰਦੇ ਹਨ।



# ਬੱਚਿਆਂ ਨੇ ਰਾਸ਼ਟਰੀ ਪੱਧਰ 'ਤੇ ਕਰਾਟੇ ਚੈਂਪੀਅਨਸ਼ਿਪ 'ਚ ਗੱਡੇ ਝੰਡੇ




**ਬਰੇਟਾ (ਰੀਤਵਾਲ)** ਜੈਪੁਰ ਵਿਖੇ 18 ਜੂਨ ਤੋਂ 23 ਜੂਨ ਰਾਸ਼ਟਰ ਪੱਧਰ 'ਤੇ ਕਰਾਟੇ ਚੈਂਪੀਅਨਸ਼ਿਪ ਦਾ ਆਯੋਜਨ ਕੀਤਾ ਗਿਆ, ਜਿੱਥੇ ਵੱਖ-ਵੱਖ ਸਟੇਟ ਦੇ ਸਕੂਲਾਂ ਨੇ ਹਿੱਸਾ ਲਿਆ, ਜਿਸ ਵਿੱਚ ਆਤਮਾ ਰਾਮ ਮੈਮੋਰੀਅਲ ਕਾਨਵੈਂਟ ਸਕੂਲ ਬਰੇਟਾ ਦੇ ਬੱਚਿਆਂ ਨੇ ਮੈਡਲ ਜਿੱਤ ਕੇ ਸਕੂਲ ਅਤੇ ਬਰੇਟਾ ਮੰਡੀ ਦਾ ਨਾਂਅ ਰੌਸ਼ਨ ਕੀਤਾ।ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀ ਲਵਪ੍ਰੀਤ ਸਿੰਘ (2 ਗੋਲਡ ਮੈਡਲ), (ਹਰਮਨ ਸਿੰਘ 1 ਗੋਲਡ ਮੈਡਲ), ਬਖਸ਼ਪ੍ਰੀਤ ਸਿੰਘ (ਸਿਲਵਰ ਮੈਡਲ) ਤੇ ਰਣਵੀਰ ਸਿੰਘ ਬਾਰ੍ਹਵੀਂ ਜਮਾਤ (ਗੋਲਡ ਮੈਡਲ) ਜਿੱਤਿਆ।ਇਸ ਮੁਕਾਬਲੇ ਵਿੱਚ ਜੋ ਗੱਲ਼ ਸਭ ਤੋਂ ਫ਼ਖਰ ਵਾਲੀ ਹੈ, ਉਹ ਇਹ ਕਿ ਸਕੂਲ ਦੇ ਵਿਦਿਆਰਥੀ ਲਵਪ੍ਰੀਤ ਨੇ ਸਾਰਿਆਂ ਦੇ ਸਾਹਮਣੇ ਖੁੱਲ੍ਹਾ ਚੈਲੰਜ ਕੀਤਾ ਅਤੇ ਗੋਲਡ ਮੈਡਲ ਜਿੱਤ ਕੇ ਸਕੂਲ ਦੇ ਨਾਂਅ ਨੂੰ ਚਾਰ ਚੰਨ ਲਾਏ।

ਸਕੂਲ ਦੇ ਚੇਅਰਮੈਨ ਸਰ ਸ਼ੈਰਿਕ ਗਰਗ, ਐੱਮ.ਡੀ. ਮੈਡਮ ਮੋਨਿਕਾ ਗਰਗ ਤੇ ਸਕੂਲ ਦੇ ਪ੍ਰਿੰਸੀਪਲ ਵਿਜੈ ਕੁਮਾਰ ਨੇ ਟਿੱਪਣੀ ਕਰਦੇ ਹੋਏ ਕਿਹਾ ਕਿ ਬੱਚਿਆਂ ਦਾ ਇਹ ਪ੍ਰਦਰਸ਼ਨ ਸ਼ਬਦਾਂ ਦੀ ਵਾੜ ਤੋਂ ਪਰ੍ਹੇ ਹੈ।ਉਨ੍ਹਾਂ ਸਕੂਲ ਦੇ ਖੇਡਾਂ ਦੇ ਅਧਿਆਪਕ ਅਕਾਸ਼ਦੀਪ ਸਿੰਘ, ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਲੱਖ-ਲੱਖ ਵਧਾਈ ਦਿੱਤੀ।ਉਨ੍ਹਾਂ ਦੱਸਿਆ ਕਿ ਸਾਰੇ ਬੱਚੇ ਅੰਤਰ ਰਾਸ਼ਟਰੀ ਕਰਾਟੇ ਚੈਂਪੀਅਨਸ਼ਿਪ ਲਈ ਚੁਣੇ ਗਏ ਹਨ, ਜੋ ਨੇਪਾਲ ਵਿੱਚ ਹੋਣੀ ਹੈ।

# ਡੋਡ ਪਰਵਾਰ ਨੂੰ ਸਦਮਾ, ਸੇਠ ਇੱਜ਼ਤ ਰਾਏ ਦਾ ਦੇਹਾਂਤ



**ਭਗਤਾ ਭਾਈ ਕਾ (ਰਾਜੀਵ ਗੋਇਲ) :** ਸਥਾਨਕ ਸ਼ਹਿਰ ਦੇ ਵਸਨੀਕ ਉੱਘੇ ਵਪਾਰੀ ਤੇ ਸਮਾਜਸੇਵੀ ਜੈ ਪਾਲ ਡੋਡ (ਆਰੇ ਵਾਲੇ) ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ ਜਦੋਂ ਉਨ੍ਹਾਂ ਦੇ ਪਿਤਾ ਸੰਖੇਪ ਬਿਮਾਰੀ ਦੇ ਚਲਦਿਆਂ ਬੀਤੀ ਸ਼ਾਮ ਇਸ ਸੰਸਾਰ ਨੂੰ ਅਲਵਿਦਾ ਆਖ ਗੁਰੂ ਚਰਨਾਂ ਵਿੱਚ ਜਾ ਬਿਰਾਜੇ । ਸੇਠ ਇੱਜ਼ਤ ਰਾਏ ਭਾਜਪਾ ਆਗੂ ਬਬਲੇਸ਼ ਕੁਮਾਰ ਬੌਬੀ ਸਿੰਗਲਾ ਦੇ ਤਾਇਆ ਸਨ, ਜਿਹੜੇ ਕਾਫੀ ਦਿਨਾਂ ਤੋਂ ਲਗਾਤਾਰ ਬਿਮਾਰ ਚਲੇ ਆ ਰਹੇ ਸਨ। ਇਸ ਦੁੱਖ ਦੀ ਘੜੀ ਵਿੱਚ ਜੈ ਪਾਲ ਡੋਡ, ਰਾਕੇਸ਼ ਕੁਮਾਰ ਅਤੇ ਨਰੇਸ਼ ਕੁਮਾਰ, ਬੌਬੀ ਸਿੰਗਲਾ ਸਮੇਤ ਸਮੂਹ ਡੋਡ ਪਰਵਾਰ ਨਾਲ ਇੰਦਰਜੀਤ ਸਿੰਘ ਮਾਨ ਚੇਅਰਮੈਨ ਪੰਜਾਬ ਖਾਦੀ ਤੇ ਗ੍ਰਾਮ ਉਦਯੋਗ ਬੋਰਡ, ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ, ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ, ਬੂਟਾ ਸਿੰਘ ਸਿੱਧੂ ਪ੍ਰਧਾਨ ਨਗਰ ਪੰਚਾਇਤ ਭਗਤਾ, ਗਗਨਦੀਪ ਗਰੇਵਾਲ ਸਾ.ਚੇਅਰਮੈਨ, ਕੁਲਵੰਤ ਸਿੰਘ ਮਲੂਕਾ ਚੇਅਰਮੈਨ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ, ਗਗਨ ਬਰਾੜ ਚੇਅਰਮੈਨ ਆਕਸਫੋਰਡ ਸਕੂਲ, ਪ੍ਰਿੰਸੀਪਲ ਰੂਪ ਲਾਲ ਬਾਂਸਲ, ਵਿੱਕੀ ਅਕਾਊਂਟੈਂਟ, ਰਾਮ ਸਿੰਘ ਮਲੂਕਾ, ਰਘੂਬੀਰ ਜਿਊਲਰਜ਼ ਭਗਤਾ, ਵਿਜੈ ਕੁਮਾਰ ਅਰੋੜਾ, ਦੀਪਕ ਮਿੱਤਲ, ਗੁਰਪਾਲ ਸਿੰਘ ਢਿੱਲੋਂ, ਹਰਿੰਦਰ ਬਰਾੜ, ਜਸਮੀਤ ਬਰਾੜ ਪ੍ਰਿੰਸੀਪਲ ਭਾਈ ਬਹਿਲੋ ਪਬਲਿਕ ਸਕੂਲ, ਹਰਬੰਸ ਸਿੰਘ ਬਰਾੜ ਕੇਸਰਵਾਲੀਆ,ਰਾਕੇਸ਼ ਕੁਮਾਰ ਸਾ.ਪ੍ਰਧਾਨ, ਪਰਮਜੀਤ ਬਿਦਰ, ਵਿਜੈ ਕੁਮਾਰ ਪੱਪੂ ਪ੍ਰਧਾਨ ਆੜਤੀਆ ਯੂਨੀਅਨ, ਰਾਮ ਕੁਮਾਰ ਪ੍ਰਧਾਨ ਕਰਿਆਨਾ ਯੂਨੀਅਨ, ਸੁਨੀਲ ਕੁਮਾਰ ਗੋਗੀ ਭਦੌੜੀਆ, ਇੰਦਰਜੀਤ ਨਾਗਪਾਲ, ਸ਼ੈਕੀ ਗੋਇਲ, ਕੇਸ਼ਵ ਤੇ ਮਿੰਟੂ ਗਰਗ, ਕਮਲਜੀਤ ਸਿੰਘ ਪਨੇਸਰ, ਨਿਰਮਲ ਸਿੰਘ ਹੁੰਜਨ, ਰਾਜਨ ਅਰੋੜਾ, ਰਵੀ ਵਰਮਾ ਤਰਸੇਮ ਸ਼ਰਮਾ, ਅਰਵਿੰਦ ਕੁਮਾਰ ਨਾਨੂੰ, ਜਨਕ ਰਾਜ, ਪੁਨੀਤ ਕੁਮਾਰ ਵਕੀਲ, ਨਰਿੰਦਰਪਾਲ ਗਰਗ, ਰਾਜਿੰਦਰ ਕੁਮਾਰ ਰੀਠਾ, ਗੁਰਬਿੰਦਰ ਸਿੱਧੂ ਭਾਜਪਾ ਆਗੂ, ਪਵਨ ਗਰਗ, ਜਗਸੀਰ ਪੱਪੂ, ਰਾਮ ਕੁਮਾਰ, ਰਾਮ ਕੁਮਾਰ ਸਿੰਗਲਾ, ਦਵਿੰਦਰ ਪੁਰੀ, ਕ੍ਰਿਸ਼ਨ ਕੁਮਾਰ ਭੋਲਾ,ਮਹਿੰਦਰ ਕਮਰਾ, ਅਚੱਲ ਕੁਮਾਰ, ਚਿਮਨ ਬਾਂਸਲ ਸਮੇਤ ਬਜ਼ਾਰ ਦੇ ਸਮੂਹ ਦੁਕਾਨਦਾਰਾਂ ਅਤੇ ਸਿਆਸੀ ਆਗੂਆਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

# ਜਲੰਧਰ ਪੱਛਮੀ ਹਲਕੇ 'ਚ 6 ਦੇ ਰੋਸ ਮੁਜ਼ਾਹਰੇ 'ਚ ਪੰਜਾਬ ਭਰ ਤੋਂ ਸਿਹਤ ਕਾਮੇ ਕਰਨਗੇ ਵੱਡੀ ਸ਼ਮੂਲੀਅਤ



**ਫਿਰੋਜ਼ਪੁਰ (ਗੁਰਬਚਨ ਸਿੰਘ ਸੋਨੂੰ, ਅਸ਼ੋਕ ਸ਼ਰਮਾ)**- ਸਿਹਤ ਵਿਭਾਗ ਦੇ ਮਲਟੀਪਰਪਜ਼ ਕੇਡਰ ਦੀ ਮੁੱਖ ਜਥੇਬੰਦੀ ਮਲਟੀਪਰਪਜ਼ ਹੈਲਥ ਇੰਪਲਾਈਜ਼ ਮੇਲ/ਫੀਮੇਲ ਯੂਨੀਅਨ ਪੰਜਾਬ ਵਲੋਂ ਸਿਹਤ ਵਿਭਾਗ ਦੇ ਮੁਲਾਜ਼ਮਾਂ ਦੀਆਂ ਮੁੱਖ ਤੇ ਅਹਿਮ ਮੰਗਾਂ , ਕੰਟਰੈਕਟ ਦੇ ਮੁਲਾਜ਼ਮਾਂ ਦੀ ਰੈਗੂਲਰ ਪਾਲਸੀ ਨੂੰ ਅਮਲੀ ਜਾਮਾ ਦਿਵਾਉਣ, ਕੱਟੇ ਸਫ਼ਰੀ ਭੱਤਾ , ਵਰਦੀ ਭੱਤੇ ਬਹਾਲ ਕਰਨ, ਮਲਟੀਪਰਪਜ਼ ਕੇਡਰ ਦਾ ਨਾਮ ਬਦਲਣ ਸਬੰਧੀ, 986 ਫੀਮੇਲ ਵਰਕਰਾਂ ਨੂੰ ਨਿਯੁਕਤੀ ਪੱਤਰ ਦੇਣ ਸਬੰਧੀ, ਮਲਟੀਪਰਪਜ਼ ਕੇਡਰ ਦੀਆ ਪਦਉਨਤੀਆਂ ਸਮਾਂਬੱਧ ਕਰਨ ਅਤੇ ਖਾਲੀ ਸਥਾਨਾਂ ਤੇ ਆਪਸੀ ਬਦਲੀਆਂ ਪਹਿਲ ਦੇ ਅਧਾਰ 'ਤੇ ਕਰਨ ਸਬੰਧੀ, ਪੰਜਾਬ ਸਰਕਾਰ ਦੇ ਪੱਤਰ ਮੁਤਾਬਕ ਸਿਹਤ ਵਿਭਾਗ ਦੇ ਮੁਲਾਜ਼ਮਾਂ ਤੇ ਕੇਂਦਰੀ ਸਕੇਲ ਦੀ ਥਾਂ ਪੰਜਾਬ ਸਕੇਲ ਲਾਗੂ ਕਰਨ ਬਾਰੇ, ਮਲਟੀਪਰਪਜ਼ ਮੇਲ ਦੇ ਸਰਕਾਰੀ ਟ੍ਰੇਨਿੰਗ ਸੈਂਟਰ ਚਾਲੂ ਕਰਨ ਅਤੇ ਨਵੀਂ ਭਰਤੀ ਦਾ ਇਸ਼ਤਿਹਾਰ ਜਲਦੀ ਜਾਰੀ ਕਰਨ ਸਮੇਤ ਹੋਰ ਮੰਗਾਂ ਦੇ ਹੱਲ ਲਈ ਜਲੰਧਰ ਪੱਛਮੀ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਮੌਕੇ 6 ਜੁਲਾਈ ਨੂੰ ਸੂਬਾਈ ਰੋਸ ਮੁਜ਼ਾਹਰਾ ਕਰਨ ਦਾ ਫੈਸਲਾ ਕੀਤਾ। ਇਸ ਰੋਸ ਮੁਜ਼ਾਹਰੇ ਵਿੱਚ ਸਾਰੇ ਪੰਜਾਬ ਤੋਂ ਮਲਟੀਪਰਪਜ਼ ਕਾਮੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸਟੇਟ ਆਗੂਆਂ ਦੀ ਇੱਕ ਮੀਟਿੰਗ ਪਿਛੋਂ ਜਥੇਬੰਦੀ ਦੇ ਸੂਬਾਈ ਕਨਵੀਨਰ ਗੁਰਪ੍ਰੀਤ ਸਿੰਘ ਮੰਗਵਾਲ, ਗੁਰਦੇਵ ਸਿੰਘ ਢਿੱਲੋਂ, ਮਨਜੀਤ ਕੌਰ ਫਰੀਦਕੋਟ, ਵਿਰਸਾ ਸਿੰਘ ਪੰਨੂੰ, ਮਨਜੀਤ ਕੌਰ ਗੁਰਦਾਸਪੁਰ, ਜਸਵੀਰ ਕੌਰ ਮੂਨਕ, ਤ੍ਰਿਪਤਾ ਸ਼ਰਮਾ ਨਰਿੰਦਰ ਸ਼ਰਮਾ, ਪ੍ਰਭਜੀਤ ਵੇਰਕਾ, ਹਰਜੀਤ ਸਿੰਘ ਪੋਹਵਿੰਡ , ਅੰਗਰੇਜ ਸਿੰਘ, ਸੁਖਜੀਤ ਸੇਖੋਂ, ਚੰਦ ਸਿੰਘ ਬਠਿੰਡਾ, ਅਵਤਾਰ ਸਿੰਘ ਗੰਢੂਆਂ , ਦਲਜੀਤ ਢਿੱਲੋਂ, ਪੈਰਾ ਮੈਡੀਕਲ ਆਗੂ ਰਾਜਵੰਤ ਸਿੰਘ ਬਾਗੜੀਆ, ਕੌਰਜੀਤ ਸਿੰਘ, ਰਮਨਦੀਪ, ਗੁਰਦੇਵ ਸਿੰਘ, ਰਮੇਸ਼ ਕੁਮਾਰ ਫਿਰੋਜ ਸ਼ਾਹ, ਦਵਿੰਦਰ ਸਿੰਘ, ਬਲਜੀਤ ਕੌਰ, ਬਲਦੇਵ ਸਿੰਘ, ਗੁਰਮੀਤ ਕੌਰ, ਗੁਰਦੇਵ ਕੌਰ, ਛਿੰਦਰ ਕੌਰ, ਕੁਲਵਿੰਦਰ ਕੱਸੂਆਣਾ, ਸੰਗੀਤਾ ਪਾਸੀ ਰਾਜਵਿੰਦਰ ਕੌਰ ਰਜਿੰਦਰ ਕੌਰ ਰਣਜੀਤ ਕੌਰ ਪਰਮਜੀਤ ਕੌਰ, ਸਤਨਾਮ ਸਿੰਘ ਸਮੇਤ ਹੋਰ ਆਗੂਆ ਨੇ ਕੀਤਾ । ਇਸ ਮੌਕੇ ਹੋਰ ਆਗੂ ਵੀ ਹਾਜ਼ਰ ਸਨ।

# ਗਰੀਨ ਟਰਾਂਸਪੋਰਟੇਸ਼ਨ ਜਾਗਰੂਕਤਾ ਰਾਈਡ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ



**ਲੁਧਿਆਣਾ ਜੂਨ (ਰਾਜ ਸਿੰਗਲਾ)**- ਜ਼ਿਲ੍ਹਾ ਪ੍ਰਸ਼ਾਸਨ ਅਤੇ ਨਗਰ ਨਿਗਮ ਲੁਧਿਆਣਾ ਨੇ ਸਿਟੀ ਨੀਡਜ਼ ਦੇ ਸਹਿਯੋਗ ਨਾਲ ਮੰਗਲਵਾਰ ਨੂੰ ਸਰਾਭਾ ਨਗਰ ਸਥਿਤ ਨਗਰ ਨਿਗਮ ਜ਼ੋਨ ਡੀ ਦਫ਼ਤਰ ਤੋਂ 'ਵੇਕ ਅੱਪ ਲੁਧਿਆਣਾ' ਮੁਹਿੰਮ ਤਹਿਤ 'ਗਰੀਨ ਟਰਾਂਸਪੋਰਟੇਸ਼ਨ' ਜਾਗਰੂਕਤਾ ਰਾਈਡ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਪਹਿਲਕਦਮੀ ਦੇ ਤਹਿਤ, ਦੋ ਰਾਈਡਰ - ਗੋਲਡੀ ਅਤੇ ਡੋਰਗੇ ਸ਼ੇਰਪਾ ਹਰੀ ਆਵਾਜਾਈ ਅਤੇ ਵਾਤਾਵਰਣ ਪ੍ਰਤੀ ਜਾਗਰੂਕਤਾ ਨੂੰ ਉਤਸ਼ਾਹਤ ਕਰਨ ਲਈ ਵਿਸ਼ਵ ਦੀ ਸਭ ਤੋਂ ਉੱਚੀ ਮੋਟਰੇਬਲ ਰੋਡ, 18,383 ਫੁੱਟ 'ਤੇ ਸਥਿਤ ਖਾਰਦੁੰਗਲਾ ਪਾਸ ਤੱਕ ਮਾਊਂਟੇਨੀਅਰਿੰਗ ਬਾਈਕਸ (ਏਵਨ ਸਾਈਕਲ ਦੁਆਰਾ ਸਪਾਂਸਰ ਕੀਤੇ) ਦੀ ਸਵਾਰੀ ਕਰਨਗੇ। ਇਸ ਜਾਗਰੂਕਤਾ ਰਾਈਡ ਨੂੰ ਸਹਾਇਕ ਕਮਿਸ਼ਨਰ ਜਸਦੇਵ ਸਿੰਘ ਸੇਖੋਂ ਅਤੇ ਐਵਨ ਸਾਈਕਲਜ਼ ਲਿਮਟਿਡ ਦੇ ਕਾਰਜਕਾਰੀ ਡਾਇਰੈਕਟਰ ਮਨਦੀਪ ਪਾਹਵਾ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਗਰੀਨ ਟਰਾਂਸਪੋਰਟੇਸ਼ਨ ਜਾਗਰੂਕਤਾ ਰਾਈਡ ਦੇ ਰੂਟ ਵਿੱਚ ਜ਼ੋਜਿਲਾ (11,649 ਫੁੱਟ), ਨਾਮਕੀ ਲਾ (12,198 ਫੁੱਟ), ਫੋਟੂ ਲਾ (13,479 ਫੁੱਟ), ਖਾਰਦੁੰਗ ਲਾ (17,582 ਫੁੱਟ), ਤਾਂਗ ਲੈਂਗ ਲਾ (17,480 ਫੁੱਟ), ਲਾਚੁੰਗ ਲਾ (16,600 ਫੁੱਟ), ਨਕੀਲਾ (15,647 ਫੁੱਟ) ਅਤੇ ਖਾਰਦੁੰਗਲਾ (18,383 ਫੁੱਟ) ਸਮੇਤ ਉੱਚੇ ਰਸਤੇ ਸ਼ਾਮਲ ਹਨ। ਆਪਣੇ ਇੱਕ ਮਹੀਨੇ ਦੇ ਅਭਿਆਨ ਦੌਰਾਨ ਇਹ ਦੋ ਰਾਈਡਰ ਵਾਤਾਵਰਣ ਦੀ ਸੰਭਾਲ ਬਾਰੇ ਗੱਲ ਕਰਨਗੇ ਅਤੇ ਗ੍ਰੀਨ ਟਰਾਂਸਪੋਰਟ ਦੀ ਵਰਤੋਂ ਨੂੰ ਉਤਸ਼ਾਹਤ ਕਰਨਗੇ ਜੋ ਕਿ ਕੁਦਰਤ ਅਤੇ ਸਿਹਤ ਦੋਵਾਂ ਲਈ ਵਧੀਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 5 ਜੁਲਾਈ ਨੂੰ ਇੱਕ ਟ੍ਰੀ ਏ.ਟੀ.ਐਮ ਵੀ ਲਾਂਚ ਕੀਤਾ ਜਾਵੇਗਾ, ਜਿਸ ਦੀ ਮਦਦ ਨਾਲ ਕੋਈ ਵੀ ਸੰਸਥਾ/ਵਾਸੀ ਆਪਣੀ ਸਬੰਧਤ ਸਾਈਟ 'ਤੇ ਮੁਫ਼ਤ ਰੁੱਖ ਲਗਾਉਣ ਲਈ ਬੇਨਤੀ ਕਰ ਸਕਦੇ ਹਨ। ਸਿਟੀ ਨੀਡਜ਼ ਅਤੇ ਮਾਰਸ਼ਲ ਏਡ ਟੀਮ ਮੁਫ਼ਤ ਰੁੱਖ ਲਗਾਉਣ ਲਈ ਸਾਈਟ 'ਤੇ ਜਾਵੇਗੀ। ਆਰਡਰ ਦੇਣ ਲਈ, ਨਿਵਾਸੀ 7877778803 'ਤੇ ਮਿਸਡ ਕਾਲ ਦੇ ਸਕਦੇ ਹਨ ਅਤੇ ਵਟਸਐਪ ਰਾਹੀਂ ਆਰਡਰ ਦੇ ਸਕਦੇ ਹਨ।

# ਜ਼ਿਮਨੀ ਚੋਣ 'ਚ ਤੱਕੜੀ ਦੀ ਤੌਹੀਨ ਲਈ ਸੁਖਬੀਰ ਬਾਦਲ ਜ਼ਿੰਮੇਵਾਰ : ਚੰਦੂਮਾਜਰਾ, ਢੀਂਡਸਾ



**ਪਾਤੜਾਂ, (ਭੁਪਿੰਦਰਜੀਤ ਮੌਲਵੀਵਾਲਾ)** ਸ਼੍ਰੋਮਣੀ ਅਕਾਲੀ ਦਲ ਤੋਂ ਵੱਖ ਹੋ ਗਏ ਧੜੇ ਦੇ ਆਗੂਆਂ ਨੇ ਵਰਕਰਾਂ ਦੀ ਮੀਟਿੰਗ ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਪਾਤੜਾਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਾਜ਼ਰੀ ਵਿੱਚ ਹੋਈ।ਮੀਟਿੰਗ 'ਚ ਸਾਬਕਾ ਲੋਕ ਸਭਾ ਮੈਂਬਰ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਅਤੇ ਸਾਬਕਾ ਕੈਬਨਟ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਅਕਾਲੀ ਦਲ ਦੀ ਮਾੜੀ ਸਥਿਤੀ ਤੇ ਤੱਕੜੀ ਦੀ ਤੌਹੀਨ ਲਈ ਸੁਖਬੀਰ ਸਿੰਘ ਬਾਦਲ ਜ਼ਿੰਮੇਵਾਰ ਦੱਸਦਿਆਂ ਸਰਬ ਪ੍ਰਵਾਨਤ ਅਕਾਲੀ ਦਲ ਪ੍ਰਧਾਨ ਬਣਾਉਣ ਦੀ ਮੰਗ ਕੀਤੀ ਹੈ।

ਅਕਾਲੀ ਆਗੂਆਂ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਤੇ ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ ਡੇਰਾ ਸਿਰਸਾ ਮੁਖੀ ਨੂੰ ਮੁਆਫ਼ੀ ਦੇਣ, ਅਕਾਲੀ ਸਰਕਾਰ ਸਮੇਂ ਸੁਮੇਧ ਸੈਣੀ ਨੂੰ ਪੰਜਾਬ ਦਾ ਡੀਜੀਪੀ ਲਾਉਣਾ ਵਰਗੀਆਂ ਗ਼ਲਤੀਆਂ ਲਈ ਅਕਾਲੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਮੇਤ ਪਾਰਟੀ ਹਾਈਕਮਾਨ ਨੂੰ ਸਿੱਖ ਕੌਮ ਜ਼ਿੰਮੇਵਾਰ ਸਮਝਦੀ ਹੈ।ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀਆਂ ਗਲਤੀਆਂ ਕਾਰਨ ਲੋਕ ਸਭਾ ਚੋਣਾਂ ਵਿੱਚ ਅਕਾਲੀ ਦਲ ਦੇ ਉਮੀਦਵਾਰ ਪੰਜਵੇਂ ਸਥਾਨ ਤੱਕ ਪੁੱਜ ਗਏ ਹਨ। ਉਨ੍ਹਾਂ ਵੱਲੋਂ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਅਸਤੀਫ਼ਾ ਦੇ ਕੇ ਸਰਬ ਪ੍ਰਵਾਨਤ ਪ੍ਰਧਾਨ ਬਣਾਏ ਜਾਣ ਦੀ ਜਦੋਂ ਮੰਗ ਕਰਨ 'ਤੇ ਸੁਖਬੀਰ ਬਾਦਲ ਤੇ ਉਨ੍ਹਾਂ ਦੇ ਸਾਥੀਆਂ ਨੇ ਉਨ੍ਹਾਂ ਨੂੰ ਬਾਗ਼ੀ ਕਹਿ ਕੇ ਭੰਡਣਾ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਕਿਹਾ ਹੈ ਕਿ ਜਲੰਧਰ ਸੀਟ ਤੋਂ ਸੁਰਜੀਤ ਕੌਰ ਨੂੰ ਟਿਕਟ ਦੇ ਕੇ ਵਾਪਸ ਲੈਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਉਨ੍ਹਾਂ ਉਸ ਨਾਲ ਹਮਦਰਦੀ ਪ੍ਰਗਟ ਕੀਤੀ ਸੀ ਅੱਜ ਵਿਧਵਾ ਗ਼ਰੀਬ ਨੂੰ ਤੱਕੜੀ ਛੱਡ ਕੇ ਜਾਣ ਲਈ ਮਜਬੂਰ ਹੋਣਾ ਪਿਆ ਹੈ।ਤੱਕੜੀ ਦੀ ਤੌਹੀਨ ਲਈ ਸੁਖਬੀਰ ਸਿੰਘ ਬਾਦਲ ਜ਼ੁੰਮੇਵਾਰ ਹੈ।

# ਮੋਟਰਸਾਈਕਲ ਚੋਰ ਸਰਗਰਮ, ਪੁਲਸ ਦੇ ਹੱਥ ਖਾਲੀ

**ਮਲੋਟ, (ਗੁਰਮੀਤ ਸਿੰਘ ਮੱਕੜ)** ਮੋਟਰਸਾਈਕਲ ਚੋਰੀ ਦੀਆਂ ਵਾਰਦਾਤਾਂ ਵਿੱਚ ਦਿਨੋ ਦਿਨ ਵਾਧਾ ਹੋ ਰਿਹਾ ਹੈ, ਪ੍ਰੰਤੂ ਪੁਲਸ ਇਨ੍ਹਾਂ ਮੋਟਰਸਾਈਕਲਾਂ ਚੋਰਾਂ ਨੂੰ ਕਾਬੂ ਕਰਨ ਵਿਚ ਨਾਕਾਮਯਾਬ ਰਹੀ ਹੈ। ਮੋਟਰਸਾਈਕਲ ਚੋਰੀ ਹੋਣ ਨਾਲ ਜਿੱਥੇ ਮੋਟਰਸਾਈਕਲ ਮਾਲਕ ਦਾ ਲਗਭਗ ਇੱਕ ਲੱਖ ਰੁਪਏ ਦਾ ਨੁਕਸਾਨ ਹੁੰਦਾ ਹੈ, ਉੱਥੇ ਉਸ ਨੂੰ ਨਵਾਂ ਮੋਟਰਸਾਈਕਲ ਲੈਣ ਤੋਂ ਇਲਾਵਾ ਹੋਰ ਖੱਜਲ ਖੁਆਰੀ ਦਾ ਵੀ ਸਾਹਮਣਾ ਕਰਨਾ ਪੈਂਦਾ ਹੈ। ਮੋਟਰਸਾਈਕਲ ਚੋਰ ਬੇਖੌਫ਼ ਹੋ ਕੇ ਦਿਨ ਦਿਹਾੜੇ ਹੀ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ, ਜਿਸ ਦੀ ਤਾਜ਼ਾ ਮਿਸਾਲ ਬੀਤੇ 24 ਘੰਟਿਆਂ ਵਿਚ 3 ਮੋਟਰਸਾਈਕਲਾਂ ਦੀ ਚੋਰੀ ਹੋ ਚੁੱਕੀ ਹੈ, ਜਿਸ ਵਿੱਚ ਬੀਤੀਂ ਸ਼ਾਮ ਨੂੰ ਸਰਾਭਾ ਨਗਰ ਵਿੱਚੋਂ 'ਆਪ' ਆਗੂ ਕਰਮਜੀਤ ਸ਼ਰਮਾ ਦੇ ਘਰ ਦੇ ਬਾਹਰ ਮੋਟਰਸਾਈਕਲ ਚੋਰੀ ਹੋ ਜਾਣ ਦੇ ਬਾਅਦ ਸਵੇਰੇ ਸ਼ਬਜੀ ਮੰਡੀ ਵਿੱਚ ਸ਼ਬਜੀ ਲੈਣ ਗਏ ਕੈਂਪ ਵਾਸੀ ਸੋਨੂੰ ਮਦਾਨ ਦਾ ਸਵੇਰੇ 5 ਵਜੇ ਮੋਟਰਸਾਈਕਲ ਚੋਰੀ ਹੋ ਗਿਆ ਤੇ ਉਸ ਤੋਂ ਬਾਅਦ ਸਵੇਰੇ ਕਰੀਬ 10 ਵਜੇ ਐਸ.ਡੀ ਸਕੂਲ ਵਿਖੇ ਬੱਚੇ ਦੀ ਫ਼ੀਸ ਭਰਨ ਗਏ ਠਾਕੁਰ ਦਾਸ ਵਾਸੀ ਏਕਤਾ ਨਗਰ ਦਾ ਮੋਟਰਸਾਈਕਲ ਅਣਪਛਾਤਾ ਵਿਅਕਤੀ ਚੋਰੀ ਕਰਕੇ ਲੈ ਗਿਆ। ਭੀੜ ਭੜੱਕੇ ਵਾਲੇ ਇਲਾਕਿਆਂ 'ਚ ਹੋ ਰਹੀਆਂ ਚੋਰੀ ਦੀਆਂ ਵਾਰਦਾਤਾਂ ਪੁਲਸ ਦੀ ਕਾਰਗੁਜ਼ਾਰੀ 'ਤੇ ਸਵਾਲੀਆ ਨਿਸ਼ਾਨ ਲਾਉਂਦੀਆਂ ਹਨ। ਪੁਲਸ ਦੇ ਧਿਆਨ ਵਿਚ ਲਿਆਉਣ ਦੇ ਬਾਵਜੂਦ ਕੋਈ ਸਾਰਥਿਕ ਕਾਰਵਾਈ ਨਹੀਂ ਹੋਈ। ਸ਼ਹਿਰ ਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਜ਼ਿਲ੍ਹਾ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਚੋਰੀ ਦੀਆਂ ਵਾਰਦਾਤਾਂ ਰੋਕਣ ਲਈ ਕਾਰਗਰ ਕਦਮ ਚੁੱਕਣ ਤਾਂ ਜੁ ਸ਼ਹਿਰ ਵਾਸੀਆਂ ਨੂੰ ਚੋਰੀ ਦੀਆਂ ਘਟਨਾਵਾਂ ਤੋਂ ਰਾਹਤ ਮਿਲ ਸਕੇ।

# ਰਾਹੁਲ ਨੇ ਦੇਸ਼ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ : ਸਾਂਪਲਾ

**ਲੁਧਿਆਣਾ (ਜਸਦੀਪ ਵਰਤੀਆ)** – ਲੋਕ ਸਭਾ ਵਿੱਚ ਭਾਰਤ ਗੱਠਜੋੜ ਦੇ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੂੰ ਹਿੰਦੂਆਂ ਨੂੰ ਝੂਠੇ, ਹਿੰਸਕ ਅਤੇ ਨਫ਼ਰਤ ਕਰਨ ਵਾਲੇ ਕਹਿਣ ਲਈ ਦੇਸ਼ ਤੋਂ ਮੁਆਫੀ ਮੰਗਣੀ ਚਾਹੀਦੀ ਹੈ।

ਉਸ ਨੇ ਨਾ ਸਿਰਫ਼ ਹਿੰਦੂਆਂ ਦਾ ਅਪਮਾਨ ਕੀਤਾ ਹੈ ਸਗੋਂ ਉਨ੍ਹਾਂ ਦੇ ਚਰਿੱਤਰ 'ਤੇ ਵੀ ਸਵਾਲ ਚੁੱਕੇ ਹਨ। ਇਹ ਗੱਲਾਂ ਭਾਜਪਾ ਦੇ ਸਾਬਕਾ ਸੂਬਾ ਪ੍ਰਧਾਨ ਅਤੇ ਸਾਬਕਾ ਕੇਂਦਰੀ ਰਾਜ ਮੰਤਰੀ ਵਿਜੇ ਸਾਂਪਲਾ ਨੇ ਮੰਗਲਵਾਰ ਨੂੰ ਲੁਧਿਆਣਾ ਵਿਖੇ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਨਾਲ ਪ੍ਰੈਸ ਕਾਨਫਰੰਸ ਦੌਰਾਨ ਕਹੀਆਂ। ਸਾਂਪਲਾ ਨੇ ਕਿਹਾ ਕਿ ਹਿੰਦੂਆਂ ਨੂੰ ਹਿੰਸਕ ਕਹਿਣ ਤੋਂ ਪਹਿਲਾਂ ਰਾਹੁਲ ਗਾਂਧੀ ਅਤੇ ਭਾਰਤੀ ਗਠਜੋੜ ਨੂੰ ਪਹਿਲਾਂ ਆਪਣੇ ਵਿਹੜੇ ਅੰਦਰ ਝਾਤੀ ਮਾਰਨੀ ਚਾਹੀਦੀ ਹੈ। ਸਾਂਪਲਾ ਨੇ ਰਾਹੁਲ ਵੱਲੋਂ ਭਾਜਪਾ ਵਿਰੁੱਧ ਨਫ਼ਰਤ ਫੈਲਾਉਣ, ਅਗਨੀਵੀਰ ਯੋਜਨਾ ਅਤੇ ਐਮ ਐਸ ਪੀ ਬਾਰੇ ਗਲਤ ਬਿਆਨਬਾਜ਼ੀ ਕਰਨ ਲਈ ਵੀ ਆਲੋਚਨਾ ਕੀਤੀ।

ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੇ ਦੇਸ਼ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ ਹੈ। ਉਸ ਨੂੰ ਸੰਸਦ ਵਿਚ ਦਿੱਤੇ ਬਿਆਨਾਂ ਦੇ ਤੱਥਾਂ ਨੂੰ ਸਾਬਤ ਕਰਨਾ ਚਾਹੀਦਾ ਹੈ ਨਹੀਂ ਤਾਂ ਸੰਸਦ ਵਿਚ ਮੁਆਫੀ ਮੰਗਣੀ ਚਾਹੀਦੀ ਹੈ।ਸਾਬਕਾ ਕੇਂਦਰੀ ਮੰਤਰੀ ਨੇ ਕਿਹਾ ਕਿ ਹੁਣ ਕਾਂਗਰਸ ਅਤੇ ਉਸ ਦਾ ਗੈਂਗ ਰਾਹੁਲ ਗਾਂਧੀ ਨੂੰ ਸਹੀ ਠਹਿਰਾਉਣ ਲਈ ਕਈ ਤਰ੍ਹਾਂ ਦੇ ਬਹਾਨੇ ਬਣਾਵੇਗਾ, ਪਰ ਸਦਨ ਵਿੱਚ ਰਾਹੁਲ ਨੇ ਸਾਫ਼ ਕਿਹਾ ਕਿ ਜੋ ਲੋਕ ਆਪਣੇ ਆਪ ਨੂੰ ਹਿੰਦੂ ਕਹਿੰਦੇ ਹਨ, ਉਹ 24 ਘੰਟੇ ਹਿੰਸਾ, ਨਫ਼ਰਤ ਅਤੇ ਝੂਠ ਦੀਆਂ ਗੱਲਾਂ ਕਰਦੇ ਹਨ। 99 ਸੀਟਾਂ ਜਿੱਤਣ ਤੋਂ ਬਾਅਦ ਉਹ ਹਿੰਦੂਆਂ ਨੂੰ ਹਿੰਸਕ, ਨਫ਼ਰਤ ਭਰਿਆ ਅਤੇ ਝੂਠਾ ਕਹਿ ਰਹੇ ਹਨ। ਇਹ ਦੱਸਦਾ ਹੈ ਕਿ ਉਨ੍ਹਾਂ ਦੇ ਇਰਾਦੇ ਕੀ ਹਨ? ਪੱਛਮੀ ਬੰਗਾਲ ਦੀਆਂ ਘਟਨਾਵਾਂ 'ਤੇ ਰਾਹੁਲ ਗਾਂਧੀ ਕੁਝ ਕਿਉਂ ਨਹੀਂ ਬੋਲਦੇ? ਤਾਮਿਲਨਾਡੂ ਵਿਚ ਹਿਜ਼ਬ-ਉਤ-ਤਾਹਿਰ ਦੇ ਇਰਾਦਿਆਂ 'ਤੇ ਉਸ ਦੇ ਮੂੰਹੋਂ ਕੁਝ ਕਿਉਂ ਨਹੀਂ ਨਿਕਲਿਆ? ਉਸ ਨੇ ਕੇਰਲ ਵਿੱਚ ਹਿੰਸਾ ਭੜਕਾਉਣ ਵਾਲੇ ਆਪਣੇ ਸਹਿਯੋਗੀ ਦੀਆਂ ਸ਼ਿਕਾਇਤਾਂ 'ਤੇ ਕੁਝ ਕਿਉਂ ਨਹੀਂ ਕਿਹਾ? ਸਾਂਪਲਾ ਨੇ ਕਿਹਾ, 2010 ਵਿੱਚ ਤਤਕਾਲੀ ਗ੍ਰਹਿ ਮੰਤਰੀ ਪੀ ਚਿਦੰਬਰਮ ਨੇ ਹਿੰਦੂਆਂ ਨੂੰ ਅੱਤਵਾਦੀ ਕਿਹਾ ਸੀ। 2013 'ਚ ਸਾਬਕਾ ਗ੍ਰਹਿ ਮੰਤਰੀ ਸੁਸ਼ੀਲ ਕੁਮਾਰ ਸ਼ਿੰਦੇ ਨੇ ਵੀ ਹਿੰਦੂਆਂ ਨੂੰ ਅੱਤਵਾਦੀ ਕਿਹਾ ਸੀ। 2021 'ਚ ਰਾਹੁਲ ਗਾਂਧੀ ਨੇ ਕਿਹਾ ਸੀ ਕਿ ਹਿੰਦੂਤਵੀਆਂ ਨੂੰ ਦੇਸ਼ 'ਚੋਂ ਬਾਹਰ ਕੱਢ ਦੇਣਾ ਚਾਹੀਦਾ ਹੈ। ਇੰਨਾ ਹੀ ਨਹੀਂ ਕਰਨਾਟਕ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ, ਜੋ ਇਸ ਸਮੇਂ ਲੋਕ ਨਿਰਮਾਣ ਮੰਤਰੀ ਹਨ, ਸਤੀਸ਼ ਜਰਕੀਹੋਲੀ ਨੇ ਵੀ ਹਿੰਦੂਆਂ ਪ੍ਰਤੀ ਅਪਸ਼ਬਦ ਬੋਲੇ ?ਸਨ। ਸਾਂਪਲਾ ਨੇ ਕਿਹਾ ਕਿ ਰਾਹੁਲ ਨੇ ਵਿਰੋਧੀ ਧਿਰ ਦੇ ਨੇਤਾ ਦੇ ਅਹੁਦੇ ਦੀ ਸ਼ਾਨ ਨੂੰ ਹੇਠਾਂ ਲਿਆਂਦਾ ਹੈ।

# ਪਾਣੀਆਂ ਦੇ ਮਸਲੇ ਨੂੰ ਲੈ ਕੇ ਕਿਰਤੀ ਕਿਸਾਨ ਯੂਨੀਅਨ ਵਿੱਢੇਗੀ ਸੰਘਰਸ਼



**ਮੁਕਤਸਰ (ਸ਼ਮਿੰਦਰਪਾਲ/ਪੂਜਾ)**- ਕਿਰਤੀ ਕਿਸਾਨ ਯੂਨੀਅਨ ਦੀ ਬਹੁਤ ਹੀ ਅਹਿਮ ਮੀਟਿੰਗ ਗੁਰਦੁਆਰਾ ਸ੍ਰੀ ਅੰਗਦ ਦੇਵ ਪਾਤਸ਼ਾਹੀ ਦੂਸਰੀ ਪਿੰਡ ਸਰਾਏਨਾਗਾ ਵਿਖੇ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਜਨਰਲ ਸਕੱਤਰ ਰਜਿੰਦਰ ਸਿੰਘ ਦੀਪ ਸਿੰਘ ਵਾਲਾ ਅਤੇ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ ਨੇ ਕਿਹਾ ਪੰਜਾਬ ਦੀ ਧਰਤੀ ਹੇਠਲਾ ਪਾਣੀ ਲਗਭਗ ਮੁੱਕਣ ਕਿਨਾਰੇ ਪਹੁੰਚ ਚੁੱਕਾ ਹੈ । ਇਸ ਮੁੱਦੇ ਨੂੰ ਗੰਭੀਰਤਾ ਨਾਲ ਨਾ ਲਿਆ ਗਿਆ ਤਾਂ ਪੰਜਾਬ ਦਾ ਰੇਗਿਸਤਾਨ ਬਣਨਾ ਤੈਅ ਹੈ। ਕਿਰਤੀ ਕਿਸਾਨ ਯੂਨੀਅਨ ਪਾਣੀਆਂ ਦੇ ਮੁੱਦੇ ਨੂੰ ਲੈ ਕੇ ਲਗਾਤਾਰ ਸੰਘਰਸ਼ ਕਰ ਰਹੀ ਹੈ। ਦੇਸ਼ ਭਗਤ ਯਾਦਗਾਰ ਹਾਲ ਵਿਖੇ ਪਾਣੀਆਂ ਦੇ ਮਸਲੇ ਨੂੰ ਲੈ ਕੇ 6 ਜੁਲਾਈ ਨੂੰ ਇੱਕ ਸੈਮੀਨਾਰ ਵੀ ਕਰਵਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਆਉਣ ਵਾਲੇ ਦਿਨਾਂ ਵਿੱਚ ਜਥੇਬੰਦੀ ਵੱਲੋਂ ਪੰਜਾਬ ਦੇ ਦਰਿਆਈ ਪਾਣੀਆਂ ਦੀ ਮੁੜ ਵੰਡ ਰਿਪੇਰੀਅਨ ਸਿਧਾਂਤ ਮੁਤਾਬਕ ਕੀਤੀ ਜਾਵੇ, ਪੀਣ ਵਾਲਾ ਸਾਫ ਪਾਣੀ ਹਰ ਘਰ ਤੱਕ, ਨਹਿਰੀ ਪਾਣੀ ਹਰ ਖੇਤ ਤੱਕ ਪਹੁੰਚੇ। ਇਸ ਮੰਗ ਨੂੰ ਲੈ ਕੇ ਪੰਜਾਬ ਅੰਦਰ ਇੱਕ ਵੱਡਾ ਅੰਦੋਲਨ ਖੜ੍ਹਾ ਕੀਤਾ ਜਾਵੇਗਾ। ਇਸ ਮੌਕੇ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਜ਼ਿਲ੍ਹਾ ਮੀਤ ਪ੍ਰਧਾਨ ਜਗਸੀਰ ਸਿੰਘ ਸਰਾਏ ਨਾਗਾ ਬਲਵਿੰਦਰ ਸਿੰਘ ਕੋਟਲੀ ਸੰਘਰ ਅਤੇ ਜ਼ਿਲ੍ਹਾ ਜਥੇਬੰਦਕ ਸਕੱਤਰ ਗੁਰਮੀਤ ਸਿੰਘ ਮਡਾਰ ਕਲਾਂ ਨੇ ਕਿਹਾ ਕਿ ਕਿੱਡੀ ਵੱਡੀ ਤਰਾਸਦੀ ਹੈ ਕਿ ਪੰਜ ਦਰਿਆਵਾਂ ਦੀ ਧਰਤੀ ਪੰਜਾਬ ਦੇ ਬਹੁਤ ਸਾਰੇ ਪਿੰਡਾਂ ਸ਼ਹਿਰਾਂ ਵਿੱਚ ਪੀਣ ਲਈ ਪਾਣੀ ਵਿਕਣ ਲਈ ਆਉਂਦਾ ਹੈ। ਹਾਲਾਤ ਇੰਨੇ ਭਿਆਨਕ ਹਨ ਕਿ ਗਰੀਬੀ ਕਾਰਨ ਬਹੁਤ ਸਾਰੇ ਲੋਕ ਪਾਣੀ ਖਰੀਦ ਕੇ ਪੀਣ ਤੋਂ ਅਸਮਰੱਥ ਹਨ ਅਤੇ ਧਰਤੀ ਹੇਠਲਾ ਗੰਦਾ ਪਾਣੀ ਪੀਣ ਲਈ ਮਜਬੂਰ ਹਨ। ਸਿੱਟੇ ਵਜੋਂ ਖਤਰਨਾਕ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ ਪਰ ਭਗਵੰਤ ਮਾਨ ਸਰਕਾਰ ਮੂਕ ਦਰਸ਼ਕ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਇਸ ਮਸਲੇ ਨੂੰ ਲੈ ਕੇ ਪਿੰਡ ਪਿੰਡ ਮੀਟਿੰਗਾਂ ਕੀਤੀਆਂ ਜਾਣਗੀਆਂ ਅਤੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਲੋਕਾਂ ਨੂੰ ਦੱਸਿਆ ਜਾਵੇਗਾ ਕਿ ਰੇਹਾਂ ਸਪਰੇਹਾਂ ਦੀ ਖੇਤੀ ਕਰਕੇ ਅੱਜ ਪੰਜਾਬ ਦਾ ਹਵਾ ਮਿੱਟੀ ਪਾਣੀ ਪ੍ਰਦੂਸ਼ਤ ਹੋ ਚੁੱਕਾ ਹੈ। ਅੰਤ ਵਿੱਚ ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਸਰਪ੍ਰਸਤ ਬਲਵਿੰਦਰ ਸਿੰਘ ਭੁੱਟੀ ਵਾਲਾ ਨੇ ਜਥੇਬੰਦੀ ਵਿੱਚ ਸਾਥੀਆਂ ਸਮੇਤ ਸ਼ਾਮਲ ਹੋਏ ਜਸਬੀਰ ਸਿੰਘ ਸਰਾਏ ਨਾਗਾ ਅਤੇ ਗੁਰਮੀਤ ਸਿੰਘ ਮਡਾਰ ਕਲਾਂ ਦਾ ਸਨਮਾਨ ਕੀਤਾ।

ਇਸ ਮੌਕੇ ਸਰਬਜੀਤ ਸਿੰਘ ਝਬੇਲਵਾਲੀ, ਬਲਜੀਤ ਸਿੰਘ ਫੌਜੀ ਝਬੇਲਵਾਲੀ, ਲੱਖਾ ਸਿੰਘ ਵੜਿੰਗ, ਜਸਵਿੰਦਰ ਸਿੰਘ ਵੜਿੰਗ, ਮਨਜਿੰਦਰ ਸਿੰਘ ਡੋਹਕ, ਜਗਮੀਤ ਸਿੰਘ ਜੰਡੋਕੇ, ਜਸਪਾਲ ਸਿੰਘ ਪਾਲਾ ਚੱਕ ਗਾਂਧਾ ਸਿੰਘ ਵਾਲਾ, ਕੇਵਲ ਸਿੰਘ, ਜੁਗਰਾਜ ਸਿੰਘ ਲੁਬਾਣਿਆਂਵਾਲੀ, ਹਰਮੀਤ ਸਿੰਘ ਲੁਬਾਣਿਆਂਵਾਲੀ, ਸਕੱਤਰ ਸਿੰਘ ਭੁੱਟੀ ਵਾਲਾ, ਜੱਗਾ ਸਿੰਘ ਭੁੱਟੀ ਵਾਲਾ, ਹਰਦੀਪ ਸਿੰਘ ਮਰਾੜ ਕਲਾਂ, ਸ਼ਨੀ ਸਿੰਘ ਮਰਾੜ ਕਲਾਂ, ਸੁਖਦੇਵ ਸਿੰਘ ਝਬੇਲਵਾਲੀ ਆਦਿ ਆਗੂ ਹਾਜ਼ਰ ਸਨ।

# ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ 7 ਨੂੰ ਜਲੰਧਰ 'ਚ ਕੀਤਾ ਜਾਵੇਗਾ ਰੋਸ ਮਾਰਚ



**ਮਮਦੋਟ (ਜਸਬੀਰ ਸਿੰਘ ਕੰਬੋਜ)**- ਜਲੰਧਰ ਦੀ ਜ਼ਿਮਨੀ ਚੋਣ ਨੂੰ ਮੁੱਖ ਰੱਖਦਿਆਂ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਆਮ ਆਦਮੀ ਪਾਰਟੀ ਖਿਲਾਫ 7 ਜੁਲਾਈ ਨੂੰ ਰੋਸ ਮਾਰਚ ਕੀਤਾ ਜਾਵੇਗਾ। ਜਿਸ ਦੌਰਾਨ ਹਜ਼ਾਰਾਂ ਦੀ ਗਿਣਤੀ ਵਿੱਚ ਆਂਗਣਵਾੜੀ ਵਰਕਰਾਂ, ਹੈਲਪਰਾਂ ਪੁੱਜਣਗੀਆਂ । ਯੂਨੀਅਨ ਦੇ ਬਲਾਕ ਪ੍ਰਧਾਨ ਪ੍ਰਕਾਸ਼ ਕੌਰ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਜਲੰਧਰ ਵਿਖੇ ਹੋਣ ਵਾਲੀ ਜ਼ਿਮਨੀ ਚੋਣ ਵਿਚ ਪੰਜਾਬ ਸਰਕਾਰ ਦੀਆਂ ਨਾਕਾਮੀਆਂ ਅਤੇ ਝੂਠਾਂ ਦੀ ਪੰਡ, ਡੋਰ ਟੂ ਡੋਰ ਕੰਪੇਨ ਕਰਕੇ, ਲੋਕਾਂ ਦੀ ਕਚਹਿਰੀ ਵਿੱਚ ਖੋਲ੍ਹੀ ਜਾਵੇਗੀ। ਇਸ ਰੋਸ ਪ੍ਰਦਰਸ਼ਨ ਸਬੰਧੀ ਵੱਖ ਵੱਖ ਜ਼ਿਲ੍ਹਿਆਂ ਵਿੱਚ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ ਤੇ ਹਰੇਕ ਬਲਾਕ ਤੋਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਪੁੱਜਣਗੀਆਂ। ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਪਿਛਲੇ ਲੰਮੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਪੰਜਾਬ ਸਰਕਾਰ ਨੇ ਪੂਰਾ ਨਹੀਂ ਕੀਤਾ । ਜਿਸ ਕਰਕੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵਿੱਚ ਭਾਰੀ ਨਰਾਜਗੀ ਹੈ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦੀਆਂ ਸੇਵਾਵਾਂ ਬਿਨਾਂ ਕਿਸੇ ਗੱਲੋਂ ਖਤਮ ਕੀਤੀਆਂ ਹਨ । ਜਿੰਨਾ ਚਿਰ ਉਨ੍ਹਾਂ ਦੀਆਂ ਸੇਵਾਵਾਂ ਬਹਾਲ ਨਹੀਂ ਕੀਤੀਆਂ ਜਾਂਦੀਆਂ ਉਦੋਂ ਤੱਕ ਜਥੇਬੰਦੀ ਵੱਲੋਂ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਸੰਘਰਸ਼ ਕੀਤਾ ਜਾਵੇਗਾ । ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਭਗਵੰਤ ਮਾਨ ਦੀ ਸਰਕਾਰ ਨੇ ਝੂਠੇ ਲਾਰੇ ਹੀ ਲਗਾਏ ਸਨ। ਇਸੇ ਕਰਕੇ ਹੀ ਲੋਕ ਸਭਾ ਦੀਆਂ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੂੰ ਕਰਾਰੀ ਹਾਰ ਦਾ ਸਾਹਮਣਾ ਕਰਨਾ ਪਿਆ ।

# ਸੀਵਰੇਜ ਦੀ ਸਮੱਸਿਆ ਕਾਰਨ ਪਿੰਡ ਵਾਸੀਆਂ ਨੇ ਹਾਈਵੇਅ ਜਾਮ ਕੀਤਾ



**ਫ਼ਾਜ਼ਿਲਕਾ (ਕ੍ਰਿਸ਼ਨ ਸਿੰਘ)** ਸੀਵਰੇਜ ਦੀ ਸਮੱਸਿਆ ਨਾਲ ਜੂਝ ਰਹੇ ਪਿੰਡ ਬਨਵਾਲਾ ਹਨਵੰਤਾ ਵਿਖੇ ਪਿੰਡ ਵਾਸੀਆਂ ਨੇ ਫਾਜ਼ਿਲਕਾ ਅਬੋਹਰ ਹਾਈਵੇਅ ਜਾਮ ਕਰਕੇ ਰੋਸ ਪ੍ਰਦਰਸ਼ਨ ਕੀਤਾ।ਇਸ ਦੌਰਾਨ ਉਨ੍ਹਾਂ ਵੱਲੋਂ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਪਿੰਡ ਵਾਸੀਆਂ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਸੀਵਰੇਜ ਦੇ ਪਾਣੀ ਦੇ ਓਵਰਫਲੋਅ ਹੋਣ ਕਾਰਨ ਉਨ੍ਹਾਂ ਨੂੰ ਪਿਛਲੇ ਕਈ ਦਿਨਾਂ ਤੋਂ ਉਨ੍ਹਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸ ਸਬੰਧੀ ਸਬੰਧਤ ਅਧਿਕਾਰੀਆਂ ਨੂੰ ਸੂਚਿਤ ਕਰਨ ਦੇ ਬਾਵਜੂਦ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ ਹੈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਇਸ ਸੀਵਰੇਜ ਦੇ ਗੰਦੇ ਪਾਣੀ ਕਾਰਨ ਉਨ੍ਹਾਂ ਤੇ ਉਨ੍ਹਾਂ ਦੇ ਬੱਚਿਆਂ ਨੂੰ ਭਿਆਨਕ ਬਿਮਾਰੀਆਂ ਲੱਗਣ ਦਾ ਖਤਰਾ ਬਣਿਆ ਹੋਇਆ ਹੈ। ਇਸ ਤੋਂ ਇਲਾਵਾ ਉਨ੍ਹਾਂ ਦੇ ਪਿੰਡ ਦੇ ਕਈ ਲੋਕ ਬਿਮਾਰ ਵੀ ਹੋ ਚੁੱਕੇ ਹਨ।ਉਨ੍ਹਾਂ ਦਾ ਕਹਿਣਾ ਹੈ ਕਿ ਇਸ ਸਬੰਧੀ ਡੀਸੀ ਫਾਜ਼ਿਲਕਾ ਸਮੇਤ ਸਬੰਧਤ ਅਧਿਕਾਰੀਆਂ ਨੂੰ ਕਈ ਵਾਰ ਲਿਖਤੀ ਦਰਖਾਸਤਾਂ ਦੇ ਕੇ ਇਸ ਸਮੱਸਿਆ ਦੇ ਹੱਲ ਦੀ ਮੰਗ ਕੀਤੀ ਜਾ ਚੁੱਕੀ ਹੈ। ਇਸ ਦੇ ਬਾਵਜੂਦ ਉਨ੍ਹਾਂ ਦੀ ਅੱਜ ਤੱਕ ਕੋਈ ਨਹੀਂ ਸੁਣ ਰਿਹਾ, ਜਿਸ ਕਾਰਨ ਉਹ ਹਾਈਵੇਅ ਜਾਮ ਕਰਕੇ ਧਰਨਾ ਦੇਣ ਲਈ ਮਜਬੂਰ ਹਨ।ਉਨ੍ਹਾਂ ਦੀ ਮੰਗ ਹੈ ਕਿ ਉਨ੍ਹਾਂ ਦੇ ਪਿੰਡ ਵਿੱਚ ਸੀਵਰੇਜ ਓਵਰਫਲੋਅ ਦੀ ਸਮੱਸਿਆ ਦਾ ਤੁਰੰਤ ਹੱਲ ਕੀਤਾ ਜਾਵੇ।ਉਨ੍ਹਾਂ ਦਾ ਕਹਿਣਾ ਹੈ ਕਿ ਜੇਕਰ ਉਨ੍ਹਾਂ ਦੀ ਸਮੱਸਿਆ ਦਾ ਕੋਈ ਹੱਲ ਨਾ ਹੋਇਆ ਤਾਂ ਉਹ ਆਪਣਾ ਸੰਘਰਸ਼ ਹੋਰ ਤੇਜ਼ ਕਰਨਗੇ।

## ਕਾਤਰਾਂ

### ਸਟੇਟ ਬੈਂਕ ਦਿਵਸ ਮੌਕੇ ਬੂਟੇ ਲਾਏ




ਸੰਗਰੂਰ (ਪ੍ਰਵੀਨ ਸਿੰਘ) ਭਾਰਤੀ ਸਟੇਟ ਬੈਂਕ ਵੱਲੋਂ ਬੈਂਕ ਦਿਵਸ ਪਹਿਲੀ ਜੁਲਾਈ ਨੂੰ ਸ਼ਾਖਾ ਖਾਨਪੁਰ ਵੱਲੋਂ ਬੂਟੇ ਲਾ ਕੇ ਮਨਾਇਆ ਗਿਆ। ਸਟੇਟ ਬੈਂਕ ਦੇ ਉਪ ਮਹਾ ਪ੍ਰਬੰਧਕ ਸ੍ਰੀ ਅਭਿਸ਼ੇਕ ਸ਼ਰਮਾ ਤੇ ਖੇਤਰ ਪ੍ਰਬੰਧਕ ਸ੍ਰੀ ਵਿਪਿਨ ਕੌਸ਼ਲ ਦੀ ਪ੍ਰਧਾਨਗੀ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਾਨਪੁਰ, ਸਰਕਾਰੀ ਪ੍ਰਾਇਮਰੀ ਸਕੂਲ ਭੈਈ ਕੰਬੂਆ ਤੇ ਸਰਕਾਰੀ ਹਾਈ ਸਕੂਲ ਸਰੋਦ ਵਿੱਚ ਲਗਭਗ 300 ਬੂਟੇ ਲਾਏ ਗਏ। ਇਸ ਮੌਕੇ ਸ਼ਾਖਾ ਪ੍ਰਬੰਧਕ ਸ੍ਰੀ ਮਤੀ ਤੇਜਿੰਦਰ ਕੌਰ, ਪ੍ਰਿੰਸੀਪਲ ਸ੍ਰੀ ਸੁਧਿਰ, ਸ੍ਰੀ ਗੁਰਜੰਟ ਸਿੰਘ ਤੇ ਕੁਲਵਿੰਦਰ ਸਿੰਘ ਨੇ ਭਾਗ ਲਿਆ।

### ਵਿਧਾਇਕ ਦੇਵ ਮਾਨ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ



ਨਾਭਾ (ਵਰਿੰਦਰ ਵਰਮਾ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਸਾਰੇ ਐਮ ਐਲ ਏ ਨੂੰ ਨਿਰਦੇਸ਼ ਦਿੱਤੇ ਹਨ ਕਿ ਆਪਣੇ ਆਪਣੇ ਹਲਕਿਆ ਵਿੱਚ ਲੋਕਾਂ ਦੇ ਕੰਮਾਂ ਨੂੰ ਪੂਰਾ ਕੀਤਾ ਜਾਵੇ ਅਤੇ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਹੱਲ ਕੀਤਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਆਪਣੇ ਦਫਤਰ ਵਿਖੇ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਉਪਰੰਤ ਕੀਤਾ।ਉਨ੍ਹਾਂ ਦੱਸਿਆ ਕਿ ਜੋ ਵੀ ਕੋਈ ਸਮੱਸਿਆ ਲੈ ਕੇ ਆਇਆ, ਉਸ ਨੂੰ ਹੱਲ ਕਰਨ ਲਈ ਸਬੰਧਤ ਵਿਭਾਗ ਦੇ ਅਫਸਰ ਨੂੰ ਨਿਰਦੇਸ਼ ਦਿੱਤੇ ਗਏ ਹਨ।ਉਨ੍ਹਾਂ ਕਿਹਾ ਉਹ 24 ਘੰਟੇ ਹਲਕਾ ਨਿਵਾਸੀਆਂ ਦੀ ਸੇਵਾ ਵਿੱਚ ਹਾਜ਼ਰ ਹਨ।ਉਨ੍ਹਾਂ ਦੱਸਿਆ ਕਿ ਹਲਕਾ ਨਾਭਾ ਦੇ ਪਿੰਡਾਂ ਅਤੇ ਸਹਿਰ ਵਿੱਚ ਰਹਿੰਦੇ ਵਿਕਾਸ ਕਾਰਜ ਜਲਦ ਸ਼ੁਰੂ ਕਰਾਏ ਜਾਣਗੇ।

### ਪੱਤਰਕਾਰ ਟਿੰਕੂ ਨਿਖੰਜ ਦੀ ਅੰਤਿਮ ਅਰਦਾਸ ਭਲਕੇ



**ਜਲਾਲਾਬਾਦ (ਜੀਤ ਕੁਮਾਰ)** - ਪੱਤਰਕਾਰ ਜਸਵਿੰਦਰ ਸਿੰਘ ਉਰਫ ਟਿੰਕੂ ਨਿਖੰਜ ਬੀਤੇ ਦਿਨ ਆਪਣੀ ਸੰਸਾਰਕ ਯਾਤਰਾ ਪੂਰੀ ਕਰਕੇ ਸਵਰਗ ਸਿਧਾਰ ਗਏ ਸਨ। ਉਨ੍ਹਾਂ ਦੀ ਅਤਮਿਕ ਸ਼ਾਂਤੀ ਲਈ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 5 ਜੁਲਾਈ ਦਿਨ ਸ਼ੁੱਕਰਵਾਰ ਨੂੰ ਦੁਪਹਿਰ 12 ਤੋਂ 1 ਵਜੇ ਤੱਕ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਜਲਾਲਾਬਾਦ ਵਿਖੇ ਹੋਵੇਗੀ।

### ਲੋਕਾਂ ਨੂੰ ਭਲਾਈ ਸਕੀਮਾਂ ਦਾ ਲਾਭ ਪਿੰਡ-ਪਿੰਡ ਜਾ ਕੇ ਦਿੱਤਾ ਜਾ ਰਿਹਾ : ਸੇਖੋਂ

**ਮਹਿਲ ਕਲਾਂ (ਬਲਵਿੰਦਰ, ਵਜੀਦਕੇ)**-ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਤੇਆਵਾਸਪ੍ਰੀਤ ਕੌਰ ਸੇਖੋਂ ਨੇ ਪਿੰਡ ਸਹਿਜੜਾ ਦੇ ਇਕ ਅੰਗਹੀਣ ਬਜ਼ੁਰਗ ਦਰਸ਼ਨ ਸਿੰਘ ਪੁੱਤਰ ਦਲੀਪ ਸਿੰਘ ਦੀ ਬੰਦ ਹੋਈ ਪੈਨਸ਼ਨ ਸਬੰਧੀ ਉਨ੍ਹਾਂ ਸਪਸ਼ਟ ਕਿਹਾ ਹੈ ਕਿ ਉਨ੍ਹਾਂ ਇਸ ਮਾਮਲੇ ਸਬੰਧੀ ਜਾਂਚ ਪੜਤਾਲ ਕਰਨ 'ਤੇ ਪਤਾ ਲੱਗਿਆ ਕਿ ਲਾਭਪਾਤਰੀ ਨੇ ਲੋੜੀਂਦੇ ਦੇ ਕਾਗ਼ਜ਼, ਅਪੰਗਤਾ ਦਾ ਸਰਟੀਫਿਕੇਟ, ਯੂ.ਆਈ.ਡੀ. ਅੱਪਡੇਟ, ਆਧਾਰ ਕਾਰਡ ਜਮ੍ਹਾ ਨਹੀਂ ਕਰਵਾਇਆ। ਜਿਸ ਕਰ ਕੇ ਪੈਨਸ਼ਨ ਬੰਦ ਹੋਈ ਹੈ। ਉਨ੍ਹਾਂ ਕਿਹਾ ਜੇਕਰ ਪੀੜਤ ਹੁਣ ਪੂਰੇ ਕਾਗ਼ਜ਼ਾਤ ਜਮਾਂ ਕਰਵਾਉਣ ਤਾਂ ਉਹ ਤੁਰੰਤ ਹੀ ਦੋ ਮਹੀਨਿਆਂ ਦੀ ਇਕੱਠੀ ਪੈਨਸ਼ਨ ਜਾਰੀ ਕਰਵਾ ਦੇਣਗੇ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਦੇ ਹੁਕਮਾਂ ਤਹਿਤ ਜ਼ਿਲ੍ਹਾ ਸਮਾਜਿਕ ਸੁਰੱਖਿਆ ਵਿਭਾਗ ਪੰਜਾਬ ਲੋਕਾਂ ਦੀਆਂ ਸਹੂਲਤਾਂ ਦੇਣ ਲਈ ਲਗਾਤਾਰ ਉਪਰਾਲੇ ਕਰ ਰਿਹਾ ਹੈ।ਵਿਭਾਗ ਦੀਆਂ ਹਦਾਇਤਾਂ ਲੋੜਵੰਦਾਂ ਨੂੰ ਸਕੀਮਾਂ ਦਾ ਲਾਭ ਪਿੰਡ ਪਿੰਡ ਦਿੱਤਾ ਜਾ ਰਿਹਾ ਹੈ ।

# ਪੁਲਸ ਵੱਲੋਂ 44 ਪੇਟੀਆਂ ਚੰਡੀਗੜ੍ਹ ਮਾਰਕਾ ਸ਼ਰਾਬ ਕੀਤੀ ਬਰਾਮਦ

**ਮਲੋਟ, (ਗੁਰਮੀਤ ਸਿੰਘ ਮੱਕੜ)** ਗੁਪਤ ਸੂਚਨਾ ਦੇ ਅਧਾਰ 'ਤੇ ਦਵਿੰਦਰਾ ਵਾਲੀ ਗਲੀ ਵਿਚ ਐਕਸਾਈਜ਼ ਵਿਭਾਗ ਦੇ ਇੰਸਪੈਕਟਰ ਸੁਖਵਿੰਦਰ ਅਤੇ ਥਾਣਾ ਮੁਖੀ ਕਰਮਜੀਤ ਕੌਰ ਵੱਲੋਂ ਆਪਣੀ ਟੀਮ ਸਮੇਤ ਛਾਪੇਮਾਰੀ ਕੀਤੀ ਗਈ ਤਾਂ ਰਣਜੀਤ ਸਿੰਘ ਦੇ ਘਰ ਵਿਚੋਂ 44 ਪੇਟੀਆਂ ਨਜ਼ਾਇਜ਼ ਸ਼ਰਾਬ ਬਰਾਮਦ ਕੀਤੀ ਗਈ, ਜਿਸ ਵਿੱਚ ਦੋ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ।

ਐਕਸਾਈਜ਼ ਵਿਭਾਗ ਦੇ ਇੰਸਪੈਕਟਰ ਸੁਖਵਿੰਦਰ ਤੇ ਡੀ.ਐਸ.ਪੀ ਪਵਨਜੀਤ ਨੇ ਦੱਸਿਆ ਪਿਛਲੇ ਕਾਫੀ ਸਮੇਂ ਤੋਂ ਲਵਿਸ਼ ਸ਼ਰਮਾ ਤੇ ਮੋਹਿਤ ਸ਼ਰਮਾ ਵਾਸੀ ਸ਼ਤੀਸ਼ ਐਮ.ਸੀ ਵਾਲੀ ਗਲੀ ਕੈਂਪ ਏਰੀਆ ਮਲੋਟ ਨਜਾਇਜ਼ ਸ਼ਰਾਬ ਦੀ ਤਸਕਰੀ ਕਰਦੇ ਆ ਰਹੇ ਹਨ ਅਤੇ ਸੂਚਨਾ ਦੇ ਆਧਾਰ 'ਤੇ ਦਵਿੰਦਰਾ ਵਾਲੀ ਗਲੀ ਵਿੱਚ ਰਣਜੀਤ ਸਿੰਘ ਦੇ ਘਰ ਛਾਪੇਮਾਰੀ ਕੀਤੀ ਗਈ ਤਾਂ ਘਰ ਵਿੱਚੋਂ 44 ਪੇਟੀਆਂ ਚੰਡੀਗੜ੍ਹ ਮਾਰਕਾ ਸ਼ਰਾਬ ਬਰਾਮਦ ਕੀਤੀ ਤੇ ਇੱਕ ਵੈਗਨਰ ਕਾਰ ਅਤੇ ਇੱਕ ਸਕੂਟਰੀ ਬਰਾਮਦ ਕੀਤੀ ਗਈ, ਜਿਸ 'ਤੇ ਇਹ ਲੋਕ ਸ਼ਰਾਬ ਦੀ ਸਪਲਾਈ ਕਰਦੇ ਸਨ। ਮੋਹਿਤ, ਲਵਿਸ਼ ਤੇ ਰਣਜੀਤ ਸਿੰਘ ਜੋ ਪੇਸ਼ੇ ਵਜੋਂ ਵਕੀਲ ਹੈ ਉਨ੍ਹਾਂ ਖਿਲਾਫ ਥਾਣਾ ਸਿਟੀ ਮਲੋਟ ਵਿਖੇ ਐਕਸਾਈਜ਼ ਅਧੀਨ ਮਾਮਲਾ ਦਰਜ ਕਰਾਇਆ ਗਿਆ ਹੈ ਤੇ ਥਾਣਾ ਸਿਟੀ ਪੁਲਸ ਵੱਲੋਂ ਲਵਿਸ਼ ਤੇ ਮੋਹਿਤ ਨੂੰ ਕਾਬੂ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸਰਕਾਰੀ ਹਾਈ ਸਕੂਲ ਦੇ ਬੱਚਿਆਂ ਨੇ ਐੱਨ ਐੱਮ ਐੱਮ ਐੱਸ 'ਚ ਨਾਂਅ ਚਮਕਾਇਆ



**ਮਲੇਰਕੋਟਲਾ, (ਅਸਗਰ ਪਰਿਹਾਰ)**-ਪਿਛਲੇ ਦਿਨੀਂ ਸਰਕਾਰੀ ਹਾਈ ਸਕੂਲ ਮੁਬਾਰਕਪੁਰ ਦੇ ਵਿਦਿਆਰਥੀਆਂ ਵੱਲੋਂ ਐਨ.ਐਮ.ਐਮ.ਐਸ ਦਾ ਇਮਤਿਹਾਨ ਦਿੱਤਾ ਗਿਆ ਸੀ । ਜਿਸ ਦਾ ਨਤੀਜਾ ਕੱਲ੍ਹ ਐਲਾਨਿਆ ਗਿਆ। ਇਸ ਨਤੀਜੇ ਵਿੱਚ ਸਕੂਲ ਦੀ ਵਿਦਿਆਰਥਣ ਸਿਮਰਨਜੀਤ ਕੌਰ ਨੇ (109 ਅੰਕ ਹਾਸਲ ਕਰਦਿਆਂ) ਪੂਰੇ ਜਿਲ੍ਹਾ ਚੋਂ ਦੂਜਾ ਸਥਾਨ ਹਾਸਲ ਕੀਤਾ ਜਦੋਂ ਕਿ ਸਾਨੀਆ ਨੇ (94 ਅੰਕ ਹਾਸਲ ਕਰਦਿਆਂ) ਦਸਵਾਂ, ਦਮਨਪ੍ਰੀਤ ਕੌਰ ਨੇ ( 88 ਅੰਕ ਹਾਸਲ ਕਰਦਿਆਂ) ਇੱਕੀਵਾਂ ਅਤੇ ਜਸ਼ਨਪ੍ਰੀਤ ਸਿੰਘ ਨੇ (83 ਅੰਕ ਹਾਸਲ ਕਰਦਿਆਂ) ਅਠਾਈਵਾਂ ਸਥਾਨ ਹਾਸਲ ਕੀਤਾ।

ਇਸ ਮੌਕੇ ਸ਼੍ਰੀਮਤੀ ਜਸਵਿੰਦਰ ਕੌਰ ਜਿਲ੍ਹਾ ਸਿਖਿਆ ਅਫਸਰ (ਸ) ਅਤੇ ਮੁਹੰਮਦ ਅਸਗਰ ਬਲਾਕ ਨੋਡਲ ਅਫਸਰ ਨੇ ਵਿਸ਼ੇਸ਼ ਤੌਰ ਤੇ ਆਪਣੇ ਵੱਲੋਂ ਵਿਦਿਆਰਥੀਆਂ ਨੂੰ ਮੁਬਾਰਕਬਾਦ ਤੇ ਢੇਰ ਸਾਰੀਆਂ ਵਧਾਈਆਂ ਦਿੱਤੀਆਂ।

ਜਦੋਂ ਕਿ ਉਕਤ ਵਿਦਿਆਰਥੀਆਂ ਦਾ ਅੱਜ ਹੈੱਡਮਿਸਟਰੈਸ ਸ੍ਰੀਮਤੀ ਸ਼ਮਸ਼ਾਦ ਅਤੇ ਸਕੂਲ ਦੇ ਸਮੂਹ ਸਟਾਫ ਵੱਲੋਂ ਸਰਕਾਰੀ ਹਾਈ ਸਕੂਲ ਮੁਬਾਰਕਪਰ ਵਿਖੇ ਸਵੇਰ ਦੀ ਸਭਾ ਦੌਰਾਨ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਹੈੱਡਮਿਸਟਰੈਸ ਸ਼੍ਰੀਮਤੀ.ਸ਼ਮਸ਼ਾਦ ਸਾਹਿਬਾ ਨੇ ਆਪਣੇ ਸੰਬੋਧਨ ਦੌਰਾਨ ਸਕੂਲ ਦੇ ਹੋਰਨਾਂ ਵਿਦਿਆਰਥੀਆਂ ਨੂੰ ਉਕਤ ਸਨਮਾਨਿਤ ਵਿਦਿਆਰਥੀਆਂ ਤੋਂ ਸੇਧ ਹਾਸਲ ਕਰਨ ਲਈ ਵਿਸ਼ੇਸ਼ ਤੌਰ ਤੇ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਇਸ ਮੌਕੇ ਐੱਸ ਐਮ ਸੀ ਕਮੇਟੀ ਦੇ ਚੇਅਰਮੈਨ ਸ. ਬਾਰੂ ਸਿੰਘ ਨੇ ਸਕੂਲ ਦੇ ਉਕਤ ਵਿਦਿਆਰਥੀਆਂ ਅਤੇ ਸਮੁੱਚੇ ਸਕੂਲ ਸਟਾਫ ਨੂੰ ਉਨ੍ਹਾਂ ਦੀ ਮਿਹਨਤ ਦੇ ਫਲ ਲੱਗਣ ਤੇ ਵਧਾਈ ਦਿੱਤੀ। ਇੱਥੇ ਜਿਕਰਯੋਗ ਹੈ ਕਿ ਉਕਤ ਵਿਦਿਆਰਥੀਆਂ ਨੂੰ ਅਗਲੇ ਚਾਰ ਸਾਲਾਂ ਤੱਕ ਪ੍ਰਤੀ ਸਾਲ 12000 ਰੁਪਏ (ਬਾਰਾਂ ਹਜਾਰ) ਸਾਲਾਨਾ ਵਜੀਫਾ ਮਿਲੇਗਾ ।

ਇਸ ਮੌਕੇ ਸਕੂਲ ਸਟਾਫ ਚ ਹੋਰਨਾਂ ਤੋਂ ਇਲਾਵਾ ਹਰਪ੍ਰੀਤ ਸਿੰਘ, ਜਸਵਿੰਦਰ ਸਿੰਘ ( ਨੋਡਲ ਐਨ ਐਮ ਐਮ ਐਸ) , ਅਮਰੀਕ ਸਿੰਘ ( ਐਨ ਐਮ ਐਮ ਐਸ ਕੋ-ਇੰਚਾਰਜ )ਖਾਲਿਦ ਪ੍ਰਵੇਜ, ਮੈਡਮ ਅਮਨਦੀਪ ਸ਼ਰਮਾ, ਮੈਡਮ ਸ਼ਹਿਨੀਲਾ, ਮੈਡਮ ਅਮਨਦੀਪ ਕੌਰ, ਪਰਮਜੀਤ ਕੌਰ, ਹਰਪ੍ਰੀਤ ਸਿੰਘ, ਬਸ਼ੀਰ ਮੁਹੰਮਦ, ਕੁਲਦੀਪ ਸਿੰਘ ਅਤੇ ਮੁਹੰਮਦ ਅੱਬਾਸ ਧਾਲੀਵਾਲ ਆਦਿ ਸਮੇਤ ਐੱਸ ਐਮ ਸੀ ਕਮੇਟੀ ਦੇ ਮੈਂਬਰਾਂ ਚੋਂ ਦਲਜੀਤ ਕੌਰ, ਮਨਦੀਪ ਕੌਰ ਆਦਿ ਵੀ ਹਾਜ਼ਰ ਸਨ ।

# ਸੇਵਾਮੁਕਤੀ ਮੌਕੇ ਵਿਦਾਇਗੀ ਪਾਰਟੀ ਦਾ ਆਯੋਜਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** - ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਿਟਡ ਵਿੱਚ ਲੰਬਾ ਸਮਾਂ ਬਤੌਰ ਲਾਈਨਮੈਨ ਸੇਵਾਵਾਂ ਨਿਭਾਉਣ ਮਗਰੋਂ ਸੇਵਾ ਮੁਕਤ ਹੋਏ ਲਾਈਨਮੈਨ ਸਤਨਾਮ ਸਿੰਘ ਦੁਤਾਲ ਦੀ ਸੇਵਾਮੁਕਤੀ ਮੌਕੇ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ।ਵਿਦਾਇਗੀ ਸਮਾਗਮ ਵਿੱਚ ਪਾਵਰਕਾਮ ਦੇ ਅਧਿਕਾਰੀਆਂ ਤੋਂ ਇਲਾਵਾ ਥਾਣਾ ਮੁਖੀ ਯਸ਼ਪਾਲ ਸ਼ਰਮਾ ਨੇ ਵਿਸ਼ੇਸ਼ ਤੌਰ ਉੱਤੇ ਸ਼ਮੂਲੀਅਤ ਕੀਤੀ।

ਲਾਈਨਮੈਨ ਸਤਨਾਮ ਸਿੰਘ ਦੇ ਮੁਲਾਜ਼ਮ ਸਾਥੀਆਂ ਰਿਸ਼ਤੇਦਾਰਾਂ ਤੇ ਉਨ੍ਹਾਂ ਪਿੰਡਾਂ ਦੇ ਪਤਵੰਤਿਆਂ ਵੱਲੋਂ ਤੋਹਫੇ ਦੇ ਕੇ ਸਨਮਾਨਤ ਕੀਤਾ ਗਿਆ, ਜਿਨ੍ਹਾਂ ਵਿੱਚ ਸਤਨਾਮ ਸਿੰਘ ਨੇ ਬਤੌਰ ਲਾਈਨਮੈਨ ਡਿਊਟੀ ਨਿਭਾਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਇੰਪਲਾਈਜ ਫੈਡਰੇਸ਼ਨ ਡਵੀਜ਼ਨ ਦੇ ਆਗੂ ਅਜੀਤ ਸਿੰਘ, ਹਰੀ ਸਿੰਘ ਚਹਿਲ, ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਕੁਲਵੰਤ ਸਿੰਘ ਮੌਲਵੀਵਾਲਾ, ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੇ ਨਜ਼ਦੀਕੀ ਸਾਥੀ ਤਰਸੇਮ ਸਿੰਘ ਦੁਸਿਹਰਾ, ਸਾਬਕਾ ਸਰਪੰਚ ਗੁਰਬਖਸ਼ ਸਿੰਘ, ਕਿੱਕਰ ਸਿੰਘ ਨੂਰਪੁਰਾ ਆਦਿ ਹਾਜ਼ਰ ਸਨ।

# ਜਗਰਾਓਂ ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਦੀ ਇਕੱਤਰਤਾ

**ਚੌਕੀਮਾਨ (ਬਲਬੀਰ ਮਾਨ)**- ਪਾਵਰਕਾਮ ਅਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਦੇ ਮੰਡਲ ਯੂਨਿਟ ਜਗਰਾਓਂ ਦੀ ਮਹੀਨਾਵਾਰ ਮੀਟਿੰਗ ਜੋਗਿੰਦਰ ਕੁਮਾਰ ਸਰਪ੍ਰਸਤ ਦੀ ਅਗਵਾਈ ਵਿੱਚ ਹੋਈ। ਇਸ ਇਕੱਤਰਤਾ ਵਿੱਚ ਸਰਕਲ ਯੂਨਿਟ ਸਬ ਅਰਬਨ ਲੁਧਿਆਣਾ ਦੇ ਪ੍ਰਧਾਨ ਮਨਜੀਤ ਸਿੰਘ ਮਨਸੂਰਾਂ ਤੇ ਸਕੱਤਰ ਬਲਵਿੰਦਰ ਸਿੰਘ ਇਯਾਲੀ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਸਰਕਲ ਪ੍ਰਧਾਨ ਮਨਜੀਤ ਸਿੰਘ ਮਨਸੂਰਾਂ ਨੇ ਕਿਹਾ ਕਿ ਪਿਛਲੇ ਸਮੇਂ ਹੋਈਆਂ ਲੋਕ ਸਭਾ ਚੋਣਾਂ ਵਿੱਚ ਜੋ ਰੋਲ ਪੰਜਾਬ ਦੇ ਮੁਲਾਜ਼ਮਾਂ, ਮਜ਼ਦੂਰਾਂ, ਪੈਨਸ਼ਨਰਾਂ ਅਤੇ ਕਿਸਾਨ ਜਥੇਬੰਦੀਆਂ ਨੇ ਅਦਾ ਕੀਤਾ ਹੈ, ਉਹ ਮੋਦੀ ਸਰਕਾਰ ਦੇ ਪਤਨ ਦਾ ਕਾਰਨ ਬਣੇਗਾ। ਭਾਜਪਾ ਪਾਰਟੀ ਨੂੰ 240 ਸੀਟਾਂ 'ਤੇ ਰੋਕ ਕੇ ਦੇਸ਼ ਭਰ ਦੇ ਲੋਕਾਂ ਨੇ ਮੋਦੀ ਸਰਕਾਰ ਦੁਆਰਾ ਕੀਤੀ ਗਈ ਡਿਕਟੇਟਰਸ਼ਿਪ ਨੂੰ ਮੂੰਹ ਤੋੜਵਾਂ ਜਵਾਬ ਦਿੱਤਾ ਹੈ, ਜਿਸ ਨੇ ਦੇਸ਼ ਭਰ ਦੇ ਬੇਰੁਜ਼ਗਾਰਾਂ ਨਾਲ ਧੋਖਾ ਕਰਕੇ ਸਰਕਾਰੀ ਅਦਾਰਿਆਂ ਨੂੰ ਸਰਮਾਏਦਾਰਾਂ ਕੋਲ ਵੇਚ ਕੇ ਦੇਸ਼ ਦੀ ਜਨਤਾ ਨੂੰ ਭੁੱਖੇ ਮਰਨ ਲਈ ਮਜਬੂਰ ਕੀਤਾ। ਇਸੇ ਤਰ੍ਹਾਂ ਪੰਜਾਬ ਅੰਦਰ ਪਹਿਲਾਂ ਰਾਜ ਕਰਦੀਆਂ ਪਾਰਟੀਆਂ ਤੋਂ ਬਦਲਾ ਲੈਂਦਿਆਂ ਬਦਲਾਅ ਦੇ ਰੂਪ ਵਿੱਚ ਆਮ



ਆਦਮੀ ਪਾਰਟੀ ਨੂੰ ਸੱਤਾ ਵਿੱਚ ਲਿਆਂਦਾ ਸੀ, ਪ੍ਰੰਤੂ ਜੋ ਵਾਅਦੇ ਚੋਣ ਮਨੋਰਥ ਪੱਤਰਾਂ ਵਿੱਚ ਭਗਵੰਤ ਮਾਨ ਦੀ ਸਰਕਾਰ ਨੇ ਕੀਤੇ ਸਨ, ਉਹ ਝੂਠੇ ਸਾਬਤ ਹੋਏ। ਜਿਨ੍ਹਾਂ ਵਿੱਚੋਂ ਨਾ ਤਾਂ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਗਈ, ਨਾ ਹੀ ਕੱਚੇ ਮੁਲਾਜ਼ਮਾਂ ਨੂੰ ਪੱਕੇ ਕੀਤਾ ਗਿਆ, ਨਾ ਹੀ ਬੰਦ ਕੀਤੇ ਪਬਲਿਕ ਸੈਕਟਰ ਦੇ ਅਦਾਰਿਆਂ ਨੂੰ ਬਹਾਲ ਕਰਕੇ, ਉਨ੍ਹਾਂ ਵਿੱਚ ਨਵੀਂ ਭਰਤੀ ਕਰਕੇ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦਿੱਤਾ ਗਿਆ, ਨਾ ਹੀ ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਜਾਰੀ ਕੀਤੀਆਂ, ਨਾ ਹੀ ਨਸ਼ਿਆਂ ਨੂੰ ਠੱਲ੍ਹ ਪਾ ਕੇ ਗੈਂਗਸਟਰਾਂ ਨੂੰ ਨੱਥ ਪਾਈ ਗਈ। ਇਸ ਤੋਂ ਇਲਾਵਾ ਹੋਰ ਚੋਣ ਮਨੋਰਥ ਪੱਤਰਾਂ ਵਿੱਚ ਸ਼ਾਮਲ ਮੱਦਾਂ ਨੂੰ ਲਾਗੂ ਕੀਤਾ ਗਿਆ। ਜਲੰਧਰ ਦੀ ਜ਼ਿਮਨੀ ਚੋਣ ਵਿੱਚ ਹਾਰ ਤੋਂ ਡਰਦਿਆਂ ਮੁੱਖ ਮੰਤਰੀ ਨੇ ਭਾਵੇਂ ਇੱਕ ਹੋਰ ਸ਼ਤਰੰਜੀ ਚਾਲ ਖੇਡਦਿਆਂ ਜਥੇਬੰਦੀਆਂ ਨੂੰ 25 ਜੁਲਾਈ ਦੀ ਮੀਟਿੰਗ ਦੇ ਕੇ ਭਰਮਾਉਣ ਦੀ ਕੋਸ਼ਿਸ਼ ਕੀਤੀ ਹੈ, ਪ੍ਰੰਤੂ ਆਮ ਆਦਮੀ ਪਾਰਟੀ ਆਗੂਆਂ ਨੂੰ ਇਹ ਭਲੀਭਾਂਤ ਸਮਝ ਲੈਣਾ ਚਾਹੀਦਾ ਹੈ ਕਿ ਇਨ੍ਹਾਂ ਚੋਣਾਂ ਤੋਂ ਬਾਅਦ ਚਾਰ ਹੋਰ ਜ਼ਿਮਨੀ ਚੋਣਾਂ ਆਉਣੀਆਂ ਹਨ, ਪੰਚਾਇਤੀ ਚੋਣਾਂ, ਨਗਰ ਕੌਂਸਲ ਚੋਣਾਂ, ਨਗਰ ਨਿਗਮ ਚੋਣਾਂ, ਬਲਾਕ ਸੰਮਤੀ, ਜ਼ਿਲ੍ਹਾ ਪ੍ਰੀਸ਼ਦ ਚੋਣਾਂ ਆਉਣੀਆਂ ਹਨ। ਜੇਕਰ 25 ਜੁਲਾਈ ਨੂੰ ਮੀਟਿੰਗ ਕਰਕੇ ਮਸਲੇ ਹੱਲ ਨਾ ਕੀਤੇ, ਟਾਲਣ ਦੀ ਕੋਸ਼ਿਸ਼ ਕੀਤੀ ਤਾਂ ਜਥੇਬੰਦੀਆਂ ਸਮੇਂ ਦੀ ਸਰਕਾਰ ਨੂੰ ਧੂਲ ਚਟਾਉਣ ਲਈ ਤੱਤਪਰ ਬੈਠੀਆਂ ਹਨ। ਇਸ ਮੌਕੇ ਪ੍ਰਧਾਨ ਗੁਰਚਰਨ ਗੁਰਚਰਨ ਸਿੰਘ ਵੱਲੋਂ ਪੈਨਸ਼ਨਰਜ਼ ਸਾਥੀਆਂ ਦੀਆਂ ਮੰਗਾਂ ਸਬੰਧੀ ਇੱਕ ਮੰਗ ਪੱਤਰ ਤਿਆਰ ਕਰਕੇ ਕਰਕੇ ਵਧੀਕ ਨਿਗਰਾਨ ਇੰਜੀਨੀਅਰ ਜਗਰਾਓਂ ਨੂੰ ਸੌਂਪ ਕੇ ਸਦਭਾਵਨਾ ਦਾ ਮਾਹੌਲ ਬਣਾਈ ਰੱਖਣ ਲਈ ਇੱਕ ਹਫ਼ਤੇ ਦਾ ਸਮਾਂ ਦਿੱਤਾ ਤੇ ਨਾਲ ਹੀ ਚੇਤਾਵਨੀ ਦਿੰਦਿਆਂ ਸਕੱਤਰ ਜਗਤਾਰ ਸਿੰਘ ਮਲਕ ਨੇ ਕਿਹਾ ਜਾਇਜ਼ ਮਸਲੇ ਹੱਲ ਨਾ ਹੋਣ ਦੀ ਸੂਰਤ ਵਿੱਚ ਤਿੱਖਾ ਸੰਘਰਸ਼ ਕੀਤਾ ਜਾਵੇਗਾ, ਜਿਸਦੀ ਸਾਰੀ ਜ਼ਿੰਮੇਵਾਰੀ ਐਕਸੀਅਨ ਜਗਰਾਓਂ ਦੀ ਹੋਵੇਗੀ। ਇਸ ਮੌਕੇ ਸਰਕਲ ਆਗੂ ਨਛੱਤਰ ਸਿੰਘ ਸਰਾਂ, ਜਸਮੇਲ ਸਿੰਘ ਮੋਹੀ,ਕੇਹਰ ਸਿੰਘ, ਮੱਘਰ ਸਿੰਘ ਕਲੇਰਾਂ, ਆਦਿ ਨੇ ਵੀ ਐਕਸੀਅਨ ਜਗਰਾਓਂ ਅਤੇ ਪੰਜਾਬ ਸਰਕਾਰ ਦੀ ਨਿਖੇਧੀ ਕਰਦਿਆਂ ਸਾਰੇ ਸਾਥੀਆਂ ਨੂੰ ਸੰਘਰਸ਼ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ।

# ਸੁਵਿਧਾ ਕੈਂਪ 'ਚ 41 ਸਮੱਸਿਆਵਾਂ ਦਾ ਕੀਤਾ ਮੌਕੇ 'ਤੇ ਹੱਲ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)** ਚੌਥੇ ਸੁਵਿਧਾ ਕੈਂਪ ਦੇ ਗੇੜ ਤਹਿਤ ਸਾਦਿਕ ਵਿਖੇ ਅੱਤ ਦੀ ਗ਼ਰਮੀ ਦੇ ਬਾਵਜੂਦ ਵਧੀਕ ਡਿਪਟੀ ਕਮਿਸ਼ਨਰ (ਜ) ਜਗਜੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਰਭਿੰਦਰ ਸਿੰਘ ਗਰੇਵਾਲ, ਐਸ.ਡੀ.ਐਮ ਫਰੀਦਕੋਟ ਮੇਜਰ ਵਰੁਣ ਕੁਮਾਰ ਤੇ ਸਮੂਹ ਵਿਭਾਗਾਂ ਦੇ ਮੁਖੀਆਂ ਵੱਲੋਂ ਸਾਦਿਕ ਤੇ ਆਸ-ਪਾਸ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਮੌਕੇ 'ਤੇ ਹੱਲ ਕੀਤਾ।

ਪਿੰਡ ਦੇ ਲੋਕਾਂ ਵੱਲੋਂ ਵੀ ਗ਼ਰਮੀ ਦਾ ਪ੍ਰਵਾਹ ਕੀਤੇ ਬਗੈਰ ਸਮੱਸਿਆਵਾਂ ਤੋਂ ਨਿਜ਼ਾਤ ਦਿਵਾਉਣ ਲਈ ਸੁਵਿਧਾ ਕੈਂਪ ਵਿੱਚ ਪਹੁੰਚ ਕੇ ਭਰਵਾਂ ਹੁੰਗਾਰਾ ਦਿੱਤਾ ਗਿਆ ਅਤੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤਾ।ਇਸ ਮੌਕੇ ਪਿੰਡ ਦੇ ਰੁਕੇ ਸਾਂਝੇ ਕੰਮਾਂ ਤੋਂ ਇਲਾਵਾ ਨਿੱਜੀ ਦਰਖਾਸਤਾਂ ਵੀ ਪਿੰਡ ਵਾਸੀਆਂ ਵੱਲੋਂ ਦਿੱਤੀਆਂ ਗਈਆਂ।ਕੈਂਪ ਦੌਰਾਨ ਗਲੀਆਂ- ਨਾਲੀਆਂ ਸਬੰਧੀ, ਫੂਡ ਸਪਲਾਈ, ਡੀ.ਐਸ.ਐਸ.ਓ, ਸਿਹਤ ਆਦਿ ਨਾਲ ਸਬੰਧਤ ਵਿਭਾਗਾਂ ਦੀਆਂ ਦਰਖਾਸਤਾਂ ਦਾ ਮੌਕੇ 'ਤੇ ਹੱਲ ਕੀਤਾ ਗਿਆ।

ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਦੀ ਸਮੁੱਚੀ ਟੀਮ ਵੱਲੋਂ ਕਾਊਂਟਰ ਲਾ ਕੇ ਸਾਦਿਕ ਤੋਂ ਇਲਾਵਾ ਮਾਨੀ ਸਿੰਘ ਵਾਲਾ, ਘੁੱਦੂਵਾਲਾ, ਸਾਧੂਵਾਲਾ, ਜਨੇਰੀਆ ਤੇ ਸੰਗਤਪੁਰਾ ਦੇ ਲੋਕਾਂ ਦੀਆਂ ਕੁੱਲ 41 ਦੇ ਕਰੀਬ ਪ੍ਰਾਪਤ ਹੋਈਆਂ ਸ਼ਿਕਾਇਤਾਂ/ਦਰਖਾਸਤਾਂ ਦਾ ਮੌਕੇ ਤੇ ਹੀ ਨਿਪਟਾਰਾ ਕਰਨ ਅਤੇ ਰਹਿੰਦਿਆਂ ਦਰਖਾਸਤਾਂ ਦਾ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ।

# ਸੱਤਾਧਾਰੀ ਧਿਰ ਦੀ ਤਾਨਾਸ਼ਾਹੀ ਹਰਗਿਜ਼ ਬਰਦਾਸ਼ਤ ਨਹੀਂ ਕਰਾਂਗੇ : ਕੁਲਦੀਪ ਭੋਲਾ

**ਡਿਪਟੀ ਕਮਿਸ਼ਨਰ ਮੋਗਾ ਨੂੰ ਮਿਲਿਆ ਸੀ. ਪੀ.ਆਈ. ਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦਾ ਵਫਦ**



**ਮੋਗਾ, (ਇਕਬਾਲ ਸਿੰਘ ਖਹਿਰਾ)** ਨਰੇਗਾ ਮੇਟਾਂ ਨੂੰ ਨਜਾਇਜ਼ ਤਰੀਕੇ ਨਾਲ ਬਦਲਣ ਦੇ ਮਾਮਲੇ 'ਤੇ ਸੀ.ਪੀ.ਆਈ.ਅਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦਾ ਇੱਕ ਵਫ਼ਦ ਕਾਮਰੇਡ ਕੁਲਦੀਪ ਭੋਲਾ, ਜਗਸੀਰ ਖੋਸਾ, ਜਗਦੀਸ਼ ਸਿੰਘ ਚਾਹਲ, ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਗੁਰਦਿੱਤ ਦੀਨਾ, ਕਾਮਰੇਡ ਸ਼ੇਰ ਸਿੰਘ ਦੌਲਤਪੁਰਾ ਤੇ ਡਾਕਟਰ ਇੰਦਰਵੀਰ ਗਿੱਲ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੂੰ ਮਿਲਿਆ। ਜ਼ਿਕਰਯੋਗ ਹੈ ਕਿ ਇਸ ਸਾਰੇ ਨੂੰ ਮਸਲੇ ਨੂੰ ਲੈ ਕੇ ਪਿਛਲੇ 15 ਦਿਨਾਂ ਤੋਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਟਾਲ ਮਟੋਲ ਕੀਤੀ ਜਾ ਰਹੀ ਸੀ, ਜਿਸ ਕਾਰਨ ਯੂਨੀਅਨ ਦੇ ਸਲਾਹਕਾਰ ਕਾਮਰੇਡ ਕੁਲਦੀਪ ਸਿੰਘ ਭੋਲਾ ਨੇ ਮਰਨ ਵਰਤ 'ਤੇ ਬੈਠਣ ਦਾ ਐਲਾਨ ਕਰ ਦਿੱਤਾ ਗਿਆ ਸੀ। ਇਸੇ ਦੌਰਾਨ ਮਰਨ ਵਰਤ 'ਤੇ ਬੈਠਣ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਨੇ ਯੂਨੀਅਨ ਆਗੂਆਂ ਨੂੰ ਗੱਲਬਾਤ ਲਈ ਬੁਲਾਇਆ ਸੀ। ਸਾਜ਼ਗਾਰ ਮਾਹੌਲ ਵਿੱਚ ਚੱਲੀ ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਮੋਗਾ ਨੇ ਵਫ਼ਦ ਨੂੰ 2 ਦਿਨ ਵਿੱਚ ਮਾਮਲਾ ਹੱਲ ਕਰਨ ਦਾ ਭਰੋਸਾ ਦਿੰਦਿਆਂ ਅਪੀਲ ਕੀਤੀ ਕਿ ਮਰਨ ਵਰਤ ਵਾਲਾ ਫੈਸਲਾ ਫ਼ਿਲਹਾਲ ਰੋਕ ਲਵੋ।

ਮੀਟਿੰਗ ਤੋਂ ਬਾਅਦ ਕਾਮਰੇਡ ਕੁਲਦੀਪ ਸਿੰਘ ਭੋਲਾ ਨੇ ਕਿਹਾ ਕਿ ਅਸੀਂ ਡਿਪਟੀ ਕਮਿਸ਼ਨਰ ਦੇ ਭਰੋਸੇ ਤੋਂ ਬਾਅਦ ਕਿਸੇ ਵੀ ਤਰ੍ਹਾਂ ਦੇ ਐਕਸ਼ਨ ਨੂੰ ਫ਼ਿਲਹਾਲ ਟਾਲਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਅਸੀਂ ਕਿਸੇ ਵੀ ਹਾਲਤ ਵਿੱਚ ਸੱਤਾਧਾਰੀ ਧਿਰ ਦੀਆਂ ਨਜਾਇਜ਼ ਤੇ ਤਾਨਾਸ਼ਾਹੀ ਨੂੰ ਹਰਗਿਜ਼ ਬਰਦਾਸ਼ਤ ਨਹੀਂ ਕਰਾਂਗੇ ਤੇ ਜੇਕਰ ਅਗਲੇ 2 ਦਿਨਾਂ ਵਿੱਚ ਵੀ ਨਰੇਗਾ ਮਜ਼ਦੂਰਾਂ ਨੂੰ ਇਨਸਾਫ਼ ਨਾ ਮਿਲਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਤਿੱਖਾ ਐਕਸ਼ਨ ਉਲੀਕਿਆ ਜਾਵੇਗਾ।

# ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ 395 ਮੁਕੱਦਮੇ ਦਰਜ, 441 ਗ੍ਰਿਫ਼ਤਾਰ : ਸਰਤਾਜ ਸਿੰਘ ਚਹਿਲ

**ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)** ਜ਼ਿਲ੍ਹਾ ਪੁਲਸ ਮੁਖੀ ਸਰਤਾਜ ਸਿੰਘ ਚਹਿਲ ਨੇ ਦੱਸਿਆ ਕਿ ਪੁਲਸ ਵੱਲੋਂ ਨਸ਼ਿਆਂ ਅਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ 1 ਜਨਵਰੀ ਤੋਂ 30 ਜੂਨ ਤੱਕ ਡਰੱਗ ਦੇ 214 ਮੁਕੱਦਮੇ ਦਰਜ ਕਰਕੇ 262 ਦੋਸ਼ੀ ਕਾਬੂ ਤੇ ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 181 ਮੁਕੱਦਮੇ ਦਰਜ ਕਰਕੇ 179 ਦੋਸ਼ੀਆਂ ਨੂੰ ਕਾਬੂ ਕੀਤਾ ਗਿਆ।ਇਸ ਤੋਂ ਇਲਾਵਾ ਐਨ.ਡੀ.ਪੀ.ਐਸ ਐਕਟ ਦੇ 06 ਪੀ.ਓ ਗ੍ਰਿਫਤਾਰ ਕੀਤੇ ਗਏ।ਉਨ੍ਹਾਂ ਅੱਗੇ ਦੱਸਿਆ ਕਿ ਐਨ.ਡੀ.ਪੀ.ਐਸ ਐਕਟ ਦੇ 05 ਸਮੱਗਲਰਾਂ ਦੀ 1,19,70,354/- ਰੁਪਏ ਦੇ ਮੁੱਲ ਦੀ ਪ੍ਰਾਪਰਟੀ ਜਬਤ ਕਰਾਈ ਗਈ।ਉਨ੍ਹਾਂ ਅੱਗੇ ਦੱਸਿਆ ਕਿ ਐਨ.ਡੀ.ਪੀ.ਐਸ ਐਕਟ ਤਹਿਤ 94 ਮੁਕੱਦਮਿਆਂ ਦਾ ਮਾਲ ਮੁਕੱਦਮਾ, 1.843 ਕਿਲੋਗ੍ਰਾਮ ਹੈਰੋਇਨ, 3822 ਕਿੱਲੋ ਗ੍ਰਾਮ ਭੁੱਕੀ ਚੂਰਾ ਪੋਸਤ, 7 ਕਿੱਲੋ 690 ਗ੍ਰਾਮ ਗਾਂਜਾ/ਸੁਲਫਾ, 36255 ਨਸ਼ੀਲੀਆਂ ਗੋਲੀਆਂ, 16 ਨਸ਼ੀਲੇ ਟੀਕੇ ਸਾੜ ਕੇ ਨਸ਼ਟ ਕੀਤੇ ਗਏ।ਉਨ੍ਹਾਂ ਲੋਕਾਂ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ ਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਸਪੋਰਟਸ ਕਲੱਬਾਂ/ਮੋਹਤਬਰ ਪੁਰਸ਼ਾਂ/ਪੰਚਾਇਤਾਂ ਨਾਲ ਮੀਟਿੰਗਾਂ ਕਰਕੇ ਜਾਗਰੁਕ ਕੀਤਾ ਜਾ ਰਿਹਾ ਹੈ।

# ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰਦੇ ਸਫ਼ਾਈ ਸੇਵਕ ਤੇ ਚੌਕੀਦਾਰ ਤਿੰਨ ਮਹੀਨਿਆਂ ਤੋਂ ਤਨਖਾਹਾਂ ਤੋਂ ਵਾਂਝੇ : ਪ੍ਰੇਮ ਚਾਵਲਾ



**ਫ਼ਰੀਦਕੋਟ,ਕੋਟਕਪੂਰਾ (ਗੁਰਪ੍ਰੀਤ ਸਿੰਘ ਬੇਦੀ, ਰਛਪਾਲ ਭੁੱਲਰ)** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹਰ ਰੋਜ਼ ਪੰਜਾਬ ਦਾ ਖਜ਼ਾਨਾ ਭਰਿਆ ਹੋਣ ਦੇ ਦਮਗਜੇ ਮਾਰੇ ਜਾ ਰਹੇ ਹਨ, ਜਦਕਿ ਪੰਜਾਬ ਦੇ ਖ਼ਜ਼ਾਨੇ ਦੀ ਅਸਲ ਹਾਲਤ ਇਹ ਹੈ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਸਿਰਫ 3000 ਰੁਪਏ ਮਹੀਨਾ ਉੱਕਾ ਪੁੱਕਾ ਤਨਖਾਹਾਂ 'ਤੇ ਕੰਮ ਕਰਦੇ ਸਫ਼ਾਈ ਸੇਵਕ ਤੇ ਸਿਰਫ 5000 ਰੁਪਏ ਮਹੀਨਾ ਉੱਕਾ ਪੱਕਾ ਤਨਖਾਹ ਤੇ ਕੰਮ ਕਰਦੇ ਚੌਂਕੀਦਾਰਾਂ ਨੂੰ ਅਪ੍ਰੈਲ, ਮਈ ਅਤੇ ਜੂਨ ਮਹੀਨੇ ਦੀ ਤਨਖਾਹ ਡੀ ਈ ਓ ਦਫ਼ਤਰਾਂ ਕੋਲ ਬਜਟ ਨਾ ਹੋਣ ਕਾਰਨ ਅੱਜ ਤੱਕ ਨਹੀਂ ਮਿਲੀ, ਜਿਸ ਕਾਰਨ ਇਹ ਮੁਲਾਜ਼ਮ ਆਰਥਿਕ ਤੌਰ 'ਤੇ ਪਰੇਸ਼ਾਨੀਆਂ ਦੇ ਦੌਰ ਵਿੱਚੋਂ ਦੀ ਲੰਘ ਰਹੇ ਹਨ ਤੇ ਇਹਨਾਂ ਗਰੀਬ ਪਰਿਵਾਰਾਂ ਦਾ ਜੀਵਨ ਦੁੱਭਰ ਹੋ ਕੇ ਰਹਿ ਗਿਆ ਹੈ। ਇਸ ਸਬੰਧ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਜ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਸੀਨੀਅਰ ਮੀਤ ਪ੍ਰਧਾਨ ਗੁਰਜੀਤ ਸਿੰਘ ਘੋੜੇਵਾਹ ਤੇ ਗੁਰਪ੍ਰੀਤ ਸਿੰਘ ਮੰਗਵਾਲ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ ਅਤੇ ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਪੰਜਾਬ ਸਰਕਾਰ ਤੇ ਦੋਸ਼ ਲਾਇਆ ਹੈ ਕਿ ਆਪਣੇ ਸਵਾ ਦੋ ਸਾਲ ਦੇ ਰਾਜਭਾਗ ਦੌਰਾਨ ਸੰਸਾਰ ਬੈਂਕ ਤੋਂ ਹਜ਼ਾਰਾਂ ਕਰੋੜ ਰੁਪਏ ਦਾ ਕਰਜ਼ਾ ਲੈਣ ਦੇ ਬਾਵਜੂਦ ਤੇ ਖਜ਼ਾਨੇ ਤੇ ਬੇਲੋੜੇ ਭਾਰ ਪਾਏ ਜਾਣ ਦੀਆਂ ਨੀਤੀਆਂ ਦੇ ਕਾਰਨ ਦਿਨੋ ਦਿਨ ਪੰਜਾਬ ਦੇ ਖਜ਼ਾਨੇ ਦੀ ਆਰਥਿਕ ਹਾਲਤ ਬਹੁਤ ਮਾੜੀ ਹੋ ਰਹੀ ਹੈ।ਆਗੂਆਂ ਨੇ ਦੋਸ਼ ਲਾਇਆ ਕਿ ਇਨ੍ਹਾਂ ਹਾਲਤਾਂ ਕਰਨ ਪੰਜਾਬ ਆਰਥਿਕ ਐਮਰਜੈਂਸੀ ਵੱਲ ਵੱਧ ਰਿਹਾ ਹੈ।ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰਦੇ ਸਫ਼ਾਈ ਸੇਵਕਾਂ ਅਤੇ ਚੌਂਕੀਦਾਰਾਂ ਨੂੰ ਪਿਛਲੇ ਅਪ੍ਰੈਲ, ਮਈ ਤੇ ਜੂਨ ਤਿੰਨ ਮਹੀਨਿਆਂ ਤੋਂ ਰੁਕੀਆਂ ਤਨਖਾਹਾਂ ਤੁਰੰਤ ਦਿੱਤੀਆਂ ਜਾਣ ਤਾਂ ਜੁ ਇਨ੍ਹਾਂ ਪਰਵਾਰਾਂ ਦਾ ਗੁਜ਼ਾਰਾ ਚੱਲਦਾ ਹੋ ਸਕੇ।

# ਚੌਕੀ ਰੋਹਟੀ ਪੁਲ ਵਿਖੇ ਕੀਤਾ ਨਸ਼ਾ ਮੁਕਤੀ ਸਬੰਧੀ ਲੋਕਾਂ ਨੂੰ ਜਾਗਰੂਕ



**ਨਾਭਾ (ਵਰਿੰਦਰ ਵਰਮਾ)** ਐਸ ਐਸ ਪੀ ਪਟਿਆਲਾ ਦੇ ਨਿਰਦੇਸ਼ਾਂ 'ਤੇ ਨਾਭਾ ਪੁਲਸ ਵੱਲੋਂ ਡੀਐਸਪੀ ਦਵਿੰਦਰ ਅੱਤਰੀ ਦੀ ਅਗਵਾਈ ਵਿੱਚ ਚੌਕੀ ਰੋਹਟੀਪੁਲ ਵਿਖੇ ਨਸ਼ਾ ਮੁਕਤੀ ਮੁਹਿੰਮ ਤਹਿਤ ਪਬਲਿਕ ਮੀਟਿੰਗ ਕੀਤੀ ਗਈ, ਜਿਸ ਵਿੱਚ ਨਸ਼ਾ ਮੁਕਤੀ ਨੂੰ ਲੈ ਕੇ ਲੋਕਾਂ ਨੂੰ ਜਾਗਰੂਕ ਵੀ ਕੀਤਾ ਗਿਆ।ਮੀਟਿੰਗ ਵਿੱਚ ਐਸ ਐਚ ਓ ਥਾਣਾ ਸਦਰ ਗੁਰਵਿੰਦਰ ਸਿੰਘ, ਐਸ ਐਚ ਓ ਥਾਣਾ ਭਾਦਸੋਂ ਇੰਦਰਜੀਤ ਸਿੰਘ ਅਤੇ ਚੌਕੀ ਇੰਚਾਰਜ ਹਰਵਿੰਦਰ ਸਿੰਘ ਨੇ ਨਸ਼ੇ ਸਬੰਧੀ ਜਾਗਰੂਕ ਕੀਤਾ।

ਇਸ ਮੌਕੇ ਡੀਐਸਪੀ ਦਵਿੰਦਰ ਅੱਤਰੀ ਨੇ ਪਿੰਡਾਂ ਦੇ ਮੋਹਤਬਰਾਂ ਨਾਲ ਮੀਟਿੰਗ ਕਰਦਿਆਂ ਨਸ਼ਿਆਂ ਅਤੇ ਸਮਾਜ ਅੰਦਰ ਪਣਪ ਰਹੀਆਂ ਭੈੜੀਆਂ ਅਲਾਮਤਾਂ ਨੂੰ ਠੱਲਣ ਲਈ ਜਾਗਰੂਕ ਕੀਤਾ ਗਿਆ ਅਤੇ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਸੁਣਦਿਆਂ ਸੁਝਾਅ ਲਏ ਗਏ।ਦਵਿੰਦਰ ਅੱਤਰੀ ਨੇ ਕਿਹਾ ਅਸੀਂ ਸਾਰੇ ਰਲ-ਮਿਲ ਕੇ ਇੱਕ-ਦੂਜੇ ਦੇ ਸਹਿਯੋਗ ਨਾਲ ਆਪਣੇ ਘਰ, ਪਿੰਡ ਤੇ ਸਮਾਜ ਨੂੰ ਇਨ੍ਹਾਂ ਨਾਮੁਰਾਦ ਬਿਮਾਰੀਆਂ ਤੋਂ ਬਚਾ ਸਕਦੇ ਹਾਂ, ਕਿਉਂਕਿ ਇਨ੍ਹਾਂ ਭੈੜੇ ਨਸ਼ਿਆਂ ਦੀ ਭਰਮਾਰ ਕਾਰਨ ਸਾਡੀ ਕੁਰਾਹੇ ਪਈ ਨੌਜਵਾਨੀ ਖਤਮ ਹੋ ਰਹੀ ਹੈ, ਇਸ ਨੂੰ ਬਚਾ ਸਕਦੇ ਹਾਂ।ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਬੇਝਿਜਕ ਪੁਲਸ ਦਾ ਸਾਥ ਦਿੰਦਿਆਂ ਨਸ਼ਾ ਤਸਕਰਾਂ, ਮਿਲਾਵਟਖੋਰਾਂ ਤੇ ਹੋਰ ਮਾੜੇ ਅਨਸਰਾਂ ਬਾਰੇ ਪੁਲਸ ਤੇ ਸਬੰਧਤ ਮਹਿਕਮਿਆਂ ਨੂੰ ਜਾਣਕਾਰੀ ਮੁਹੱਈਆ ਕਰਵਾਉਣ ਪੁਲਸ ਵੱਲੋਂ ਹਰ ਤਰ੍ਹਾਂ ਨਾਲ ਲੋਕਾਂ ਦਾ ਸਾਥ ਦਿੱਤਾ ਜਾਵੇਗਾ।

ਉਨ੍ਹਾਂ ਮਾੜੇ ਅਨਸਰਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਉਹ ਬਾਜ਼ ਆ ਜਾਣ ਨਹੀਂ ਤਾਂ ਇਨ੍ਹਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਪੰਚਾਇਤਾਂ ਤੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਅਜਿਹੇ ਅਨਸਰਾਂ ਦਾ ਸਾਥ ਦੇਣ ਦੀ ਬਜਾਏ ਉਨ੍ਹਾਂ ਖਿਲਾਫ਼ ਡਟਣਾ ਚਾਹੀਦਾ ਹੈ ਤਾਂ ਜੁ ਕੁਰਾਹੇ ਪਈ ਨੌਜਵਾਨੀ ਨੂੰ ਬਚਾਇਆ ਜਾ ਸਕੇ।

# ਅੰਦੋਲਨ ਕਾਰਨ ਹੀ ਰਾਜਨੀਤਕ ਪਾਰਟੀਆਂ ਨੇ ਚੋਣ ਮੈਨੀਫੈਸਟੋ 'ਚ ਕਿਸਾਨੀ ਮੰਗਾਂ ਸ਼ਾਮਲ ਕੀਤੀਆਂ : ਡੱਲੇਵਾਲ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)** ਸੰਯੁਕਤ ਕਿਸਾਨ ਮੋਰਚਾ ਗ਼ੈਰ ਸਿਆਸੀ ਦੇ ਸੀਨੀਅਰ ਆਗੂ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਸੂਬਾ ਪ੍ਰਧਾਨ ਸਰਦਾਰ ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ 13 ਫਰਵਰੀ ਨੂੰ ਕਿਸਾਨ ਅੰਦੋਲਨ ਸ਼ੁਰੂ ਹੋਇਆ ਸੀ ਤੇ ਕੁੱਝ ਦਿਨਾਂ ਬਾਅਦ ਚੋਣ ਜ਼ਾਬਤਾ ਲੱਗ ਗਿਆ। ਉਸ ਸਮੇਂ ਕੁੱਝ ਲੋਕਾਂ ਵੱਲੋਂ ਕਿਹਾ ਗਿਆ ਕਿ ਹੁਣ ਬਾਰਡਰਾਂ ਉੱਪਰ ਬੈਠ ਕੇ ਕੁੱਝ ਨਹੀਂ ਬਣਨਾ ਤੇ ਉਸ ਸਮੇਂ ਅੰਦੋਲਨ ਲੜ ਰਹੇ ਦੋਨਾਂ ਦੋਨਾਂ ਫੋਰਮਾਂ ਵੱਲੋਂ ਆਖਿਆ ਗਿਆ ਸੀ ਕਿ ਘਰੇ ਬੈਠ ਕੇ ਨਹੀਂ, ਸਗੋ ਅੰਦੋਲਨ ਲੜ ਕੇ ਹੀ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਕੀਤੀ ਜਾ ਸਕਦੀ ਹੈ ਅਤੇ ਉਹ ਬਾਰਡਰਾਂ ਉੱਪਰ ਲੜੇ ਜਾ ਰਹੇ ਕਿਸਾਨ ਅੰਦੋਲਨ ਦਾ ਹੀ ਅਸਰ ਸੀ ਕਿ ਸਾਰੀਆਂ ਰਾਜਨੀਤਕ ਪਾਰਟੀਆਂ ਨੂੰ ਆਪਣੇ ਚੋਣ ਮੈਨੀਫੈਸਟੋ ਵਿੱਚ ਕਿਸਾਨੀ ਮੰਗਾਂ ਨੂੰ ਸ਼ਾਮਲ ਕਰਨਾ ਪਿਆ ਅਤੇ ਇਹ ਤੁਹਾਡੇ ਵੱਲੋਂ ਬਾਰਡਰਾਂ ਉੱਪਰ ਲੜੇ ਜਾ ਰਹੇ ਅੰਦੋਲਨ ਦਾ ਹੀ ਨਤੀਜਾ ਹੈ ਕਿ ਲੋਕ ਸਭਾ ਵਿੱਚ ਵਿਰੋਧੀ ਦਲਾਂ ਦੇ ਆਗੂਆਂ ਵੱਲੋਂ ਤੁਹਾਡੇ ਅੰਦੋਲਨ ਦੀਆਂ ਮੰਗਾਂ ਐਮ.ਐਸ.ਪੀ ਦਾ ਗਰੰਟੀ ਕਾਨੂੰਨ ਅਤੇ ਬਾਰਡਰਾਂ ਉੱਪਰ ਭਾਜਪਾ ਦੀ ਸਰਕਾਰ ਵੱਲੋਂ ਕੀਤੇ ਗਏ ਕਿਸਾਨਾਂ ਉੱਪਰ ਅੱਤਿਆਚਾਰ ਤੇ ਹਰਿਆਣਾ ਦੀ ਸਰਕਾਰ ਵੱਲੋਂ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਇਸ਼ਾਰੇ ਤੇ ਉਸਾਰੀਆਂ ਗਈਆਂ ਕੰਧਾਂ ਦੀ ਗੱਲ ਵਿਰੋਧੀ ਦਲਾਂ ਵੱਲੋਂ ਚੁੱਕੀ ਗਈ ਹੈ।

ਸੰਯੁਕਤ ਕਿਸਾਨ ਮੋਰਚਾ ਗੈਰ ਸਿਆਸੀ ਤੇ ਕਿਸਾਨ ਮਜ਼ਦੂਰ ਮੋਰਚੇ ਵੱਲੋਂ ਵਿਰੋਧੀ ਧਿਰ ਦੇ ਉਨ੍ਹਾਂ ਸਾਰੇ ਹੀ ਆਗੂਆਂ ਦਾ ਧੰਨਵਾਦ ਕੀਤਾ ਗਿਆ, ਜਿਨ੍ਹਾਂ ਵੱਲੋਂ ਕਿਸਾਨੀ ਮੰਗਾਂ ਨੂੰ ਸੰਸਦ ਵਿੱਚ ਉਠਾਇਆ ਗਿਆ ਹੈ।ਜਗਜੀਤ ਸਿੰਘ ਡੱਲੇਵਾਲ ਨੇ ਕਿ ਇਹ ਕਿਸਾਨੀ ਅੰਦੋਲਨ ਦੀ ਹੀ ਦੇਣ ਹੈ ਕਿ 300 ਤੋਂ ਉੱਪਰ ਵਿਰੋਧੀ ਦਲਾਂ ਦੇ ਐਮ.ਪੀਜ ਵੱਲੋਂ ਇੱਕ ਪ੍ਰਾਈਵੇਟ ਬਿੱਲ ਐਮ.ਐਸ.ਪੀ ਦਾ ਗਰੰਟੀ ਕਾਨੂੰਨ ਬਣਾਉਣ ਲਈ ਲੋਕ ਸਭਾ ਵਿੱਚ ਲੈ ਕੇ ਆਉਣ ਜੀ ਗੱਲ ਆਖੀ ਗਈ ਹੈ। ਇਸ ਲਈ ਉਹ ਆਪਣੇ ਕੀਤੇ ਗਏ ਵਾਅਦੇ ਮੁਤਾਬਕ ਐਮ.ਐਸ.ਪੀ ਦੇ ਗਰੰਟੀ ਕਾਨੂੰਨ, ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਤੇ ਕਿਸਾਨਾਂ ਮਜ਼ਦੂਰਾਂ ਦੀ ਕੁੱਲ ਕਾਰਜ ਮੁਕਤੀ ਦਾ ਪ੍ਰਾਈਵੇਟ ਬਿੱਲ ਸੰਸਦ ਵਿੱਚ ਲੈ ਕੇ ਆਉਣ।ਉਨ੍ਹਾਂ ਅੱਗੇ ਕਿਹਾ ਕਿ ਇਹ ਵੀ ਕਿਸਾਨਾਂ ਅਤੇ ਮਜ਼ਦੂਰਾਂ ਵੱਲੋਂ ਬਾਰਡਰਾਂ ਉੱਪਰ ਲੜੇ ਜਾ ਰਹੇ ਕਿਸਾਨੀ ਅੰਦੋਲਨ ਦੀ ਹੀ ਗੂੰਜ ਹੈ ਕਿ ਸੱਤ ਸਮੁੰਦਰੋਂ ਪਾਰ ਬਾਹਰਲੇ ਦੇਸ਼ਾਂ ਦੀ ਸੰਸਦ ਵਿੱਚ ਤੁਹਾਡੇ ਵੱਲੋਂ ਲੜੇ ਜਾ ਰਹੇ ਕਿਸਾਨ ਅੰਦੋਲਨ 02 ਦੀਆਂ ਮੰਗਾਂ ਬਾਰੇ ਚਰਚਾ ਹੋ ਰਹੀ ਹਨ ਤੇ ਇੰਗਲੈਂਡ ਦੀ ਸੰਸਦ ਵਿੱਚ ਉਥੋਂ ਦੇ ਐਮ ਪੀ ਤਨਮਨਜੀਤ ਸਿੰਘ ਢੇਸੀ ਵੱਲੋਂ ਜੋਰਦਾਰ ਢੰਗ ਨਾਲ ਮੰਗਾਂ ਚੁੱਕੀਆਂ ਗਈਆਂ ਹਨ ਕਿ ਕਿਸ ਤਰ੍ਹਾਂ ਪੰਜਾਬ ਅਤੇ ਭਾਰਤ ਦੇ ਕੋਨੇ ਕੋਨੇ ਤੋਂ ਪੁੱਜੇ ਕਿਸਾਨਾਂ ਵੱਲੋਂ ਸ਼ੰਭੂ, ਖਨੌਰੀ, ਡੱਬਵਾਲੀ ਤੇ ਰਤਨਪੁਰਾ ਦੇ ਬਾਰਡਰਾਂ ਉੱਪਰ ਐਮ.ਐਸ.ਪੀ ਦਾ ਗਰੰਟੀ ਕਾਨੂੰਨ ਲਾਗੂ ਕਰਵਾਉਣ ਲਈ, ਸਵਾਮੀਨਾਥਨ ਦੀ ਰਿਪੋਰਟ ਲਾਗੂ ਕਰਵਾਉਣ ਦੀ ਮੰਗ ਬਾਰੇ ਤਨਮਨਜੀਤ ਸਿੰਘ ਢੇਸੀ ਵੱਲੋਂ ਇੰਗਲੈਂਡ ਦੀ ਸੰਸਦ ਵਿੱਚ ਗੱਲ ਕੀਤੀ ਗਈ ਹੈ ਅਤੇ ਉਨ੍ਹਾਂ ਵੱਲੋਂ ਇਹ ਗੱਲ ਵੀ ਉਥੋਂ ਦੀ ਸੰਸਦ ਦੇ ਵਿੱਚ ਚੁੱਕੀ ਗਈ ਹੈ ਕਿ ਭਾਰਤ ਸਰਕਾਰ ਵੱਲੋਂ ਮਨੁੱਖੀ ਕਦਰਾਂ ਕੀਮਤਾਂ ਦਾ ਘਾਣ ਕਰਦੇ ਹੋਏ ਕਿਸ ਤਰ੍ਹਾਂ ਆਪਣੇ ਹੀ ਦੇਸ਼ ਦੇ ਨਾਗਰਿਕਾਂ ਉੱਪਰ ਮਾਰੂ ਹਥਿਆਰਾਂ ਦਾ ਇਸਤੇਮਾਲ ਕੀਤਾ ਗਿਆ ਹੈ।

# ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ ਤੇ ਪੌਦੇ ਵੰਡੇ



**ਜਲਾਲਾਬਾਦ (ਜੀਤ ਕੁਮਾਰ)** - ਭਾਰਤ ਵਿਕਾਸ ਪ੍ਰੀਸ਼ਦ ਜਲਾਲਾਬਾਦ ਵੱਲੋਂ ਬਾਹਮਣੀਵਾਲਾ ਰੋਡ 'ਤੇ ਸਥਿਤ ਸਿਡਾਨਾ ਟੈਂਟ ਹਾਊਸ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਅਤੇ ਇਸ ਦੇ ਨਾਲ ਹੀ ਵਾਤਾਵਰਣ ਨੂੰ ਸ਼ੁੱਧ ਰੱਖਣ ਤੇ ਦੇਸ਼ ਨੂੰ ਹਰਿਆ ਭਰਿਆ ਬਣਾਉਣ ਲਈ ਕਿਸਾਨਾਂ ਅਤੇ ਹੋਰਨਾਂ ਨੂੰ 800 ਦੇ ਕਰੀਬ ਬੂਟੇ ਵੰਡੇ। ਪ੍ਰਧਾਨ ਰੋਸ਼ਨ ਲਾਲ ਅਸੀਜਾ ਅਤੇ ਰਮੇਸ਼ ਸਿਡਾਨਾ ਸਲਾਹਕਾਰ ਦੀ ਅਗਵਾਈ ਹੇਠ ਸੈਂਕੜੇ ਰਾਹਗੀਰਾਂ ਨੇ ਠੰਢਾ-ਮਿਠਾ ਪਾਣੀ ਪੀ ਕੇ ਆਪਣੀ ਪਿਆਸ ਬੁਝਾਈ ਅਤੇ ਵਾਤਾਵਰਨਣ ਨੂੰ ਸ਼ੁੱਧ ਅਤੇ ਹਰਿਆ-ਭਰਿਆ ਕਰਨ ਲਈ ਬੂਟੇ ਲੈ ਕੇ ਉਨ੍ਹਾਂ ਦਾ ਪਾਲਣ ਪੋਸ਼ਣ ਕਰਨ ਦਾ ਪ੍ਰਣ ਲਿਆ। ਪ੍ਰਧਾਨ ਰੋਸ਼ਨ ਲਾਲ ਅਸੀਜਾ ਨੇ ਕਿਹਾ ਕਿ ਜਿਵੇਂ-ਜਿਵੇਂ ਦੇਸ਼ ਤਰੱਕੀ ਕਰ ਰਿਹਾ ਹੈ, ਜੰਗਲਾਂ ਦੀ ਕਟਾਈ ਹੋ ਰਹੀ ਹੈ, ਜੋ ਕਿ ਸਾਡੇ ਜੀਵਨ ਲਈ ਬਹੁਤ ਖਤਰਨਾਕ ਸਾਬਤ ਹੋ ਰਹੀ ਹੈ, ਇਸ ਲਈ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਸਭ ਨੂੰ ਅੱਗੇ ਆਉਣਾ ਚਾਹੀਦਾ ਹੈ। ਰਮੇਸ਼ ਸਿਡਾਨਾ ਨੇ ਇਸ ਪ੍ਰੋਜੈਕਟ ਨੂੰ ਸਫ਼ਲ ਬਣਾਉਣ ਲਈ ਸਖ਼ਤ ਮਿਹਨਤ ਕੀਤੀ ਅਤੇ ਇਸ ਨੂੰ ਸਫ਼ਲ ਬਣਾਇਆ। ਮਦਨ ਲਾਲ ਡੂਮਦਾ ਨੇ ਸੰਸਥਾ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਸ਼ਹਿਰ ਦੇ ਉੱਘੇ ਸਮਾਜ ਸੇਵੀ ਮਦਨ ਲਾਲ ਗੁੰਬਰ, ਓਮ ਪ੍ਰਕਾਸ਼ ਕੱਕੜ, ਦਵਿੰਦਰ ਕੱਕੜ, ਮਨਜੀਤ ਸਿੰਘ ਦਰਗਨ, ਪ੍ਰਵੇਸ਼ ਖੰਨਾ ਆਦਿ ਨੇ ਵੀ ਸ਼ਮੂਲੀਅਤ ਕੀਤੀ। ਇਸ ਮੌਕੇ ਪ੍ਰਧਾਨ ਰੋਸ਼ਨ ਲਾਲ ਅਸੀਜਾ, ਰਮੇਸ਼ ਸਿਡਾਨਾ, ਖਜ਼ਾਨਚੀ ਸੁਰੇਸ਼ ਗਾਬਾ, ਦਵਿੰਦਰ ਕੁਮਾਰ ਕੁੱਕੜ, ਡਾ: ਬਲਵਿੰਦਰ ਸਿੰਘ, ਮਦਨ ਲਾਲ, ਗੁਰਮੀਤ ਮਦਾਨ, ਲਾਡੀ ਸੈਕਟਰੀ ਤੋਂ ਇਲਾਵਾ ਪਰਮਪੁਰਖ ਦਰਗਨ, ਅਨਮੋਲ ਅਸੀਜਾ, ਰਾਜਨ ਡੂਮਰਾ, ਜੋਗਾ ਸਿੰਘ, ਲੱਡੂ ਮੱਕੜ, ਗੁਰਨਾਮ ਸਿੰਘ, ਸੰਜੂ. ਮੱਕੜ ਆਦਿ ਹਾਜ਼ਰ ਸਨ।

# ਕਮਜ਼ੋਰ ਵਿਦਿਆਰਥੀਆ ਨੂੰ ਵੀ ਮਿਲੇ ਪੋਸਟ ਮੈਟ੍ਰਿਕ ਸਕਾਲਰਸ਼ਿਪ : ਇਕੋਲਾਹਾ, ਮਾਂਗਟ



**ਸ਼ਾਹਕੋਟ (ਗਿਆਨ ਸੈਦਪੁਰੀ)** ਰੈਵੋਲਿਊਸਨਰੀ ਸੋਸ਼ਲਿਸਟ ਪਾਰਟੀ ( ਆਰ.ਐਸ.ਪੀ) ਦੇ ਕੇਂਦਰੀ ਕਮੇਟੀ ਮੈਂਬਰ ਕਰਨੈਲ ਸਿੰਘ ਇਕੋਲਾਹਾ ਅਤੇ ਸੂਬਾ ਸਕੱਤਰ ਹਰਬੰਸ ਸਿੰਘ ਮਾਂਗਟ ਨੇ ਸਾਂਝੇ ਤੌਰ 'ਤੇ ਪ੍ਰੈਸ ਦੇ ਨਾਂਅ ਜਾਰੀ ਬਿਆਨ ਵਿੱਚ ਕਿਹਾ ਕਿ ਮੌਜੂਦਾ ਵਿਦਿਅਕ ਖੇਤਰ ਅੰਦਰ ਤੁਰੰਤ ਹੀ ਵੱਡੀਆਂ ਤਬਦੀਲੀਆਂ ਦੀ ਲੋੜ ਹੈ ਕਿਉਂਕਿ ਸਿੱਖਿਆ ਖੇਤਰ ਅੰਦਰ ਐਜੂਕੇਸ਼ਨ ਮਾਫੀਆ ਨੇ ਚੌਤਰਫਾ ਲੁੱਟ ਮਚਾਈ ਹੋਈ ਹੈ।ਉਨਾਂ ਅੱਗੇ ਕਿਹਾ ਕਿ ਵਿਦਿਆ ਦਾ ਵਪਾਰੀਕਰਨ ਹੋਣ ਸਦਕਾ ਵਿਦਿਆਰਥੀਆਂ ਦੀ ਬਹੁ ਗਿਣਤੀ ਉੱਚ ਸਿੱਖਿਆ ਪ੍ਰਾਪਤ ਕਰਨ ਤੋਂ ਅਸਮਰੱਥ ਹੋ ਗਈ ਹੈ, ਆਨਲਾਈਨ ਐਜੂਕੇਸ਼ਨ ਮੌਜੂਦਾ ਸਮੇਂ ਲੋੜ ਹੈ, ਇਸ ਨੂੰ ਤੁਰੰਤ ਮਾਨਤਾ ਦੇਣ ਦੀ ਲੋੜ ਹੈ ਅਤੇ ਇਸ ਮੰਤਵ ਲਈ ਤੁਰੰਤ ਹੀ ਇੱਕ ਕਾਨੂੰਨ ਬਣਾਇਆ ਜਾਣਾ ਅਤੇ ਲਾਗੂ ਕੀਤਾ ਜਾਣਾ ਚਾਹੀਦਾ ਹੈ ਜਿਸ ਨਾਲ ਸਿੱਖਿਆ ਹਰ ਇੱਕ ਵਿਦਿਆਰਥੀ ਦੀ ਪਹੁੰਚ ਵਿੱਚ ਹੋ ਸਕੇ। ਉਨ੍ਹਾਂ ਕਿਹਾ ਕਿ ਐਸ ਸੀ ਵਿਦਿਆਰਥੀਆਂ ਵਾਂਗ ਹੀ ਬੀ ਸੀ, ਸ਼ਡਿਊਲਡ ਟਰਾਈਬਜ਼ ਅਤੇ ਜਨਰਲ ਵਰਗ ਦੇ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਦੇ ਵਿਦਿਆਰਥੀਆਂ ਨੂੰ ਪੋਸਟ ਮੈਟਰਿਕ ਸਕਾਲਰਸ਼ਿਪ ਤੁਰੰਤ ਦਿੱਤੀ ਜਾਣੀ ਚਾਹੀਦੀ ਹੈ। ਇਸ ਸਕਾਲਰਸ਼ਿਪ ਵਿੱਚ ਘਪਲੇਬਾਜ਼ੀ ਕਰਨ ਵਾਲਿਆਂ ਲਈ ਉਮਰ ਕੈਦ ਦੀ ਸਜ਼ਾ ਦਾ ਕਾਨੂੰਨ ਤੁਰੰਤ ਬਣਾਇਆ ਅਤੇ ਲਾਗੂ ਕੀਤਾ ਜਾਣਾ ਚਾਹੀਦਾ ਹੈ।

# ਪੌਂਗ ਡੈਮ ਦੇ 50 ਸਾਲ ਪੂਰੇ ਹੋਣ 'ਤੇ ਬੀ ਬੀ ਐੱਮ ਬੀ ਵੱਲੋਂ ਰਸਮੀ ਸਮਾਗਮ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਸਥਾਨਕ ਪੌਂਗ ਡੈਮ ਦੇ ਨਿਰਮਾਣ ਦੇ 50 ਸਾਲ ਪੂਰੇ ਹੋਣ 'ਤੇ ਭਾਖੜਾ ਬਿਆਸ ਪ੍ਰਬੰਧਕ ਬੋਰਡ (ਬੀਬੀਐਮਬੀ) ਵੱਲੋਂ ਇੱਕ ਨਿੱਜੀ ਪੈਲੇਸ 'ਚ ਸਮਾਗਮ ਆਯੋਜਿਤ ਕੀਤਾ ਗਿਆ। ਗੋਲਡਨ ਜੁਬਲੀ ਦੇ ਰਸਮੀ ਆਯੋਜਨ 'ਚ ਬੀਬੀਐਮਬੀ ਦੇ ਚੇਅਰਮੈਨ ਮਨੋਜ ਤ੍ਰਿਪਾਠੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਬੀਬੀਐਮਬੀ ਡੀਏਵੀ ਸਕੂਲ ਤਲਵਾੜਾ ਦੇ ਵਿਦਿਆਰਥੀਆਂ ਨੇ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ।ਆਪਣੇ ਉਦਘਾਟਨੀ ਭਾਸ਼ਣ ਦਾ ਆਗਾਜ਼ ਤ੍ਰਿਪਾਠੀ ਨੇ ਪੌਂਗ ਡੈਮ ਦੇ ਨਿਰਮਾਣ ਕਾਰਜ ਦੌਰਾਨ ਜਾਨਾਂ ਗਵਾਉਂਣ ਵਾਲਿਆਂ ਨੂੰ ਚੇਤੇ ਕਰਦਿਆਂ ਸ਼ਰਧਾਂਜਲੀ ਦੇਣ ਨਾਲ ਕੀਤਾ, ਉਪਰੰਤ ਉਨ੍ਹਾਂ ਪੌਂਗ ਡੈਮ ਦੀ 50ਵੀਂ ਵਰ੍ਹੇਗੰਢ 'ਤੇ ਬੀਬੀਐਮਬੀ ਪਰਵਾਰ ਅਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਪੌਂਗ ਡੈਮ ਦੇ ਨਿਰਮਾਣ ਨਾਲ ਨਾ ਸਿਰਫ਼ ਖ਼ੇਤਰ 'ਚ ਹੜ੍ਹਾਂ 'ਤੇ ਕਾਬੂ ਪਾਇਆ, ਬਲਕਿ ਖੇਤੀ ਅਤੇ ਉਦਯੋਗਿਕ ਖੇਤਰ ਨੂੰ ਵੀ ਲਾਭ ਹੋਇਆ। ਪੌਂਗ ਡੈਮ ਦੇ ਨੇੜਲੇ ਇਲਾਕਿਆਂ ਦਾ ਵੀ ਵਿਕਾਸ ਹੋਇਆ। ਸ਼ੁਰੂ 'ਚ ਪੌਂਗ ਡੈਮ ਦੀ ਪਣ ਬਿਜਲੀ ਪੈਦਾਵਾਰ 360 ਮੈਗਾਵਾਟ ਸੀ, 2004 'ਚ ਵਧਾ ਕੇ 396 ਮੈਗਾਵਾਟ ਕੀਤਾ। ਹੁਣ ਅਸੀਂ ਇਹ ਸਮਰਥਾ 450 ਮੈਗਾਵਾਟ ਕਰਨ ਲਈ ਅਗ੍ਰਸਰ ਹਾਂ। ਬੀਬੀਐਮਬੀ ਨੇ ਪੌਂਗ ਡੈਮ ਦੀ ਝੀਲ ਦੇ ਨੇੜਲੇ ਖ਼ੇਤਰਾਂ 'ਚ ਪੰਪ ਭੰਡਾਰਨ ਯੋਜਨਾ ਤਹਿਤ 8700 ਮੈਗਾਵਾਟ ਬਿਜਲੀ ਪੈਦਾ ਕਰਨ ਦਾ ਟੀਚਾ ਰੱਖਿਆ ਹੈ, ਜਿਸ ਤਹਿਤ ਹਿਮਾਚਲ ਪ੍ਰਦੇਸ਼ ਦੇ ਦੇਹਰਾ ਖ਼ੇਤਰ ਵਿਚ 2800 ਮੈਗਾਵਾਟ ਦੀ ਯੋਜਨਾ 'ਤੇ ਕੰਮ ਆਰੰਭ ਦਿੱਤਾ ਹੈ। ਬੀਬੀਐਮਬੀ ਨੇ ਆਪਣੀਆਂ ਇਮਾਰਤਾਂ ਦੀਆਂ ਛੱਤਾਂ 'ਤੇ ਰੂਫ਼ ਟਾਪ ਸੋਲਰ ਪਲਾਂਟ ਲਗਾ ਕੇ 16 ਮੈਗਾਵਾਟ ਸੂਰਜੀ ਊਰਜਾ ਪੈਦਾ ਕਰਨ ਦਾ ਟੀਚਾ ਮਿਥਿਆ ਹੋਇਆ ਹੈ। ਡੈਮ ਪੁਰਨਵਾਸ ਅਤੇ ਸੁਧਾਰ ਯੋਜਨਾ ਤਹਿਤ 3540 ਲੱਖ ਰੁਪਏ ਨਾਲ ਡੈਮ ਦਾ ਨਵੀਨਤਮ ਤਕਨੀਕ ਨਾਲ ਆਧੁਨੀਕੀਕਰਨ ਕੀਤਾ ਜਾਵੇਗਾ। ਵਾਤਾਵਰਣ ਸੰਤੁਲਨ ਕਾਇਮ ਰੱਖਣ ਹਿੱਤ ਬੀਬੀਐਮਬੀ ਡੈਮ ਦੀ ਝੀਲ ਦੇ ਇਰਦ ਗਿਰਦ ਅਤੇ ਟਾਊਨਸ਼ਿਪ ਦੀ ਜ਼ਮੀਨ 'ਤੇ ਪੌਦੇ ਲਾਉਣ ਦੀ ਮੁਹਿਮ 'ਤੇ ਲਗਾਤਾਰ ਕੰਮ ਕਰ ਰਹੀ ਹੈ। ।ਇਸ ਮੌਕੇ ਸਰਵੋਤਮ ਸੇਵਾਵਾਂ ਨਿਭਾਉਣ ਵਾਲੇ ਅਧਿਕਾਰੀਆਂ, ਮੁਲਾਜ਼ਮਾ ਆਦਿ ਨੂੰ ਚੇਅਰਮੈਨ ਵੱਲੋਂ ਸਨਮਾਨਿਤ ਕੀਤਾ ਗਿਆ। ਹੋਰਨਾਂ ਤੋਂ ਇਲਾਵਾ ਇਸ ਮੌਕੇ ਬੀਬੀਐਮਬੀ ਚੀਫ਼ ਇੰ ਏ ਕੇ ਸਿਡਾਨਾ, ਐਸ ਈ ਅਜੈ ਭਾਰਦਵਾਜ ਤੇ ਮਨਵੀਨ ਚੌਧਰੀ, ਐਕਸਿਅਨ ਐਪੀਐਸ ਉੱਭੀ ਤੇ ਵਿਨੈ ਠਾਕੁਰ, ਪੰਜਾਬ ਸਟੇਟ ਕਰਮਚਾਰੀ ਯੂਨੀਅਨ ਪ੍ਰਧਾਨ ਵਿਜੈ ਠਾਕੁਰ ਆਦਿ ਹਾਜ਼ਰ ਸਨ।

# ਹੈਰੋਇਨ ਸਮੇਤ 2 ਕਾਬੂ

**ਨਵਾਂਸ਼ਹਿਰ, (ਮਨੋਜ ਲਾਡੀ)**-ਪੁਲਸ ਨੇ ਵੱਖ-ਵੱਖ ਮਾਮਲਿਆਂ ਵਿਚ 2 ਵਿਅਕਤੀਆਂ ਨੂੰ 8 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ। ਥਾਣਾ ਸਿਟੀ ਨਵਾਂਸ਼ਹਿਰ ਵਿਖੇ ਤਾਇਨਾਤ ਏ.ਐੱਸ.ਆਈ. ਬਲਵੀਰ ਸਿੰਘ ਨੇ ਦੱਸਿਆ ਕਿ ਗਸ਼ਤ ਦੌਰਾਨ ਉਨ੍ਹਾਂ ਦੀ ਪੁਲਸ ਪਾਰਟੀ ਅੰਬੇਡਕਰ ਚੌਕ ਨਵਾਂਸ਼ਹਿਰ ਤੋਂ ਗੜ੍ਹਸ਼ੰਕਰ ਰੋਡ ਵੱਲ ਜਾ ਰਹੀ ਸੀ ਤਾਂ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਤਲਾਸ਼ੀ ਲਈ ਮਹਿੰਦੀਪੁਰ ਨੇੜੇ ਮੁਹੱਲਾ ਕਾਲੜਾ ਕੋਲ ਆਈ। ਮੁਹੱਲਾ ਕਾਲੜਾ ਤੋਂ ਪੈਦਲ ਆ ਰਿਹਾ ਇਕ ਵਿਅਕਤੀ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ ਅਤੇ ਉਸਨੇ ਆਪਣੇ ਹੱਥ 'ਚ ਫੜਿਆ ਮੋਮੀ ਲਿਫਾਫਾ ਸੜਕ 'ਤੇ ਸੁੱਟ ਦਿੱਤਾ। ਪੁਲਸ ਮੁਲਾਜਮਾਂ ਦੀ ਮਦਦ ਨਾਲ ਉਕਤ ਵਿਅਕਤੀ ਨੂੰ ਕਾਬੂ ਕਰ ਕੇ ਜਦੋਂ ਸੁੱਟੇ ਗਏ ਲਿਫਾਫੇ ਦੀ ਜਾਂਚ ਕੀਤੀ ਗਈ ਤਾਂ ਉਸ ਵਿੱਚੋ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਫੜੇ ਗਏ ਵਿਅਕਤੀ ਦੀ ਪਛਾਣ ਕਮਲ ਕੁਮਾਰ ਵਾਸੀ ਕਾਲੜਾ ਮੁਹੱਲਾ ਮਹਿੰਦੀਪੁਰ ਵਜੋਂ ਹੋਈ ਹੈ। ਇਕ ਹੋਰ ਮਾਮਲੇ ਵਿਚ ਥਾਣਾ ਔੜ ਦੀ ਪੁਲਸ ਨੇ ਚਰਨਜੀਤ ਸਿੰਘ ਉਰਫ ਚੰਨਾ ਵਾਸੀ ਔੜ ਨੂੰ 3 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ। ਗ੍ਰਿਫਤਾਰ ਕੀਤੇ ਕਥਿਤ ਦੋਸ਼ੀਆਂ ਖਿਲਾਫ ਸਬੰਧਿਤ ਥਾਣਿਆਂ ਵਿੱਚ ਮਾਮਲਾ ਦਰਜ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# 7 ਨੂੰ ਜਲੰਧਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ : ਮਲਕੀਅਤ ਚੰਦ

**ਫਗਵਾੜਾ ( ਡਾ ਰਮਨ )** ਪੰਜਾਬ ਵਿੱਚ ਠੇਕਾ ਅਧਾਰਿਤ ਸੇਵਾਵਾਂ ਨਿਭਾਉਣ ਵਾਲੀ ਸਿਰਮੌਰ ਮੁਲਾਜ਼ਮ ਜਥੇਬੰਦੀ ਪੰਜਾਬ ਏਡਜ਼ ਕੰਟਰੋਲ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਵੱਲੋਂ 7 ਜੁਲਾਈ ਨੂੰ ਜਲੰਧਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਸਬੰਧੀ ਇੱਕ ਮੀਟਿੰਗ ਫਗਵਾੜਾ ਵਿਖੇ ਕੌਂਸਲਰ ਮਲਕੀਅਤ ਚੰਦ ਦੀ ਅਗਵਾਈ ਹੇਠ ਕੀਤੀ ਗਈ ਜਿਨ੍ਹਾਂ ਨੇ ਦੱਸਿਆ ਕਿ ਦੋ ਸਾਲ ਤੋਂ ਵੀ ਉਪਰ ਸਮਾਂ ਬੀਤ ਜਾਣ ਉਪਰੰਤ ਵੀ ਆਪ ਸਰਕਾਰ ਮੁਲਾਜ਼ਮਾਂ ਨਾਲ ਚੋਣਾਂ ਤੋਂ ਪਹਿਲਾਂ ਕੀਤੇ ਵਾਅਦੇ ਨਿਭਾਉਣ ਵਿਚ ਨਾਕਾਮ ਰਹੀ ਹੈ। ਰੈਗੂਲਰ ਕਰਨ ਅਤੇ ਦਿੱਲੀ ਦੇ ਅਧਾਰ 'ਤੇ ਇਨ੍ਹਾਂ ਮੁਲਾਜ਼ਮਾਂ ਨੂੰ 20 ਫ਼ੀਸਦੀ ਵਾਧਾ ਪੰਜਾਬ ਸਰਕਾਰ ਵੱਲੋਂ ਤੁਰੰਤ ਦਿੱਤੇ ਜਾਣ ਤੋਂ ਇਲਾਵਾ ਹੋਰ ਸਰਕਾਰੀ ਮੁਲਾਜ਼ਮਾਂ ਵਾਲੀਆਂ ਸਹੂਲਤਾਂ ਬਿਨਾਂ ਸ਼ਰਤ ਦਿੱਤੇ ਜਾਣ ਦਾ ਭਰੋਸਾ ਦਿੱਤਾ ਸੀ। ਇਸ ਤੋਂ ਇਲਾਵਾ ਕਈ ਵਾਰ ਲਿਖਤ ਰੂਪ ਵਿਚ ਜਥੇਬੰਦੀ ਨੂੰ ਮੁੱਖ ਮੰਤਰੀ ਨਾਲ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਨਹੀਂ ਕਰਵਾਈ ਗਈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੀਤੇ ਵਾਅਦੇ ਅਤੇ ਮੰਗਾਂ ਪੂਰੀਆਂ ਨਾ ਕਰਨ ਦੇ ਰੋਸ ਵਜੋਂ ਸਮੂਹ ਕਰਮਚਾਰੀਆਂ ਵੱਲੋਂ ਜਲੰਧਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਵਿੱਚ ਭਾਰੀ ਗਿਣਤੀ ਵਿੱਚ ਵਰਕਰ ਪਹੁੰਚ ਕੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਨਗੇ ਅਤੇ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਮਲਕੀਅਤ ਚੰਦ , ਹਰਵਿੰਦਰ ਕੁਮਾਰ, ਰੌਣਕੀ ਰਾਮ , ਜਸਪ੍ਰੀਤ ਕੌਰ, ਰਿੰਪੀ , ਫ਼ਕੀਰ ਚੰਦ ਆਦਿ ਹਾਜ਼ਰ ਸਨ।

# ਹਰ ਖੇਤਰ 'ਚ ਧੀਆਂ ਰੁਸ਼ਨਾਉਂਦੀਆਂ ਨੇ ਮਾਪਿਆਂ ਦਾ ਨਾਂਅ-ਡਾ. ਰਵਜੋਤ ਸਿੰਘ



**ਬੁਲ੍ਹੋਵਾਲ, (ਵਿਰਦੀ)** ਸੀਨੀਅਰ ਮੈਡੀਕਲ ਅਫਸਰ ਡਾ. ਬਲਦੇਵ ਸਿੰਘ ਦੀ ਅਗਵਾਈ ਵਿੱਚ ਪੀ.ਐਚ.ਸੀ. ਚੱਕੋਵਾਲ ਵਿਖੇ "ਬਾਲੜੀ ਰੱਖਿਆ ਯੋਜਨਾ" ਅਧੀਨ ਇੱਕ ਸਮਾਗਮ ਕਰਵਾਇਆ ਗਿਆ ਜਿਸ ਵਿਚ ਹਲਕਾ ਸ਼ਾਮ ਚੌਰਾਸੀ ਤੋਂ ਵਿਧਾਇਕ ਡਾ. ਰਵਜੋਤ ਸਿੰਘ ਖਾਸ ਤੌਰ 'ਤੇ ਸ਼ਾਮਿਲ ਹੋਏ। ਇਸ ਮੌਕੇ 6 ਪਰਵਾਰਾਂ ਦੀਆਂ 9 ਧੀਆਂ ਨੂੰ 1,15000 ਰੁਪਏ ਦੇ ਚੈਕ ਵੰਡੇ ਗਏ। ਇਸ ਮੌਕੇ ਹਲਕਾ ਵਿਧਾਇਕ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਧੀਆਂ ਸਾਡੇ ਸਮਾਜ ਦਾ ਅਨਿੱਖੜਵਾਂ ਅੰਗ ਹਨ ਤੇ ਇਹਨਾਂ ਨੂੰ ਜਨਮ ਲੈਣ ਤੇ ਵਿੱਦਿਆ ਪ੍ਰਾਪਤ ਕਰਨ ਦਾ ਪੂਰਾ ਹੱਕ ਦੇਣਾ ਚਾਹੀਦਾ ਹੈ। ਧੀਆਂ ਨੂੰ ਜੇਕਰ ਅੱਗੇ ਵਧਣ ਦਾ ਮੌਕਾ ਦਿੱਤਾ ਜਾਵੇ ਤਾਂ ਉਹ ਹਰ ਖੇਤਰ ਵਿੱਚ ਆਪਣਾ ਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕਰਦੀਆਂ ਹਨ। ਉਹਨਾਂ ਕਿਹਾ ਕਿ ਕੁੜੀਆਂ ਨੂੰ ਜਨਮ ਤੋਂ ਪਹਿਲਾਂ ਮਾਰਨ ਵਾਲੀ ਸੋਚ ਸਮਾਜ ਲਈ ਬਹੁਤ ਖਤਰਨਾਕ ਹੈ ਅਤੇ ਇਸ ਨੇ ਸਾਡੇ ਸਮਾਜ ਨੂੰ ਅਪੰਗ ਬਣਾ ਦਿੱਤਾ ਹੈ। ਉਹਨਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਹਰ ਖੇਤਰ ਵਿਚ ਫੰਡ ਦੇਣੇ ਸ਼ੁਰੂ ਕੀਤੇ ਹਨ ਜਿਸ ਨਾਲ ਹਰ ਵਰਗ ਦੇ ਲੋਕਾਂ ਨੂੰ ਫਾਇਦਾ ਹੋ ਰਿਹਾ ਹੈ। ਇਸ ਮੌਕੇ ਐੱਸ.ਐਮ.ਓ. ਡਾ. ਬਲਦੇਵ ਸਿੰਘ ਨੇ ਦੱਸਿਆ ਕਿ ਸਰਕਾਰ ਨੇ ਧੀਆਂ ਨੂੰ ਸਮਾਜ ਵਿਚ ਬਣਦਾ ਹੱਕ ਦੇਣ ਲਈ ਕਈ ਸਕੀਮਾਂ ਚਲਾਈਆਂ ਹਨ ਜਿਨ੍ਹਾਂ ਵਿੱਚੋਂ "ਬਾਲੜੀ ਰੱਖਿਆ ਯੋਜਨਾ" ਵੀ ਹੈ। ਇਸ ਅਧੀਨ ਜੇਕਰ ਇੱਕ ਜਾਂ ਦੋ ਬੱਚੀਆਂ ਤੋਂ ਬਾਅਦ ਜੇਕਰ ਪਰਵਾਰ ਨਿਯੋਜਨ ਦੇ ਪੱਕੇ ਤਰੀਕੇ ਅਪਣਾਉਂਦੇ ਹਨ ਤਾਂ ਉਹਨਾਂ ਪਰਵਾਰਾਂ ਨੂੰ ਇਸ ਯੋਜਨਾ ਅਧੀਨ ਮਾਇਕ ਸਹਾਇਤਾ ਮਿਲਦੀ ਹੈ। ਇਸ ਮੌਕੇ ਵੱਧ ਓ.ਪੀ.ਡੀ. ਕਰਨ ਲਈ ਆਮ ਆਦਮੀ ਕਲੀਨਿਕ ਨਸਰਾਲਾ ਦੇ ਮੈਡੀਕਲ ਅਫ਼ਸਰ ਡਾ. ਪ੍ਰਤਿਭਾ, ਨੰਦਾਚੌਰ ਦੇ ਡਾ. ਹਰਭਜਨ ਲਾਲ, ਸੰਦੀਪ ਸਿੰਘ ਅਤੇ ਧਰਮਵੀਰ ਨੂੰ ਵਧੀਆ ਸੇਵਾਂਵਾਂ ਲਈ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਗੁਰਵਿੰਦਰ ਸਿੰਘ ਪਾਬਲਾ, ਹਰਦੀਪ ਸਿੰਘ, ਡਾ. ਨਵਕਰਨ ਸਿੰਘ, ਪਰਮਪ੍ਰੀਤਪਾਲ ਕੌਰ, ਊਸ਼ਾ ਰਾਣੀ, ਵੀਨਾ ਕੁਮਾਰੀ, ਨਵੀਤ ਕੁਮਾਰ, ਬਲਜਿੰਦਰ ਸਿੰਘ, ਗੁਰਦੇਵ ਸਿੰਘ, ਇੰਦਰਜੀਤ ਵਿਰਦੀ, ਹਰਮੇਸ਼ ਕੁਮਾਰ ਆਦਿ ਹਾਜ਼ਰ ਸਨ।

# ਕਿਰਾਏਦਾਰਾਂ, ਨੌਕਰਾਂ ਤੇ ਪੇਇੰਗ ਗੈਸਟ ਦਾ ਪੂਰਾ ਵੇਰਵਾ ਨਜ਼ਦੀਕੀ ਥਾਣੇ ਨੂੰ ਦੇਣਾ ਲਾਜ਼ਮੀ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਕ੍ਰਿਸ਼ਨ ਗਰਗ)** ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਆਸ਼ਿਕਾ ਜੈਨ ਨੇ ਫੌਜਦਾਰੀ ਜ਼ਾਬਤਾ ਸੰਘਤਾ 1973 (1974 ਦਾ ਐਕਟ ਨੰ: 2) ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕੀਤਾ ਹੈ ਕਿ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਹਦੂਦ ਅੰਦਰ ਸਥਿਤ ਮਿਊਂਸਪਲ ਕੌਂਸਲਾਂ, ਨਗਰ ਪੰਚਾਇਤਾਂ ਅਤੇ ਪਿੰਡਾਂ ਦੀਆਂ ਪੰਚਾਇਤਾਂ ਦੇ ਅਧਿਕਾਰ ਖੇਤਰ ਵਿੱਚ ਰਹਿਣ ਵਾਲਾ ਕੋਈ ਵੀ ਵਿਅਕਤੀ ਆਪਣੇ ਘਰ ਵਿੱਚ ਜਦੋਂ ਕਿਰਾਏਦਾਰ/ਨੌਕਰ/ਪੇਇੰਗ ਗੈਸਟ ਰੱਖੇਗਾ ਤਾਂ ਉਹ ਉਸ ਦਾ ਪੂਰਾ ਵੇਰਵਾ ਇੱਕ ਹਫ਼ਤੇ ਦੇ ਵਿੱਚ-ਵਿੱਚ ਨੇੜਲੇ ਪੁਲਿਸ ਥਾਣੇ ਨੂੰ ਦੇਣਾ ਯਕੀਨੀ ਬਣਾਏਗਾ। ਇਹ ਹੁਕਮ ਉਨ੍ਹਾਂ 'ਤੇ ਵੀ ਲਾਗੂ ਹੋਵੇਗਾ, ਜਿਨ੍ਹਾਂ ਨੇ ਪਹਿਲਾਂ ਤੋਂ ਹੀ ਰੱਖੇ ਹੋਏ ਕਿਰਾਏਦਾਰਾਂ, ਨੌਕਰਾਂ ਅਤੇ ਪੇਇੰਗ ਗੈਸਟ ਦਾ ਵੇਰਵਾ ਹਾਲਾਂ ਤੱਕ ਪੁਲਸ ਨੂੰ ਨਹੀਂ ਦਿੱਤਾ ਹੈ। ਮਨਾਹੀ ਦੇ ਇਨ੍ਹਾਂ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਜ਼ਿਲ੍ਹੇ ਵਿੱਚ ਦੂਜੇ ਰਾਜਾਂ ਅਤੇ ਬਾਹਰਲੇ ਜ਼ਿਲ੍ਹਿਆਂ ਤੋਂ ਬਹੁਤ ਸਾਰੇ ਲੋਕ ਨੌਕਰੀ/ਕੰਮ ਕਾਰ ਵਗੈਰਾ ਕਰਨ ਲਈ ਆਉਂਦੇ ਹਨ। ਇਸ ਤੋਂ ਇਲਾਵਾ ਹੋਰ ਵਿਦਿਅਕ ਅਦਾਰਿਆਂ/ਸੰਸਥਾਵਾਂ ਵਿੱਚ ਪੜ੍ਹਾਈ ਲਈ ਦੂਜੇ ਰਾਜਾਂ ਤੋਂ ਵਿਦਿਆਰਥੀ/ਸਿਖਿਆਰਥੀ, ਵੱਖ-ਵੱਖ ਕਿੱਤਿਆਂ/ਕਾਰੋਬਾਰਾਂ ਨਾਲ ਸਬੰਧਤ ਵਿਅਕਤੀ ਬਤੌਰ ਪੇਇੰਗ ਗੈਸਟ ਅਤੇ ਕਾਲ ਸੈਂਟਰਾਂ ਵਿੱਚ ਸਰਵਿਸ ਕਰ ਰਹੇ ਕਰਮਚਾਰੀ ਵੀ ਕਿਰਾਏ 'ਤੇ ਰਹਿ ਰਹੇ ਹਨ। ਇਨ੍ਹਾਂ ਵਿੱਚੋਂ ਕਈ ਵਿਅਕਤੀ ਨਸ਼ੇ, ਅਸਮਾਜਿਕ ਅਤੇ ਅਪਰਾਧਿਕ ਪਿਛੋਕੜ ਦੇ ਹੁੰਦੇ ਹਨ ਅਤੇ ਕਿਰਾਏ ਵਾਲੀਆਂ ਥਾਂਵਾਂ ਅਤੇ ਜਨਤਕ ਸਥਾਨਾਂ 'ਤੇ ਹੁੜਦੰਗ ਮਚਾਉਂਦੇ ਹਨ। ਮਕਾਨ ਮਾਲਕਾਂ ਵੱਲੋਂ ਇਨ੍ਹਾਂ ਕਿਰਾਏਦਾਰਾਂ ਦੀ ਸੂਚਨਾ ਪੁਲਸ ਕੋਲ ਦਰਜ ਨਹੀਂ ਕਰਵਾਈ ਜਾਂਦੀ ਜਿਸ ਕਰਕੇ ਅਮਨ ਤੇ ਕਾਨੂੰਨ ਦੀ ਸਥਿਤੀ ਦੇ ਭੰਗ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ।ਇਹ ਹੁਕਮ 10 ਅਗਸਤ, 2024 ਤੱਕ ਲਾਗੂ ਰਹਿਣਗੇ।

# ਫੁੱਲਾਂ ਦੇ ਕਾਸ਼ਤਕਾਰ ਆਪਣੀ ਆਰਥਿਕਤਾ ਕਰ ਰਹੇ ਨੇ ਮਜ਼ਬੂਤ : ਭਾਰਤ ਭੂਸ਼ਣ



**ਸ੍ਰੀ ਅਨੰਦਪੁਰ ਸਾਹਿਬ ੀ (ਅਰਵਿੰਦਰ ਸਿੰਘ ਬਿੰਦੀ)**-ਰਾਜ ਦੇ ਕਿਸਾਨਾਂ ਨੂੰ ਕਣਕ ਝੋਨੇ ਦੇ ਫਸਲੀ ਚੱਕਰ ਤੋਂ ਬਾਹਰ ਕੱਢਣ ਦੇ ਮਕਸਦ ਨਾਲ ਬੀਤੇ ਦਿਨੀਂ ਬਲਾਕ ਸ੍ਰੀ ਅਨੰਦਪੁਰ ਸਾਹਿਬ ਦੇ ਬਾਗਬਾਨੀ ਵਿਭਾਗ ਵੱਲੋਂ ਕੈਂਪ ਲਗਾਇਆ ਗਿਆ। ਭਾਰਤ ਭੂਸ਼ਣ ਬਾਗਬਾਨੀ ਵਿਕਾਸ ਅਫਸਰ ਨੇ ਪਿੰਡ ਗਰਾਂ ਵਿਖੇ ਗੈਂਦੇ ਦੇ ਫੁੱਲਾਂ ਦੀ ਕਾਸ਼ਤ ਕਰਨ ਸਬੰਧੀ ਅਗਾਹਵਧੂ ਕਿਸਾਨਾਂ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਫੁੱਲਾਂ ਦੇ ਕਾਸ਼ਤਕਾਰ ਸਲਫਤਾਪੂਰਵਕ ਫੁੱਲਾਂ ਦੀ ਚੋਖੀ ਪੈਦਾਵਾਰ ਕਰਕੇ ਆਪਣੀ ਆਰਥਿਕਤਾ ਮਜਬੂਤ ਕਰ ਰਹੇ ਹਨ। ਇਸ ਕੈਂਪ ਵਿਚ ਜੀ.ਟੀ ਭਾਰਤ ਦੇ ਨੁਮਾਇੰਦੇ ਸ਼ੁੱਭਮ ਅਤੇ ਗੁਰਦੀਪ ਕੌਰ ਅਤੇ ਸ੍ਰੀ ਅਨੰਦਪੁਰ ਸਾਹਿਬ ਯੂਵਾ ਵੋਮੈਨ ਫਾਰਮਰ ਪ੍ਰੋਡਿਊਸਰ ਕੰਪਨੀ ਦੀਆਂ ਕਿਸਾਨ ਬੀਬੀਆਂ ਅਤੇ ਕਿਸਾਨ ਵੀਰਾਂ ਨੇ ਭਾਗ ਲਿਆ। ਡਾ.ਭਾਰਤ ਭੂਸ਼ਣ ਨੇ ਕੈਂਪ ਵਿੱਚ ਹਾਜਰ ਕਿਸਾਨਾਂ ਨੂੰ ਮੌਸਮੀ ਗੈਂਦੇ ਦੇ ਫੁੱਲਾਂ ਦੀ ਖੇਤੀ ਦਾ ਮਹੱਤਵ ਦੱਸਿਆ, ਗੈਂਦੇ ਦੇ ਬੀਜ ਨੂੰ ਬੀਜਣ ਦਾ ਸਮਾਂ ਅਤੇ ਢੰਗ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਤੇ ਫਾਰਮਰ ਪ੍ਰੋਡਿਊਸਰ ਕੰਪਨੀ ਦੇ ਨੁਮਾਇੰਦੀਆਂ ਨੂੰ ਅਪੀਲ ਕੀਤੀ ਕਿ ਫੁੱਲਾਂ ਦੀ ਫਸਲ ਤਿਆਰ ਹੋਣ ਤੇ ਇਸ ਨੂੰ ਵੇਚਣ ਵਿੱਚ ਕਿਸਾਨਾਂ ਦੀ ਮੱਦਦ ਕੀਤੀ ਜਾਵੇ। ਬਾਗਬਾਨੀ ਵਿਕਾਸ ਅਫਸਰ ਨੇ ਦੱਸਿਆ ਕਿ ਜੇਕਰ ਕਿਸਾਨ ਨੇ ਇੱਕ ਕਿੱਲੇ ਵਿਚ ਮੌਸਮੀ ਗੈਂਦੇ ਦੀ ਖੇਤੀ ਕਰਨੀ ਹੋਵੇ ਤਾਂ 400 ਗ੍ਰਾਮ ਬੀਜ ਲੱਗਦਾ ਹੈ, ਜਿਸ ਤੋਂ ਲਗਭਗ 60-80 ਕੁਇੰਟਲ ਫੁੱਲ ਪੈਦਾ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਵਿਖੇ ਤਿਉਹਾਰ ਦੇ ਸਮੇਂ ਨਾਲ ਲੱਗਦੇ ਹਿਮਾਚਲ ਪ੍ਰਦੇਸ਼ ਅਤੇ ਪੰਜਾਬ ਦੇ ਧਾਰਮਿਕ ਅਸਥਾਨਾਂ ਵਿਚ ਵਿੱਚ ਫੁੱਲਾਂ ਦੀ ਮੰਗ ਜ਼ਿਆਦਾ ਹੁੰਦੀ ਹੈ ਅਤੇ ਕਿਸਾਨ ਇਸ ਦਾ ਫਾਇਦਾ ਲੈ ਸਕਦੇ ਹਨ। ਉਹਨਾਂ ਦੱਸਿਆ ਕਿ ਗੈਂਦੇ ਦਾ ਇਸਤੇਮਾਲ ਮੁੱਖ ਤੌਰ 'ਤੇ ਹਾਰ ਲੜੀਆਂ ਅਤੇ ਸਜਾਵਟ ਅਤੇ ਧਾਰਮਿਕ ਅਸਥਾਨਾਂ ਤੇ ਚੜ੍ਹਾਉਣ ਲਈ ਕੀਤਾ ਜਾਂਦਾ ਹੈ। ਮੰਗ ਅਨੁਸਾਰ ਉਤਪਾਦਨ ਨਾ ਹੋਣ ਕਰਕੇ ਪੰਜਾਬ ਵਿੱਚ ਕਾਫੀ ਗੈਂਦੇ ਦੇ ਫੁੱਲ ਦਿੱਲੀ ਅਤੇ ਹੋਰ ਰਾਜਾਂ ਤੋਂ ਮੰਗਵਾਇਆ ਜਾਂਦਾ ਹੈ ਅਤੇ ਇਲਾਕੇ ਦੇ ਕਿਸਾਨ ਇਸ ਫੁੱਲ ਦੀ ਖੇਤੀ ਕਰ ਕੇ ਚੋਖਾ ਮੁਨਾਫਾ ਕਮਾ ਸਕਦੇ ਹਨ ਅਤੇ ਨਾਲ ਹੀ ਵਿਭਾਗ ਦੀਆਂ ਕਿਸਾਨਾਂ ਲਈ ਲਾਭਕਾਰੀ ਸਕੀਮਾਂ ਦੀ ਜਾਣਕਾਰੀ ਦਿੱਤੀ ਗਈ।

# ਸੰਕਲਪ ਮੁਹਿੰਮ ਅਧੀਨ ਪੀ ਸੀ-ਪੀ ਐੱਨ ਡੀ ਟੀ ਐਕਟ ਸੰਬੰਧੀ ਜਾਗਰੂਕਤਾ ਕੈਂਪ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, : ( ਗੁਰਜੀਤ ਬਿੱਲਾ )**- ਹਬ ਫਾਰ ਇੰਮਾਵਰਮੈਂਟ ਆਫ ਵੂਮੈਨ ਦੇ ਤਹਿਤ ਇਸਤਰੀ ਤੇ ਬਾਲ ਵਿਕਾਸ ਵਿਭਾਗ ਮੰਤਰਾਲਾ, ਭਾਰਤ ਸਰਕਾਰ, ਨਵੀਂ ਦਿੱਲੀ ਵਲੋਂ ਔਰਤਾਂ ਅਤੇ ਕੇਂਦਰਿਤ ਮੁਦਿਆਂ ਤੇ ਜਾਗਰੂਕਤਾ ਅਤੇ ਪਹੁੰਚ ਵਧਾਉਣ ਲਈ 100 ਦਿਨਾਂ ਜਾਗਰੂਕਤਾ ਅਭਿਆਨ ਸ਼ੁਰੂ ਕੀਤਾ ਗਿਆ ਹੈ ਜੋ ਕਿ ਪੂਰੇ ਭਾਰਤ ਵਿਚ 21 ਜੂਨ ਤੋ 4 ਅਕਤੂਬਰ, 2024 ਤਕ ਚਲਾਇਆ ਜਾਵੇਗਾ।ਇਸ 100 ਦਿਨਾਂ ਜਾਗਰੂਕਤਾ ਅਭਿਆਨ ਤਹਿਤ ਸ਼੍ਰੀਮਤੀ ਸ਼ੇਨਾ ਅਗਰਵਾਲ, ਡਾਇਰੈਕਟਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੀ ਅਗਵਾਈ ਹੇਠ ਦੂਸਰੇ ਹਫਤੇ ਤਹਿਤ ਦਫਤਰ ਜ਼ਿਲ੍ਹਾ ਪ੍ਰੋਗਰਾਮ ਅਫਸਰ, ਐਸ.ਏ.ਐਸ ਨਗਰ ਵਲੋਂ ਆਂਗਣਵਾੜੀ ਸੈਂਟਰ ਸੋਹਾਣਾ-6 ਵਿਖੇ ਪੀਸੀ-ਪੀਐਨਡੀਟੀ ਐਕਟ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ ਅਨੁਸਾਰ ਇਸ ਦੌਰਾਨ ਮਿਸ਼ਨ ਸ਼ਕਤੀ (ਡੀ.ਐਚ.ਈ.ਡਬਲਯੂ) ਦੇ ਜ਼ਿਲ੍ਹਾ ਕੋਆਰਡੀਨੇਟਰ ਮਿਸ ਰਜਨੀਤ ਕੌਰ ਵਲੋਂ ਪੀਸੀ-ਪੀਐਨਡੀਟੀ ਐਕਟ ਤਹਿਤ ਆਂਗਣਵਾੜੀ ਵਰਕਰਾਂ ਨਾਲ ਜਾਣਕਾਰੀ ਸਾਂਝੀ ਕੀਤੀ ਗਈ ਅਤੇ ਆਂਗਣਵਾੜੀ ਵਰਕਰਾਂ ਨੂੰ ਇਹ ਜਾਣਕਾਰੀ ਜਮੀਨੀ ਪੱਧਰ 'ਤੇ ਆਮ ਲੋਕਾਂ ਨਾਲ ਪਹੁੰਚਾਉਣ ਲਈ ਪ੍ਰੇਰਿਤ ਕੀਤਾ ਗਿਆ, ਤਾਂ ਜੋ ਸਮਾਜ ਵਿਚ ਵੱਧ ਰਹੀ ਭਰੂਣ ਹੱਤਿਆ ਦੀ ਸਮੱਸਿਆ ਪ੍ਰਤੀ ਲੋਕਾਂ ਨੂੰ ਜਾਗਰੂਕ ਕੀਤਾ ਜਾ ਸਕੇ।

ਇਸ ਤੋਂ ਇਲਾਵਾ ਇਸ ਸ਼੍ਰੀਮਤੀ ਹਰਦੀਪਮ ਜ਼ਿਲ੍ਹਾ ਕੋਆਰਡੀਨੇਟਰ (ਪੋਸ਼ਣ ਅਭਿਆਨ) ਆਂਗਣਵਾੜੀ ਵਰਕਰਾਂ ਨੂੰ ਨਵ-ਜਨਮੇਂ ਬੱਚਿਆਂ ਵਿਚੋਂ ਕਮਜੋਰ ਬੱਚਿਆ ਦੀ ਪਹਿਚਾਣ ਅਤੇ ਇਹਨਾਂ ਕਮਜੋਰ ਬੱਚਿਆਂ ਦੀ ਦੇਖਭਾਲ ਕਰਨ ਸਬੰਧੀ ਆਂਗਣਵਾੜੀ ਵਰਕਰਾਂ ਦੀ ਟਰੇਨਿੰਗ ਕਰਵਾਈ ਗਈ ਅਤੇ ਪੀਐਮਐਮਵੀਵਾਈ ਸਕੀਮ ਤਹਿਤ ਵੱਧ ਤੋਂ ਵੱਧ ਲਾਭਪਾਤਰੀ ਕਵਰ ਕਰਨ ਲਈ ਕਿਹਾ ਗਿਆ। ਇਸ ਮੌਕੇ ਕਿਸੇ ਵੀ ਤਰ੍ਹਾਂ ਦੀ ਹਿੰਸਾ ਤੋਂ ਪ੍ਰਭਾਵਿਤ ਔਰਤਾਂ ਦੀ ਮਦਦ ਕਰਨ ਵਾਸਤੇ ਜ਼ਿਲ੍ਹੇ ਅਧੀਨ ਸਥਾਪਿਤ ਸਖੀ- ਵਨ ਸਟਾਪ ਸੈਂਟਰ ਵਿਚ ਦਿੱਤੀਆਂ ਜਾ ਰਹੀਆਂ ਮੁਫਤ ਸਹੂਲਤਾਂ ਜਿਵੇਂ ਕਿ ਔਖੇ ਸਮੇਂ ਵਿਚ ਸਹਾਇਤਾ ਅਤੇ ਬਚਾਓ ਸੇਵਾਵਾਂ, ਡਾਕਟਰੀ ਅਤੇ ਪੁਲਸ ਸਹਾਇਤਾ, ਕਾਊਸਲਿੰਗ, ਕਾਨੂੰਨੀ ਸਹਾਇਤਾ ਤੇ ਕਾਨੂੰਨੀ ਸਲਾਹ ਦੇਣਾ ਅਤੇ ਰਹਿਣ ਲਈ ਸੁਰੱਖਿਅਤ ਜਗ੍ਹਾ ਪ੍ਰਦਾਨ ਕਰਨ ਬਾਰੇ ਆਂਗਣਵਾੜੀ ਵਰਕਰਾਂ ਨੂੰ ਜਾਗਰੂਕ ਕੀਤਾ ਗਿਆ। ਇਸ ਮੌਕੇ ਸ਼੍ਰੀਮਤੀ ਕਿਰਨਪ੍ਰੀਤ ਕੌਰ, ਫਾਈਨਾਂਸ ਲੈਟਰੇਸੀ, ਬਲਾਕ ਖਰੜ 2 ਅਧੀਨ ਆਉਂਦੀਆਂ ਸੁਪਰਵਾਈਜਰਾਂ, ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਸਮੇਤ ਲਾਭਪਾਤਰੀ ਵੀ ਮੌਜੂਦ ਸਨ।

# ਅਕਾਦਮੀ ਵੱਲੋਂ ਪੰਜਾਬੀ ਭਾਸ਼ਾ ਦੇ ਪੁਰਸਕਾਰਾਂ ਦਾ ਐਲਾਨ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਹਰਿਆਣਾ ਸਾਹਿਤ ਅਤੇ ਸਭਿਆਚਾਰ ਅਕਾਦਮੀ ਵੱਲੋਂ ਪੰਜਾਬੀ ਭਾਸ਼ਾ ਦੇ ਸਾਲ 2017 ਤੋਂ 2022 ਤਕ ਦੇ ਸਾਹਿਤ ਪੁਰਸਕਾਰਾਂ ਦਾ ਅਨੁਮੋਦਨ ਕਰ ਦਿੱਤਾ ਗਿਆ ਹੈ। ਅਕਾਦਮੀ ਦੇ ਬੁਲਾਰੇ ਨੇ ਇਸ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਸਾਲ-2012 ਦੇ ਲਈ ਡਾ. ਜੀ ਡੀ ਚੌਧਰੀ, ਸਿਰਸਾ ਦਾ ਹਰਿਆਣਾ ਪੰਜਾਬੀ ਗੌਰਵ ਪੁਰਸਕਾਰ ਡਾ. ਸੁਰਜੀਤ ਕੁਜਾਹੀ, ਫਰੀਦਾਬਾਦ ਦਾ ਮਹਾਕਵੀ ਭਾਈ ਸੰਤੋਖ ਸਿੰਘ ਪੁਰਸਕਾਰ ਗੁਰਦਰਪਾਲ ਸਿੰਘ, ਨਨਿਆਲਾ ਦਾ ਬਾਬਾ ਸ਼ੇਖ ਫਰੀਦ ਪੁਰਸਕਾਰ ਸਤਨਾਮ ਸਿੰਘ, ਸ਼ਾਹਬਾਦ ਦਾ ਪੰਜਾਬੀ ਪੱਤਰਕਾਰਤਾ ਪੁਰਸਕਾਰ ਜਸਵਿੰਦਰ ਸਿੰਘ ਭਿੰਡਰ, ਸਿਰਸਾ ਦਾ ਰਾਗੀ/ਢਾਡੀ/ਲੋਕ ਗਾਇਕ ਪੁਰਸਕਾਰ ਦੇ ਲਈ ਚੋਣ ਕੀਤਾ ਗਿਆ ਹੈ। ਉਨ੍ਹਾਂ ਨੇ ਦਸਿਆ ਕਿ ਸਾਲ-2018 ਲਈ ਡਾ. ਸਾਹਿਬ ਸਿੰਘ ਅਰਸ਼ੀ, ਸਿਰਸਾ ਦਾ ਹਰਿਆਣਾ ਪੰਜਾਬੀ ਗੌਰਵ ਪੁਰਸਕਾਰ ਡਾ. ਚਰਣਜੀਤ ਕੌਰ, ਕਰਨਾਲ ਦਾ ਮਹਾਕਵੀ ਭਾਈ ਸੰਤੋਖ ਸਿੰਘ ਪੁਰਸਕਾਰ ਕਰਨੈਲ ਸਿੰਘ ਹਸਪਤਾਲ, ਸਿਰਸਾ ਦਾ ਸੰਤ ਤਰਣ ਸਿੰਘ ਵਹਿਮੀ ਪੁਰਸਕਾਰ ਡਾ. ਨਿਸ਼ਾਨ ਸਿੰਘ ਰਾਠੌੜ, ਪਿਪਲੀ ਦਾ ਕਵੀ ਹਰੀਭਜਨ ਸਿੰਘ ਰੈਨ ਪੁਰਸਕਾਰ ਪ੍ਰਭੂ ਦਿਆਲ, ਸਿਰਸਾ ਦਾ ਪੰਜਾਬੀ ਪੱਤਰਕਾਰਤਾਪੁਰਸਕਾਰ, ਸੁਖਵਿੰਦਰ ਕੌਰ ਹੁੰਦਲ, ਸਿਰਸਾ ਦਾ ਰਾਗੀ/ਢਾਡੀ/ਲੋਕ ਗਾਇਕ ਪੁਰਸਕਾਰ ਲਈ ਚੋਣ ਕੀਤਾ ਗਿਆ ਹੈ। ਬੁਲਾਰੇ ਨੇ ਦਸਿਆ ਕਿ ਸਾਲ 2019 ਦੇ ਲਈ ਗੁਰਬਖਸ਼ ਸਿੰਘ ਸੈਨੀ, ਪੰਚਕੂਲਾ ਦਾ ਹਰਿਆਣਾ ਪੰਜਾਬੀ ਗੌਰਵ ਪੁਰਸਕਾਰ ਡਾ. ਜੀਵਨ ਬਖਸ਼ੀ, ਕੁਰੂਕਸ਼ੇਤਰ ਦਾ ਮਹਾਕਵੀ ਭਾਈ ਸੰਤੋਖ ਸਿੰਘ ਪੁਰਸਕਾਰ ਲਖਵਿੰਦਰ ਸਿੰਘ ਬਾਜਵਾ, ਸਿਰਸਾ ਦਾ ਬਾਬਾ ਸ਼ੇਖ ਫਰੀਦ ਪੁਰਸਕਾਰ ਕੈਸਰਾ ਰਾਮ, ਏਲਨਾਬਾਦ ਦਾ ਸੰਤ ਤਰਣ ਸਿੰਘ ਵਹਿਮੀ ਪੁਰਸਕਾਰ ਡਾ. ਇੰਦੂ ਗੁਪਤਾ, ਫਰੀਦਾਬਾਦਦਾ ਕਵੀ ਹਰਿਭਜਨ ਸਿੰਘ ਰੈਨੂ ਪੁਰਸਕਾਰ ਦੇ ਲਈ ਚੋਣ ਕੀਤਾ ਗਿਆ ਹੈ।ਸਾਲ 2022 ਲਈ ਡਾ. ਨਾਇਬ ਸਿੰਘ ਮੰਡੇਰ, ਰਤਿਆ ਦਾ ਮਹਾਕਵੀ ਭਾਈ ਸੰਤੋਖ ਸਿੰਘ ਪੁਰਸਕਾਰ ਇਕਬਾਲ ਸਿੰਘ ਹਮਜਾਪੁਰ, ਫਤਿਹਾਬਾਦ ਦਾ ਬਾਬਾ ਸ਼ੇਖ ਫਰੀਦ ਪੁਰਸਕਾਰ ਪ੍ਰੇਮ ਕੁਮਾਰ ਸੇਠੀ, ਕਰਨਾਲ ਦਾ ਹਰੀ ਸਿੰਘ ਦਿਲਬਰ ਪੁਰਸਕਾਰ ਹਰਬੰਸ ਸਿੰਘ ਮੰਡੇਰ, ਰਤਿਆ ਦਾ ਪੰਜਾਬੀ ਪੱਤਰਕਾਰਿਤਾ ਪੁਰਸਕਾਰ ਲਈ ਚੋਣ ਕੀਤਾ ਗਿਆ ਹੈ।ਵਰਨਣਯੋਗ ਹੈ ਕਿ ਅਕਾਦਮੀ ਦੇ ਪੰਜਾਬੀ ਭਾਸ਼ਾ ਲਈ ਦਿੱਤੇ ਜਾਣ ਵਾਲੇ ਪੁਰਸਕਾਰਾਂ ਵਿਚ ਹਰਿਆਣਾ ਪੰਜਾਬੀ ਗੌਰਵ ਪੁਰਸਕਾਰ 2 ਲੱਖ ਰੁਪਏ, ਮਹਾਕਵੀ ਭਾਈ ਸੰਤੋਖ ਸਿੰਘ ਪੁਰਸਕਾਰ 2.50 ਲੱਖ ਰੁਪਏ, ਬਾਬਾ ਸ਼ੇਖ ਫਰੀਦ ਪੁਰਸਕਾਰ 2.25 ਲੱਖ ਰੁਪਏ, ਸੰਤ ਤਰਨ ਸਿੰਘ ਵਹਿਮੀ ਪੁਰਸਕਾਰ ਦੋ ਲੱਖ ਰੁਪਏ , ਕਵੀ ਹਰਿਭਜਨ ਸਿੰਘ ਰੇਨੂ ਪੁਰਸਕਾਰ ਇਕ ਲੱਖ ਰੁਪਏ, ਬੀਬੀ ਜਾਗਰੀ ਕੌਰ ਸੰਧੂ ਪੁਰਸਕਾਰ ਤਹਿਤ ਇਕ ਲੱਖ ਰੁਪਏ, ਹਰੀ ਸਿੰਘ ਦਿਲਬਰ ਕੌਮੀ ਪੁਰਸਕਾਰ ਇਕ ਲੱਖ ਰੁਪਏ, ਪੰਜਾਬੀ ਪੱਤਰਕਾਰਤਾ ਪੁਰਸਕਾਰ ਇਕ ਲੱਖ ਰੁਪਏ , ਰਾਗੀ/ਢਾਡੀ/ਲੋਕ ਗਾਇਕ ਪੁਰਸਕਾਰ ਦੇ ਲਈ ਇਕ ਲੱਖ ਰੁਪਏ ਦੀ ਰਕਮ ਪੁਰਸਕਾਰ ਵਜੋਂ ਪ੍ਰਦਾਨ ਕੀਤੀ ਜਾਂਦੀ ਹੈ।

# ਉਪ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਆਦਮਵਾਲ ਤੇ ਚੌਹਾਲ ਦੇ ਸਕੂਲਾਂ ਦਾ ਨਿਰੀਖਣ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਉਪ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਸੁਖਵਿੰਦਰ ਸਿੰਘ ਵੱਲੋਂ ਮਿਸ਼ਨ ਸਮਰਥ ਤਹਿਤ ਸਰਕਾਰੀ ਐਲੀਮੈਂਟਰੀ ਸਕੂਲ ਆਦਮਵਾਲ, ਸਰਕਾਰੀ ਹਾਈ ਸਕੂਲ ਆਦਮਵਾਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੌਹਾਲ ਦਾ ਨਿਰੀਖਣ ਕੀਤਾ ਗਿਆ। ਉਹਨਾਂ ਦੱਸਿਆ ਕਿ ਮਿਸ਼ਨ ਸਮਰਥ ਪ੍ਰੋਗਰਾਮ ਬੱਚਿਆਂ ਨੂੰ ਉਹਨਾਂ ਦੇ ਟੀਚਿਆਂ ਤੱਕ ਪਹੁੰਚਣ ਲਈ ਬਹੁਤ ਲਾਹੇਵੰਦ ਸਿੱਧ ਹੋਵੇਗਾ। ਉਨ੍ਹਾਂ ਕਿਹਾ ਕਿ ਮਿਸ਼ਨ ਸਮਰਥ ਦੇ ਨਤੀਜੇ ਉਤਸ਼ਾਹਜਨਕ ਰਹੇ ਹਨ ਅਤੇ ਵਿਭਾਗ ਅਤੇ ਅਧਿਆਪਕਾਂ ਦੇ ਯਤਨਾਂ ਸਦਕਾ ਵਿਦਿਆਰਥੀਆਂ ਦੇ ਪੜ੍ਹਨ ਅਤੇ ਸਿੱਖਣ ਦੀ ਸਮਰੱਥਾ ਵਿੱਚ ਵਾਧਾ ਹੋਇਆ ਹੈ। ਉਨ੍ਹਾਂ ਅਧਿਆਪਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਨਵੇਂ ਵਿਦਿਆਰਥੀਆਂ ਦੇ ਦਾਖਲੇ ਲਈ ਵੱਧ ਤੋਂ ਵੱਧ ਨਾਮਜਦਗੀਆਂ ਪ੍ਰਾਪਤ ਕਰਨ ਤਾਂ ਜੋ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਜਾ ਸਕੇ। ਉਨ੍ਹਾਂ ਨੇ ਅਧਿਆਪਕਾਂ ਨੂੰ ਵਿਭਾਗੀ ਹਦਾਇਤਾਂ ਅਤੇ ਹੋਰ ਅਹਿਮ ਜਾਣਕਾਰੀਆਂ ਦਿੱਤੀਆਂ। ਬੱਚਿਆਂ ਨੂੰ ਮੁਫਤ ਕੱਪੜੇ, ਬੂਟੇ ਲਗਾਉਣ, ਮੁਫਤ ਪਾਠ ਪੁਸਤਕਾਂ, ਬੂਟ ਅਤੇ ਜੁਰਾਬਾਂ ਦੀ ਵੰਡ ਬਾਰੇ ਵੀ ਜਾਣਕਾਰੀ ਦਿੱਤੀ ਗਈ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਸਪੱਸ਼ਟ ਹਦਾਇਤਾਂ ਦਿੱਤੀਆਂ ਗਈਆਂ ਕਿ ਸਮੂਹ ਅਧਿਆਪਕ ਸਮੇਂ ਸਿਰ ਸਕੂਲ ਵਿੱਚ ਜਾਣ ਅਤੇ ਪੜ੍ਹਾਉਣ ਦਾ ਕੰਮ ਸਮਾਂ ਸਾਰਣੀ ਅਨੁਸਾਰ ਕਰਨ। ਇਸ ਨਾਲ ਸਿੱਖਿਆ ਵਿੱਚ ਗੁਣਾਤਮਕ ਸੁਧਾਰ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਅਧਿਆਪਕਾਂ ਦੇ ਯਤਨਾਂ ਸਦਕਾ ਵਿਦਿਆਰਥੀਆਂ ਦੇ ਪੜ੍ਹਨ ਅਤੇ ਸਿੱਖਣ ਦੀ ਸਮਰੱਥਾ ਵਿੱਚ ਵਾਧਾ ਹੋਇਆ ਹੈ। ਇਸ ਮੌਕੇ ਹੈੱਡ ਟੀਚਰ ਪ੍ਰਵੀਨ ਸ਼ਰਮਾ, ਮੁੱਖ ਅਧਿਆਪਿਕਾ ਸ਼ਰੂਤੀ, ਪ੍ਰਿੰਸੀਪਲ ਵੈਸ਼ਾਲੀ ਚੱਢਾ, ਅਮਿਤ ਕੁਮਾਰ ਰਮਸਾ ਆਦਿ ਹਾਜਰ ਸਨ ।

# ਸਰਕਾਰੀ/ਨਿੱਜੀ ਇਮਾਰਤਾਂ 'ਚ ਧਰਨੇ/ਰੈਲੀਆਂ ਕਰਨ ਦੀ ਮਨਾਹੀ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਕ੍ਰਿਸ਼ਨ ਗਰਗ)**—ਸ੍ਰੀਮਤੀ ਆਸ਼ਿਕਾ ਜੈਨ, ਜ਼ਿਲ੍ਹਾ ਮੈਜਿਸਟ੍ਰੇਟ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੇ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਫੌਜਦਾਰੀ ਜ਼ਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਹਦੂਦ ਅੰਦਰ ਪੈਂਦੀਆਂ ਸਮੂਹ ਪਾਣੀ ਵਾਲੀਆਂ ਟੈਂਕੀਆਂ, ਟਿਊਬਵੈਲਾਂ, ਟੈਲੀਫੋਨ ਟਾਵਰਾਂ, ਸਰਕਾਰੀ/ਨਿੱਜੀ ਇਮਾਰਤਾਂ ਤੇ ਚੜ੍ਹਨ ਅਤੇ ਇਨ੍ਹਾਂ ਦੇ ਆਲੇ-ਦੁਆਲੇ ਧਰਨੇ/ਰੈਲੀਆਂ ਕਰਨ, ਸੜਕਾਂ ਆਦਿ ਜਾਮ ਕਰਨ 'ਤੇ ਪੂਰਨ ਤੌਰ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 10 ਅਗਸਤ, 2024 ਤੱਕ ਲਾਗੂ ਰਹਿਣਗੇ। ਇਥੇ ਇਹ ਵਰਨਣਯੋਗ ਹੈ ਕਿ ਸੀਨੀਅਰ ਕਪਤਾਨ ਪੁਲਸ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਜ਼ਿਲ੍ਹਾ ਮੈਜਿਸਟ੍ਰੇਟ ਐਸ.ਏ.ਐਸ ਨਗਰ ਦੇ ਇਹ ਧਿਆਨ ਵਿਚ ਲਿਆਂਦਾ ਗਿਆ ਕਿ ਵੱਖ-ਵੱਖ ਕਰਮਚਾਰੀ ਯੂਨੀਅਨਾਂ, ਬੇਰੁਜ਼ਗਾਰ ਆਦਿ ਯੂਨੀਅਨ/ਫੈਡਰੇਸ਼ਨਾਂ ਵੱਲੋਂ ਆਪਣੀਆਂ ਮੰਗਾਂ ਸਬੰਧੀ ਜ਼ਿਲ੍ਹੇ ਦੀਆਂ ਵੱਖ-ਵੱਖ ਪਾਣੀ ਵਾਲੀਆਂ ਟੈਂਕੀਆਂ, ਟੈਲੀਫ਼ੋਨ ਟਾਵਰਾਂ ਅਤੇ ਹੋਰ ਸਰਕਾਰੀ/ਨਿੱਜੀ ਇਮਾਰਤਾਂ ਉੱਤੇ ਚੜ੍ਹਕੇ ਅਤੇ ਸੜਕਾਂ ਆਦਿ ਤੇ ਜਾਮ ਲਗਾਕੇ ਧਰਨਾ ਪ੍ਰਦਰਸ਼ਨ ਕੀਤਾ ਜਾਂਦਾ ਹੈ। ਸਬੰਧਤ ਪ੍ਰਦਰਸ਼ਨਕਾਰੀ ਆਪਣੀ ਜ਼ਿੰਦਗੀ ਨੂੰ ਵੀ ਖਤਰੇ ਵਿੱਚ ਪਾਉਂਦੇ ਹਨ ਅਤੇ ਅਮਨ ਤੇ ਕਾਨੂੰਨ ਦੀ ਸਥਿਤੀ ਭੰਗ ਵੀ ਹੋ ਸਕਦੀ ਹੈ। ਅਜਿਹੀਆਂ ਕਾਰਵਾਈਆਂ ਨੂੰ ਰੋਕਣ ਲਈ ਇਹ ਹੁਕਮ ਜਾਰੀ ਕੀਤੇ ਗਏ ਹਨ।

# ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪਾਬੰਦੀ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਕ੍ਰਿਸ਼ਨ ਗਰਗ)**—ਜ਼ਿਲ੍ਹੇ 'ਚ ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਜ਼ਿਲ੍ਹਾ ਮੈਜਿਸਟ੍ਰੇਟ ਆਸ਼ਿਕਾ ਜੈਨ ਨੇ ਫੌਜਦਾਰੀ ਜਾਬਤਾ ਸੰਘਤਾ ਦੀ ਧਾਰਾ 1973 (1974 ਦਾ ਐਕਟ ਨੰ: 2) ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪੂਰਨ ਪਾਬੰਦੀ ਲਗਾਈ ਹੈ। ਇਸ ਦੇ ਨਾਲ-ਨਾਲ ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤਾਂ 'ਤੇ ਵੀ ਮੁਕੰਮਲ ਪਾਬੰਦੀ ਰਹੇਗੀ। ਇਸ ਤੋਂ ਇਲਾਵਾ ਜਨਤਕ ਇਕੱਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ ਵਿੱਚ ਹਥਿਆਰ ਲਿਜਾਣ ਅਤੇ ਪ੍ਰਦਰਸ਼ਨ ਕਰਨ ਦੀ ਪੂਰਨ ਮਨਾਹੀ ਹੋਵੇਗੀ ਅਤੇ ਕਿਸੇ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਦੇਣ 'ਤੇ ਵੀ ਪਾਬੰਦੀ ਲਾਗੂ ਰਹੇਗੀ।ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਜੇਕਰ ਕੋਈ ਵੀ ਆਮ ਅਤੇ ਖਾਸ, ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਇਹ ਹੁਕਮ 10 ਅਗਸਤ, 2024 ਤੱਕ ਲਾਗੂ ਰਹਿਣਗੇ।

# ਡਾ. ਕਮਲ ਗੁਪਤਾ ਨੇ ਵਿਸ਼ੇਸ਼ ਪ੍ਰਚਾਰ ਮੁਹਿੰਮ ਵਾਹਨ ਨੂੰ ਕੀਤਾ ਰਵਾਨਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਹਰਿਆਣਾ ਦੇ ਸਿਹਤ, ਆਯੂਸ਼ ਤੇ ਸਿਵਲ ਏਵੀਏਸ਼ਨ ਮੰਤਰੀ ਡਾ. ਕਮਲ ਗੁਪਤਾ ਨੇ ਕਿਹਾ ਕਿ ਸਰਕਾਰ ਦੀ ਜਨਭਲਾਈਕਾਰੀ ਨੀਤੀਆਂ ਨੂੰ ਆਮ ਜਨਤਾ ਤਕ ਪਹੁੰਚਾਉਣ ਦੇ ਉਦੇਸ਼ ਨਾਲ ਸੂਚਨਾ, ਜਨ ਸੰਪਰਕ, ਭਾਸ਼ਾ ਅਤੇ ਸਭਿਆਚਾਰ ਵਿਭਾਗ ਦੇ ਤੱਤਵਾਧਾਨ ਵਿਚ ਵਿਸ਼ੇਸ਼ ਪ੍ਰਚਾਰ ਮੁਹਿੰਮ ਸ਼ੁਰੂ ਕੀਤੀ ਗਈ ਹੈ ਜੋ ਕਿ 31 ਜੁਲਾਈ ਤਕ ਜਾਰੀ ਰਹੇਗੀ। ਡਾ. ਕਮਲ ਗੁਪਤਾ ਨੇ ਹਿਸਾਰ ਵਿਚ ਵਿਸ਼ੇਸ਼ ਪ੍ਰਚਾਰ ਮੁਹਿੰਮ ਦੇ ਵਾਹਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਦੇ ਹੋਏ ਕਿਹਾ ਕਿ ਜਾਗਰੂਕਤਾ ਪ੍ਰੋਗ੍ਰਾਮ ਵਿਚ ਆਮ ਜਨਤਾ ਨੂੰ ਹਰਿਆਣਾ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਦਿੱਤੀ ਜਾਣ ਵਾਲੀ ਸਹੂਲਤਾਂ, ਸੇਵਾਵਾਂ ਤੇ ਯੋਜਨਾਵਾਂ ਦੇ ਨਾਲ ਹੀ ਜਨਹਿਤਕਾਰੀ ਉਪਲਬਧਤੀਆਂ ਦੇ ਬਾਰੇ ਵਿਚ ਵੀ ਵਿਆਪਕ ਪ੍ਰਚਾਰ ਪ੍ਰਸਾਰ ਕੀਤਾ ਜਾਵੇ।ਉਨ੍ਹਾਂ ਨੇ ਕਿਹਾ ਕਿ ਸੂਚਨਾ, ਜਨਸੰਪਰਕ, ਭਾਸ਼ਾ ਤੇ ਸਭਿਆਚਾਰ ਵਿਭਾਗ ਦੇ ਡਾਇਰੈਕਟਰ ਜਨਰਲ ਮਨਦੀਪ ਸਿੰਘ ਬਰਾੜ ਦੀ ਅਗਵਾਈ ਹੇਠ ਇਕ ਮਹੀਨੇ ਤਕ ਚੱਲਣ ਵਾਲੇ ਵਿਸ਼ੇਸ਼ ਪ੍ਰਚਾਰ ਮੁਹਿੰਮ ਵਿਚ ਹਿਸਾਰ ਜ਼ਿਲ੍ਹੇ ਦੇ ਸ਼ਹਿਰੀ ਤੇ ਗ੍ਰਾਮੀਣ ਖੇਤਰ ਨੂੰ ਕਵਰ ਕਰਦੇ ਹੋਏ ਆਮਜਨਤਾ ਨੂੰ ਹਰਿਆਣਵੀ ਲੋਕ ਸ਼ੈਲੀ ਵਿਚ ਸਰਕਾਰ ਦੀ ਯੋਜਨਾਵਾਂ ਤੇ ਉਪਲਬਧੀਆਂ ਦੇ ਪ੍ਰਤੀ ਜਾਗਰੁਕ ਕੀਤਾ ਜਾਵੇਗਾ। ਭਜਨ ਪਾਰਟੀ ਵੱਲੋਂ ਹਰੇਕ ਦਿਨ 'ਤੇ ਇਕ ਪਿੰਡ ਵਿਚ ਪ੍ਰਭਾਵੀ ਰੂਪ ਨਾਲ ਜਾਗਰੁਕਤਾ ਪ੍ਰੋਗ੍ਰਾਮ ਦਾ ਪ੍ਰਬੰਧ ਹੋਵੇਗਾ।

# 'ਆਪ ਦੀ ਸਰਕਾਰ ਆਪ ਦੇ ਦੁਆਰ' ਮੁਹਿੰਮ ਤਹਿਤ ਹਰ ਮੰਗਲਵਾਰ ਤੇ ਸ਼ੁੱਕਰਵਾਰ ਨੂੰ ਲਗਾਏ ਜਾਣਗੇ ਕੈਂਪ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਕ੍ਰਿਸ਼ਨ ਕੁਮਾਰ ਗਰਗ )**—ਆਮ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿਚ ਰੋਜ਼ਾਨਾ ਦੇ ਕੰਮਾਂ-ਕਾਰਾਂ ਦੌਰਾਨ ਪੇਸ਼ ਆ ਰਹੀਆਂ ਮੁਸ਼ਕਿਲਾਂ ਤੋਂ ਛੁਟਕਾਰਾ ਦਿਵਾਉਣ ਦੇ ਉਦੇਸ਼ ਨਾਲ ਮੁੱਖ ਮੰਤਰੀ, ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਵੱਖ-ਵੱਖ ਪਿੰਡਾਂ/ਸ਼ਹਿਰਾਂ ਵਿਚ ਸਬ-ਡਵੀਜ਼ਨ ਪੱਧਰ 'ਤੇ ਹਰ ਮੰਗਲਵਾਰ ਅਤੇ ਸ਼ੁੱਕਰਵਾਰ ਨੂੰ ਬਦਲਵੇਂ ਆਧਾਰ 'ਤੇ ਕੈਂਪ ਲਗਾਏ ਜਾ ਰਹੇ ਹਨ, ਜਿਨ੍ਹਾਂ 'ਚ ਮੌਕੇ 'ਤੇ ਹੀ ਸਬੰਧਤ ਵਿਭਾਗਾਂ ਵੱਲੋਂ ਸੇਵਾਵਾਂ ਉਪਲਬਧ ਕਰਵਾਈਆਂ ਜਾਣਗੀਆਂ। ਇਨ੍ਹਾਂ ਕੈਂਪਾਂ ਦੇ ਸਬੰਧਤ ਉਪ ਮੰਡਲ ਮੈਜਿਸਟ੍ਰੇਟ ਨੋਡਲ ਅਫਸਰ ਹੋਣਗੇ। ਇਨ੍ਹਾਂ ਕੈਂਪਾਂ ਦਾ ਸਮਾਂ ਸਵੇਰੇ 10 ਵਜੇ ਤੋਂ ਦੁਪਿਹਰ 1 ਵਜੇ ਤੱਕ ਦਾ ਹੋਵੇਗਾ।ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਨੇ ਇਨ੍ਹਾਂ ਕੈਂਪਾਂ ਦਾ ਮਿਤੀ 5.7.2024 ਤੋਂ 30.7.2024 ਤੱਕ ਦਾ ਸ਼ਡਿਊਲ ਜਾਰੀ ਕਰਦਿਆਂ ਦੱਸਿਆ ਕਿ 5 ਜੁਲਾਈ ਨੂੰ ਰੜਿਆਲਾ ਵਿਖੇ ਰੜਿਆਲਾ, ਦਾਊ ਮਾਜਰਾ ਅਤੇ ਭੂਖੜੀ ਪਿੰਡਾਂ ਦੇ ਵਸਨੀਕਾਂ ਲਈ ਕੈਂਪ ਲਾਇਆ ਜਾਵੇਗਾ। ਅਗਲਾ ਕੈਂਪ 9 ਜੁਲਾਈ ਨੂੰ ਡੇਰਾਬੱਸੀ ਦੇ ਪਿੰਡ ਹੰਡੇਸਰਾ ਵਿਖੇ ਲੱਗੇਗਾ ਅਤੇ ਇਸ ਕੈਂਪ ਵਿਚ ਅੰਟਾਲਾ, ਸਾਰੰਗਪੁਰ, ਹੰਡੇਸਰਾ, ਨਗਲਾ ਦੇ ਵਸਨੀਕ ਆਪਣੀਆਂ ਅਰਜ਼ੀਆਂ ਲੈ ਕੇ ਆ ਸਕਦੇ ਹਨ। ਮਿਤੀ 12 ਜੁਲਾਈ ਨੂੰ ਮੋਹਾਲੀ ਦੇ ਪਿੰਡ ਕਲੋਲੀ ਵਿਖੇ ਲਗਾਏ ਜਾਣ ਵਾਲੇ ਕੈਂਪ ਵਿਚ ਅਰਜ਼ੀਆਂ ਲੈ ਕੇ ਆ ਸਕਦੇ ਹਨ।

ਮਿਤੀ 16 ਜੁਲਾਈ ਨੂੰ ਖਰੜ ਦੇ ਪਿੰਡ ਬੜੀ ਕਰੋਰਾਂ ਵਿਖੇ ਲੱਗਣ ਵਾਲੇ ਕੈਂਪ ਵਿਚ ਟਾਂਡਾ, ਟਾਂਡੀ, ਬੜੀ ਕਰੋਰਾਂ, ਛੋਟੀ ਕਰੋਰਾਂ, ਮਸੌਲ ਦੀ ਗ੍ਰਾਮ ਪੰਚਾਇਤ ਅਤੇ ਵਸਨੀਕ ਸ਼ਾਮਲ ਹੋ ਸਕਦੇ ਹਨ।ਉਨ੍ਹਾਂ ਅੱਗੇ ਦੱਸਿਆ ਕਿ ਮਿਤੀ 19 ਜੁਲਾਈ ਨੂੰ ਡੇਰਾਬੱਸੀ ਦੀ ਨਗਰ ਕੌਂਸਲ, ਲਾਲੜੂ ਵਿਖੇ ਲੱਗਣ ਵਾਲੇ ਕੈਂਪ ਵਿਚ ਵਾਰਡ ਨੰ: 11, 12, 13 ਅਤੇ 14 ਦੇ ਲੋਕ ਆਪਣੀਆਂ ਮੁਸ਼ਕਿਲਾਂ ਅਤੇ ਕੰਮ ਰੱਖ ਸਕਣਗੇ। ਇਸੇ ਤਰ੍ਹਾਂ ਮਿਤੀ 23 ਜੁਲਾਈ ਨੂੰ ਮੋਹਾਲੀ ਦੇ ਪਿੰਡ ਕੰਬਾਲੀ ਵਿਖੇ ਲੱਗਣ ਵਾਲੇ ਕੈਂਪ ਵਿਚ ਕੰਬਾਲਾ, ਕੰਬਾਲੀ, ਚਿੱਲਾ ਅਤੇ ਪਾਪੜੀ ਦੇ ਲੋਕ ਸ਼ਾਮਿਲ ਹੋ ਸਕਣਗੇ। ਮਿਤੀ 26 ਜੁਲਾਈ ਨੂੰ ਖਰੜ ਦੇ ਪਿੰਡ ਰਾਣੀਮਾਜਰਾ ਵਿਖੇ ਲਗਾਏ ਜਾਣ ਵਾਲੇ ਕੈਂਪ ਦੌਰਾਨ ਰਾਣੀਮਾਜਰਾ, ਬਹਾਲਪੁਰ, ਸ਼ਿਆਮੀਪੁਰ, ਪਲਹੇੜੀ, ਭਗਤਮਾਜਰਾ ਅਤੇ ਘੰਡੋਲੀ ਦੇ ਵਸਨੀਕ ਆਪਣੀਆਂ ਅਰਜ਼ੀਆਂ ਦੇ ਸਕਣਗੇ। ਮਿਤੀ 30 ਜੁਲਾਈ ਨੂੰ ਡੇਰਾਬੱਸੀ ਦੇ ਨਗਰ ਕੌਂਸਲ (ਸੈਣੀ ਭਵਨ) ਵਿਚ ਲੱਗਣ ਵਾਲੇ ਕੈਂਪ ਵਿਚ ਵਾਰਡ ਨੰ: 5,6, 7, 8 ਦੇ ਵਸਨੀਕ ਆਪਣੀਆਂ ਮੁਸ਼ਕਿਲਾਂ ਦੱਸਣ ਦੇ ਨਾਲ-ਨਾਲ ਆਪਣੀਆਂ ਅਰਜ਼ੀਆਂ ਦੇ ਸਕਣਗੇ।

# ਪੰਜਾਬ ਏ ਆਈ ਐੱਫ ਸਕੀਮ ਅਧੀਨ ਪ੍ਰਾਜੈਕਟਾਂ ਨੂੰ ਮਨਜ਼ੂਰੀ ਦੇਣ 'ਚ ਮੋਹਰੀ : ਜੌੜਾਮਾਜਰਾ



**ਚੰਡੀਗੜ੍ਹ, ( ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ (ਏ.ਆਈ.ਐਫ.) ਨੂੰ ਉਤਸ਼ਾਹਿਤ ਕਰਨ ਵਿੱਚ ਲਗਾਤਾਰ ਮਿਸਾਲੀ ਕਦਮ ਚੁੱਕ ਰਹੀ ਹੈ। ਸੂਬੇ ਨੇ ਏ.ਆਈ.ਐਫ. ਸਕੀਮ ਅਧੀਨ ਸਭ ਤੋਂ ਵੱਧ ਪ੍ਰਵਾਨਿਤ ਪ੍ਰਾਜੈਕਟਾਂ ਨਾਲ ਲਗਾਤਾਰ ਕਈ ਮਹੀਨਿਆਂ ਤੋਂ ਭਾਰਤ ਵਿੱਚ ਆਪਣਾ ਪਹਿਲਾ ਸਥਾਨ ਬਰਕਰਾਰ ਰੱਖਿਆ ਹੋਇਆ ਹੈ। ਇਹ ਜਾਣਕਾਰੀ ਇੱਥੇ ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਦਿੱਤੀ।ਕੈਬਨਿਟ ਮੰਤਰੀ ਨੇ ਦੱਸਿਆ ਕਿ ਸਭ ਤੋਂ ਵੱਧ ਪ੍ਰਾਜੈਕਟਾਂ ਨੂੰ ਮਨਜ਼ੂਰੀ ਦੇਣ ਵਾਲੇ ਦੇਸ਼ ਦੇ ਸਿਖਰਲੇ ਦਸ ਜ਼ਿਲ੍ਹਿਆਂ ਵਿੱਚ ਪੰਜਾਬ ਦੇ 9 ਜ਼ਿਲ੍ਹੇ ਸ਼ਾਮਲ ਹਨ।ਉਨ੍ਹਾਂ ਦੱਸਿਆ ਕਿ ਪੰਜਾਬ ਨੇ ਕਿਸਾਨ ਭਲਾਈ ਲਈ 14199 ਅਹਿਮ ਪ੍ਰਾਜੈਕਟਾਂ ਨੂੰ ਪ੍ਰਵਾਨਗੀ ਦਿੱਤੀ ਹੈ।ਇਹ ਪ੍ਰਾਪਤੀ ਨਾ ਸਿਰਫ਼ ਏ.ਆਈ.ਐਫ. ਸਕੀਮ ਅਧੀਨ ਪੰਜਾਬ ਦੀ ਸਥਿਤੀ ਨੂੰ ਮਜ਼ਬੂਤ ਕਰਦੀ ਹੈ, ਸਗੋਂ ਸੂਬੇ ਵਿੱਚ ਖੇਤੀਬਾੜੀ-ਪੱਖੀ ਪ੍ਰਗਤੀਸ਼ੀਲ ਮਾਹੌਲ ਅਤੇ ਵਾਢੀ ਉਪਰੰਤ ਪ੍ਰਬੰਧਨ ਸਬੰਧੀ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਵੀ ਦਰਸਾਉਂਦੀ ਹੈ।ਦੱਸ ਦੇਈਏ ਕਿ ਸਭ ਤੋਂ ਵੱਧ ਪ੍ਰਾਜੈਕਟਾਂ ਨੂੰ ਮਨਜ਼ੂਰੀ ਦੇਣ ਵਾਲੇ ਚੋਟੀ ਦੇ 10 ਜ਼ਿਲ੍ਹਿਆਂ ਵਿੱਚ ਛਤਰਪਤੀ ਸੰਭਾਜੀਨਗਰ (ਪਹਿਲਾਂ ਔਰੰਗਾਬਾਦ, ਮਹਾਰਾਸ਼ਟਰ) ਨੇ 1828 ਪ੍ਰਾਜੈਕਟ ਮਨਜ਼ੂਰ ਕੀਤੇ ਹਨ ਜਦਕਿ ਬਾਕੀ ਦੇ 9 ਜ਼ਿਲ੍ਹੇ ਪੰਜਾਬ ਨਾਲ ਸਬੰਧਤ ਹਨ, ਜਿਨ੍ਹਾਂ ਵਿੱਚ 1575 ਪ੍ਰਾਜੈਕਟਾਂ ਨਾਲ ਜ਼ਿਲ੍ਹਾ ਬਠਿੰਡਾ, 1464 ਪ੍ਰਾਜੈਕਟਾਂ ਨਾਲ ਲੁਧਿਆਣਾ, 1440 ਪ੍ਰਾਜੈਕਟਾਂ ਨਾਲ ਪਟਿਆਲਾ, 1439 ਪ੍ਰਾਜੈਕਟਾਂ ਨਾਲ ਸੰਗਰੂਰ, 1367 ਪ੍ਰਾਜੈਕਟਾਂ ਨਾਲ ਫ਼ਾਜ਼ਿਲਕਾ, 1100 ਪ੍ਰਾਜੈਕਟਾਂ ਨਾਲ ਸ੍ਰੀ ਮੁਕਤਸਰ ਸਾਹਿਬ, 758 ਪ੍ਰਾਜੈਕਟਾਂ ਨਾਲ ਫ਼ਿਰੋਜ਼ਪੁਰ, 723 ਪ੍ਰਾਜੈਕਟਾਂ ਨਾਲ ਮਾਨਸਾ ਅਤੇ 681 ਪ੍ਰਾਜੈਕਟਾਂ ਨਾਲ ਜ਼ਿਲ੍ਹਾ ਮੋਗਾ ਨੇ ਸਥਾਨ ਮੱਲਿਆ ਹੈ।ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਪੰਜਾਬ ਵਿਚ 14199 ਪ੍ਰਾਜੈਕਟਾਂ ਰਾਹੀਂ ਕਿਸਾਨ ਅਤੇ ਖੇਤੀ ਉੱਦਮੀ ਸੂਬੇ ਵਿੱਚ 5938 ਕਰੋੜ ਰੁਪਏ ਦੇ ਵੱਡੇ ਨਿਵੇਸ਼ ਕਰਨਗੇ। ਉਨ੍ਹਾਂ ਦੱਸਿਆ ਕਿ ਏ.ਆਈ.ਐਫ. ਸਕੀਮ ਅਧੀਨ ਵਾਢੀ ਉਪਰੰਤ ਪ੍ਰਬੰਧਨ ਸਬੰਧੀ ਵੱਖ-ਵੱਖ ਗਤੀਵਿਧੀਆਂ ਵਿੱਚ ਸਹਾਇਤਾ ਕੀਤੀ ਜਾਂਦੀ ਹੈ ਜਿਸ ਵਿੱਚ ਪ੍ਰਾਇਮਰੀ ਪ੍ਰੋਸੈਸਿੰਗ (ਆਟਾ ਚੱਕੀ, ਤੇਲ ਕੱਢਣ ਵਾਲੀਆਂ ਮਸ਼ੀਨਾਂ, ਮਸਾਲਾ ਪ੍ਰੋਸੈਸਿੰਗ, ਮਿਲਿੰਗ ਆਦਿ), ਸਟੋਰੇਜ ਸਹੂਲਤਾਂ (ਜਿਵੇਂ ਗੋਦਾਮ, ਕੋਲਡ ਸਟੋਰ, ਸਿਲੋਜ਼ ਆਦਿ), ਕਸਟਮ ਹਾਇਰਿੰਗ ਸੈਂਟਰ (ਘੱਟੋ-ਘੱਟ 4 ਉਪਕਰਣ), ਛਾਂਟੀ ਅਤੇ ਗਰੇਡਿੰਗ ਯੂਨਿਟ, ਬੀਜ ਪ੍ਰੋਸੈਸਿੰਗ ਯੂਨਿਟ, ਆਰਗੈਨਿਕ ਸਮੱਗਰੀ ਉਤਪਾਦਨ, ਫ਼ਸਲ ਰਹਿੰਦ-ਖੂੰਹਦ ਸਬੰਧੀ ਪ੍ਰਬੰਧਨ ਪ੍ਰਣਾਲੀਆਂ, ਕੰਪਰੈੱਸਡ ਬਾਇਓਗੈਸ ਪਲਾਂਟ, ਸੋਲਰ ਪੰਪ, ਰਾਈਪਨਿੰਗ ਚੈਂਬਰ ਆਦਿ ਸ਼ਾਮਲ ਹਨ।ਇਸ ਤੋਂ ਇਲਾਵਾ ਸਕੀਮ ਅਧੀਨ ਮੌਜੂਦਾ ਯੋਗ ਬੁਨਿਆਦੀ ਢਾਂਚੇ ਲਈ ਸੋਲਰ ਪੈਨਲਾਂ ਵਾਸਤੇ ਵਿੱਤੀ ਸਹਾਇਤਾ ਪ੍ਰਦਾਨ ਕਰਨ ਵਿੱਚ ਵੀ ਸਹਾਇਤਾ ਦਿੱਤੀ ਜਾਂਦੀ ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਬਾਗ਼ਬਾਨੀ ਵਿਭਾਗ, ਪੰਜਾਬ ਵਿੱਚ ਏ.ਆਈ.ਐਫ. ਲਈ ਸਟੇਟ ਨੋਡਲ ਏਜੰਸੀ (ਐਸ.ਐਨ.ਏ) ਵਜੋਂ ਕੰਮ ਕਰ ਰਿਹਾ ਹੈ ਜਿਸ ਨੇ ਸਕੀਮ ਦੇ ਉਪਬੰਧਾਂ ਅਨੁਸਾਰ ਇੱਕ ਸਮਰਪਿਤ ਪ੍ਰਾਜੈਕਟ ਨਿਗਰਾਨ ਯੂਨਿਟ (ਪੀ.ਐਮ.ਯੂ) ਸਥਾਪਤ ਕੀਤੀ ਹੋਈ ਹੈ। ਇਸ ਤੋਂ ਇਲਾਵਾ ਕਿਸਾਨਾਂ ਤੱਕ ਪਹੁੰਚ ਵਧਾਉਣ ਲਈ ਇੱਕ ਵੱਟਸਐਪ ਹੈਲਪਲਾਈਨ ਨੰਬਰ (90560-92906) ਵੀ ਸ਼ੁਰੂ ਕੀਤਾ ਗਿਆ ਹੈ ਅਤੇ ਸੋਸ਼ਲ ਮੀਡੀਆ ਪਲੇਟਫ਼ਾਰਮਾਂ 'ਤੇ ਨਿਯਮਤ ਰੂਪ ਵਿੱਚ ਅਪਡੇਟ ਸਾਂਝੇ ਕੀਤੇ ਜਾ ਰਹੇ ਹਨ। ਡਾਇਰੈਕਟਰ ਬਾਗ਼ਬਾਨੀ ਅਤੇ ਏ.ਆਈ.ਐਫ ਦੀ ਰਾਜ ਨੋਡਲ ਅਫਸਰ ਸ਼੍ਰੀਮਤੀ ਸ਼ੈਲਿੰਦਰ ਕੌਰ ਨੇ ਦੱਸਿਆ ਕਿ ਏ.ਆਈ.ਐਫ. ਸਕੀਮ ਤਹਿਤ ਲਾਭਪਾਤਰੀ 7 ਸਾਲਾਂ ਲਈ 2 ਕਰੋੜ ਰੁਪਏ ਤੱਕ ਦੇ ਮਿਆਦੀ ਕਰਜ਼ੇ 'ਤੇ ਵਿਆਜ ਵਿੱਚ 3 ਫ਼ੀਸਦੀ ਤੱਕ ਸਹਾਇਤਾ ਲੈ ਸਕਦੇ ਹਨ। ਉਨ੍ਹਾਂ ਅੱਗੇ ਦੱਸਿਆ ਕਿ 9 ਫ਼ੀਸਦੀ ਦੀ ਵੱਧ ਤੋਂ ਵੱਧ ਵਿਆਜ ਦਰ ਨਾਲ, ਲਾਗੂ ਵਿਆਜ ਦਰ 6 ਫ਼ੀਸਦੀ ਜਾਂ ਇਸ ਤੋਂ ਘੱਟ ਬਣਦੀ ਹੈ। ਇਨ੍ਹਾਂ ਲਾਭਾਂ ਨੂੰ ਸਾਰੀਆਂ ਸੂਬਾਈ ਅਤੇ ਕੇਂਦਰੀ ਸਬਸਿਡੀਆਂ ਨਾਲ ਜੋੜਿਆ ਜਾ ਸਕਦਾ ਹੈ ਅਤੇ ਪ੍ਰਾਜੈਕਟ ਸੀ.ਜੀ.ਟੀ.ਐਮ.ਐਸ.ਈ. ਸਕੀਮ ਅਧੀਨ ਲਾਭ ਲਿਆ ਜਾ ਸਕਦਾ ਹੈ।ਉਨ੍ਹਾਂ ਦੱਸਿਆ ਕਿ ਪ੍ਰਾਇਮਰੀ ਐਗਰੀਕਲਚਰਲ ਕਰੈਡਿਟ ਸੁਸਾਇਟੀਆਂ (ਪੀ.ਏ.ਸੀ.ਐਸ.) ਲਈ ਸੂਬੇ ਵਿੱਚ ਜਨਤਕ ਬੁਨਿਆਦੀ ਢਾਂਚਾ ਸਥਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਨਾਬਾਰਡ ਵੱਲੋਂ ਏ.ਆਈ.ਐਫ. ਨੂੰ ਐਮ.ਐਸ.ਸੀ. ਸਕੀਮ ਦੇ ਰੂਪ ਵਿੱਚ ਪੀ.ਏ.ਸੀ.ਐਸ. ਨਾਲ ਜੋੜ ਕੇ ਪੀ.ਏ.ਸੀ.ਐਸ ਵੱਲੋਂ 1 ਫ਼ੀਸਦੀ ਪ੍ਰਭਾਵੀ ਵਿਆਜ ਦਰ 'ਤੇ ਕਰਜ਼ਾ ਪ੍ਰਾਪਤ ਕੀਤਾ ਜਾ ਸਕਦਾ ਹੈ।

# ਵੋਟਾਂ ਦੀ ਗਿਣਤੀ ਦੇ ਕੰਮ ਨੂੰ ਨੇਪਰੇ ਚਾੜ੍ਹਨ ਲਈ ਕਾਊਂਟਿੰਗ ਸਟਾਫ਼ ਦੀ ਪਹਿਲੀ ਰੈਂਡਮਾਈਜ਼ੇਸ਼ਨ



**ਜਲੰਧਰ ( ਸ਼ੈਲੀ ਐਲਬਰਟ)**ਵਿਧਾਨ ਸਭਾ ਹਲਕਾ ਜਲੰਧਰ ਪੱਛਮੀ (ਅ.ਜ.) ਦੀ ਉਪ ਚੋਣ ਲਈ 10 ਜੁਲਾਈ ਨੂੰ ਵੋਟਾਂ ਪੈਣ ਤੋਂ ਬਾਅਦ 13 ਜੁਲਾਈ ਨੂੰ ਗਿਣਤੀ ਦੇ ਕੰਮ ਨੂੰ ਨੇਪਰੇ ਚਾੜ੍ਹਨ ਲਈ ਗਿਣਤੀ ਅਮਲੇ ਦੀ ਤਾਇਨਾਤੀ ਲਈ ਪਹਿਲੀ ਰੈਂਡਮਾਈਜ਼ੇਸ਼ਨ ਕਰਵਾਈ ਗਈ।ਜਨਰਲ ਆਬਜ਼ਰਵਰ ਉੱਤਮ ਕੁਮਾਰ ਪਾਤਰਾ ਅਤੇ ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਮੇਜਰ ਡਾ. ਅਮਿਤ ਮਹਾਜਨ ਦੀ ਨਿਗਰਾਨੀ ਹੇਠ ਰੈਂਡਮਾਈਜ਼ੇਸ਼ਨ ਦੀ ਪ੍ਰਕਿਰਿਆ ਮੁਕੰਮਲ ਕੀਤੀ ਗਈ।ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਵੋਟਾਂ ਦੀ ਗਿਣਤੀ ਦੇ ਕਾਰਜ ਨੂੰ ਸੁਚੱਜੇ ਢੰਗ ਨਾਲ ਸਿਰੇ ਚਾੜ੍ਹਨ ਲਈ ਕੁੱਲ 69 ਸਟਾਫ਼ (ਰਿਜ਼ਰਵ ਸਮੇਤ) ਦੀ ਰੈਂਡਮਾਈਜ਼ੇਸ਼ਨ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪਹਿਲੀ ਰੈਂਡਮਾਈਜ਼ੇਸ਼ਨ ਉਪਰੰਤ ਗਿਣਤੀ ਕੇਂਦਰ ਲਈ ਕੁੱਲ 23 ਕਾਊਂਟਿੰਗ ਪਾਰਟੀਆਂ (ਰਿਜ਼ਰਵ ਸਮੇਤ) ਤਾਇਨਾਤ ਕੀਤੀਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ ਹਰੇਕ ਕਾਊਂਟਿੰਗ ਪਾਰਟੀ ਵਿੱਚ ਇਕ ਕਾਊਂਟਿੰਗ ਸੁਪਰਵਾਈਜ਼ਰ, ਇਕ ਕਾਊਂਟਿੰਗ ਸਹਾਇਕ ਅਤੇ ਇਕ ਕਾਊਂਟਿੰਗ ਮਾਈਕਰੋ ਆਬਜ਼ਰਵਰ ਸ਼ਾਮਲ ਹੁੰਦਾ ਹੈ। ਇਸ ਤਰ੍ਹਾਂ ਗਿਣਤੀ ਲਈ ਤਾਇਨਾਤ 69 ਅਮਲੇ ਵਿੱਚ 23 ਕਾਊਂਟਿੰਗ ਸੁਪਰਵਾਈਜ਼ਰ, 23 ਕਾਊਂਟਿੰਗ ਸਹਾਇਕ ਅਤੇ 23 ਕਾਊਂਟਿੰਗ ਮਾਈਕਰੋ ਆਬਜ਼ਰਵਰ ਸ਼ਾਮਲ ਹਨ।ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨੇ ਇਹ ਵੀ ਦੱਸਿਆ ਕਿ ਵਿਧਾਨ ਸਭਾ ਹਲਕੇ ਲਈ ਗਿਣਤੀ ਹਾਲ ਲਾਇਲਪੁਰ ਖਾਲਸਾ ਕਾਲਜ ਦੇ ਆਡੀਟੋਰੀਅਮ ਵਿੱਚ ਸਥਾਪਤ ਕੀਤਾ ਗਿਆ ਹੈ, ਜਿਥੇ ਵੋਟਾਂ ਦੀ ਗਿਣਤੀ ਲਈ 15 ਕਾਊਂਟਿੰਗ ਟੇਬਲ ਹੋਣਗੇ।ਇਸ ਦੌਰਾਨ ਵੋਟਾਂ ਵਾਲੇ ਦਿਨ ਵਿਧਾਨ ਸਭਾ ਹਲਕੇ ਦੀਆਂ ਸਾਰੀਆਂ 65 ਪੋਲਿੰਗ ਲੋਕੇਸ਼ਨਾਂ 'ਤੇ ਤਾਇਨਾਤੀ ਲਈ 112 ਮਾਈਕਰੋ ਆਬਜ਼ਰਵਰਾਂ (ਰਿਜ਼ਰਵ ਸਮੇਤ) ਦੀ ਵੀ ਪਹਿਲੀ ਰੈਂਡਮਾਈਜ਼ੇਸ਼ਨ ਕਰਵਾਈ ਗਈ।ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਗਿਣਤੀ ਅਮਲੇ ਅਤੇ ਮਾਈਕਰੋ ਆਬਜ਼ਰਵਰਾਂ ਨੂੰ ਸਿਖ਼ਲਾਈ ਦੇਣ ਲਈ ਪਹਿਲੀ ਰਿਹਰਸਲ 5 ਜੁਲਾਈ ਅਤੇ ਦੂਜੀ ਰਿਹਰਸਲ 8 ਜੁਲਾਈ ਨੂੰ ਹੋਵੇਗੀ।

ਉਨ੍ਹਾਂ ਦੱਸਿਆ ਕਿ ਦੋਵੇਂ ਦਿਨ ਸਵੇਰ ਦੇ ਸੈਸ਼ਨ ਵਿੱਚ ਗਿਣਤੀ ਅਮਲੇ ਅਤੇ ਦੁਪਹਿਰ ਦੇ ਸੈਸ਼ਨ ਵਿੱਚ ਮਾਈਕਰੋ ਆਬਜ਼ਰਵਰਾਂ ਨੂੰ ਟ੍ਰੇਨਿੰਗ ਦਿੱਤੀ ਜਾਵੇਗੀ।ਇਸ ਮੌਕੇ ਡੀ.ਆਈ.ਓ. ਰਣਜੀਤ ਸਿੰਘ, ਡਿਪਟੀ ਡੀ.ਈ.ਓ. ਰਾਜੀਵ ਜੋਸ਼ੀ, ਚੋਣ ਤਹਿਸੀਲਦਾਰ ਸੁਖਦੇਵ ਸਿੰਘ ਆਦਿ ਵੀ ਮੌਜੂਦ ਸਨ।

# ਪਾਵਰਕਾਮ, ਨਗਰ ਨਿਗਮ ਤੇ ਪੁਲਸ ਮਹਿਕਮੇ ਦੀ ਭਾਰੀ ਅਣਗਹਿਲੀ ਹੋ ਸਕਦੀ ਜਾਨਲੇਵਾ

**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)**-ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਕਿਸ ਮਿੱਟੀ ਦਾ ਬਣਿਆ ਹੋਇਆ ਜਿਸ ਦੀ ਛੱਤ ਨਾਲ ਲੱਗਦੀ ਕੰਧ ਨਜ਼ਦੀਕ ਤੋਂ ਲੰਘਦੀਆਂ ਬਿਜਲੀ ਦੀਆਂ ਤਾਰਾਂ ਉੱਪਰ ਸਫੈਦੇ ਦਾ ਦਰੱਖਤ ਟੁੱਟ ਕੇ ਡਿਗਣ ਦੇ ਬਾਵਜੂਦ ਕੋਈ ਫਰਕ ਨਹੀਂ ਪਿਆ ਅਤੇ ਕਿਸ ਮਿੱਟੀ ਦੇ ਬਣੇ ਨੇ ਪਾਵਰਕਾਮ ਦੀ ਅਧਿਕਾਰੀ ਜਿਨ੍ਹਾਂ ਦੇ ਕੰਨਾਂ ਉੱਪਰ ਇਹੋ ਜਿਹਾ ਖਤਰਨਾਕ ਹਾਦਸਾ ਵਾਪਰਨ ਦੇ ਬਾਵਜੂਦ ਵੀ ਜੂੰ ਤੱਕ ਨਹੀਂ ਸਰਕੀ । ਜੀ ਹਾਂ, ਇਹ ਕੁੱਝ ਸਵਾਲ ਸ਼ਹਿਰ ਹੁਸ਼ਿਆਰਪੁਰ ਵਾਸੀਆਂ ਦੇ ਮਨ ਅੰਦਰ ਉੱਭਰਦੇ ਨੇ ਜਿਹੜੇ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਵਿੱਚ ਆਪਣੇ ਕਿਸੇ ਨਾ ਕਿਸੇ ਕੰਮ ਲਈ ਆਉਂਦੇ ਹਨ । ਥਾਣਾ ਮਾਡਲ ਟਾਊਨ ਵਿੱਚ ਜਾਣ ਮੌਕੇ ਪੱਤਰਕਾਰਾਂ ਦੀ ਟੀਮ ਨੇ ਇਹ ਮੰਜ਼ਰ ਦੇਖਿਆ ਤਾਂ ਲੂੰ ਕੰਡੇ ਖੜੇ ਹੋ ਗਏ । ਮਾਮਲੇ ਦੀ ਪੜਤਾਲ ਕਰਨ ਤੇ ਸਾਹਮਣੇ ਆਇਆ ਕਿ ਕੁੱਝ ਦਿਨ ਪਹਿਲਾਂ ਆਈ ਹਨੇਰੀ ਕਾਰਣ ਥਾਣੇ ਦੀ ਹਦੂਦ ਨਾਲ ਲਗਦੇ ਵਿਸ਼ਾਲ ਸਫੈਦੇ ਦੇ ਦਰੱਖਤਾਂ ਵਿੱਚੋਂ ਇੱਕ ਦਰੱਖਤ ਦਾ ਵੱਡਾ ਹਿੱਸਾ ਟੁੱਟ ਕੇ ਥਾਣੇ ਦੇ ਬਿਲਕੁਲ ਨਾਲੋਂ ਤੋਂ ਗੁਜ਼ਰਦੀਆਂ ਬਿਜਲੀ ਦੀਆਂ ਹਾਈ ਪਾਵਰ ਤਾਰਾਂ ਉੱਪਰ ਬੁਰੀ ਤਰ੍ਹਾਂ ਨਾਲ ਡਿੱਗ ਗਿਆ ਗਨੀਮਤ ਇਹ ਰਹੀ ਕਿ ਬਿਜਲੀ ਦਾ ਖੰਬਾ ਨਜ਼ਦੀਕ ਹੋਣ ਕਾਰਣ ਦਰੱਖਤ ਦੇ ਭਾਰ ਨਾਲ ਤਾਰਾਂ ਟੁੱਟਣ ਤੋਂ ਬਚ ਗਈਆਂ ਅਤੇ ਬਿਜਲੀ ਦੀ ਸਪਲਾਈ ਚੱਲਦੀ ਰਹੀ ਜਦਕਿ ਦਰੱਖਤ ਦਾ ਟੁੱਟਿਆ ਹੋਇਆ ਹਿੱਸਾ ਝੁੱਕ ਕੇ ਜ਼ਮੀਨ ਨਾਲ ਲੱਗ ਗਿਆ । ਸਿਤਮਜ਼ਰੀਫੀ ਇਹ ਕਿ ਥਾਣੇ ਦੇ ਜਿਸ ਕਮਰੇ ਦੇ ਉੱਪਰ ਇਹ ਦਰੱਖਤ ਟੁੱਟ ਕੇ ਡਿੱਗਿਆ ਉੱਥੇ ਉੱਪਰ ਪਾਣੀ ਵਾਲੀ ਟੈਂਕੀ ਵੀ ਹੈ, ਜਿਸ ਦੇ ਨਾਲ ਦਰੱਖਤ ਦੇ ਹਿੱਸੇ ਖਹਿੰਦੇ ਨੇ ਅਤੇ ਕਮਰਿਆਂ ਅੰਦਰ ਥਾਣੇ ਦਾ ਸਟਾਫ ਬੈਠ ਕੇ ਸਾਰਾ ਕੰਮ ਕਾਰ ਕਰਦਾ ਜਿਸ ਵਿੱਚ ਲੇਡੀਜ਼ ਸਟਾਫ ਵੀ ਸ਼ਾਮਿਲ ਹੈ ਦੂਜੇ ਪਾਸੇ ਇਸੇ ਕਮਰੇ ਵਿੱਚ ਸ਼ਹਿਰ ਵਾਸੀ ਵੀ ਆਪਣੀਆਂ ਪਾਸਪੋਰਟ ਅਤੇ ਹੋਰ ਵੇਰਿਫਿਕੇਸ਼ਨਾਂ ਲਈ ਆ ਕੇ ਬੈਠਦੇ ਹਨ ਜੇਕਰ ਖ਼ੁਦਾ ਨਾ ਖਾਸਤਾ ਬਰਸਾਤ ਆਉਣ ਨਾਲ ਇਨ੍ਹਾਂ ਵਿੱਚ ਕਰੰਟ ਆ ਗਿਆ ਤਾਂ ਜਾਨੀ ਨੁਕਸਾਨ ਦੀ ਸੰਭਾਵਨਾ ਬਹੁਤ ਤੀਬਰ ਹੈ । ਹੈਰਾਨੀ ਇਸ ਗੱਲ ਦੀ ਹੈ ਕਿ ਇੰਨੇ ਦਿਨ ਬੀਤ ਜਾਣ ਦੇ ਬਾਵਜੂਦ ਵੀ ਪਾਵਰਕਾਮ ਦੇ ਅਧਿਕਾਰੀ ਇਸ ਸਥਿਤੀ ਨੂੰ ਠੀਕ ਕਰਨ ਵਿੱਚ ਕੋਈ ਦਿਲਚਸਪੀ ਨਹੀਂ ਦਿਖਾ ਰਹੇ ਅਤੇ ਇੰਝ ਲੱਗਦਾ ਕਿ ਕਿਸੇ ਵੀ ਕਰਮੀ ਨੂੰ ਨਹੀਂ ਭੇਜਿਆ ਗਿਆ ।



# ਇਹ ਚੋਣ ਨਹੀਂ ਹੋਣੀ ਸੀ ਪਿਛਲਾ ਵਿਧਾਇਕ ਦਲ ਬਦਲੂ ਤੇ ਲਾਲਚੀ ਨਿਕਲਿਆ : ਭਗਵੰਤ ਮਾਨ



**ਜਲੰਧਰ ( ਸ਼ੈਲੀ ਐਲਬਰਟ) - :**

ਮੁੱਖ ਮੰਤਰੀ ਭਗਵੰਤ ਮਾਨ ਨੇ ਮੰਗਲਵਾਰ ਨੂੰ ਜਲੰਧਰ ਪੱਛਮੀ ਵਿਧਾਨ ਸਭਾ ਦੇ ਵੱਖ-ਵੱਖ ਖੇਤਰਾਂ 'ਚ ਰੋਡ ਸ਼ੋਅ ਕੀਤਾ। 'ਆਪ' ਉਮੀਦਵਾਰ ਮੋਹਿੰਦਰ ਭਗਤ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਲੋਕਾਂ ਨੇ ਰੋਡ ਸ਼ੋਅ ਵਿੱਚ ਸ਼ਮੂਲੀਅਤ ਕੀਤੀ। ਮਾਨ ਨੇ ਲੋਕਾਂ ਨੂੰ 'ਆਪ' ਉਮੀਦਵਾਰ ਮੋਹਿੰਦਰ ਭਗਤ ਨੂੰ ਜਿਤਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਜੇਕਰ ਤੁਸੀਂ ਆਪ ਉਮੀਦਵਾਰ ਨੂੰ ਜਿਤਾਇਆ ਤਾਂ ਅਸੀਂ ਮਿਲ ਕੇ ਜਲੰਧਰ 'ਵੈਸਟ' ਨੂੰ ਜਲੰਧਰ 'ਬੈਸਟ' (ਸਭ ਤੋਂ ਵਧੀਆ) ਬਣਾਵਾਂਗੇ। । ਮੁੱਖ ਮੰਤਰੀ ਮਾਨ ਦਾ ਰੋਡ ਸ਼ੋਅ ਵਾਰਡ ਨੰਬਰ 46 ਦੇ ਬਾਬਾ ਬਾਲਕ ਨਾਥ ਮੰਦਰ ਤੋਂ ਸ਼ੁਰੂ ਹੋਇਆ । ਇਸ ਤੋਂ ਬਾਅਦ ਉਨ੍ਹਾਂ ਗੁਰੂ ਸੰਤ ਨਗਰ ਤੋਂ ਹੋ ਕੇ ਵਾਰਡ ਨੰ 43 ਦੇ ਉੱਜਵਲ ਸਵੀਟਸ ਅਤੇ ਵਾਰਡ ਨੰ 78 ਦੇ ਬਾਬੂ ਲਾਲ ਸਿੰਘ ਕਨਾਲ ਸਮੇਤ ਹੋਰ ਕਈ ਇਲਾਕਿਆਂ ਵਿਚ ਰੋਡ ਸ਼ੋਅ ਕੀਤਾ । ਰੋਡ ਸ਼ੋਅ ਦੌਰਾਨ ਲੋਕਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਮਾਨ ਨੇ ਭਾਜਪਾ ਉਮੀਦਵਾਰ ਸ਼ੀਤਲ ਅੰਗੁਰਾਲ ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਇਹ ਚੋਣ ਨਹੀਂ ਹੋਣੀ ਸੀ। ਇਹ ਚੋਣ ਤੁਹਾਡੇ 'ਤੇ ਥੋਪੀ ਗਈ ਹੈ ਕਿਉਂਕਿ ਪਿਛਲਾ ਵਿਧਾਇਕ ਦਲ-ਬਦਲੂ ਅਤੇ ਲਾਲਚੀ ਨਿਕਲਿਆ। ਇਹ ਚੋਣ ਉਸ ਦੇ ਨਿੱਜੀ ਸਵਾਰਥ ਅਤੇ ਲਾਲਚ ਕਾਰਨ ਹੋ ਰਹੀ ਹੈ । ਮਾਨ ਨੇ ਕਿਹਾ ਕਿ ਉਨ੍ਹਾਂ ਨੇ ਵਿਧਾਨ ਸਭਾ ਛੱਡ ਕੇ ਪਾਰਟੀ ਅਤੇ ਲੋਕਾਂ ਨਾਲ ਧੋਖਾ ਕੀਤਾ ਹੈ। ਉਸ ਦੀ ਇਸ ਧੋਖਾਧੜੀ ਕਾਰਨ ਜ਼ਿਮਨੀ ਚੋਣਾਂ 'ਚ ਸਰਕਾਰੀ ਖ਼ਜ਼ਾਨੇ ਚੋਂ ਕਰੋੜਾਂ ਰੁਪਏ ਖ਼ਰਚ ਕੀਤੇ ਜਾ ਰਹੇ ਹਨ, ਜੋ ਲੋਕਾਂ ਦੇ ਟੈਕਸ ਦਾ ਪੈਸਾ ਹੈ।10 ਜੁਲਾਈ ਨੂੰ ਤੁਸੀਂ ਸਾਰੇ ਇੱਕਜੁੱਟ ਹੋ ਕੇ ਉਸਦੇ ਧੋਖੇ ਦਾ ਮੂੰਹ ਤੋੜ ਜਵਾਬ ਦਿਓ।ਮਾਨ ਨੇ ਕਿਹਾ ਕਿ ਪਿਛਲਾ ਵਿਧਾਇਕ ਧੋਖੇਬਾਜ਼ ਨਿਕਲਿਆ ਪਰ ਵਾਹਿਗੁਰੂ ਦੀ ਕਿਰਪਾ ਨਾਲ ਇਸ ਵਾਰ ਸਾਨੂੰ ਮੋਹਿੰਦਰ ਭਗਤ ਦੇ ਰੂਪ ਵਿਚ ਇਮਾਨਦਾਰ ਅਤੇ ਪੜ੍ਹਿਆ ਲਿਖਿਆ ਉਮੀਦਵਾਰ ਮਿਲਿਆ ਹੈ। ਉਨ੍ਹਾਂ ਨੂੰ ਜਿਤਾਓ। ਜਲੰਧਰ ਪੱਛਮੀ ਦੇ ਵਿਕਾਸ ਲਈ ਮੋਹਿੰਦਰ ਭਗਤ ਜੋ ਵੀ ਕੰਮ ਕਹਿਣਗੇ, ਅਸੀਂ ਕਰਾਂਗੇ। ਮਾਨ ਨੇ ਕਿਹਾ ਕਿ ਇਨ੍ਹਾਂ ਚੋਣਾਂ ਦੇ ਨਤੀਜੇ ਨਾਲ ਸਰਕਾਰ ਵਿੱਚ ਕੋਈ ਤਬਦੀਲੀ ਨਹੀਂ ਹੋ ਸਕਦੀ। ਇਸ ਕਾਰਨ ਨਾ ਤਾਂ ਸਾਡੀ ਸਰਕਾਰ ਡਿੱਗੇਗੀ ਅਤੇ ਨਾ ਹੀ ਕਿਸੇ ਹੋਰ ਦੀ ਸਰਕਾਰ ਬਣੇਗੀ, ਪਰ ਜੇਕਰ ਆਮ ਆਦਮੀ ਪਾਰਟੀ ਦਾ ਉਮੀਦਵਾਰ ਜਿੱਤਦਾ ਹੈ ਤਾਂ ਸਰਕਾਰ ਵਿਚ ਤੁਹਾਡੀ ਹਿੱਸੇਦਾਰੀ ਹੋਵੇਗੀ, ਜਿਸ ਕਾਰਨ ਇਸ ਇਲਾਕੇ ਦਾ ਵਿਕਾਸ ਤੇਜ਼ੀ ਨਾਲ ਸੰਭਵ ਹੋ ਸਕੇਗਾ । ਆਪ ਉਮੀਦਵਾਰ ਮੋਹਿੰਦਰ ਭਗਤ ਨੇ ਰੋਡ ਸ਼ੋਅ 'ਚ ਆਏ ਲੋਕਾਂ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਦੇ ਇਤਿਹਾਸ 'ਚ ਇਹ ਪਹਿਲੀ ਵਾਰ ਹੋਇਆ ਹੈ ਕਿ ਕੋਈ ਮੁੱਖ ਮੰਤਰੀ ਆਪਣੇ ਪਰਵਾਰ ਸਮੇਤ ਜਲੰਧਰ 'ਚ ਰਹਿਣ ਆਇਆ ਹੈ। 'ਆਪ' ਉਮੀਦਵਾਰ ਨੇ ਜਲੰਧਰ ਪੱਛਮੀ ਦੇ ਲੋਕਾਂ ਨੂੰ ਮੁੱਖ ਮੰਤਰੀ ਭਗਵੰਤ ਮਾਨ ਦਾ ਸਾਥ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਮਾਨ ਸਰਕਾਰ ਆਮ ਲੋਕਾਂ ਅਤੇ ਗ਼ਰੀਬਾਂ ਲਈ ਕੰਮ ਕਰ ਰਹੀ ਹੈ। ਇਸ ਲਈ ਝਾੜੂ ਦਾ ਬਟਨ ਦਬਾਓ ਅਤੇ ਮੁੱਖ ਮੰਤਰੀ ਮਾਨ ਦੇ ਲੋਕ ਭਲਾਈ ਕੰਮਾਂ ਤੇ ਮੋਹਰ ਲਗਾਓ।।

# ਗੁਰਿੰਦਰਜੀਤ ਸਿੰਘ ਥਾਣਾ ਟਾਂਡਾ ਦੇ ਨਵੇਂ ਐੱਸ ਐੱਚ ਓ ਨਿਯੁਕਤ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ ਉਂਕਾਰ ਸਿੰਘ)**- ਜ਼ਿਲ੍ਹਾ ਪੁਲਸ ਮੁਖੀ ਹੁਸ਼ਿਆਰਪੁਰ ਵੱਲੋਂ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਨੂੰ ਥਾਣਾ ਟਾਂਡਾ ਦਾ ਨਵਾਂ ਐਸ.ਐਚ.ਓ ਨਿਯੁਕਤ ਕੀਤਾ ਗਿਆ ਹੈ।

ਇਸ ਤੋਂ ਪਹਿਲਾਂ ਉਹ ਮਾਹਿਲਪੁਰ ਵਿਖੇ ਬਤੌਰ ਐਸ.ਐਚ.ਓ ਵੱਜੋਂ ਸੇਵਾਵਾਂ ਨਿਭਾਅ ਰਹੇ ਸਨ।ਅਹੁਦਾ ਸੰਭਾਲਦੇ ਸਮੇਂ ਇੰਸਪੈਕਟਰ ਗੁਰਿੰਦਰਜੀਤ ਸਿੰਘ ਨੇ ਕਿਹਾ ਕਿ ਇਲਾਕੇ ਵਿੱਚ ਅਮਨ ਸ਼ਾਂਤੀ ਨੂੰ ਹਰ ਹੀਲੇ ਕਾਇਮ ਰੱਖਿਆ ਜਾਵੇਗਾ। ਸਮਾਜ ਵਿਰੋਧੀ ਅਨਸਰਾਂ ਤੇ ਨਸ਼ੇ ਦੇ ਸੌਦਾਗਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਅਤੇ ਲੋਕ ਬਿਨਾਂ ਕਿਸੇ ਝਿਜਕ ਤੋਂ ਉਹਨਾਂ ਨੂੰ ਮਿਲ ਸਕਦੇ ਹਨ ।

# ਸੀਵਰੇਜ 'ਚ ਨਾ ਸੁੱਟੇ ਜਾਣ ਕੱਪੜੇ ਤੇ ਲਿਫਾਫ਼ੇ : ਮੇਅਰ

**ਹੁਸ਼ਿਆਰਪੁਰ, : (ਓਮ ਪ੍ਰਕਾਸ਼ ਰਾਣਾ )**--ਮੇਅਰ ਨਗਰ ਨਿਗਮ ਹੁਸ਼ਿਆਰਪੁਰ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਸ਼ਹਿਰ ਅਧੀਨ ਆਉਂਦੇ ਵੱਖ-ਵੱਖ ਇਲਾਕਿਆਂ ਵਿਚ ਸਮੇਂ-ਸਮੇਂ 'ਤੇ ਸੀਵਰੇਜ ਬੰਦ ਹੋਣ ਅਤੇ ਓਵਰਫਲੋਅ ਹੋਣ ਸਬੰਧੀ ਸ਼ਿਕਾਇਤਾਂ ਨਗਰ ਨਿਗਮ ਨੂੰ ਪ੍ਰਾਪਤ ਹੋ ਰਹੀਆਂ ਹਨ, ਜਿਸ ਨੂੰ ਸਮੇਂ-ਸਮੇਂ 'ਤੇ ਠੀਕ ਵੀ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਨਗਰ ਨਿਗਮ ਦੀ ਲੋਕ ਹਿਤ ਵਿਚ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਬੰਦ ਹੋਏ ਸੀਵਰੇਜ ਨੂੰ ਤੁਰੰਤ ਖੁੱਲ੍ਹਵਾ ਕੇ ਪਾਣੀ ਦਾ ਨਿਰੰਤਰ ਵਹਾਅ ਬਹਾਲ ਕਰਨ। ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀ ਕੀਰਤੀ ਨਗਰ ਦਾ ਸੀਵਰੇਜ ਬੰਦ ਹੋ ਗਿਆ ਸੀ ਅਤੇ ਕਈ ਦਿਨਾਂ ਤੱਕ ਕਾਫੀ ਮੁਸ਼ੱਕਤ ਤੋਂ ਬਾਅਦ ਨਗਰ ਨਿਗਮ ਦੀਆਂ ਟੀਮਾਂ ਵੱਲੋਂ ਜੋ ਵੀ ਮਸ਼ੀਨਰੀ ਦਫ਼ਤਰ ਦੇ ਕੋਲ ਉਪਲਬੱਧ ਸੀ, ਉਸ ਨਾਲ ਸੀਵਰੇਜ ਖੋਲ੍ਹਣ ਦੀ ਕੋਸ਼ਿਸ਼ ਕੀਤੀ ਗਈ, ਅੰਤ ਵਿਚ ਸੁਪਰ ਸੰਕਸ਼ਨ ਮਸ਼ੀਨ ਨਗਰ ਨਿਗਮ ਜਲੰਧਰ ਤੋਂ ਮੰਗਵਾ ਕੇ ਇਹ ਸੀਵਰੇਜ ਖੋਲ੍ਹਿਆ ਗਿਆ।ਮੇਅਰ ਨੇ ਕਿਹਾ ਕਿ ਬਹੁਤ ਹੀ ਅਫ਼ਸੋਸ ਦੀ ਗੱਲ ਹੈ ਕਿ ਸੀਵਰੇਜ 'ਚੋਂ ਕਾਫੀ ਮਾਤਰਾ ਵਿਚ ਰਜਾਈਆਂ, ਗੱਦੇ, ਸਿਰਹਾਣੇ ਅਤੇ ਪਲਾਸਟਿਕ ਦੇ ਲਿਫਾਫ਼ੇ ਆਦਿ ਨਿਕਲੇ ਹਨ, ਜੋ ਕਿ ਬਹੁਤ ਹੀ ਗੰਭੀਰ ਮਾਮਲਾ ਹੈ। ਉਨ੍ਹਾਂ ਸ਼ਹਿਰ ਵਾਸੀਆਂ ਅਤੇ ਮੁਹੱਲਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਸੀਵਰੇਜ ਬਲਾਕੇਜ ਦੀ ਸਮੱਸਿਆ ਤੋਂ ਨਿਜ਼ਾਤ ਪਾਉਣ ਲਈ ਸੀਵਰੇਜ ਵਿਚ ਕਿਸੇ ਵੀ ਕਿਸਮ ਦੇ ਕੱਪੜੇ ਜਾਂ ਠੋਸ ਵਸਤੂਆਂ ਨਾ ਸੁੱਟੀਆਂ ਜਾਣ ਅਤੇ ਪਲਾਸਟਿਕ ਦੇ ਲਿਫਾਫ਼ਿਆਂ ਨੂੰ ਸੀਵਰੇਜ ਵਿਚ ਸੁੱਟਣਾ ਪੂਰਨ ਤੌਰ 'ਤੇ ਬੰਦ ਕੀਤਾ ਜਾਵੇ।



# ਭਾਰੀ ਮਾਤਰਾ 'ਚ ਅਫੀਮ ਤੇ ਹੈਰੋਇਨ ਸਮੇਤ ਚਾਰ ਗ੍ਰਿਫਤਾਰ



**ਜਲੰਧਰ, ( ਸ਼ੈਲੀ ਐਲਬਰਟ)**- ਕਮਿਸ਼ਨਰੇਟ ਪੁਲਸ ਨੇ ਭਾਰੀ ਮਾਤਰਾ ਵਿੱਚ ਅਫੀਮ ਅਤੇ ਹੈਰੋਇਨ ਸਮੇਤ ਚਾਰ ਵਿਅਕਤੀਆਂ ਨੂੰ ਕਾਬੂ ਕੀਤਾ ਹੈ।ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲਸ ਪਾਰਟੀ ਵੱਲੋਂ ਸਰਕਾਰੀ ਕਾਲਜ ਜਲੰਧਰ ਨੇੜੇ ਲਾਡੋਵਾਲੀ ਰੋਡ 'ਤੇ ਚੈਕਿੰਗ ਕੀਤੀ ਜਾ ਰਹੀ ਸੀ ਤਾਂ ਡੀਸੀ ਦਫ਼ਤਰ ਵਾਲੇ ਪਾਸਿਓਂ ਇੱਕ ਵਿਅਕਤੀ ਨੂੰ ਸੱਜੇ ਹੱਥ ਵਿੱਚ ਬੈਗ ਲੈ ਕੇ ਪੈਦਲ ਆਉਂਦੇ ਦੇਖਿਆ। ਨੌਜਵਾਨ ਦੀ ਪਹਿਚਾਣ ਯੋਗੇਸ਼ ਅਬਰੋਲ ਉਰਫ਼ ਬਾਵਾ ਪੁੱਤਰ ਰਾਕੇਸ਼ ਕੁਮਾਰ ਵਾਸੀ ਐਚ.ਨੰਬਰ 875 ਅਰਜਨ ਨਗਰ ਜਲੰਧਰ ਵਜੋਂ ਹੋਈ ਹੈ, ਜਿਸ ਨੇ ਬੈਗ ਸੁੱਟ ਕੇ ਮੌਕੇ ਤੋਂ ਭੱਜਣ ਦੀ ਕੋਸ਼ਿਸ਼ ਕੀਤੀ। ਪੁਲਸ ਪਾਰਟੀ ਨੇ ਤਲਾਸ਼ੀ ਲਈ ਅਤੇ 1 ਕਿਲੋ ਅਫੀਮ ਬਰਾਮਦ ਕੀਤੀ।ਉਸਦੇ ਖਿਲਾਫ ਥਾਣਾ ਨਿਊ ਬਾਰਾਦਰੀ ਜਲੰਧਰ ਵਿਖੇ ਐਫ.ਆਈ.ਆਰ 145 ਮਿਤੀ 27-06-2024 ਅਧੀਨ 18-61-85 ਐਨਡੀਪੀਐਸ ਐਕਟ ਦਰਜ ਕੀਤੀ ਗਈ ਹੈ।ਇਸੇ ਤਰ੍ਹਾਂ ਉਦੇ ਨਗਰ, ਨਾਖਾ ਵਾਲਾ ਬਾਗ, ਜਲੰਧਰ ਨੇੜੇ ਗਸ਼ਤ ਦੌਰਾਨ ਪੁਲਸ ਪਾਰਟੀ ਨੇ ਪਿੰਡ ਵਡਾਲਾ ਵੱਲੋਂ ਇੱਕ ਮੋਟਰਸਾਈਕਲ ਸਵਾਰ ਦੋ ਵਿਅਕਤੀਆਂ ਨੂੰ ਆ ਰਹੇ ਦੇਖਿਆ ਅਤੇ ਉਨ੍ਹਾਂ ਨੂੰ ਰੋਕ ਕੇ ਤਲਾਸ਼ੀ ਲਈ ਤੇ ਨੌਜਵਾਨਾਂ ਕੋਲੋਂ 100 ਗ੍ਰਾਮ ਹੈਰੋਇਨ ਬਰਾਮਦ ਕੀਤੀ, ਜਿਨ੍ਹਾਂ ਦੀ ਪਹਿਚਾਣ ਯਾਦਵੀਰ ਘਾਰੂ ਉਰਫ਼ ਯਾਦੂ ਪੁੱਤਰ ਰਣਜੀਤ ਸਿੰਘ ਵਾਸੀ ਪਿੰਡ ਸਲਾਪੁਰ ਬੇਟ ਥਾਣਾ ਤਲਵੰਡੀ ਚੌਧਰੀਆਂ ਕਪੂਰਥਲਾ ਅਤੇ ਖੁਸ਼ਵਿੰਦਰ ਸਿੰਘ ਉਰਫ਼ ਲਾਭਾ ਪੁੱਤਰ ਬਲਵੀਰ ਸਿੰਘ ਵਾਸੀ ਫਾਟਕ ਪਿੰਡ ਕਾਲਜ਼ੂ ਸੁਲਤਾਨਪੁਰ ਕਪੂਰਥਲਾ ਵਜੋਂ ਹੋਈ ਹੈ।ਉਨ੍ਹਾਂ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੇ ਇਕਬਾਲੀਆ ਬਿਆਨਾਂ ਦੇ ਆਧਾਰ 'ਤੇ ਇਕ ਹੋਰ ਦੋਸ਼ੀ ਆਦਿਤਿਆ ਪੁੱਤਰ ਰੁਪੇਸ਼ ਕੁਮਾਰ ਵਾਸੀ ਮੁਕੱਦਮਾ ਨੰਬਰ 156/6 ਭਾਰਗੋ ਕੈਂਪ ਨੇੜੇ ਆਰ ਕੇ ਵੈਸ਼ਨੋ ਢਾਬਾ ਜਲੰਧਰ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ। ਥਾਣਾ ਭਾਰਗੋ ਕੈਂਪ ਜਲੰਧਰ ਵਿਖੇ ਐਫਆਈਆਰ 51 ਮਿਤੀ 25-06-2024 ਅਧੀਨ 21-61-85 ਐਨ.ਡੀ.ਪੀ.ਐਸ ਐਕਟ ਦਰਜ ਕੀਤੀ ਗਈ ਹੈ।

# ਸਿਵਲ ਹਸਪਤਾਲ 'ਚ ਲੱਗੀ ਡਾਇਲਸਿਸ ਮਸ਼ੀਨ ਚਿੱਟਾ ਹਾਥੀ ਸਾਬਤ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਕਰੀਬ ਤਿੰਨ ਸਾਲ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਸਿਵਲ ਹਸਪਤਾਲ ਗੜ੍ਹਸ਼ੰਕਰ ਦੀ ਡਾਇਲਿਸਿਸ ਮਸ਼ੀਨ ਇਲਾਕੇ ਦੇ ਮਰੀਜ਼ਾਂ ਲਈ ਸਿਰਫ ਚਿੱਟਾ ਹਾਥੀ ਹੀ ਸਾਬਤ ਹੋਈ ਹੈ । ਦੱਸਣਯੋਗ ਹੈ ਕਿ ਗੜ੍ਹਸ਼ੰਕਰ ਦੇ ਸਿਵਲ ਹਸਪਤਾਲ ਲਈ ਸ਼੍ਰੀ ਅਨੰਦਪੁਰ ਸਾਹਿਬ ਤੋ ਮੈਂਬਰ ਪਾਰਲੀਮੈਂਟ ਰਹਿ ਚੁੱਕੇ ਮਨੀਸ਼ ਤਿਵਾੜੀ ਵਲੋਂ ਆਪਣੇ ਐਮ.ਪੀ ਫੰਡ ਵਿੱਚੋਂ ਡਾਇਲਿਸਿਸ ਮਸ਼ੀਨ ਗ੍ਰਾਂਟ ਜਾਰੀ ਕੀਤੀ ਸੀ। ਕਰੀਬ ਪਿਛਲੇ ਤਿੰਨ ਸਾਲ ਤੋਂ ਇਸ ਡਾਇਲਿਸਿਸ ਮਸ਼ੀਨ ਨੂੰ ਚਲਾਉਣ ਲਈ ਕੋਈ ਅਪ੍ਰੇਟਰ ਨਹੀਂ ਹੈ। ਲੋਕਾਂ ਨੂੰ ਮਜ਼ਬੂਰਨ ਪ੍ਰਾਈਵੇਟ ਹਸਪਤਾਲਾਂ 'ਚ ਮਹਿੰਗੇ ਭਾਅ 'ਤੇ ਡਾਇਲਿਸਿਸ ਕਰਵਾਉਣਾ ਪੈ ਰਿਹਾ ਹੈ ।ਸਿਹਤ ਸਹੂਲਤਾਂ ਨੂੰ ਲੈ ਕੇ ਸੱਤਾ ਵਿੱਚ ਆਈ ਮੌਜੂਦਾ ਸਰਕਾਰ ਦੇ ਵਾਅਦੇ ਵੀ ਬਾਕੀ ਸਰਕਾਰਾਂ ਵਾਂਗ ਖੋਖਲੇ ਹੀ ਨਜ਼ਰ ਆਏ ਹਨ ਜਦਕਿ ਸਿਵਿਲ ਹਸਪਤਾਲ ਗੜ੍ਹਸ਼ੰਕਰ ਵਿੱਚ ਲੱਗੀ ਲੱਖਾਂ ਰੁਪਏ ਦੀ ਲਾਗਤ ਨਾਲ ਡਾਇਲਿਸਿਸ ਮਸ਼ੀਨ ਇੱਕ ਡਾਕਟਰ ਦੀ ਘਾਟ ਨਾਲ ਪਿਛਲੇ ਲੰਮੇ ਸਮੇਂ ਤੋਂ ਜੂਝ ਰਹੀ ਹੈ। ਇਥੇ ਬਲੱਡ ਬੈਂਕ ਵੀ ਕਾਫੀ ਲੰਮੇ ਸਮੇਂ ਤੋਂ ਬੰਦ ਪਿਆ ਹੈ ਜਿਸ ਕਰਕੇ ਆਮ ਲੋਕਾਂ ਨੂੰ ਬਲੱਡ ਲੈਣ ਲਈ ਦੂਰ ਦਰਾਡੇ ਜਾਣਾ ਪੈ ਰਿਹਾ ਹੈ ਸਥਾਨਕ ਲੋਕਾਂ ਨੇ ਮੌਜੂਦਾ ਸਰਕਾਰ ਅਤੇ ਸਥਾਨਕ ਆਗੂਆਂ ਤੋ ਮੰਗ ਕੀਤੀ ਹੈ ਕਿ ਸਿਹਤ ਸਹੂਲਤਾਂ ਦੀ ਘਾਟ ਨੂੰ ਤਰੁੰਤ ਪੂਰਾ ਕੀਤਾ ਜਾਵੇ ਅਤੇ ਲੰਮੇ ਸਮੇਂ ਤੋਂ ਬੰਦ ਪਈ ਡਾਇਲਿਸਿਸ ਮਸ਼ੀਨ ਨੂੰ ਚਲਾਇਆ ਜਾਵੇ।

# ਫਲੈਕਸਾਂ ਲਗਾਉਣ ਨਾਲ ਬਣੇ ਨਿਯਮ ਲਾਗੂ ਨਹੀਂ ਹੁੰਦੇ, ਲੋਕਾਂ ਨੂੰ ਢਾਂਚਾ ਦਿੱਤਾ ਜਾਵੇ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**— ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਬਰਸਾਤ ਦੇ ਦਿਨਾਂ ਵਿਚ ਮਿੰਨੀ ਸੈਕਟ੍ਰੀਏਟ ਦੇ ਨਜਦੀਕ ਬਣੇ ਕੂੜੇ ਦੇ ਡੰਪ ਉਤੇ ਲੱਗਿਆ ਕੂੜੇ ਦਾ ਢੇਰ ਅਤੇ ਉਸ ਦੇ ਨਾਲ ਹੀ ਕਮਿਸ਼ਨਰ ਨਗਰ ਨਿਗਮ ਦੇ ਹੁਕਮ ਅਤੇ ਉਨ੍ਹਾਂ ਦੀਆਂ ਉੱਡ ਰਹੀਆਂ ਧੱਜੀਆਂ ਦੀ ਮੂੰਹ ਬੋਲਦੀ ਤਸਵੀਰ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਇਕ ਪਾਸੇ ਖੁੱਲੇ ਵਿਚ ਕੂੜਾ ਸੁਟਣ ਵਾਲੇ ਨੂੰ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦਿੱਲੀ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਗਾਇਡ ਲਾਇਨਾਂ ਅਨੁਸਾਰ 1000 ਰੁ: ਜੁਰਮਾਨਾ, ਕੂੜਾ ਸਾੜਣ ਵਾਲੇ ਨੂੰ 5000 ਰੁ: ਜੁਰਮਾਨਾ ਅਤੇ ਘਰਾਂ ਵਾਲਿਆਂ ਵਲੋਂ ਅਗਰ ਕੂੜਾ ਅਲੱਗ ਅਲੱਗ ਨਾ ਸੁੱਟਿਆ ਤਾ 250 ਰੁਪਏ ਜੁਰਮਾਨਾ ਕੀਤਾ ਜਾਵੇਗਾ।ਨਿਯਮਾਂ ਦੀ ਨਗਰ ਨਿਗਮ ਹੀ ਉਲੰਘਣਾ ਕਰ ਰਹੀ ਤੇ ਕੀ ਹੁਣ ਕਮਿਸ਼ਨਰ ਆਪਣੇ ਆਪ ਨੂੰ 1000 ਰੁ: ਜੁਰਮਾਨਾ ਕਰਨਗੇ।ਉਨ੍ਹਾਂ ਕਿਹਾ ਕਿ ਸ਼ਹਿਰੀ ਅਬਾਦੀ ਅੰਦਰ ਬਣੇ ਕੂੜੇ ਦੇ ਡੰਪ ਖੁਦ ਹੀ ਨਿਯਮਾਂ ਦੀਆਂ ਧੱਜੀਆਂ ਉਡਾ ਰਹੇ ਹਨ।ਖਾਸ ਕਰ ਬਰਸਾਤ ਦੇ ਦਿਨਾਂ ਵਿਚ ਇਸ ਕੂੜੇ ਦੀ ਦੁਰਗੰਧ ਬਹੁਤ ਦੂਰ ਤੱਕ ਅਸਰ ਕਰਦੀ ਹੈ।ਸ਼ਹਿਰ ਵਿਚ ਆਈ ਫਲੂ ਫੈਲਣ ਦਾ ਵੀ ਡਰ ਹੈ।




ਉਨ੍ਹਾਂ ਕਿਹਾ ਕਿ ਬਰਸਾਤ ਦੇ ਦਿਨਾਂ ਵਿਚ ਖੁੱਲੇ ਵਿਚ ਪਿਆ ਕੂੜਾ ਵਾਤਾਵਰਣ ਅਤੇ ਲੋਕਾਂ ਦੀ ਸਿਹਤ ਲਈ ਬਹੁਤ ਹੀ ਨੁਕਸਾਨ ਦੇਹ ਹੈ। ਨੈਸ਼ਨਲ ਗ੍ਰੀਨ ਟ੍ਰਿਬਿਊਨਲ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਨਿਯਮ ਮਾੜੇ ਨਹੀਂ ਪਰ ਇਹ ਬਿਨਾਂ ਢਾਂਚਾ ਦਿੱਤਿਆਂ ਲਾਗੂ ਕਰਨੇ ਮੁੰਗੇਰੀ ਲਾਲ ਦੇ ਹਸੀਨ ਸਪਨਿਆਂ ਦੀ ਤਰ੍ਹਾਂ ਫਲੈਕਸਾਂ ਤੱਕ ਹੀ ਸੀਮਤ ਰਹਿਣਗੇ।ਨਗਰ ਨਿਗਮ ਇਕ ਪਾਸੇ ਸ਼ਹਿਰ ਨੂੰ ਪਲਾਸਟਿਕ ਮੁਕਤ ਬਨਾਉਣ ਦਾ ਢੌਂਗ ਰੱਚ ਰਹੀ ਹੈ ਤੇ ਦੂਸਰੇ ਪਾਸੇ ਲੋਕਾਂ ਨੂੰ ਲਿਫਾਫਿਆਂ ਵਿਚ ਅਲੱਗ ਅਲੱਗ ਕੂੜਾ ਸੁੱਟਣ ਦੀ ਅਪੀਲ ਕੀਤੀ ਹੈ।ਧੀਮਾਨ ਨੇ ਕਿਹਾ ਕਿ ਇਹ ਸਭ ਕੁਝ ਉਦੋਂ ਤੱਕ ਸੰਭਵ ਨਹੀਂ ਹੋ ਸਕਦਾ ਜਦੋਂ ਤੱਕ ਹਰਕੇ ਘਰ ਵਿਚ ਡਸਟ ਬਿੰਨ ਨਹੀਂ ਮਿਲਦੇ ਤੇ ਉਨ੍ਹਾਂ ਡੱਸਟਬਿੰਨਾਂ ਨੂੰ ਚੁਕਣ ਲਈ ਸਹੀ ਇਨਫਰਾ ਸਟਰਕਚਰ ਪੈਦਾ ਨਹੀਂ ਹੁੰਦਾ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਚੰਗੀਆਂ ਸਕੀਮਾਂ ਨੂੰ ਚੰਗੇ ਢੰਗ ਨਾਲ ਹੀ ਲਾਗੂ ਕਰਨ ਦੀ ਜਰੂਰਤ ਹੈ।

# ਕ੍ਰਿਸ਼ੀ ਵਿਗਿਆਨ ਕੇਂਦਰ ਤੇ ਫਾਰਮ ਸਲਾਹਕਾਰ ਸੇਵਾ ਕੇਂਦਰ ਵੱਲੋਂ ਤਿਲਾਂ ਦੀ ਕਾਸ਼ਤ ਸਬੰਧੀ ਕਿਸਾਨ ਗੋਸ਼ਟੀ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ )**—ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਜ਼ਿਲ੍ਹਾ ਪੱਧਰੀ ਪਸਾਰ ਅਦਾਰੇ ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਅਤੇ ਫਾਰਮ ਸਲਾਹਕਾਰ ਸੇਵਾ ਕੇਂਦਰ, ਗੰਗੀਆਂ, ਹੁਸ਼ਿਆਰਪੁਰ ਵੱਲੋਂ ਦਸੂਹਾ ਬਲਾਕ ਦੇ ਪਿੰਡ ਡਡਿਆਲ ਵਿਖੇ ਫ਼ਸਲ ਪ੍ਰਦਰਸ਼ਨੀਆਂ ਤਹਿਤ ਤਿਲਾਂ ਦੀ ਕਾਸ਼ਤ ਬਾਬਤ ਕਿਸਾਨ ਗੋਸ਼ਠੀ ਦਾ ਆਯੋਜਨ ਕੀਤਾ ਗਿਆ। ਗੋਸ਼ਠੀ ਦੀ ਸ਼ੁਰੂਆਤ ਵਿਚ ਸਹਿਯੋਗੀ ਨਿਰਦੇਸ਼ਕ (ਸਿਖਲਾਈ), ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ ਡਾ. ਮਨਿੰਦਰ ਸਿੰਘ ਬੌਂਸ ਨੇ ਤਿਲਾਂ ਦੀਆਂ ਫ਼ਸਲ ਪ੍ਰਦਰਸ਼ਨੀਆਂ ਦੇ ਮਨੋਰਥ ਬਾਰੇ ਚਾਨਣਾ ਪਾਇਆ। ਉਨ੍ਹਾਂ ਤਿਲਾਂ ਦੀ ਫ਼ਸਲ ਪ੍ਰਦਰਸ਼ਨੀ ਤਹਿਤ ਉੱਨਤ ਕਿਸਮ- ਪੰਜਾਬ ਤਿਲ ਨੰਬਰ 2 ਦੀ ਸਫਲ ਕਾਸ਼ਤ ਦੇ ਢੰਗ, ਖਾਦਾਂ ਦੀ ਵਰਤੋਂ, ਕੀੜੇ ਅਤੇ ਬਿਮਾਰੀਆਂ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਫ਼ਸਲ ਦੀ ਬਿਜਾਈ ਜੁਲਾਈ ਦੇ ਪਹਿਲੇ ਪੰਦਰਵਾੜੇ ਵਿਚ ਕਰਨੀ ਚਾਹੀਦੀ ਹੈ। ਅਗੇਤੀ ਬੀਜੀ (ਜੂਨ ਮਹੀਨੇ) ਫ਼ਸਲ 'ਤੇ ਫਾਇਲੋਡੀ (ਫੁੱਲਾਂ ਦਾ ਰੋਗ) ਦਾ ਹਮਲਾ ਜ਼ਿਆਦਾ ਹੁੰਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਫਾਇਲੋਡੀ ਵਾਲੇ ਬੂਟਿਆਂ ਨੂੰ ਪੁੱਟ ਕੇ ਮਿੱਟੀ ਹੇਠ ਦਬਾ ਦੇਣਾ ਚਾਹੀਦਾ ਹੈ, ਤਾਂ ਜੋ ਬਿਮਾਰੀ ਅੱਗੇ ਨਾ ਵੱਧ ਸਕੇ। ਫ਼ਸਲ ਨੂੰ ਝੜਨ ਤੋਂ ਬਚਾਉਣ ਲਈ ਬੂਟਿਆਂ ਦੇ ਰੰਗ ਪੀਲਾ ਪੈਣ ਅਤੇ ਫ਼ਲੀਆਂ ਖੁੱਲ੍ਹਣ ਦੀ ਸ਼ੁਰੂਆਤ 'ਤੇ ਵਾਢੀ ਕਰਨੀ ਚਾਹੀਦੀ ਹੈ।

ਕਿਸਾਨਾਂ ਨਾਲ ਕੈਂਪ ਦੌਰਾਨ ਕ੍ਰਿਸ਼ੀ ਵਿਗਿਆਨ ਕੇਂਦਰ ਅਤੇ ਫਾਰਮ ਸਲਾਹਕਾਰ ਸੇਵਾ ਕੇਂਦਰ ਦੇ ਮਾਹਿਰਾਂ ਜ਼ਿਲ੍ਹਾ ਪਸਾਰ ਵਿਗਿਆਨੀ (ਕੀਟ ਵਿਗਿਆਨ) ਡਾ. ਰਾਕੇਸ਼ ਕੁਮਾਰ ਸ਼ਰਮਾ, ਜ਼ਿਲ੍ਹਾ ਪਸਾਰ ਵਿਗਿਆਨੀ (ਫ਼ਲ ਵਿਗਿਆਨ) ਡਾ. ਇੰਦਰਾ ਦੇਵੀ ਅਤੇ ਸਹਾਇਕ ਪ੍ਰੋਫੈਸਰ (ਪੌਦ ਸੁਰੱਖਿਆ) ਡਾ. ਪ੍ਰਭਜੋਤ ਕੌਰ ਨੇ ਸਾਉਣੀ ਦੀਆਂ ਫਸਲਾਂ, ਫ਼ਲਾਂ ਤੇ ਸਬਜ਼ੀਆਂ ਦੇ ਸਰਵਪੱਖੀ ਕੀਟ ਪ੍ਰਬੰਧਨ ਅਤੇ ਪੌਸ਼ਟਿਕ ਫਲ ਬਗੀਚੀ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਕਿਸਾਨਾਂ ਨੂੰ ਤਿਲਾਂ ਦੀਆਂ ਪ੍ਰਦਰਸ਼ਨੀਆਂ ਬਾਬਤ ਬੀਜ ਅਤੇ ਖੇਤੀ ਸਾਹਿਤ ਮੁਹੱਈਆ ਕਰਵਾਇਆ ਗਿਆ ਅਤੇ ਪ੍ਰਦਰਸ਼ਨੀਆਂ ਲਈ ਮਿੱਟੀ ਪਰਖ ਦੇ ਨਮੂਨੇ ਵੀ ਲਏ ਗਏ।

# ਲੈਫਟੀਨੈਂਟ ਜਨਰਲ ਅਜੈ ਚਾਂਦਪੁਰੀਆ ਨੇ ਵਜਰਾ ਕੋਰ ਦੀ ਕਮਾਨ ਸੰਭਾਲੀ

**ਜਲੰਧਰ -(ਇਕਬਾਲ ਸਿੰਘ ਉਭੀ)**- ਲੈਫਟੀਨੈਂਟ ਜਨਰਲ ਅਜੈ ਚਾਂਦਪੁਰੀਆ, ਏ ਵੀ ਐਸ ਐਮ ,ਵੀ ਐਸ ਐਮ , ਨੇ ਵੱਕਾਰੀ ਵਜਰਾ ਕੋਰ - ਦਿ ਡਿਫੈਂਡਰਜ਼ ਆਫ ਪੰਜਾਬ ਦੇ ਜਨਰਲ ਅਫਸਰ ਕਮਾਂਡਿੰਗ ਵਜੋਂ ਅਹੁਦਾ ਸੰਭਾਲ ਲਿਆ ਹੈ। ਨੈਸ਼ਨਲ ਡਿਫੈਂਸ ਅਕੈਡਮੀ ਅਤੇ ਇੰਡੀਅਨ ਮਿਲਟਰੀ ਅਕੈਡਮੀ ਦੇ ਇੱਕ ਉੱਘੇ ਸਾਬਕਾ ਵਿਦਿਆਰਥੀ, ਜਨਰਲ ਅਜੈ ਚਾਂਦਪੁਰੀਆ ਨੂੰ 09 ਜੂਨ 1990 ਨੂੰ ਡੋਗਰਾ ਰੈਜੀਮੈਂਟ ਦੀ 16ਵੀਂ ਬਟਾਲੀਅਨ ਵਿੱਚ ਕਮਿਸ਼ਨ ਦਿੱਤਾ ਗਿਆ ਸੀ।34 ਸਾਲਾਂ ਤੋਂ ਵੱਧ ਦੇ ਆਪਣੇ ਕੈਰੀਅਰ ਵਿੱਚ, ਜਨਰਲ ਅਫਸਰ ਨੇ ਕਈ ਮੁੱਖ ਕਮਾਂਡ, ਸਟਾਫ ਅਤੇ ਨਿਰਦੇਸ਼ਕ ਨਿਯੁਕਤੀਆਂ ਕੀਤੀਆਂ ਹਨ। ਉਹਨਾਂ ਦੀਆਂ ਮਹੱਤਵਪੂਰਨ ਕਮਾਂਡ ਅਸਾਈਨਮੈਂਟਾਂ ਵਿੱਚ ਪੂਰਬੀ ਥੀਏਟਰ ਵਿੱਚ ਆਪ੍ਰੇਸ਼ਨ ਰਾਈਨੋ ਵਿੱਚ ਇੱਕ ਇਨਫੈਂਟਰੀ ਬਟਾਲੀਅਨ ਦੀ ਕਮਾਂਡ, ਜੰਮੂ ਅਤੇ ਕਸ਼ਮੀਰ ਵਿੱਚ ਰਾਸ਼ਟਰੀ ਰਾਈਫਲਜ਼ ਸੈਕਟਰ ਅਤੇ ਕਸ਼ਮੀਰ ਘਾਟੀ ਵਿੱਚ ਕੰਟਰੋਲ ਰੇਖਾ ਦੇ ਨਾਲ ਤਾਇਨਾਤ ਵੱਕਾਰੀ ਡੈਗਰ ਡਿਵੀਜ਼ਨ ਸ਼ਾਮਲ ਹਨ। ਉਹਨਾਂ ਦੀਆਂ ਮੁੱਖ ਨਿਯੁਕਤੀਆਂ ਵਿੱਚ ਡੀਜੀਐਮਓ, ਇਨਫੈਂਟਰੀ ਡਿਵੀਜ਼ਨ ਵਿੱਚ ਕਾਰਜਕਾਲ ਸ਼ਾਮਲ ਹਨ ਜੋ ਕਿ ਕੰਟਰੋਲ ਹੈੱਡਕੁਆਰਟਰ ਏਕੀਕ੍ਰਿਤ ਰੱਖਿਆ ਸੇਵਾਵਾਂ (ਆਈਡੀਐਸ) ਦੇ ਨਾਲ ਤਾਇਨਾਤ ਸਨ, ਰੱਖਿਆ ਮੰਤਰਾਲੇ ਵਿੱਚ ਸੈਨਿਕ ਮਾਮਲਿਆਂ ਦੇ ਵਿਭਾਗ (ਡੀਐਮਏ) ਅਤੇ ਸੀਡੀਐਸ ਦੇ ਹੈੱਡਕੁਆਰਟਰ ਦਾ ਪੁਨਰਗਠਨ ਦੀ ਸਥਾਪਨਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਸੀ। ਉਹ ਇੰਡੀਅਨ ਮਿਲਟਰੀ ਅਕੈਡਮੀ, ਦੇਹਰਾਦੂਨ ਵਿੱਚ ਇੱਕ ਇੰਸਟ੍ਰਕਟਰ ਅਤੇ ਸਹਾਇਕ ਐਡਜੂਟੈਂਟ ਅਤੇ ਹੈੱਡਕੁਆਰਟਰ ਵਿੱਚ ਇੱਕ ਇੰਸਟ੍ਰਕਟਰ ਵੀ ਰਹੇ ਹਨ । ਜਨਰਲ ਅਫਸਰ ਨੂੰ ਕੋਰੀਆ ਗਣਰਾਜ ਦੇ ਪਹਿਲੇ ਰੱਖਿਆ ਅਟੈਚ ਹੋਣ ਦਾ ਮਾਣ ਪ੍ਰਾਪਤ ਹੈ ਅਤੇ ਬਹਾਦਰੀ ਦੇ ਨਾਲ-ਨਾਲ ਵਿਲੱਖਣ ਸੇਵਾ ਲਈ ਕਈ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ ਗਿਆ ਹੈ।ਇਸ ਤੋਂ ਪਹਿਲਾਂ, ਲੈਫਟੀਨੈਂਟ ਜਨਰਲ ਅਜੈ ਕਮਾਂਡਰ ਹਾਇਰ ਕਮਾਂਡ ਵਿੰਗ, ਆਰਮੀ ਵਾਰ ਕਾਲਜ, ਮਹੂ ਦੀ ਵੱਕਾਰੀ ਨਿਯੁਕਤੀ ਕਰ ਰਹੇ ਸਨ, ਜਿੱਥੇ ਉਨ੍ਹਾਂ ਨੇ ਤਿੰਨਾਂ ਸੇਵਾਵਾਂ ਦੀ ਸੀਨੀਅਰ ਲੀਡਰਸ਼ਿਪ ਨੂੰ ਆਕਾਰ ਦੇਣ ਵਿੱਚ ਯੋਗਦਾਨ ਪਾਇਆ।ਇਸ ਮੌਕੇ ਜਨਰਲ ਚਾਂਦਪੁਰੀ ਨੇ ਵਜਰਾ ਸ਼ੌਰਿਆ ਸਥਲ 'ਤੇ ਸ਼ਰਧਾਂਜਲੀ ਸਮਾਰੋਹ ਵਿਚ, ਡਿਊਟੀ ਸਮੇਂ ਸਰਬੋਤਮ ਕੁਰਬਾਨੀ ਕਰਨ ਵਾਲੇ ਬਹਾਦਰਾਂ ਨੂੰ ਸ਼ਰਧਾਂਜਲੀ ਭੇਟ ਕੀਤੀ।



ਇਸ ਮੌਕੇ ਉਹਨਾਂ ਨੇ ਕੋਰ ਦੇ ਸਾਰੇ ਰੈਂਕਾਂ ਨੂੰ ਉੱਚ ਪੱਧਰੀ ਸੰਚਾਲਨ ਤਿਆਰੀ ਨੂੰ ਜਾਰੀ ਰੱਖਣ, ਯੁੱਧ ਦੇ ਬਦਲਦੇ ਰੂਪਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਅਤੇ ਸੰਗਠਨ ਦੇ ਆਦਰਸ਼ਾਂ ਅਤੇ ਰਾਸ਼ਟਰ ਨਿਰਮਾਣ ਦੀ ਪ੍ਰਕਿਰਿਆ ਵਿਚ ਯੋਗਦਾਨ ਪਾਉਣ ਲਈ ਕਿਹਾ।

# ਏਅਰ ਫੋਰਸ ਸਟੇਸ਼ਨ ਖੇਤਰ ਦੇ ਆਲੇ-ਦੁਆਲੇ ਮਾਸਾਹਾਰੀ ਦੁਕਾਨਾਂ ਚਲਾਉਣ ਤੇ ਰਹਿੰਦ-ਖੂੰਹਦ ਸੁੱਟਣ 'ਤੇ ਪਾਬੰਦੀ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਕ੍ਰਿਸ਼ਨ ਗਰਗ)**—ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਸ੍ਰੀਮਤੀ ਆਸ਼ਿਕਾ ਜੈਨ ਨੇ ਫੌਜਦਾਰੀ ਜ਼ਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਜ਼ਿਲ੍ਹੇ ਦੇ ਏਅਰ ਫੋਰਸ ਸਟੇਸ਼ਨ ਤੋਂ ਇਕ ਹਜ਼ਾਰ ਮੀਟਰ ਏਰੀਏ (ਜ਼ਿਲ੍ਹੇ ਦੀ ਹਦੂਦ ਅੰਦਰ) ਦੇ ਆਲੇ-ਦੁਆਲੇ ਮਾਸਾਹਾਰੀ ਦੁਕਾਨਾਂ ਚਲਾਉਣ ਅਤੇ ਇਸ ਦੀ ਰਹਿੰਦ-ਖੂੰਹਦ ਨੂੰ ਸੁੱਟਣ 'ਤੇ ਪੂਰਨ ਤੌਰ ਉਤੇ ਪਾਬੰਦੀ ਲਾਉਣ ਦੇ ਹੁਕਮ ਜਾਰੀ ਕੀਤੇ ਹਨ ਤਾਂ ਜੋ ਹਵਾਈ ਜਹਾਜ਼ਾਂ ਨਾਲ ਕੋਈ ਹਾਦਸਾ ਨਾ ਵਾਪਰੇ, ਕੋਈ ਜਾਨੀ-ਮਾਲੀ ਨੁਕਸਾਨ ਨਾ ਹੋਵੇ। ਬੀਤੀ 28 ਜੂਨ ਨੂੰ ਜਾਰੀ ਇਹ ਹੁਕਮ 10 ਅਗਸਤ, 2024 ਤੱਕ ਲਾਗੂ ਰਹਿਣਗੇ। ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਧਿਆਨ ਵਿੱਚ ਆਇਆ ਹੈ ਕਿ ਏਅਰ ਫੋਰਸ਼ ਸਟੇਸ਼ਨ ਦੇ ਆਲੇ ਦੁਆਲੇ ਆਮ ਜਨਤਾ ਵਲੋਂ ਕਈ ਖਾਣ-ਪੀਣ ਦੀਆਂ ਦੁਕਾਨਾਂ ਖੋਲੀਆਂ ਹੋਈਆਂ ਹਨ, ਉਨ੍ਹਾਂ ਵਲੋਂ ਇਨ੍ਹਾਂ ਵਸਤਾਂ ਦੀ ਰਹਿੰਦ ਖੁੱਲੇ ਵਿਚ ਹੀ ਸੁੱਟ ਦਿੱਤੀ ਜਾਂਦੀ ਹੈ। ਜਿਸ ਕਰਕੇ ਏਅਰ ਫੋਰਸ ਦੇ ਏਰੀਏ ਵਿਚ ਮਾਸਾਹਾਰੀ ਪੰਛੀ ਉਡਦੇ ਰਹਿੰਦੇ ਹਨ। ਇਨ੍ਹਾਂ ਦੇ ਉਡਣ ਨਾਲ ਕਿਸੇ ਵੀ ਸਮੇਂ ਹਵਾਈ ਜਹਾਜ਼ ਨਾਲ ਟਕਰਾਉਣ ਕਰਕੇ ਹਾਦਸਾ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ ਜੋ ਕਿ ਰਾਸ਼ਟਰੀ ਸੁਰੱਖਿਆ ਲਈ ਵੀ ਖਤਰੇ ਦਾ ਕਾਰਨ ਬਣਦਾ ਹੈ ਅਤੇ ਸੈਨਾ ਵਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਵਿਚ ਵੀ ਵਿਘਨ ਪੈਦਾ ਕਰਦਾ ਹੈ। ਇਸ ਦੇ ਫਲਸਰੂਪ ਅਮਨ ਅਤੇ ਕਾਨੂੰਨ ਦੀ ਸਥਿਤੀ ਵੀ ਭੰਗ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ। ਇਸ ਸਥਿਤੀ ਦੇ ਮੱਦੇਨਜ਼ਰ ਇਨ੍ਹਾਂ ਕਾਰਵਾਈਆਂ ਨੂੰ ਰੋਕਣ ਲਈ ਇਹ ਹੁਕਮ ਲਾਗੂ ਕੀਤੇ ਗਏ ਹਨ।

# ਐੱਸ ਸੀ ਵਰਗ ਲਈ ਡੇਅਰੀ ਸਿਖਲਾਈ ਕੋਰਸ ਦਾ ਪਹਿਲਾ ਬੈਚ 15 ਤੋਂ

**ਹੁਸ਼ਿਆਰਪੁਰ,, (ਬਲਵੀਰ ਸਿੰਘ ਸੈਣੀ)**-ਡੇਅਰੀ ਵਿਕਾਸ ਵਿਭਾਗ, ਪੰਜਾਬ ਵੱਲੋਂ ਐਸ. ਸੀ ਸਿਖਿਆਰਥੀਆਂ ਲਈ ਮੁਫ਼ਤ ਡੇਅਰੀ ਸਿਖਲਾਈ ਕੋਰਸ 15 ਜੁਲਾਈ ਤੋਂ ਡੇਅਰੀ ਸਿਖਲਾਈ ਕੇਂਦਰ ਫਗਵਾੜਾ ਵਿਖੇ ਚਲਾਇਆ ਜਾ ਰਿਹਾ ਹੈ।ਸੰਯੁਕਤ ਡਾਇਰੈਕਟਰ ਕਸ਼ਮੀਰ ਸਿੰਘ ਨੇ ਦੱਸਿਆ ਕਿ ਇਸ ਸਿਖਲਾਈ ਦੌਰਾਨ ਸਿਖਿਆਰਥੀਆਂ ਨੂੰ 3500 ਰੁਪਏ ਵਜੀਫਾ ਵੀ ਦਿੱਤਾ ਜਾਵੇਗਾ। ਇਸ ਸਿਖਲਾਈ ਪ੍ਰੋਗਰਾਮ ਵਿਚ ਦੁਧਾਰੂ ਪਸ਼ੂਆਂ ਦੀ ਖਰੀਦ ਤੋਂ ਲੈ ਕੇ ਰੱਖ-ਰਖਾਅ, ਖਾਧ ਖੁਰਾਕ, ਨਸਲ ਸੁਧਾਰ, ਸਾਂਭ-ਸੰਭਾਲ ਅਤੇ ਸੁਚੱਜੇ ਮੰਡੀਕਰਨ ਦੀਆਂ ਨਵੀਨਤਮ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਨ੍ਹਾਂ ਸਿਖਿਆਰਥੀਆਂ ਦੀ ਚੋਣ ਜ਼ਿਲ੍ਹਾ ਲੈਵਲ ਕਮੇਟੀ ਵੱਲੋਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸੰਬੰਧੀ ਅਨੁਸੂਚਿਤ ਜਾਤੀ ਦੇ ਵਿਅਕਤੀ (ਮਰਦ/ਔਰਤ) ਜਿਨ੍ਹਾਂ ਦੀ ਉਮਰ 18 ਤੋਂ 50 ਸਾਲ ਦੇ ਵਿਚ ਹੋਵੇ, ਪੰਜਵੀਂ ਪਾਸ ਹੋਵੇ, ਪੇਂਡੂ ਪਿਛੋਕੜ ਨਾਲ ਸਬੰਧ ਰੱਖਦਾ ਹੋਵੇ 12 ਜੁਲਾਈ ਤੱਕ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ, ਮਿੰਨੀ ਸਕੱਤਰੇਤ, ਚੌਥੀ ਮੰਜ਼ਿਲ, ਕਮਰਾ ਨੰਬਰ 439 ਵਿਖੇ ਆਪਣਾ ਅਧਾਰ ਕਾਰਡ, ਯੋਗਤਾ ਸਰਟੀਫਿਕੇਟ, ਅਨੁਸੂਚਿਤ ਜਾਤੀ ਸਰਟੀਫਿਕੇਟ ਲੈ ਕੇ ਫਾਰਮ ਭਰ ਸਕਦੇ ਹਨ। ਟ੍ਰੇਨਿੰਗ ਉਪਰੰਤ ਉਮੀਦਵਾਰਾਂ ਨੂੰ 2, 5 ਅਤੇ 10 ਦੁਧਾਰੂ ਪਸ਼ੂਆਂ ਦੀ ਖਰੀਦ 'ਤੇ 33 ਫੀਸਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਵਿਭਾਗ ਵੱਲੋਂ ਐਨ.ਐਲ.ਐਮ ਸਕੀਮ ਅਧੀਨ ਦੁਧਾਰੂ ਪਸ਼ੂਆਂ ਦੇ ਬੀਮੇ 'ਤੇ 70 ਫੀਸਦੀ ਸਬਸਿਡੀ ਦਾ ਪ੍ਰਬੰਧ ਹੈ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਦਫ਼ਤਰ ਦੇ ਫੋਨ ਨੰਬਰ 01882-220025 ਅਤੇ 98722-77136 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਭਾਈ ਜਗਦੀਪ ਸਿੰਘ ਖਾਲਸਾ ਨਿਹੰਗ ਸਿੰਘ ਨਮਿਤ ਸ਼ਰਧਾਂਜਲੀ ਸਮਾਗਮ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਮੁੱਖਲਿਆਣਾ ਦੇ ਉਘੇ ਸਮਾਜ ਸੇਵਕ ਜਥੇਦਾਰ ਬਾਬਾ ਰਵਿੰਦਰ ਸਿੰਘ ਖਾਲਸਾ ਨਿਹੰਗ ਸਿੰਘ ਇਟਲੀ ਦੇ ਹੋਣਹਾਰ ਸਪੁੱਤਰ ਜਗਦੀਪ ਸਿੰਘ ਖਾਲਸਾ ਨਿਹੰਗ ਸਿੰਘ ਬੀਤੀ ਦਿਨੀਂ ਅਕਾਲ ਚਲਾਣਾ ਕਰ ਗਏ ਸਨ।ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਦੀਵਾਨ ਹਾਲ ਵਿੱਚ ਜਥੇਦਾਰ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ, ਭਾਈ ਮਨਦੀਪ ਸਿੰਘ ਹੈਡ ਗ੍ਰੰਥੀ ਮੁੱਖਲਿਆਣਾ ਨੇ ਵੈਰਾਗਮਈ ਕੀਰਤਨ ਕੀਤਾ। ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ, ਸਮਾਜਿਕ ਸੰਸਥਾਵਾਂ, ਨਿਹੰਗ ਸਿੰਘ ਜਥੇਬੰਦੀਆਂ, ਪੱਤਰਕਾਰ ਭਾਈਚਾਰਾ, ਸਿਆਸੀ ਆਗੂਆਂ ਨੇ ਬਾਬਾ ਰਵਿੰਦਰ ਸਿੰਘ ਖਾਲਸਾ ਨਿਹੰਗ ਸਿੰਘ ਇਟਲੀ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਹਰਜਿੰਦਰ ਸਿੰਘ ਇੰਟਰਨੈਸ਼ਨਲ ਗੱਤਕਾ ਕੋਚ, ਸੁਰਜੀਤ ਸਿੰਘ ਢੱਕੋਵਾਲ, ਬੱਬੀ ਸਿੰਘ, ਗੁਰਪ੍ਰੀਤ ਸਿੰਘ, ਰਾਜੂ ਸਿੰਘ, ਗੁਰਨਾਮ ਸਿੰਘ ਗਾਮਾ, ਬਲਵੀਰ ਸਿੰਘ ਹੇੜੀਆ, ਅਜਮੇਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਬ੍ਰਹਮਕੁਮਾਰੀ ਈਸ਼ਵਰੀਆ ਵਿਸ਼ਵ ਵਿਦਿਆਲਿਆ ਨੇ ਲਗਾਇਆ ਬੱਚਿਆਂ ਦਾ ਸਮਰ ਕੈਂਪ



**ਫਗਵਾੜਾ ( ਡਾ. ਰਮਨ )** ਬ੍ਰਹਮਕੁਮਾਰੀ ਈਸ਼ਵਰੀਆ ਵਿਸ਼ਵ ਵਿਦਿਆਲਿਆ ਵਿਖੇ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਲਈ ਸਮਰ ਕੈਂਪ ਲਗਾਇਆ ਗਿਆ। ਜਿਸ ਵਿੱਚ ਸਨਾਤਨੀ ਕਦਰਾਂ-ਕੀਮਤਾਂ ਦਾ ਸੰਚਾਰ ਮੈਡੀਟੇਸ਼ਨ ਰਾਹੀਂ ਕੀਤਾ ਗਿਆ ਅਤੇ ਵੱਖ-ਵੱਖ ਤਰ੍ਹਾਂ ਦੇ ਖੇਡ ਮੁਕਾਬਲੇ ਵੀ ਕਰਵਾਏ ਗਏ ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਫਨ ਵਿਦ ਵੈਲਿਊ, ਹੈਲਥ ਵਿਦ ਹੈਪੀਨੈੱਸ ਆਦਿ ਸ਼ਾਮਲ ਸਨ। ਇਸ ਸਮਰ ਕੈਂਪ ਦੇ ਸਮਾਪਤੀ ਸਮਾਗਮ ਵਿੱਚ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਰਿਜਨ ਚੇਅਰਮੈਨ ਲਾਇਨ ਆਸ਼ੂ ਮਾਰਕੰਡਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਬ੍ਰਹਮ ਕੁਮਾਰੀਆਂ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਆਸ਼ੂ ਮਾਰਕੰਡਾ ਨੇ ਕਿਹਾ ਕਿ ਬੱਚਿਆਂ ਵਿੱਚ ਰਵਾਇਤੀ ਭਾਰਤੀ ਕਦਰਾਂ-ਕੀਮਤਾਂ ਦੇ ਸੰਚਾਰ ਦਾ ਇਹ ਉੱਤਮ ਉਪਰਾਲਾ ਹੈ। ਇਸ ਦੌਰਾਨ ਬ੍ਰਹਮਕੁਮਾਰੀ ਆਸ਼ਰਮ ਦੀ ਇੰਚਾਰਜ ਸੁਮਨ ਦੀਦੀ ਨੇ ਦੱਸਿਆ ਕਿ ਪ੍ਰਜਾਪਿਤਾ ਬ੍ਰਹਮਕੁਮਾਰੀ ਈਸ਼ਵਰੀਆ ਵਿਸ਼ਵਵਿਦਿਆਲਿਆ ਇੱਕ ਅਧਿਆਤਮਕ ਸੰਸਥਾ ਹੈ। ਦੁਨੀਆ ਭਰ ਦੇ 137 ਦੇਸ਼ਾਂ ਵਿੱਚ ਇਸ ਦੀਆਂ 8,500 ਤੋਂ ਵੱਧ ਸ਼ਾਖਾਵਾਂ ਹਨ। ਆਸ਼ਰਮ ਇੰਚਾਰਜ ਸੁਮਨ ਦੀਦੀ ਅਤੇ ਵਿਜੇ ਮਾਤਾ ਵਲੋਂ ਮੁੱਖ ਮਹਿਮਾਨ ਆਸ਼ੂ ਮਾਰਕੰਡਾ ਤੋਂ ਇਲਾਵਾ ਸੁਨੀਲ ਢੀਂਗਰਾ, ਲਾਇਨ ਸੁਮਿਤ ਭੰਡਾਰੀ, ਲਾਇਨ ਵਿਪਨ ਠਾਕੁਰ, ਲਾਇਨ ਦਿਨੇਸ਼ ਖਰਬੰਦਾ ਅਤੇ ਸਮਾਜ ਸੇਵਕ ਵਿਜੇ ਅਰੋੜਾ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਕਰਮਯੋਗੀ ਚੈਰੀਟੇਬਲ ਸੁਸਾਇਟੀ ਦੇ ਪ੍ਰਧਾਨ ਜਸਵੰਤ ਸਿੰਘ, ਰਾਕੇਸ਼ ਕੁਮਾਰ ਤੋਂ ਇਲਾਵਾ ਬੀ.ਕੇ. ਕਮਲ, ਬੀ.ਕੇ. ਆਦਰਸ਼, ਬੀ.ਕੇ. ਸੰਜੀਵ, ਬੀ.ਕੇ. ਰਾਕੇਸ਼, ਭੈਣ ਮਹਿਕ, ਭੈਣ ਦੀਪਿਕਾ, ਭੈਣ ਅੰਮ੍ਰਿਤ ਆਦਿ ਹਾਜ਼ਰ ਸਨ।

4-JULY-PAGE-10.qxd 7/3/2024 10:32 PM Page 1



# ਦਿਹਾਤੀ ਮਜ਼ਦੂਰ ਸਭਾ ਦੀ ਬਠਿੰਡਾ ਜ਼ਿਲ੍ਹਾ ਵਰਕਿੰਗ ਕਮੇਟੀ ਦੀ ਮੀਟਿੰਗ

## ਮਜ਼ਦੂਰਾਂ ਨੂੰ ਤੰਗ-ਪ੍ਰੇਸ਼ਾਨ ਕਰਨ ਵਿਰੁੱਧ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਦਿਹਾਤੀ ਮਜ਼ਦੂਰ ਸਭਾ ਦੀ ਬਠਿੰਡਾ ਜ਼ਿਲ੍ਹਾ ਵਰਕਿੰਗ ਕਮੇਟੀ ਦੀ ਮਿੱਠੂ ਸਿੰਘ ਘੁੱਦਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਨੇ 5 ਜੁਲਾਈ ਨੂੰ ਵਿਭਾਗੀ ਅਧਿਕਾਰੀਆਂ ਵਲੋਂ ਕੀਤੀ ਜਾ ਰਹੀ ਮਗਨਰੇਗਾ ਕਿਰਤੀਆਂ ਦੀ ਖੱਜਲ-ਖੁਆਰੀ ਖਿਲਾਫ਼ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਦੇ ਦਫਤਰ ਮੂਹਰੇ ਜ਼ੋਰਦਾਰ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ ਲਿਆ ਹੈ। ਮੀਟਿੰਗ ਨੂੰ ਸੰਬੋਧਨ ਕਰਨ ਲਈ ਉਚੇਚੇ ਪੁੱਜੇ ਜਥੇਬੰਦੀ ਦੇ ਸੂਬਾਈ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਅਤੇ ਵਿੱਤ ਸਕੱਤਰ ਮਹੀਪਾਲ ਨੇ ਕੇਂਦਰੀ ਅਤੇ ਸੂਬਾ ਸਰਕਾਰਾਂ ਦੀਆਂ ਮਜ਼ਦੂਰ ਮਾਰੂ, ਦੇਸ਼ ਵਿਰੋਧੀ ਨੀਤੀਆਂ ਬਾਰੇ ਵਿਸਥਾਰ ਸਹਿਤ ਰੋਸ਼ਨੀ ਪਾਈ। ਉਕਤ ਦਿਸ਼ਾ ਵਿਚ ਮੋਦੀ ਤੇ ਮਾਨ ਸਰਕਾਰ ਖਿਲਾਫ਼ ਤਕੜਾ, ਬੱਝਵਾਂ ਸੰਘਰਸ਼ ਵਿੱਢਣ ਦੇ ਸੂਬਾ ਵਰਕਿੰਗ ਦੇ ਫੈਸਲੇ ਤਹਿਤ 10 ਤੋਂ 15 ਜੁਲਾਈ ਤੱਕ ਜ਼ਿਲ੍ਹੇ ਦੇ ਵਿਧਾਇਕਾਂ ਰਾਹੀਂ ਪੰਜਾਬ ਸਰਕਾਰ ਨੂੰ ਅਤੇ ਲੋਕ ਸਭਾ ਮੈਂਬਰ ਰਾਹੀਂ ਕੇਂਦਰੀ ਸਰਕਾਰ ਨੂੰ ਬੇਜ਼ਮੀਨੇ-ਸਾਧਨਹੀਣ ਪੇਂਡੂ ਕਿਰਤੀਆਂ ਦੀ ਮੰਗਾਂ ਪੂਰੀਆਂ ਕਰਨ ਲਈ ਚਿਤਾਵਨੀ ਪੱਤਰ ਭੇਜੇ ਜਾਣਗੇ। ਜ਼ਿਲ੍ਹਾ ਵਰਕਿੰਗ ਕਮੇਟੀ ਦੇ ਜਨਰਲ ਸਕੱਤਰ ਪ੍ਰਕਾਸ਼ ਸਿੰਘ ਨੰਦਗੜ੍ਹ ਨੇ ਦੋਸ਼ ਲਾਇਆ ਹੈ ਕਿ ਲੋਕ ਸਭਾ ਚੋਣਾਂ ਦੇ ਨਤੀਜੇ ਆਉਣ ਪਿੱਛੋਂ ਸੂਬੇ ਦੀ ਰਾਜ ਸੱਤਾ 'ਤੇ ਕਾਬਜ਼ ਆਮ ਆਦਮੀ ਪਾਰਟੀ ਦੇ ਸਥਾਨਕ ਆਗੂਆਂ ਵਲੋਂ ਬਦਲਾਖੋਰੀ ਦੀ ਨੀਅਤ ਨਾਲ ਮਗਨਰੇਗਾ ਕੰਮਾਂ ਵਿਚ ਦਿੱਤੇ ਜਾ ਰਹੇ ਨਾਜਾਇਜ਼ ਦਖਲ ਵਿਰੁੱਧ ਮਜ਼ਦੂਰਾਂ ਦੇ ਮਨਾਂ 'ਚ ਅੰਤਾਂ ਦਾ ਰੋਸ ਉਬਾਲੇ ਮਾਰ ਰਿਹਾ ਹੈ। ਨੰਦਗੜ੍ਹ ਨੇ ਐਲਾਨ ਕੀਤਾ ਹੈ ਕਿ ਮਜ਼ਦੂਰਾਂ ਨੂੰ ਤੰਗ-ਪ੍ਰੇਸ਼ਾਨ ਕਰਨ ਵਿਰੁੱਧ ਹਰ ਪੱਧਰ 'ਤੇ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਮੀਟਿੰਗ ਵਲੋਂ ਸੂਬਾ ਸਰਕਾਰ, ਖਾਸ ਕਰਕੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਿਹਾ ਗਿਆ ਹੈ ਕਿ ਉਹ ਆਪ ਨੂੰ ਵੋਟਾਂ ਨਾ ਪਾਉਣ ਵਾਲੇ ਬੇਜ਼ਮੀਨੇ-ਸਾਧਨਹੀਣ, ਦਲਿਤ ਕਿਰਤੀਆਂ ਤੋਂ ਇੰਤਕਾਮ ਲੈਣ ਦੀ ਸੋਚ ਤਿਆਗ ਕੇ ਆਪਣੀ ਕਾਰਗੁਜ਼ਾਰੀ ਦਾ ਬੇਬਾਕ ਲੇਖਾ-ਜੋਖਾ ਕਰਨ ਦੀ ਸਹੀ ਪਹੁੰਚ ਅਪਣਾਉਣ।

# ਨਰਮੇ ਨੂੰ ਕੀੜਿਆਂ ਤੋਂ ਬਚਾਉਣ ਲਈ ਨਿਗਰਾਨੀ ਕਰਨ ਤੇ ਚੌਕਸ ਰਹਿਣ ਦੀ ਜ਼ਰੂਰਤ : ਖੇਤੀਬਾੜੀ ਅਫ਼ਸਰ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)** ਸਾਲ 2023-24 ਦੌਰਾਨ ਜ਼ਿਲ੍ਹਾ ਫ਼ਰੀਦਕੋਟ ਵਿੱਚ ਨਰਮੇ ਦੀ ਫਸਲ ਵਿੱਚ ਗੁਲਾਬੀ ਸੁੰਡੀ ਅਤੇ ਕੁਝ ਮੌਸਮੀ ਸਮੱਸਿਆਵਾਂ ਵੇਖਣ ਵਿੱਚ ਆਈਆਂ, ਨਤੀਜੇ ਵਜੋਂ ਨਰਮੇ ਦੀ ਫ਼ਸਲ ਦਾ ਝਾੜ ਘਟਣ ਕਾਰਨ ਇਸ ਵਾਰ ਨਰਮੇ ਹੇਠ ਰਕਬੇ ਵਿੱਚ ਗਿਰਾਵਟ ਆਈ ਹੈ। ਖ਼ੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਨਰਮੇ ਦੀ ਫਸਲ ਨੂੰ ਗੁਲਾਬੀ ਸੁੰਡੀ ਦੇ ਹਮਲੇ ਤੋਂ ਬਚਾਉਣ ਲਈ 12 ਸਰਕਲ ਪੱਧਰ, 2 ਬਲਾਕ ਪੱਧਰ ਤੇ ਇੱਕ ਜ਼ਿਲ੍ਹਾ ਪੱਧਰ 'ਤੇ ਨਿਗਰਾਨ ਟੀਮਾਂ ਦਾ ਗਠਨ ਕੀਤਾ ਗਿਆ ਹੈ, ਜੋ ਹਰ ਸੋਮਵਾਰ ਤੇ ਵੀਰਵਾਰ ਨੂੰ ਨਰਮੇ ਵਾਲੇ ਖੇਤਾਂ ਵਿਚ ਜਾ ਕੇ ਲਗਾਤਾਰ ਨਿਰੀਖਣ ਕਰਨਗੀਆਂ।

ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਨਰਮੇ ਦੀ ਫ਼ਸਲ ਨੂੰ ਗੁਲਾਬੀ ਸੁੰਡੀ ਤੋਂ ਬਚਾਉਣ ਲਈ ਖ਼ੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਹਿਯੋਗ ਨਾਲ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਤਹਿਤ ਨਰਮੇ ਦੀ ਬਿਜਾਈ ਤੋਂ ਪਹਿਲਾਂ ਨਰਮੇ ਦੀਆਂ ਛੱਟੀਆਂ ਨੂੰ ਨਸ਼ਟ ਕਰਨ ਤੋਂ ਇਲਾਵਾ ਜੈਤੋ ਸਥਿਤ ਗੀਨਿੰਗ ਫੈਕਟਰੀ ਵਿਚ ਸਟੋਰ ਕੀਤੇ ਵੜੇਵਿਆਂ ਦੀ ਫਿਊਮੀਗੇਸ਼ਨ ਕੀਤੀ ਗਈ।ਉਨ੍ਹਾਂ ਦੱਸਿਆ ਕਿ ਇਸ ਵਕਤ ਨਰਮੇ ਦੀ ਫਸਲ ਦੀ ਉਮਰ ਤਕਰੀਬਨ 45 ਤੋਂ 60 ਦਿਨ ਦੀ ਹੋ ਗਈ ਹੈ, ਜਿਸ ਕਾਰਨ ਕੀੜਿਆਂ ਤੋਂ ਬਚਾਅ ਕਰਨ ਲਈ ਨਰਮੇ ਦੀ ਫ਼ਸਲ ਦਾ ਨਿਰੰਤਰ ਨਿਰੀਖਣ ਕਰਨ ਦੀ ਜ਼ਰੂਰਤ ਹੈ।ਉਨ੍ਹਾਂ ਦੱਸਿਆ ਕਿ ਨਰਮੇ ਦੀ ਫ਼ਸਲ ਦੀ ਨਿਗਰਾਨੀ ਲਈ ਵੱਖ-ਵੱਖ ਪੱਧਰ ਦੀਆਂ 15 ਨਿਗਰਾਨ ਟੀਮਾਂ ਦਾ ਗਠਨ ਕੀਤਾ ਗਿਆ ਹੈ, ਜੋ ਹਰੇਕ ਸੋਮਵਾਰ ਅਤੇ ਵੀਰਵਾਰ ਨੂੰ ਖੇਤਾਂ ਵਿੱਚ ਜਾ ਕੇ ਨਰਮੇ ਦੀ ਫ਼ਸਲ ਦੀ ਨਿਗਰਾਨੀ ਕਰਨਗੀਆਂ।ਉਨ੍ਹਾਂ ਦੱਸਿਆ ਕਿ ਆਤਮਾ ਤਹਿਤ 500 ਸੈਕਸ ਫੀਰੋਮੋਨ ਟ੍ਰੈਪਸ ਦੀ ਖਰੀਦ ਕਰਕੇ 500 ਏਕੜ ਰਕਬੇ ਵਿੱਚ ਸ਼ੁਕਰਵਾਰ ਤੱਕ ਲਾ ਦਿੱਤੇ ਜਾਣਗੇ।ਉਨ੍ਹਾਂ ਦੱਸਿਆ ਕਿ ਸਾਰੇ ਖ਼ੇਤੀਬਾੜੀ ਅਧਿਕਾਰੀ/ਕ੍ਰਮਚਾਰੀਆਂ ਵੱਲੋਂ ਕਿਸਾਨਾਂ ਦੇ ਖੇਤਾਂ ਵਿਚ ਪਹੁੰਚ ਕੇ ਟ੍ਰੈਪ ਲਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ, ਜੋ ਸ਼ੁਕਰਵਾਰ ਤਕ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਨਰਮੇ ਦੀ ਫਸਲ ਉੱਪਰ ਵੱਖ-ਵੱਖ ਕੀੜਿਆਂ ਅਤੇ ਕਈ ਬਿਮਾਰੀਆਂ ਦਾ ਹਮਲਾ ਹੁੰਦਾ ਹੈ ਜਿਸ ਪ੍ਰਤੀ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸਮੇਂ ਸਿਰ ਕੀਟ ਸਰਵੇਖਣ ਹੁੰਦਾ ਰਹੇ ਤਾਂ ਕਿਸਾਨ ਨਰਮੇ ਦੀ ਫ਼ਸਲ ਨੂੰ ਕੀੜਿਆਂ ਖਾਸ ਕਰਕੇ ਗੁਲਾਬੀ ਸੁੰਡੀ ਦੇ ਹਮਲੇ ਤੋਂ ਬਚਾ ਸਕਦੇ ਹਨ।

# ਜ਼ਿਲ੍ਹੇ ਦੇ ਪੰਚਾਂ-ਸਰਪੰਚਾਂ ਤੇ ਮੋਹਤਬਰਾਂ ਨੂੰ ਨਵੇਂ ਕਾਨੂੰਨਾਂ ਬਾਰੇ ਜਾਣੂ ਕਰਾਇਆ

**ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)** ਸਰਤਾਜ ਸਿੰਘ ਚਾਹਲ, ਆਈ.ਪੀ.ਐਸ ਐਸ.ਐਸ.ਪੀ. ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ ਲੰਘੀ 1 ਜੁਲਾਈ ਨੂੰ ਭਾਰਤ ਸਰਕਾਰ ਦੁਆਰਾ ਲਾਗੂ ਕੀਤੇ ਜਾ ਰਹੇ ਤਿੰਨ ਨਵੇਂ ਅਪਰਾਧਿਕ ਕਾਨੂੰਨਾਂ ਸਬੰਧੀ ਜ਼ਿਲ੍ਹਾ ਸੰਗਰੂਰ ਵਿੱਚ ਤਾਇਨਾਤ ਸਾਰੇ ਪੁਲਸ ਕ੍ਰਮਚਾਰੀਆਂ ਨੂੰ ਟ੍ਰੇਨਿੰਗ ਦਿੱਤੀ ਗਈ। ਸਰਪੰਚਾਂ, ਪੰਚਾਂ, ਐਮ.ਸੀਜ ਤੇ ਹੋਰ ਮੋਹਤਬਰ ਵਿਅਕਤੀਆਂ ਨਾਲ ਮੀਟਿੰਗਾਂ ਕਰਕੇ ਨਵੇਂ ਕਾਨੂੰਨਾਂ ਤੋਂ ਜਾਣੂ ਕਰਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ 1 ਜੁਲਾਈ ਤੋਂ ਭਾਰਤ ਸਰਕਾਰ ਦੁਆਰਾ 03 ਨਵੇਂ ਅਪਰਾਧਿਕ ਕਾਨੂੰਨ ਲਾਗੂ ਹੋ ਚੁੱਕੇ ਹਨ।ਨਵੇਂ ਕਾਨੂੰਨਾਂ ਅਨੁਸਾਰ ਭਾਰਤੀ ਦੰਡ ਸੰਘਤਾ 1860 ਨੂੰ ਭਾਰਤੀ ਨਿਆ ਸੰਘਤਾ 2023, ਜ਼ਾਬਤਾ ਫੌਜਦਾਰੀ ਸੰਘਤਾ, 1973 ਨੂੰ ਭਾਰਤੀ ਨਾਗਰਿਕ ਸੁਰੱਖਿਆ ਸੰਘਤਾ, 2023 ਤੇ ਭਾਰਤੀ ਸ਼ਹਾਦਤ ਐਕਟ, 1872 ਨੂੰ ਭਾਰਤੀ ਸਾਕਸ਼ਿਆ ਅਧਿਨਯਮ 2023 ਵਿੱਚ ਤਬਦੀਲ ਕਰ ਦਿੱਤਾ ਗਿਆ ਹੈ।ਮਾਨਯੋਗ ਪੰਜਾਬ ਸਰਕਾਰ ਤੇ ਮਾਨਯੋਗ ਡਾਇਰੈਕਟਰ ਜਨਰਲ ਪੁਲਸ ਪੰਜਾਬ, ਚੰਡੀਗੜ੍ਹ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਵੇਂ ਅਪਰਾਧਿਕ ਕਾਨੂੰਨਾਂ ਨੂੰ ਲਾਗੂ ਕਰਨ ਲਈ ਜ਼ਿਲ੍ਹਾ ਸੰਗਰੂਰ ਵਿੱਚ ਤਾਇਨਾਤ ਸਾਰੇ ਗਜ਼ਟਿਡ ਅਫਸਰਾਨ, ਮੁੱਖ ਅਫ਼ਸਰਾਨ ਥਾਣਾਜਾਤ ਤੇ ਥਾਣਿਆਂ ਵਿੱਚ ਤਾਇਨਾਤ ਸਾਰੇ ਤਫਤੀਸ਼ੀ ਅਫਸਰਾਨ ਅਤੇ ਟੈਕਨੀਕਲ ਸਟਾਫ ਨੂੰ ਟ੍ਰੇਨਿੰਗ ਦਿੱਤੀ ਜਾ ਚੁੱਕੀ ਹੈ।ਨਵੇਂ ਅਪਰਾਧਿਕ ਕਾਨੂੰਨਾਂ ਦੇ ਲਾਗੂ ਹੋਣ ਨਾਲ ਜੋ ਤਕਨੀਕੀ ਬਦਲਾਅ ਆ ਰਹੇ ਹਨ, ਉਨ੍ਹਾਂ ਨੂੰ ਲਾਗੂ ਕਰਨ ਲਈ ਜ਼ਿਲ੍ਹਾ ਸੰਗਰੂਰ ਪਾਸ ਜਰੂਰਤ ਮੁਤਾਬਕ ਸਰਕਾਰੀ ਮੋਬਾਈਲ ਤੇ ਸਮਾਰਟ ਫੋਨ ਉਪਲਬਧ ਹਨ, ਜਿਨ੍ਹਾਂ ਦੀ ਵਰਤੋਂ ਨਾਲ ਭਾਰਤੀ ਨਾਗਰਿਕ ਸੁਰੱਖਿਆ ਸੰਘਤਾ, 2023 ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦੌਰਾਨੇ ਤਫਤੀਸ਼ ਵੀਡੀਓ ਤੇ ਆਡੀਓ ਰਿਕਾਰਡਿੰਗ ਕੀਤੀ ਜਾ ਸਕਦੀ ਹੈ।ਰਿਕਾਰਡਿੰਗ ਕਰਨ ਲਈ ਸਰਕਾਰੀ ਤੌਰ ਤੇ ਮੋਬਾਇਲ ਐਪ ਮੁਹੱਈਆ ਕਰਵਾਈ ਜਾ ਰਹੀ ਹੈ, ਜਿਸ ਦੀ ਟ੍ਰੇਨਿੰਗ ਵੀ ਜ਼ਿਲ੍ਹਾ ਸੰਗਰੂਰ ਦੇ ਸਮੂਹ ਅਫਸਰਾਨ ਅਤੇ ਕਰਮਚਾਰੀਆਂ ਨੂੰ ਦਿੱਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਨਵੇਂ ਕਾਨੂੰਨਾਂ ਤਹਿਤ ਹੋਏ ਬਦਲਾਵਾਂ ਨੂੰ ਸਾਰੇ ਥਾਣਿਆਂ ਦੇ ਸੀ.ਸੀ.ਟੀ.ਐਨ.ਐਸ ਸਾਫਟਵੇਅਰ ਵਿੱਚ ਅਪਡੇਟ ਕੀਤਾ ਜਾ ਚੁੱਕਾ ਹੈ, ਜਿਸ ਨਾਲ ਅੱਜ ਤੋਂ ਜੋ ਵੀ ਮੁਕੱਦਮੇ ਦਰਜ ਕੀਤੇ ਜਾਣਗੇ, ਉਹ ਸਿਰਫ ਨਵੇਂ ਕਾਨੂੰਨਾਂ ਤਹਿਤ ਹੀ ਦਰਜ ਕੀਤੇ ਜਾਣਗੇ, ਪ੍ਰੰਤੂ ਜੋ ਜੁਰਮ 01.07.2024 ਤੋਂ ਪਹਿਲਾਂ ਰਿਪੋਰਟ ਹੋਏ ਹਨ, ਨੂੰ ਭਾਰਤੀ ਦੰਡ ਸੰਘਤਾ, 1860 ਦੀਆਂ ਧਾਰਾਵਾਂ ਤਹਿਤ ਦਰਜ ਜਾਂ ਜੁਰਮ ਦਾ ਵਾਧਾ ਘਾਟਾ ਕੀਤੇ ਜਾਣ ਦੀ ਪ੍ਰੋਵੀਜਨ ਹੈ।

## ਕਾਤਰਾਂ

### ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ ਦਾ 'ਵਰਸਿਟੀ ਮੁਲਾਜ਼ਮਾਂ ਵੱਲੋਂ ਸਨਮਾਨ



**ਸ੍ਰੀ ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਦਾ ਪੱਕੇ ਤੌਰ 'ਤੇ ਨਿਯੁਕਤ ਹੋਏ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ ਦਾ ਯੂਨੀਵਰਸਿਟੀ ਦੇ ਮੁਲਾਜ਼ਮਾਂ ਵੱਲੋਂ ਵਿਸੇਸ ਸਨਮਾਨ ਕੀਤਾ ਗਿਆ। ਯੂਨੀਵਰਸਿਟੀ ਸਟਾਫ ਦਾ ਧੰਨਵਾਦ ਕਰਦਿਆਂ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਦੇ ਵਿਦਿਅਕ ਮਿਆਰ ਨੂੰ ਉੱਚਾ ਚੁੱਕਣ ਵਿੱਚ ਸਾਰੇ ਹੀ ਮੁਲਾਜ਼ਮ ਦਿਨ-ਰਾਤ ਇੱਕ ਕਰਕੇ ਮਿਹਨਤ ਕਰਨ ਵਿੱਚ ਆਪਣਾ ਯੋਗਦਾਨ ਅਦਾ ਕਰਨ ਤਾਂ ਜੁ ਯੂਨੀਵਰਸਿਟੀ ਨੂੰ ਹੋਰ ਤਰੱਕੀ ਦੀਆਂ ਬੁਲੰਦੀਆਂ 'ਤੇ ਪੁਚਾਇਆ ਜਾ ਸਕੇ। ਇਸ ਮੌਕੇ ਸਟਾਫ ਨੇ ਯੂਨੀਵਰਸਿਟੀ ਦੀ ਤਰੱਕੀ ਲਈ ਹਰ ਸੰਭਵ ਸਹਿਯੋਗ ਪ੍ਰਦਾਨ ਕਰਨ ਦਾ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ ਨੂੰ ਭਰੋਸਾ ਦਵਾਇਆ ਕਿ ਉਹ ਆਪਣਾ ਪੂਰਨ ਸਹਿਯੋਗ ਹਮੇਸ਼ਾ ਯੂਨੀਵਰਸਿਟੀ ਨੂੰ ਦਿੰਦੇ ਰਹਿਣਗੇ।

### ਸਾਈਬਰ ਕ੍ਰਾਈਮ ਥਾਣੇ ਦਾ ਐੱਸ ਐੱਸ ਪੀ ਵੱਲੋਂ ਉਦਘਾਟਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਜ਼ਿਲ੍ਹੇ ਵਿੱਚ ਪਹਿਲਾ ਸਾਈਬਰ ਕ੍ਰਾਈਮ ਥਾਣੇ ਦਾ ਉਦਘਾਟਨ ਮੋਗਾ ਦੇ ਐੱਸ ਐੱਸ ਪੀ ਵਿਵੇਕਸ਼ੀਲ ਸੋਨੀ ਵੱਲੋਂ ਕੀਤਾ ਗਿਆ। ਜਾਣਕਾਰੀ ਦਿੰਦਿਆਂ ਐੱਸ ਐੱਸ ਪੀ ਮੋਗਾ ਵਿਵੇਕਸ਼ੀਲ ਸੋਨੀ ਨੇ ਕਿਹਾ ਕਿ ਅੱਜ ਮੋਗਾ ਵਿੱਚ ਸਾਈਬਰ ਕ੍ਰਾਈਮ ਥਾਣੇ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਵਿੱਚ ਲੋਕਾਂ ਦੇ ਨਾਲ ਹੋਈ ਆਨਲਾਈਨ ਠੱਗੀ ਨੂੰ ਲੈ ਕੇ ਕਾਫੀ ਕੰਪਨੀਆਂ ਦੇ ਨਾਲ ਟਾਈਅੱਪ ਕੀਤਾ ਹੋਇਆ ਹੈ। ਠੱਗੀ ਮਾਰਨ ਵਾਲੇ ਦੇ ਅਕਾਊਂਟ ਨੂੰ ਫਰੀਜ਼ ਕਰ ਦਿੱਤਾ ਜਾਂਦਾ ਹੈ ਤੇ ਕੰਪਲੇਂਟ ਕਰਨ ਵਾਲੇ ਦੇ ਪੈਸੇ ਵਾਪਸ ਕਰਵਾਏ ਜਾਂਦੇ ਹਨ। ਕਾਫੀ ਕੁਝ ਨਵਾਂ ਸਿਸਟਮ ਜੋੜਿਆ ਗਿਆ ਹੈ।

# ਰੋਡ ਸੇਫ਼ਟੀ ਸੰਬੰਧੀ ਆਰ ਟੀ ਏ ਨੇ ਕੀਤੀ ਅਧਿਕਾਰੀਆਂ ਨਾਲ ਮੀਟਿੰਗ

## ਰੋਡ ਸੇਫ਼ਟੀ ਸੰਬੰਧੀ ਵੱਧ ਤੋਂ ਵੱਧ ਕੀਤਾ ਜਾਵੇ ਜਾਗਰੂਕ : ਪੂਨਮ ਸਿੰਘ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਰੋਡ ਸੇਫ਼ਟੀ ਸਬੰਧੀ ਆਮ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ ਸਬੰਧੀ ਆਰਟੀਏ ਮੈਡਮ ਪੂਨਮ ਸਿੰਘ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਆਰਟੀਏ ਮੈਡਮ ਪੂਨਮ ਸਿੰਘ ਨੇ ਮੌਜੂਦ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਰੋਡ ਸੇਫਟੀ ਦੇ ਮੱਦੇਨਜ਼ਰ ਚੁੱਕੇ ਜਾਣ ਵਾਲੇ ਵਧੀਆ ਕਦਮਾਂ, ਰੋਡ ਮੈਪ, ਸੁਝਾਅ ਤੇ ਪਲਾਨ ਤਿਆਰ ਕਰਦਿਆਂ 10 ਦਿਨਾਂ 'ਚ ਰਿਪੋਰਟ ਪੇਸ਼ ਕੀਤੀ ਜਾਵੇ। ਉਨ੍ਹਾ ਇਹ ਵੀ ਕਿਹਾ ਕਿ ਸੜਕ ਸੁਰੱਖਿਆ ਫੋਰਸ ਨੂੰ ਵੀ ਰੋਡ ਸੇਫਟੀ ਦੀ ਮੀਟਿੰਗ ਦਾ ਹਿੱਸਾ ਬਣਾਇਆ ਜਾਵੇ। ਉਨ੍ਹਾ ਪੀਆਰਟੀਸੀ ਤੇ ਪੁਲਸ ਵਿਭਾਗ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਉਹ ਰੋਡ ਸੇਫ਼ਟੀ ਸਬੰਧੀ ਸਾਂਝੇ ਤੌਰ 'ਤੇ ਜਾਗਰੂਕਤਾ ਕੈਂਪ ਲਗਾ ਕੇ ਆਮ ਲੋਕਾਂ ਨੂੰ ਵੱਧ ਤੋਂ ਵੱਧ ਜਾਣੂੰ ਕਰਵਾਉਣ।ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਹਦਾਇਤ ਕੀਤੀ ਕਿ ਸਕੂਲੀ ਵੈਨਾਂ ਦੇ ਡਰਾਈਵਰਾਂ/ਕੰਡਕਟਰਾਂ ਤੇ ਸਕੂਲੀ ਬੱਚਿਆਂ ਨੂੰ ਵੱਧ ਤੋਂ ਵੱਧ ਰੋਡ ਸੇਫ਼ਟੀ ਬਾਰੇ ਜਾਗਰੂਕ ਕੀਤਾ ਜਾਵੇ ਤੇ ਘੱਟ ਉਮਰ ਵਾਲੇ ਵਿਦਿਆਰਥੀਆਂ ਨੂੰ ਵਾਹਨ ਚਲਾਉਣ ਤੋਂ ਸਖ਼ਤੀ ਨਾਲ ਰੋਕਿਆ ਜਾਵੇ।ਨਗਰ ਨਿਗਮ ਅਧਿਕਾਰੀਆਂ ਨੂੰ ਕਿਹਾ ਕਿ ਟ੍ਰੈਫਿਕ ਲਾਈਟਾਂ, ਸੜਕਾਂ 'ਤੇ ਮਾਰਕਿੰਗ ਤੇ ਸਾਈਨ ਬੋਰਡ, ਮੇਨ ਚੌਕਾਂ 'ਚ ਸੀਸੀਟੀਵੀ ਕੈਮਰੇ ਲਗਾ ਕੇ ਉਨ੍ਹਾਂ ਨੂੰ ਚਾਲੂ ਹਾਲਤ ਵਿੱਚ ਰੱਖਣੇ ਯਕੀਨੀ ਬਣਾਏ ਜਾਣ।ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਹਿਰ ਦੀਆਂ ਸੜਕਾਂ 'ਤੇ ਪਏ ਟੋਇਆਂ ਆਦਿ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ।ਬਾਲ ਸੁਰੱਖਿਆ ਵਿਭਾਗ ਨੂੰ ਕਿਹਾ ਕਿ ਸਕੂਲ ਵਾਹਨ ਸਕੀਮ ਤਹਿਤ ਕੈਂਪ ਲਗਾ ਕੇ ਵੱਧ ਤੋਂ ਵੱਧ ਬੱਚਿਆਂ ਨੂੰ ਜਾਗਰੂਕ ਕੀਤਾ ਜਾਵੇ।

ਇਸ ਮੌਕੇ ਜ਼ਿਲ੍ਹਾ ਟਰਾਂਸਪੋਰਟ ਅਫ਼ਸਰ ਹਰਜਿੰਦਰ ਸਿੰਘ ਜੱਸਲ, ਨਿਗਰਾਨ ਇੰਜੀਨੀਅਰ ਨਗਰ ਨਿਗਮ ਰਾਜਿੰਦਰ ਕੁਮਾਰ, ਪੀਆਰਟੀਸੀ ਤੋਂ ਟਾਈਮ ਟੇਬਲ ਇੰਸਪੈਕਟਰ ਜਸਵਿੰਦਰ ਸਿੰਘ, ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਰਵਨੀਤ ਕੌਰ ਸਿੱਧੂ, ਡੀ.ਐੱਸ.ਪੀ. ਰਾਜੇਸ਼ ਕੁਮਾਰ ਤੋਂ ਇਲਾਵਾ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀ ਤੇ ਉਨ੍ਹਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

# ਸਟੀਫਨ ਇੰਟਰਨੈਸ਼ਨਲ ਸਕੂਲ ਵੱਲੋਂ ਇੰਜ. ਮਨਪ੍ਰੀਤ ਸਿੰਘ ਘੁੰਮਣ ਦਾ ਸਨਮਾਨ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਸਟੀਫਨ ਇੰਟਰਨੈਸ਼ਨਲ ਸਕੂਲ ਨੇ ਇੰਜਨੀਅਰ ਮਨਪ੍ਰੀਤ ਸਿੰਘ ਘੁੰਮਣ ਐਸ.ਡੀ.ਓ ਮੇਹਲਣ ਨੂੰ ਇੰਜਨੀਅਰਿੰਗ ਦੇ ਖੇਤਰ ਵਿਚ ਪਾਏ ਵਡਮੁੱਲੇ ਯੋਗਦਾਨ ਤੇ ਲੋਕ ਸੇਵਾ ਪ੍ਰਤੀ ਸਮਰਪਤ ਭਾਵਨਾ ਲਈ ਸਨਮਾਨਤ ਕੀਤਾ।

ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਮੋਨਿਕਾ ਸ਼ਰਮਾ ਤੇ ਚੇਅਰਮੈਨ ਸ਼੍ਰੀ ਦੀਪਕ ਗੁਪਤਾ ਨੇ ਸ਼੍ਰੀ ਘੁੰਮਣ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਅਤੇ ਉੱਤਮਤਾ ਪ੍ਰਤੀ ਵਚਨਬੱਧਤਾ ਨੂੰ ਸਵੀਕਾਰ ਕਰਦੇ ਹੋਏ ਸਨਮਾਨਤ ਕੀਤਾ।

ਸਮਾਗਮ ਵਿੱਚ ਸ੍ਰੀ ਘੁੰਮਣ ਦੀਆਂ ਪ੍ਰਾਪਤੀਆਂ ਨੂੰ ਮਾਨਤਾ ਦਿੰਦਿਆਂ ਸ੍ਰੀ ਚੰਨਦੀਪ ਮੱਲ੍ਹੀ ਤੇ ਜਸਵੀਰ ਸਿੰਘ ਨੇ ਵੀ ਸ਼ਿਰਕਤ ਕੀਤੀ।

ਸ਼੍ਰੀਮਤੀ ਸ਼ਰਮਾ ਨੇ ਸ਼੍ਰੀ ਘੁੰਮਣ ਦੇ ਕੰਮ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇੰਜਨੀਅਰ ਮਨਪ੍ਰੀਤ ਸਿੰਘ ਘੁੰਮਣ ਸਾਡੇ ਵਿਦਿਆਰਥੀਆਂ ਲਈ ਇੱਕ ਪ੍ਰੇਰਨਾ ਸਰੋਤ ਹਨ ਤੇ ਮਿਹਨਤ ਅਤੇ ਲਗਨ ਦੀ ਇੱਕ ਚਮਕਦੀ ਮਿਸਾਲ ਹਨ।

# ਚਰਨਪ੍ਰੀਤ ਸਿੰਘ ਦੇ ਪਰਵਾਰ ਨਾਲ ਡਾ. ਹਰਜੋਤ ਕਮਲ ਨੇ ਕੀਤਾ ਦੁੱਖ ਸਾਂਝਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਦੇ ਸਾਬਕਾ ਵਿਧਾਇਕ ਤੇ ਪੰਜਾਬ ਭਾਜਪਾ ਦੇ ਸੈਕਟਰੀ ਡਾ. ਹਰਜੋਤ ਕਮਲ ਸਿੰਘ ਨੇ ਮੋਗਾ ਹਲਕੇ ਦੇ ਪਿੰਡ ਕਾਹਨ ਸਿੰਘ ਵਾਲਾ, ਡਗਰੂ ਤੇ ਨਿਧਾਂਵਾਲਾ ਵਿਖੇ ਜਾ ਕੇ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ। ਬੀਤੇ ਦਿਨੀਂ ਕੈਨੇਡਾ ਦੇ ਸਰੀ ਸ਼ਹਿਰ ਵਿੱਚ ਕਾਹਨ ਸਿੰਘ ਵਾਲਾ ਪਿੰਡ ਦੇ ਨੌਜਵਾਨ ਚਰਨਪ੍ਰੀਤ ਸਿੰਘ ਦੇ ਪਰਵਾਰ ਨਾਲ ਦੁੱਖ ਸਾਂਝਾ ਕਰਦੇ ਹੋਏ ਡਾ. ਹਰਜੋਤ ਕਮਲ ਸਿੰਘ ਨੇ ਕਿਹਾ ਕਿ ਛੋਟੀ ਉਮਰ ਵਿੱਚ ਹੀ ਮਾਪਿਆਂ ਦੇ ਇਕੱਲੇ ਪੁੱਤਰ ਦਾ ਇਸ ਦੁਨੀਆ ਤੋਂ ਰੁਖਸਤ ਹੋ ਜਾਣਾ ਅਤਿਅੰਤ ਦੁੱਖਦਾਈ ਹੈ, ਜਿਸ ਨੂੰ ਸ਼ਬਦਾਂ ਵਿੱਚ ਬਿਆਨ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਪਰਿਵਾਰ ਨੂੰ ਹਰ ਤਰ੍ਹਾਂ ਦੀ ਸੰਭਵ ਮਦਦ ਦਾ ਭਰੋਸਾ ਦਿਵਾਇਆ ਤੇ ਕਿਹਾ ਕਿ ਉਹ ਹਮੇਸ਼ਾ ਪਰਵਾਰ ਨਾਲ ਇਸ ਦੁੱਖ ਦੀ ਘੜੀ ਵਿੱਚ ਖੜੇ ਰਹਿਣਗੇ। ਇਸੇ ਤਰ੍ਹਾਂ ਪਿੰਡ ਡਗਰੂ ਦੇ ਸਾਬਕਾ ਸਰਪੰਚ ਰੁਲਦੂ ਸਿੰਘ ਦੀ ਮੌਤ ਤੇ ਵੀ ਉਨ੍ਹਾਂ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਇਸੇ ਤਰ੍ਹਾਂ ਬੀਤੇ ਦਿਨੀਂ ਬਿਜਲੀ ਵਿਭਾਗ ਵਿੱਚ ਮੁਲਾਜ਼ਮ ਗੁਰਦੀਪ ਸਿੰਘ ਵਾਸੀ ਨਿਧਾਂਵਾਲਾ ਦੀ ਮੌਤ 'ਤੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇਸ ਮੌਕੇ ਸੂਰਜ ਭਾਨ ਤੇ ਸਤਨਾਮ ਸਿੰਘ ਮਹੇਸ਼ਰੀ ਵੀ ਹਾਜ਼ਰ ਸਨ।

# ਪੰਜਾਬ ਸਟੇਟ ਆਯੁਰਵੈਦ ਸੇਵਾ ਸੰਘ ਦੀ ਜ਼ਿਲ੍ਹਾ ਪੱਧਰੀ ਮੀਟਿੰਗ



**ਭੀਖੀ, (ਧਰਮਵੀਰ ਸ਼ਰਮਾ)**-ਪੰਜਾਬ ਸਟੇਟ ਆਯੁਰਵੈਦ ਸੇਵਾ ਸੰਘ ਦੀ ਜ਼ਿਲ੍ਹਾ ਪੱਧਰੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਡਾ. ਹਰਬਿਲਾਸ ਸਿੰਘ ਖੋਖਰ ਖੁਰਦ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਚੇਅਰਮੈਨ ਡਾ. ਰਣਜੀਤ ਸਿੰਘ ਸਹਾਰਨਾ ਨੇ ਮੀਟਿੰਗ ਵਿੱਚ ਆਏ ਸਾਰੇ ਸਾਥੀਆਂ ਦਾ ਸਵਾਗਤ ਕੀਤਾ। ਮੰਚ ਸੰਚਾਲਨ ਬਿੱਕਰ ਸਿੰਘ ਬੋਹਾ ਨੇ ਕੀਤਾ।ਇਸ ਮੀਟਿੰਗ ਵਿੱਚ ਜੀਵਨ ਹਸਪਤਾਲ ਮਾਨਸਾ ਦੇ ਡਾ. ਜੀਵਨ ਗਰਗ ਵਿਸੇਸ਼ ਤੌਰ 'ਤੇ ਪੁੱਜੇ।ਉਨ੍ਹਾਂ ਨਾਲ ਮੈਨੇਜਰ ਸੁਨੀਲ ਕੁਮਾਰ ਵੀ ਸਨ।ਇਸ ਮੌਕੇ ਡਾ. ਜੀਵਨ ਗਰਗ ਤੇ ਮੈਨੇਜਰ ਸੁਨੀਲ ਕੁਮਾਰ ਦਾ ਸਵਾਗਤ ਕੀਤਾ ਗਿਆ।ਮੀਟਿੰਗ ਦੌਰਾਨ ਡਾ. ਜੀਵਨ ਗਰਗ ਨੇ ਸਿਹਤ ਸਹੂਲਤਾਂ ਤੇ ਵੱਖ ਵੱਖ ਬਿਮਾਰੀਆਂ ਤੇ ਉਨ੍ਹਾਂ ਦੇ ਇਲਾਜ ਸਬੰਧੀ ਜਾਣਕਾਰੀ ਦਿੱਤੀ।ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਡਾ. ਹਰਬਿਲਾਸ ਸਿੰਘ ਨੇ ਕਿਹਾ ਕਿ ਸਮੂਹ ਸਾਥੀ ਆਪਣੇ ਤੌਰ 'ਤੇ ਸਾਫ਼ ਸੁਥਰੀ ਪ੍ਰੈਕਟਿਸ ਕਰਨ।ਉਨ੍ਹਾ ਕਿਹਾ ਕਿ ਜੇਕਰ ਕਿਸੇ ਸਾਥੀ ਨੂੰ ਕੋਈ ਦਿੱਕਤ ਪ੍ਰੇਸ਼ਾਨੀ ਆਉਂਦੀ ਹੈ ਤਾਂ ਜਥੇਬੰਦੀ ਉਨ੍ਹਾਂ ਨਾਲ ਡੱਟ ਕੇ ਖੜੇਗੀ।ਉਨ੍ਹਾ ਸਮੂਹ ਸਾਥੀਆਂ ਨੂੰ ਕਲਿਨਿਕ ਸਾਫ ਸੁਥਰੇ ਰੱਖਣ ਦੀ ਵੀ ਸਲਾਹ ਦਿੱਤੀ।ਇਸ ਮੌਕੇ ਜ਼ਿਲ੍ਹਾ ਕੈਸ਼ੀਅਰ ਡਾ. ਬਲਜੀਤ ਸਿੰਘ, ਡਾ. ਜਸਵੰਤ ਸਿੰਘ ਉੱਡਤ, ਡਾ. ਭੀਮ ਸੈਨ ਮਾਨਸਾ, ਡਾ. ਹੈਪੀ ਸਿੰਘ, ਡਾ. ਬਿੱਲੂ ਸਿੰਘ, ਡਾ. ਕੁਲਦੀਪ ਸਿੰਘ ਨੰਗਲ ਕਲਾਂ, ਡਾ. ਬਲਕੌਰ ਸਿੰਘ ਝੇਰੀਆ ਵਾਲੀ, ਡਾ. ਪਰਮਜੀਤ ਕੌਰ ਖਾਲਸਾ, ਡਾ. ਗੁਰਜੰਟ ਸਿੰਘ, ਡਾ. ਲਖਵਿੰਦਰ ਸਿੰਘ ਜਵਾਹਰਕੇ, ਡਾ. ਜੀਵਨ ਸ਼ਰਮਾ ਨੰਗਲ ਕਲਾਂ, ਡਾ. ਗੁਰਲਾਲ ਸਿੰਘ ਛੀਨਾ, ਡਾ. ਇਕਬਾਲ ਸਿੰਘ ਅੱਕਾਂਵਾਲੀ, ਡਾ. ਨਵਰੰਗ ਸਿੰਘ ਕਾਨ੍ਹੇਕੇ, ਡਾ. ਰਾਜਵੀਰ ਲਾਲੀ, ਡਾ. ਬਿੰਦਰ ਲਾਲਿਆਂਵਾਲੀ, ਡਾ. ਗੁਰਮਾਨ ਗਿੱਲ, ਡਾ. ਰਣਜੀਤ ਝੁਨੀਰ ਤੇ ਹੋਰ ਹਾਜ਼ਰ ਸਨ।

# ਪੰਜਾਬ ਸਰਕਾਰ ਵਾਅਦੇ ਕਰੇ ਪੂਰੇ, ਨਹੀਂ ਤਾਂ ਲੋਕ ਸੜਕਾਂ 'ਤੇ ਉੱਤਰਨਗੇ

**ਮਾਨਸਾ (ਆਤਮਾ ਸਿੰਘ ਪਮਾਰ)** ਗੱਜਣ ਸਿੰਘ ਟਾਂਡੀਆਂ ਭਵਨ ਵਿਖੇ ਸੀਪੀਆਈ (ਐਮ) ਦੀ ਸ਼ਹਿਰੀ ਕਮੇਟੀ ਦੀ ਮੀਟਿੰਗ ਹੋਈ, ਜਿਸ ਵਿਚ ਮਾਨਸਾ ਸ਼ਹਿਰ ਅੰਦਰ ਸੀਵਰੇਜ ਦੀ ਜੋ ਸਮੱਸਿਆ ਹੈ, ਉਸ ਸਬੰਧੀ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਾਨਸਾ ਦੇ ਲੋਕਾਂ ਨਾਲ ਕੀਤੇ ਵਾਅਦੇ ਮੁਤਾਬਕ ਸੀਵਰੇਜ ਲਾਈਨਾਂ ਦੀ ਸਫਾਈ ਨਹੀਂ ਕਰਾਈ ਗਈ, ਨਾ ਹੀ ਕੋਈ ਭਵਿੱਖ ਵਿੱਚ ਯੋਜਨਾ ਹੀ ਤਿਆਰ ਕੀਤੀ ਗਈ ਹੈ, ਜਿਸ ਨਾਲ ਮਾਨਸਾ ਦੇ ਲੋਕਾਂ ਨੂੰ ਸੀਵਰੇਜ ਦੀ ਸਮੱਸਿਆ ਤੋਂ ਨਿਜਾਤ ਦਿਵਾਈ ਜਾ ਸਕੇ।

ਪ੍ਰਸ਼ਾਸਨ ਤੇ ਪੰਜਾਬ ਸਰਕਾਰ ਦੀ ਇਸ ਵਾਅਦਾਖਿਲਾਫੀ ਕਾਰਨ ਸ਼ਹਿਰ ਵਾਸੀਆਂ ਵੱਲੋਂ ਇਕੱਠੇ ਹੋ ਕੇ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਖਿਲਾਫ ਜੋ ਵੀ ਸੰਘਰਸ਼ ਵਿੱਢਿਆ ਜਾਵੇਗਾ, ਉਸ ਵਿੱਚ ਸੀਪੀਆਈ (ਐਮ) ਦੀ ਸ਼ਹਿਰੀ ਕਮੇਟੀ ਵਧ-ਚੜ੍ਹ ਕੇ ਹਿੱਸਾ ਲਵੇਗੀ।ਸ਼ਹਿਰ ਦੇ ਸਾਰੇ ਐਂਟਰੀ ਪੁਆਇੰਟਾਂ ਦਾ ਬੁਰਾ ਹਾਲ ਹੈ।ਮਾਨਸਾ ਸ਼ਹਿਰ ਦੇ ਲੋਕਾਂ ਦੁਆਰਾ ਪੰਜਾਬ ਸਰਕਾਰ ਜ਼ਿਲ੍ਹਾ ਪ੍ਰਸ਼ਾਸਨ ਤੇ ਸੀਵਰੇਜ ਬੋਰਡ ਦੀ ਮਾੜੀ ਕਾਰਗੁਜ਼ਾਰੀ ਵਿਰੁੱਧ ਜੋ ਪਹਿਲਾਂ ਸੰਘਰਸ਼ ਵਿੱਢਿਆ ਸੀ ਤਾਂ ਧਰਨੇ 'ਚ ਪਹੁੰਚ ਕੇ ਸਰਕਾਰ ਨੇ ਜੋ ਵਾਅਦੇ ਕੀਤੇ ਸਨ, ਉਨ੍ਹਾਂ ਨੂੰ ਪੂਰਾ ਕੀਤਾ ਜਾਵੇ, ਨਹੀਂ ਤਾਂ ਲੋਕ ਫਿਰ ਤੋਂ ਸੜਕਾਂ ਤੇ ਉਤਰਨ ਲਈ ਮਜਬੂਰ ਹੋਣਗੇ।

# ਪੰਜਾਬ ਸਰਕਾਰ ਦੇ ਝੂਠੇ ਲਾਰਿਆਂ ਦੀ ਪੋਲ ਖੋਲ੍ਹਣਗੇ ਨੈਸ਼ਨਲ ਹੈਲਥ ਮਿਸ਼ਨ ਦੇ ਕ੍ਰਮਚਾਰੀ : ਅਮਰਜੀਤ ਸਿੰਘ, ਹਰਪਾਲ ਸਿੰਘ ਸੋਢੀ

**ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਆਮ ਆਦਮੀ ਪਾਰਟੀ ਦੀ ਸਰਕਾਰ ਬਣੇ ਨੂੰ ਦੋ ਸਾਲ ਤੋਂ ਉਪਰ ਦਾ ਸਮਾਂ ਹੋ ਗਿਆ ਹੈ, ਪ੍ਰੰਤੂ ਨੈਸ਼ਨਲ ਹੈਲਥ ਮਿਸ਼ਨ ਦੇ ਕ੍ਰਮਚਾਰੀ ਅਜੇ ਵੀ ਬਹੁਤ ਘੱਟ ਤਨਖਾਹਾਂ ਤੇ ਸਿਹਤ ਵਿਭਾਗ ਵਿੱਚ ਪਿਛਲੇ 10 ਤੋਂ 15 ਸਾਲਾਂ ਤੋਂ ਠੇਕੇ ਤੇ ਹੀ ਕੰਮ ਕਰ ਰਹੇ ਹਨ।ਅਜੇ ਤੱਕ ਪਹਿਲੀਆਂ ਸਰਕਾਰਾਂ ਤੋਂ ਬਾਅਦ ਮੌਜੂਦਾ ਸਰਕਾਰ ਨੇ ਇਨ੍ਹਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ, ਜਿਸ ਕਾਰਨ ਪਿਛਲੀਆਂ ਲੋਕ ਸਭਾ ਦੀਆਂ ਚੋਣਾਂ ਵਿੱਚ ਸਿਹਤ ਵਿਭਾਗ ਦੇ ਸਿਹਤ ਮੰਤਰੀ ਨੂੰ ਪਟਿਆਲਾ ਸੀਟ ਤੋਂ ਹਾਰ ਦਾ ਮੂੰਹ ਵੇਖਣਾ ਪਿਆ।

ਨੈਸ਼ਨਲ ਹੈਲਥ ਮਿਸ਼ਨ ਦੇ ਕ੍ਰਮਚਾਰੀਆਂ ਦੀਆਂ ਜਾਇਜ਼ ਮੰਗਾਂ ਜਿਸ ਤੇ ਰਾਜ ਸਰਕਾਰ ਦੇ ਫੰਡ ਵਿੱਚੋਂ ਇੱਕ ਪੰਝੀ ਨਹੀਂ ਸੀ ਪੈਣੀ, ਜਿਸ ਨਾਲ ਇਹ ਨੈਸ਼ਨਲ ਹੈਲਥ ਮਿਸ਼ਨ ਦੇ ਕ੍ਰਮਚਾਰੀਆਂ ਨੂੰ ਖੁਸ਼ ਕਰ ਸਕਦੇ ਸਨ ਪਰ ਫਿਰ ਵੀ ਮੌਜੂਦਾ ਸਰਕਾਰ ਤੋਂ ਇਹ ਵੀ ਨਹੀਂ ਹੋ ਸਕਿਆ।ਜਿੰਨੀਆਂ ਵੋਟਾਂ ਤੇ ਸਿਹਤ ਮੰਤਰੀ ਪੰਜਾਬ ਪਟਿਆਲਾ ਸੀਟ ਤੋਂ ਚੋਣਾਂ ਵਿੱਚ ਹਾਰ ਗਏ।ਉਸ ਤੋਂ ਕਈ ਗੁਣਾਂ ਵੋਟਾਂ ਨੈਸ਼ਨਲ ਹੈਲਥ ਮਿਸ਼ਨ ਦੇ ਕ੍ਰਮਚਾਰੀਆਂ ਦੇ ਹੱਥ ਵਿੱਚ ਸਨ।ਨੈਸ਼ਨਲ ਹੈਲਥ ਮਿਸ਼ਨ ਇੰਪਲਾਈਜ਼ ਯੂਨੀਅਨ ਦੇ ਸੂਬਾ ਆਗੂ ਅਮਰਜੀਤ ਸਿੰਘ ਅਤੇ ਹਰਪਾਲ ਸਿੰਘ ਸੋਢੀ ਨੇ ਦੱਸਿਆ ਕਿ ਯੂਨੀਅਨ ਦੀ ਸੂਬਾ ਕਮੇਟੀ ਦੀ ਵਰਚੂਅਲ ਮੀਟਿੰਗ ਸੂਬਾ ਪ੍ਰਧਾਨ ਡਾਕਟਰ ਵਾਹਿਦ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਫੈਸਲਾ ਲਿਆ ਹੈ ਜੇਕਰ ਇਸ ਹਫਤੇ ਮੁੱਖ ਮੰਤਰੀ, ਸਿਹਤ ਮੰਤਰੀ, ਹੈਲਥ ਸਕੱਤਰ ਅਤੇ ਮਿਸ਼ਨ ਡਾਇਰੈਕਟਰ ਐਨ ਐਚ ਐਮ ਉਨਾਂ ਨਾਲ ਮੀਟਿੰਗ ਨਹੀਂ ਕਰਦੇ ਤੇ ਉਨ੍ਹਾਂ ਦੀਆਂ ਉਹ ਮੰਗਾਂ ਜਿੱਥੇ ਸਰਕਾਰ ਦੀ ਰਾਜ ਸਰਕਾਰ ਦੇ ਫੰਡ ਵਿੱਚੋਂ ਇੱਕ ਪੰਝੀ ਨਹੀਂ ਪੈਣੀ, ਉਹ ਪੂਰੀਆਂ ਨਹੀਂ ਕਰਦੇ ਤਾਂ ਆਉਣ ਵਾਲੀਆਂ ਜਲੰਧਰ ਅਤੇ ਬਰਨਾਲਾ ਜ਼ਿਮਣੀ ਚੋਣਾਂ ਵਿੱਚ ਪੰਜਾਬ ਸਰਕਾਰ ਦੇ ਝੂਠੇ ਲਾਰਿਆਂ ਦੀ ਪੋਲ ਖੋਲਣਗੇ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਇਕੱਠ ਕਰਕੇ ਵਿਸ਼ਾਲ ਰੈਲੀਆਂ ਵੀ ਕਰਨਗੇ।ਜਿਸ ਨਾਲ ਸਰਕਾਰ ਦੀਆਂ ਦੇ ਹੱਕ ਵਿੱਚ ਪੈਣ ਵਾਲੀਆਂ ਵੋਟਾਂ ਵੀ ਪ੍ਰਭਾਵਿਤ ਹੋ ਸਕਦੀਆਂ ਹਨ।ਇਸ ਸਬੰਧੀ ਯੂਨੀਅਨ ਵੱਲੋਂ ਪੰਜਾਬ ਸਰਕਾਰ ਨੂੰ ਪੱਤਰ ਵੀ ਜਾਰੀ ਕਰ ਦਿੱਤੇ ਗਏ ਹਨ।

# ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੀ ਮੀਟਿੰਗ 'ਚ ਬੂਟੇ ਲਾਉਣ ਲਈ ਮਤਾ ਪਾਸ



**ਜਗਰਾਉਂ (ਅਮਿਤ ਖੰਨਾ)** ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੀ ਮਹੀਨਾਵਾਰੀ ਮੀਟਿੰਗ ਪ੍ਰਧਾਨ ਜਿੰਦਰ ਪਾਲ ਧੀਮਾਨ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਰਾਮਗੜ੍ਹੀਆ ਘਰ ਵਿੱਚ ਹੋਈ।ਪ੍ਰਧਾਨ ਜਿੰਦਰ ਪਾਲ ਧੀਮਾਨ ਨੇ ਕਿਹਾ ਕਿ ਮਹੀਨਾਵਾਰ ਮੀਟਿੰਗ ਕਰਨ ਦਾ ਮੁੱਖ ਮੰਤਵ ਠੇਕੇਦਾਰਾਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਹੱਲ ਕਰਨਾ ਹੁੰਦਾ ਹੈ।ਮੀਟਿੰਗ ਵਿੱਚ ਸੰਸਥਾ ਵੱਲੋਂ ਭਵਿੱਖ 'ਚ ਲਾਏ ਜਾਣ ਵਾਲੇ ਸਮਾਜ ਸੇਵੀ ਪ੍ਰੋਜੈਕਟਾਂ ਬਾਰੇ ਵੀ ਵਿਚਾਰ ਕੀਤਾ ਗਿਆ। ਐਸੋਸੀਏਸ਼ਨ ਵੱਲੋਂ ਬੂਟੇ ਲਾਉਣ ਲਈ ਵੀ ਮਤਾ ਪਾਸ ਕੀਤਾ ਗਿਆ ਤੇ ਜਗਰਾਓਂ ਵਾਸੀਆਂ ਨੂੰ ਵਾਤਾਵਰਣ ਸ਼ੁੱਧ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਾਉਣ ਦੀ ਅਪੀਲ ਕੀਤੀ ਗਈ।ਇਸ ਮੌਕੇ ਠੇਕੇਦਾਰ ਕਸ਼ਮੀਰੀ ਲਾਲ, ਠੇਕੇਦਾਰ ਗੁਰਮੇਲ ਸਿੰਘ ਢੁੱਡੀਕੇ, ਪ੍ਰਿਤਪਾਲ ਸਿੰਘ ਮਣਕੂ, ਕਰਮ ਸਿੰਘ ਜਗਦੇ, ਪ੍ਰੀਤਮ ਸਿੰਘ ਗੈਦੂ, ਪ੍ਰਧਾਨ ਜਿੰਦਰਪਾਲ ਸਿੰਘ ਧੀਮਾਨ, ਸੀਨੀਅਰ ਮੀਤ ਪ੍ਰਧਾਨ ਠੇਕੇਦਾਰ ਅਮਰਜੀਤ ਸਿੰਘ ਘਟੌੜੇ, ਸੀਨੀਅਰ ਮੀਤ ਪ੍ਰਧਾਨ ਠੇਕੇਦਾਰ ਮੰਗਲ ਸਿੰਘ ਸਿੱਧੂ, ਖ਼ਜ਼ਾਨਚੀ ਠੇਕੇਦਾਰ ਹਰਨੇਕ ਸਿੰਘ ਸੋਹੀ . ਜਰਨਲ ਸਕੱਤਰ ਜਸਪਾਲ ਸਿੰਘ ਕਲਿਆਣ , ਜਗਰੂਪ ਸਿੰਘ ਗੈਦੂ , ਜਗਦੀਸ਼ ਸਿੰਘ ਦੀਸ਼ਾ, ਪ੍ਰੀਤਮ ਸਿੰਘ ਜੰਡੂ, ਤਰਲੋਚਨ ਸਿੰਘ ਸੀਹਰਾ, ਸੁਦਾਗਰ ਸਿੰਘ ਕਲਸੀ, ਸੁਰਿੰਦਰ ਸਿੰਘ ਮਠਾੜੂ, ਨਿਰਮਲ ਸਿੰਘ ਨਿੰਮਾ, ਪੱਪੂ ਯਾਦਵ, ਭੀਮ ਸਿੰਘ, ਬਲਜੀਤ ਸਿੰਘ, ਸੁਖਵਿੰਦਰ ਸਿੰਘ ਸੀਹਰਾ, ਪ੍ਰੀਤਮ ਸਿੰਘ ਗੈਦੂ, ਹਰਜਿੰਦਰ ਸਿੰਘ ਸੋਨੂੰ, ਕੁਲਦੀਪ ਸਿੰਘ, ਬਿੱਟੂ ਰਮਨ ਕੌਂਕੇ, ਅਵਤਾਰ ਸਿੰਘ ਨੀਟਾ, ਸੋਨੀ ਸਿੰਘ, ਅਮਨਦੀਪ ਸਿੰਘ ਮਠਾੜੂ, ਬੂਟਾ ਸਿੰਘ, ਸੋਹਣ ਸਿੰਘ ਸੱਗੂ, ਰਾਜਦੀਪ ਸਿੰਘ ਰਾਜੂ, ਧਰਮ ਸਿੰਘ ਰਾਜੂ, ਬਲਜੀਤ ਸਿੰਘ ਜਗਦੇ, ਬਹਾਦੁਰ ਸਿੰਘ, ਸਤਪਾਲ ਸਿੰਘ ਮਲਕ, ਰਾਜਿੰਦਰ ਸਿੰਘ ਮਠਾੜੂ, ਕੁਲਦੀਪ ਸਿੰਘ ਸਹੋਤਾ, ਹਰਦਯਾਲ ਸਿੰਘ ਭੰਮਰਾ ਤੇ ਸਮੂਹ ਮੈਂਬਰ ਹਾਜ਼ਰ ਸਨ।

# ਸਖੀ ਵਨ ਸਟਾਪ ਸੈਂਟਰ ਵੱਲੋਂ ਸਰਹਿੰਦ ਵਿਖੇ ਜਾਗਰੂਕਤਾ ਕੈਂਪ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਡਿਪਟੀ ਕਮਿਸ਼ਨਰ ਸ੍ਰੀਮਤੀ ਪਰਨੀਤ ਸ਼ੇਰਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਖੀ ਵਨ ਸਟਾਪ ਸੈਂਟਰ ਵੱਲੋਂ ਹਬ ਫਾਰ ਇੰਪਾਵਰਮੈਂਟ ਆਫ ਵੂਮੈਨ ਦੇ ਸਹਿਯੋਗ ਨਾਲ ਦਫਤਰ ਬਾਲ ਵਿਕਾਸ ਪ੍ਰੋਜੈਕਟ ਅਫਸਰ ਸਰਹੰਦ ਵਿਖੇ ਜਾਗਰੂਕਤਾ ਪ੍ਰੋਗਰਾਮ ਕੀਤਾ ਗਿਆ। ਇਸ ਮੌਕੇ ਸੁਪਰਵਾਈਜ਼ਰਾਂ ਤੇ ਆਂਗਣਵਾੜੀ ਵਰਕਰਾਂ ਅਤੇ ਹੋਰ ਸਟਾਫ ਮੈਂਬਰ ਮੌਜੂਦ ਸਨ।ਕੈਂਪ ਦੀ ਸ਼ੁਰੂਆਤ ਵਨ ਸਟਾਪ ਸੈਂਟਰ ਦੇ ਉਦੇਸ਼ ਤੇ ਲਿੰਗ-ਅਧਾਰਤ ਹਿੰਸਾ ਤੋਂ ਪੀੜਤ ਮਹਿਲਾਵਾਂ ਨੂੰ ਤੁਰੰਤ ਸਹਾਇਤਾ ਪ੍ਰਦਾਨ ਕਰਨ ਵਿੱਚ ਇਸ ਦੀ ਭੂਮਿਕਾ ਸਬੰਧੀ ਜਾਣਕਾਰੀ ਦਿੰਦੇ ਹੋਏ ਵਨ ਸਟਾਪ ਸੈਂਟਰ ਦੀ ਇੰਚਾਰਜ ਰਜਨੀ ਬਾਲਾ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਇਸਤਰੀ ਤੇ ਬਾਲ ਵਿਕਾਸ ਮੰਤਰਾਲੇ ਅਧੀਨ ਕਿਸੇ ਵੀ ਤਰ੍ਹਾਂ ਦੀ ਹਿੰਸਾ, ਜਿਵੇਂ ਕਿ ਘਰੇਲੂ ਹਿੰਸਾ, ਤੇਜ਼ਾਬੀ ਹਮਲਾ, ਬਲਾਤਕਾਰ, ਗੈਰ-ਮਨੁੱਖੀ ਤਸਕਰੀ, ਦਹੇਜ ਪੀੜਤ ਤੇ ਛੇੜਛਾੜ ਤੋਂ ਪੀੜਤ ਮਹਿਲਾਵਾਂ (ਕਿਸੇ ਵੀ ਉਮਰ ਦੀ) ਨੂੰ ਇੱਕ ਛੱਤ ਹੇਠਾਂ ਸੇਵਾਵਾਂ, ਜਿਵੇਂ ਕਿ ਪੁਲਸ ਸਹਾਇਤਾ, ਡਾਕਟਰੀ ਸਹਾਇਤਾ, ਮਾਨਸਿਕ-ਸਮਾਜਿਕ ਕਾਉਂਸਲਿੰਗ, ਮੁਫਤ ਕਾਨੂੰਨੀ ਸਹਾਇਤਾ/ਕਾਨੂੰਨੀ ਸਲਾਹ ਮਸ਼ਵਰਾ ਅਤੇ ਪੀੜਤ ਮਹਿਲਾ ਨੂੰ ਅਸਥਾਈ ਆਸਰਾ (ਵੱਧ ਤੋਂ ਵੱਧ 5 ਦਿਨਾਂ ਲਈ) ਪ੍ਰਦਾਨ ਕਰਨ ਲਈ ਸਖੀ ਵਨ ਸਟਾਪ ਸੈਂਟਰ ਸਕੀਮ ਜਾਰੀ ਕੀਤੀ ਗਈ ਹੈ।ਸੈਂਟਰ ਇੰਚਾਰਜ ਨੇ ਦੱਸਿਆ ਕਿ ਇਨ੍ਹਾਂ ਸੈਮੀਨਾਰਾਂ ਦਾ ਉਦੇਸ਼ ਔਰਤਾਂ ਵਿਰੁੱਧ ਹਿੰਸਾ ਨੂੰ ਰੋਕਣ ਬਾਰੇ ਜਾਗਰੂਕਤਾ ਅਤੇ ਆਦਰ ਤੇ ਸੁਰੱਖਿਆ ਦਾ ਸੱਭਿਆਚਾਰ ਪੈਦਾ ਕਰਨਾ ਹੈ।ਮਹਿਲਾਵਾਂ ਨਾਲ ਹੋ ਰਹੀਆਂ ਘਰੇਲੂ ਹਿੰਸਾਵਾਂ ਨੂੰ ਰੋਕਣ ਲਈ ਇੱਕ ਚੰਗੇ ਗੁਆਢੀ ਵੱਲੋਂ ਨਿਭਾਈ ਜਾਣ ਵਾਲੀ ਭੂਮਿਕਾ ਬਾਰੇ ਵੀ ਚਰਚਾ ਕੀਤੀ ਗਈ।ਇਸ ਤੋਂ ਇਲਾਵਾ ਸੈਂਟਰ ਇੰਚਾਰਜ ਨੇ ਦੱਸਿਆ ਕਿ ਇਹ ਸੈਂਟਰ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਖੋਲ੍ਹੇ ਗਏ ਹਨ।ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿੱਚ ਇਹ ਸੈਂਟਰ ਸਿਵਲ ਹਸਪਤਾਲ ਫਤਹਿਗੜ੍ਹ ਸਾਹਿਬ ਵਿਖੇ ਖੋਲ੍ਹਿਆ ਗਿਆ ਹੈ ਤੇ ਔਰਤਾਂ ਦੀ ਸਹਾਇਤਾ ਲਈ ਸੈਂਟਰ ਨਾਲ ਸੰਪਰਕ ਕਰਨ ਲਈ ਟੈਲੀਫੋਨ ਨੰ. 01763-233054, 9988100-415, 7710758976 ਵੀ ਮੁਹੱਈਆ ਕਰਵਾਏ ਗਏ।ਇਸ ਦੇ ਨਾਲ ਹੀ ਔਰਤਾਂ ਤੇ ਬੱਚਿਆਂ ਦੀ ਸੁਰੱਖਿਆ ਲਈ ਬਣੇ ਕਾਨੂੰਨੀ ਅਧਿਕਾਰਾਂ ਪ੍ਰਤੀ ਜਾਗਰੂਕ ਕਰਵਾਉਂਦੇ ਹੋਏ ਭਾਰਤੀਆ ਨਿਆਂ ਸਹਿੰਤਾ ਐਕਟ 2023 ਸਬੰਧੀ ਜਾਣਕਾਰੀ ਦਿੱਤੀ ਗਈ ਤੇ ਐਮਰਜੈਂਸੀ ਹੈਲਪ ਲਾਇਨ ਨੰ. 181, 112 ਤੇ 1098 ਬਾਰੇ ਵੀ ਜਾਣਕਾਰੀ ਦਿੱਤੀ ਗਈ।

# 63 ਅੰਗਹੀਣਾਂ ਤੇ ਬਜ਼ੁਰਗਾਂ ਨੂੰ ਲੋੜੀਂਦਾ ਸਮਾਨ ਵੰਡਿਆ



**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ)** ਬਾਬਾ ਫ਼ਰੀਦ ਮੈਮੋਰੀਅਲ ਐਜੂਕੇਸ਼ਨ ਐਂਡ ਵੈਲਫੇਅਰ ਸੁਸਾਇਟੀ, ਫ਼ਿਜ਼ੀਕਲ ਹੈਂਡੀਕੈਪਡ ਐਸੋਸੀਏਸ਼ਨ ਤੇ ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜਨੀਅਰਿੰਗ ਟੈਕਨੋਲੋਜੀ ਵੱਲੋਂ ਮਿਲ ਕੇ ਪਿਛਲੇ ਸਮੇਂ ਅੰਗਹੀਣ ਤੇ ਬਜ਼ੁਰਗਾਂ ਨੂੰ ਲੋੜੀਂਦਾ ਸਮਾਨ ਸਬੰਧੀ ਰਜਿਸਟ੍ਰੇਸ਼ਨ ਕੀਤੀ ਗਈ ਸੀ।

ਬਾਬਾ ਫ਼ਰੀਦ ਸੰਸਥਾ ਦੇ ਪ੍ਰਧਾਨ ਕਮਲਜੀਤ ਸਿੰਘ ਵਿੱਕੀ ਨੇ ਦੱਸਿਆ ਕਿ ਸਲਾਈਟ ਲੌਂਗੋਵਾਲ ਵਿੱਚ ਕੈਂਪ ਦੇ ਰਾਹੀਂ 63 ਲੋੜਵੰਦਾਂ ਨੂੰ ਟਰਾਈ ਸਾਈਕਲ, ਸਟਿਕਸ, ਕੰਨਾਂ ਸੁਣਨ ਵਾਲੀਆਂ ਮਸ਼ੀਨਾਂ, ਬੈਟਰੀਆਂ ਵਾਲੀ ਸਕੂਟਰੀਆਂ, ਫੌੜ੍ਹੀਆਂ ਆਦਿ ਲਗਭਗ 12 ਲੱਖ ਦਾ ਸਮਾਨ ਵੰਡਿਆ ਗਿਆ, ਇੱਥੇ ਸਲਾਇਟ ਦੇ ਡੀਨ ਪ੍ਰੋਫ਼ੈਸਰ ਸੁਰੇਸ਼ ਕੁਮਾਰ, ਪ੍ਰੋਫ਼ੈਸਰ ਮਨੋਜ ਕੁਮਾਰ ਨੇ ਸਮਾਜ ਲਈ ਸਲਾਇਟ ਵੱਲੋਂ ਵੱਧ ਤੋਂ ਵੱਧ ਸਹਿਯੋਗ ਕਰਨ ਦਾ ਵਿਸ਼ਵਾਸ ਦਿਵਾਇਆ।ਇਸ ਦੇ ਨਾਲ ਫ਼ਿਜ਼ੀਕਲ ਐਸੋਸੀਏਸ਼ਨ ਦੇ ਚੇਅਰਮੈਨ ਕਸ਼ਮੀਰ ਸਿੰਘ ਸਨਵਾ, ਜਨਰਲ ਸਕੱਤਰ ਚਮਕੌਰ ਸਿੰਘ ਸ਼ਾਹਪੁਰ, ਬਲਵਿੰਦਰ ਸਿੰਘ ਢਿੱਲੋਂ, ਹਰਦੀਪ ਸਿੰਘ, ਭੋਲਾ ਸਿੰਘ ਸੰਗਰਾਮੀ, ਗੁਰਮੀਤ ਸਿੰਘ ਫੌਜੀ ਐਮ.ਸੀ, ਬਲਵੰਤ ਸਿੰਘ ਬੀਟਾ ਨੇ ਆਪਣੇ ਸੰਬੋਧਨ ਵਿੱਚ ਸਮਾਜ ਲਈ ਹੋਰ ਵਧੀਆ ਕਾਰਜ ਕਰਨ ਦਾ ਪ੍ਰਣ ਲਿਆ ਇਸ ਦੇ ਨਾਲ ਭਾਰਤ ਸਰਕਾਰ ਦਾ ਅਦਾਰਾ ਆਲਿਮਕੋ ਦੀ ਬਰਾਂਚ ਰੁਦਰਾ ਆਸਰਾ ਸੈਂਟਰ ਬਠਿੰਡਾ ਵੱਲੋਂ ਵਿਨੇ ਭਾਰਦਵਾਜ ਨੇ ਦੱਸਿਆ ਕਿ ਭਾਰਤ ਸਰਕਾਰ ਦੇ ਸਮਾਜਿਕ ਸੁਰੱਖਿਆ ਵਿਭਾਗ ਵੱਲੋਂ ਇਹ ਸਾਰਾ ਕਾਰਜ ਕਰ ਰਿਹਾ ਹੈ।

# ਸੀ ਏ ਸੁਨੀਲ ਗੁਪਤਾ ਨੂੰ ਯਸ਼ਸਵੀ ਸੀ ਏਜ਼ ਐਵਾਰਡ

## ਗੁਪਤਾ ਨੇ ਵਧਾਈ ਪੀ ਸੀ ਏ ਦੀ ਸ਼ਾਨ : ਮਹਿਤਾ

**ਬਠਿੰਡਾ (ਪਰਵਿੰਦਰ ਜੀਤ ਸਿੰਘ)** ਬਠਿੰਡਾ ਪਾਰਲੀਮੈਂਟ ਦੇ ਇੱਕ ਐਕਟ ਦੁਆਰਾ ਸਥਾਪਤ ਦਿ ਇੰਸਟੀਚਿਊਟ ਆਫ਼ ਚਾਰਟਰਡ ਅਕਾਊਂਟੈਂਟਸ ਆਫ਼ ਇੰਡੀਆ (ਆਈ.ਸੀ.ਏ.ਆਈ) ਦੀ ਸੰਸਥਾ, ਨਾਰਦਨ ਇੰਡੀਆ ਰਿਜ਼ਨਲ ਕੌਂਸਲ (ਐਨ.ਆਈ.ਆਰ.ਸੀ) ਦੁਆਰਾ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਵਿੱਤ ਸਕੱਤਰ ਸੀ.ਏ. ਸੁਨੀਲ ਗੁਪਤਾ ਨੂੰ ਯਸ਼ਸਵੀ ਸੀ.ਏਜ਼ ਐਵਾਰਡ ਨਾਲ ਸਨਮਾਨਤ ਕੀਤਾ ਗਿਆ ਹੈ।ਉਕਤ ਵੱਡਾ ਸਨਮਾਨ ਹਾਸਲ ਕਰਨ 'ਤੇ ਚਾਰਟਰਡ ਅਕਾਊਂਟੈਂਟ ਸੁਨੀਲ ਗੁਪਤਾ ਨੂੰ ਵਧਾਈ ਦਿੰਦਿਆਂ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਅਮਰਜੀਤ ਮਹਿਤਾ ਨੇ ਕਿਹਾ ਕਿ ਇਸ ਸਨਮਾਨ ਨਾਲ ਪੰਜਾਬ ਕ੍ਰਿਕਟ ਐਸੋਸੀਏਸ਼ਨ ਦਾ ਨਾਂਅ ਰੌਸ਼ਨ ਹੋਇਆ ਹੈ।ਉਨ੍ਹਾਂ ਨੇ ਇਸ ਸਨਮਾਨ ਲਈ 'ਦਿ ਇੰਸਟੀਚਿਊਟ ਆਫ ਚਾਰਟਰਡ ਅਕਾਊਂਟੈਂਟਸ ਆਫ ਇੰਡੀਆ' ਦੀ ਸੰਸਥਾ, ਨਾਰਦਨ ਇੰਡੀਆ ਰਿਜ਼ਨਲ ਕੌਂਸਲ ਦੇ ਚੇਅਰਮੈਨ ਸੀ.ਏ. ਅਭਿਨਵ ਅਗਰਵਾਲ ਅਤੇ ਸਕੱਤਰ ਸੀ.ਏ. ਨਵਿਆ ਮਲਹੋਤਰਾ ਸਮੇਤ ਸਾਰੇ ਅਹੁਦੇਦਾਰਾਂ ਦਾ ਧੰਨਵਾਦ ਕੀਤਾ ਹੈ।

ਉਨ੍ਹਾਂ ਦੱਸਿਆ ਕਿ ਉਕਤ ਸੰਸਥਾ ਦੀ ਸਥਾਪਨਾ ਭਾਰਤ ਦੀ ਸੰਸਦ ਦੇ ਐਕਟ ਰਾਹੀਂ ਕੀਤੀ ਗਈ ਹੈ, ਜਿਸ ਵੱਲੋਂ ਇਸ ਦੇ 76ਵੇਂ ਸਥਾਪਨਾ ਦਿਵਸ ਮੌਕੇ 29 ਜੂਨ ਨੂੰ ਇੰਦਰਾ ਗਾਂਧੀ ਸਟੇਡੀਅਮ ਨਵੀਂ ਦਿੱਲੀ ਵਿਖੇ ਯਸ਼ੋਤਸਵ ਸਮਾਗਮ ਕਰਾਇਆ ਗਿਆ, ਜਿਸ ਵਿੱਚ ਸੀ.ਏ. ਸੁਨੀਲ ਗੁਪਤਾ ਨੂੰ ਯਸ਼ਸਵੀ ਸੀ.ਏਜ਼ ਦਾ ਪੁਰਸਕਾਰ ਦਿੱਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸੀ.ਏ. ਸੁਨੀਲ ਗੁਪਤਾ ਰਾਜ ਯੋਜਨਾ ਬੋਰਡ ਪੰਜਾਬ ਦੇ ਉਪ ਚੇਅਰਮੈਨ ਵਜੋਂ ਕੰਮ ਕਰ ਰਹੇ ਹਨ ਤੇ ਉਹ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਵਿੱਤ ਸਕੱਤਰ ਵਜੋਂ ਵੀ ਸੇਵਾਵਾਂ ਨਿਭਾਅ ਰਹੇ ਹਨ।

ਉਨ੍ਹਾਂ ਦੱਸਿਆ ਕਿ ਚਾਰਟਰਡ ਅਕਾਊਂਟੈਂਟਸ ਦੀ ਪ੍ਰਸਿੱਧ ਸੰਸਥਾ ਨਾਰਦਰਨ ਇੰਡੀਆ ਰੀਜਨਲ ਕੌਂਸਲ ਆਪਣੇ ਕੈਰੀਅਰ ਤੇ ਸਮਾਜ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹੋਏ ਇਮਾਨਦਾਰੀ ਨਾਲ ਕੰਮ ਕਰਨ ਵਾਲੇ ਚਾਰਟਰਡ ਅਕਾਊਂਟੈਂਟਸ ਨੂੰ ਉਪਰੋਕਤ ਸਨਮਾਨ ਦਿੰਦੀ ਹੈ ਤੇ ਉਪਰੋਕਤ ਐਵਾਰਡ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਵਿੱਤ ਸਕੱਤਰ ਸੀ.ਏ. ਸੁਨੀਲ ਗੁਪਤਾ ਨੂੰ ਦਿੱਤਾ ਗਿਆ।

ਸ੍ਰੀ ਅਮਰਜੀਤ ਮਹਿਤਾ ਨੇ ਕਿਹਾ ਕਿ ਚਾਰਟਰਡ ਅਕਾਊਂਟੈਂਟ ਸੁਨੀਲ ਗੁਪਤਾ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਵਿੱਤ ਸਕੱਤਰ ਵਜੋਂ ਇਮਾਨਦਾਰੀ ਨਾਲ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ।

# ਯਮਲਾ ਜੱਟ ਯਾਦਗਾਰੀ ਮੇਲੇ 'ਤੇ ਪ੍ਰੋਫੈਸਰ ਭੋਲਾ ਯਮਲਾ ਸਨਮਾਨਤ



**ਮੁਕਤਸਰ (ਸ਼ਮਿੰਦਰਪਾਲ /ਪੂਜਾ )**-ਪੰਜਾਬੀ ਗਾਇਕੀ ਦੇ ਬਾਬਾ ਬੋਹੜ ਮਰਹੂਮ ਉਸਤਾਦ ਲਾਲ ਚੰਦ ਯਮਲਾ ਜੱਟ ਨੂੰ ਸਮਰਪਿਤ ਹਜ਼ਰਤ ਪੀਰ ਕਟੋਰੇ ਸ਼ਾਹ ਦਾ ਸਲਾਨਾ ਮੇਲਾ ਉਸਤਾਦ ਲਾਲ ਯਮਲਾ ਜੱਟ ਸੱਭਿਆਚਾਰਕ ਸੋਸਾਇਟੀ ਰਜਿ. ਵਲੋਂ 15 ਹਾੜ੍ਹ 28 ਜੂਨ ਨੂੰ ਡੇਰਾ ਉਸਤਾਦ ਲਾਲ ਚੰਦ ਯਮਲਾ ਜੱਟ ਲੁਧਿਆਨਾ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਗਿਆ। ਝੰਡੇ ਦੀ ਰਸਮ ਤੋਂ ਬਾਅਦ ਸੰਸਾਰ ਪ੍ਰਸਿੱਧ ਕਲਾਕਾਰ, ਰਾਜਨੀਤਿਕ ਹਸਤੀਆਂ ਸਮਾਜ ਸੇਵੀ ਅਤੇ ਬੁੱਧੀਜੀਵੀ ਲੋਕ ਉਸਤਾਦ ਲਾਲ ਚੰਦ ਯਮਲਾ ਜੱਟ ਦੇ ਡੇਰੇ 'ਤੇ ਨਤਮਸਤਕ ਹੋਏ। ਇਸ ਦੌਰਾਨ ਪੰਜਾਬ ਰਾਜ ਦੇ ਦਰਬਾਰੀ ਗਾਇਕ ਬਾਈ ਭੋਲਾ ਯਮਲਾ ਨੂੰ ਵਿਸ਼ੇਸ਼ ਸਨਮਾਨਤ ਕੀਤਾ ਗਿਆ। ਸਨਮਾਨ ਦੇਣ ਦੀ ਰਸਮ ਪ੍ਰਬੰਧਕ ਕਮੇਟੀ ਦੇ ਆਗੂ ਕਸ਼ਮੀਰਾ ਯਮਲਾ, ਸੁਰੇਸ਼ ਯਮਲਾ, ਸਵਰਨ ਯਮਲਾ, ਸੁਖਜਿੰਦਰ ਸਿੰਘ ਪਾਰਸ, ਚੰਦ ਸਿੰਘ ਧਾਲੀਵਾਲ, ਗੋਲਡੀ ਯਮਲਾ, ਸਤਪਾਲ ਸਿੰਘ ਸੋਖਾ ਹੋਰਾਂ ਨੇ ਅਦਾ ਕੀਤੀ। ਇਸ ਮੌਕੇ ਪ੍ਰੋਫੈਸਰ ਭੋਲਾ ਯਮਲਾ ਨੇ ਆਪਣੇ ਪ੍ਰਸਿੱਧ ਗੀਤ ਰੋਟੀ ਗਰਮ ਤੇ ਰੋਟੀ ਨਰਮ ਮਿਲਦੀ ਕਰਮਾਂ ਵਾਲਿਆਂ ਨੂੰ, ਯਮਲਿਆ ਤੇਰੀ ਤੂੰਬੀ ਛੱਡ ਕੇ ਰਫਲਾਂ ਚੱਕਲੀਆਂ ਗਾਇਕਾਂ ਨੇ,ਲਾਲ ਬਾਦਸ਼ਾਹ ਸਭ ਨੂੰ ਬਣਾ ਦੇ ਬਾਦਸ਼ਾਹ ਆਦਿ ਗੀਤ ਗਾ ਕੇ ਖੂਬ ਰੰਗ ਬੰਨ੍ਹਿਆ।ਇਸ ਮੌਕੇ ਵਿਧਾਇਕ ਗੁਰਪ੍ਰੀਤ ਸਿੰਘ ਗੋਗੀ, ਬੀਬਾ ਸਰਬਜੀਤ ਯਮਲਾ ਚਿਮਟੇਵਾਲੀ, ਸਾਈਂ ਬਲਕਾਰ ਸ਼ਾਹ ਕਾਦਰੀ ਪ੍ਰਧਾਨ ਫਕੀਰ ਸਭਾ ਪੰਜਾਬ, ਸਰਪ੍ਰਸਤ ਸਾਈ ਮਦਨ ਸ਼ਾਹ, ਜੋਗਿੰਦਰ ਪਾਲ ਮਾਂਡੀ, ਗਾਇਕ ਰਣਜੀਤ ਮਣੀ, ਸੁਰੇਸ਼ ਯਮਲਾ, ਪ੍ਰੀਤ ਪਾਰਸ, ਰਮੇਸ਼ ਲੁਧਿਆਣਵੀ, ਸੁਖਜਿੰਦਰ ਸਿੰਘ ਪਾਰਸ, ਸਵਰਨ ਯਮਲਾ, ਸੁਖਜਿੰਦਰ ਯਮਲਾ, ਆਤਮਾ ਬੁੱਢੇਵਾਲੀਆ, ਸਿਮਰਨ ਸਿਮੀ, ਚੰਦ ਸਿੰਘ ਧਾਲੀਵਾਲ, ਪ੍ਰਗਟ ਭੁੱਲਰ, ਸਤਪਾਲ ਸੋਖਾ, ਡੀ.ਸੋਖਾ, ਮੋਹਨ ਭਾਮੀਆ, ਸੁੱਖ ਚਮਕੀਲਾ, ਜਸਬੀਰ ਜੱਸ, ਅਮਰੀਕ ਸਿੰਘ ਗਾਜੀ ਨੰਗਲ, ਬੱਬਲ ਲੁਧਿਆਣਾ, ਬੂਟਾ ਪਹਿਲਵਾਨ, ਸਾਬਕਾ ਕੌਂਸਲਰ ਹੰਸ ਰਾਜ ਜੱਸਾ ,ਪੱਤਰਕਾਰ ਹਰੀਦਤ ਸ਼ਰਮਾ, ਨਰਿੰਦਰ ਨੂਰ, ਕਾਕਾ ਯਮਲਾ, ਕਾਲਾ ਯਮਲਾ ਸਮੇਤ ਸੰਤ ਫ਼ਕੀਰ ਤੇ ਪਤਵੰਤੇ ਸੱਜਣ ਹਾਜ਼ਰ ਸਨ। ਮੰਚ ਸੰਚਾਲਨ ਦੀ ਭੂਮਿਕਾ ਮੋਹਨ ਭਾਮੀਆਂ ਨੇ ਨਿਭਾਈ। ਗੁਰੂ ਕਾ ਲੰਗਰ ਅਟੁੱਟ ਵਰਤਿਆ।

4-July-PAGE-11-Majha-24.qxd 7/3/2024 10:44 PM Page 1



# ਕੈਬਨਿਟ ਮੰਤਰੀ ਧਾਲੀਵਾਲ ਨੇ ਵਾਤਾਵਰਨ ਸੰਭਾਲ ਦਾ ਮੋਰਚਾ ਸੰਭਾਲਿਆ

## ਅਜਨਾਲੇ ਨੂੰ ਜਾਂਦੀਆਂ ਸੜਕਾਂ 'ਤੇ ਰੁੱਖ ਲਗਾਉਣ ਦੀ ਕੀਤੀ ਸ਼ੁਰੂਆਤ



ਅਜਨਾਲਾ (**ਸੁਖਤਿੰਦਰ ਸਿੰਘ ਰਾਜੂ**)– ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਵਾਤਾਵਰਨ ਸੰਭਾਲ ਦਾ ਮੋਰਚਾ ਸਾਂਭਦੇ ਹੋਏ ਅਜਨਾਲੇ ਨੂੰ ਫਤਿਹਗੜ੍ਹ ਚੂੜੀਆਂ ਨਾਲ ਮਿਲਾਉਂਦੀ ਸੜਕ ਉੱਤੇ ਬੂਟੇ ਲਗਾਉਣ ਦੀ ਸ਼ੁਰੂਆਤ ਕੀਤੀ।ਇਸ ਮੌਕੇ ਉਨਾਂ ਨੇ ਜੰਗਲਾਤ ਅਤੇ ਸਿਵਲ ਅਧਿਕਾਰੀਆਂ ਦੇ ਨਾਲ ਇਹ ਮੁਹਿੰਮ ਸ਼ੁਰੂ ਕਰਦੇ ਐਲਾਨ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਹਵਾਈ ਅੱਡਾ ਰੋਡ ਉਪਰ ਭੱਲਾ ਪਿੰਡ ਤੋਂ ਰਮਦਾਸ ਤੱਕ ਸੜਕ ਉਤੇ ਰੁੱਖ ਲਗਾਏ ਜਾਣਗੇ ਅਤੇ ਇਸੇ ਤਰ੍ਹਾਂ ਅਜਨਾਲਾ ਸ਼ਹਿਰ ਵਿੱਚ ਨਗਰ ਕੌਂਸਲ ਅਜਨਾਲਾ ਦੀ ਮਦਦ ਦੇ ਨਾਲ ਖਾਲੀ ਥਾਵਾਂ ਉਤੇ 5000 ਦੇ ਕਰੀਬ ਰੁੱਖ ਲਾਏ ਜਾਣਗੇ।

ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਕੋਈ ਵੀ ਵਿਅਕਤੀ ਜੋ ਜਨਤਕ ਥਾਵਾਂ ਉਤੇ ਲੱਗੇ ਰੁੱਖਾਂ ਦਾ ਨੁਕਸਾਨ ਕਰੇਗਾ ਵਿਰੁੱਧ ਜੰਗਲਾਤ ਵਿਭਾਗ ਵੱਲੋਂ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਅਜਨਾਲਾ ਵਿਖੇ ਬੂਟੇ ਲਗਾਉਣ ਦੀ ਸ਼ੁਰੂਆਤ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਵਾਤਾਵਰਨ ਸੰਭਾਲ ਦਾ ਮੁੱਦਾ ਇਸ ਵੇਲੇ ਦੁਨੀਆਂ ਭਰ ਵਿੱਚ ਸਭ ਤੋਂ ਗੰਭੀਰ ਮੁੱਦਾ ਹੈ ਅਤੇ ਜੇਕਰ ਅਸੀਂ ਅੱਜ ਨਾ ਸੰਭਲੇ ਤਾਂ ਬਹੁਤ ਦੇਰ ਹੋ ਜਾਵੇਗੀ।ਉਨ੍ਹਾਂ ਕਿਹਾ ਕਿ ਵਾਤਾਵਰਨ ਨੂੰ ਸੰਭਾਲਣ ਲਈ ਸਭ ਤੋਂ ਵੱਡਾ ਯੋਗਦਾਨ ਰੁੱਖਾਂ ਦਾ ਹੈ ਅਤੇ ਅਸੀਂ ਇਸ ਸੋਚ ਨੂੰ ਧਿਆਨ ਵਿੱਚ ਰੱਖ ਕੇ ਅਜਨਾਲਾ ਨੂੰ ਆਉਂਦੇ ਸਾਰੇ ਰਾਹਾਂ ਉਤੇ ਪੰਜਾਬ ਦੇ ਰਵਾਇਤੀ ਰੁੱਖ ਜਿਨ੍ਹਾਂ ਵਿੱਚ ਬੋਹੜ, ਪਿੱਪਲ, ਨਿੰਮ ਆਦਿ ਸ਼ਾਮਿਲ ਹਨ, ਲਗਾਏ ਜਾਣਗੇ ਜੋ ਕਿ ਲੰਮੇ ਸਮੇਂ ਤੱਕ ਮਨੁੱਖਤਾ ਦੀ ਸੇਵਾ ਕਰਦੇ ਰਹਿੰਦੇ ਹਨ।ਇਸ ਮੌਕੇ ਡੀਐਫਓ ਅਵਨੀਤ ਸਿੰਘ, ਐਸਡੀਐਮ ਅਰਵਿੰਦਰ ਪਾਲ ਸਿੰਘ, ਰੇਂਜ ਅਫਸਰ ਪ੍ਰਕਾਸ਼ ਸਿੰਘ ਅਜਨਾਲਾ, ਰਾਜਬੀਰ ਸਿੰਘ ਬਲਾਕ ਅਫਸਰ ਰਮਦਾਸ, ਦਿਲਪ੍ਰੀਤ ਕੌਰ ਇੰਚਾਰਜ ਅਜਨਾਲਾ, ਗੁਲਰਾਜ ਸਿੰਘ ਕਮਾਲਪੁਰ, ਅਮਿਤ ਔਲ, ਡੀਐਸਪੀ ਰਾਜ ਕੁਮਾਰ, ਜਸਪਾਲ ਢਿਲੋਂ, ਗੁਰਜੰਟ ਸਿੰਘ ਸੋਹੀ, ਅਮਿਤ ਪੁਰੀ, ਅਜੇ ਕੁਮਾਰ, ਗੁਰਿੰਦਰ ਸਿੰਘ ਗੁੱਜਰਪੁਰਾ, ਦੀਪਕ ਕੁਮਾਰ ਭੱਟੀ, ਗੁਰਨਾਮ ਸਿੰਘ, ਸੁੱਖਦਿਆਲ ਸਿੰਘ ਭੱਖਾ, ਮੈਡਮ ਗੀਤਾ ਗਿੱਲ, ਸੁਨੀਲ ਗਿੱਲ, ਗੁਰਦੇਵ ਸਿੰਘ, ਸ਼ਮਸ਼ੇਰ ਸਿੰਘ ਸ਼ੇਰਾ, ਅਮਰਦੀਪ ਸਿੰਘ ਰਿੰਕੂ, ਗੋਰਾ ਸੱਗੂ, ਰਸ਼ਪਾਲ ਸਿੰਘ ਅਤੇ ਕੋਟਲਾ ਕਾਜ਼ੀਆਂ ਆਦਿ ਹਾਜ਼ਰ ਸਨ।

# ਐਕਸੀਅਨ ਦਿਲਪ੍ਰੀਤ ਸਿੰਘ ਨੇ ਡੀ ਸੀ ਉੱਪਲ ਨੂੰ ਸੌਂਪੀ ਫਲੱਡ ਗਾਈਡ ਬੁੱਕ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪੰਜਾਬ ਸਰਕਾਰ ਦੇ ਜਲ ਸਰੋਤ ਵਿਭਾਗ ਵੱਲੋਂ ਸੰਭਾਵਿਤ ਹੜ੍ਹਾਂ ਸਬੰਧੀ ਇੱਕ ਫਲੱਡ ਗਾਈਡ ਬੁੱਕ ਜਾਰੀ ਕੀਤੀ ਗਈ ਹੈ, ਜਿਸ ਵਿੱਚ ਹੜ੍ਹਾਂ ਦੀ ਰੋਕਥਾਮ ਸਬੰਧੀ ਲੋੜੀਂਦੀ ਸੂਚਨਾ ਸ਼ਾਮਿਲ ਕੀਤੀ ਗਈ ਹੈ।ਇਹ ਫਲੱਡ ਗਾਈਡ ਬੁੱਕ ਜਲ ਸਰੋਤ ਵਿਭਾਗ ਦੇ ਐਕਸੀਅਨ ਦਿਲਪ੍ਰੀਤ ਸਿੰਘ ਵੱਲੋਂ ਡਿਪਟੀ ਕਮਿਸ਼ਨਰ ਅਦਿੱਤਿਆ ਉਪਲ ਨੂੰ ਉਨ੍ਹਾਂ ਦੇ ਦਫ਼ਤਰ ਵਿਖੇ ਸੌਂਪੀ ਗਈ।

ਐਕਸੀਅਨ ਦਿਲਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਫਲੱਡ ਗਾਈਡ ਬੁੱਕ ਵਿੱਚ ਜ਼ਿਲ੍ਹਾ ਪ੍ਰਸ਼ਾਸਨ, ਵੱਖ-ਵੱਖ ਜ਼ਿਲ੍ਹਿਆਂ ਦੇ ਮੁਖੀਆਂ ਅਤੇ ਹੜ੍ਹਾਂ ਦੌਰਾਨ ਲੋੜੀਂਦੀ ਮਸ਼ੀਨਰੀ, ਲੇਬਰ ਦੇ ਵੈਂਡਰਾਂ ਆਦਿ ਦੇ ਨੰਬਰ ਸ਼ਾਮਲ ਕੀਤੇ ਗਏ ਹਨ ਤਾਂ ਜੋ ਲੋੜ ਪੈਣ 'ਤੇ ਉਨ੍ਹਾਂ ਨਾਲ ਰਾਬਤਾ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਇਸ ਗਾਈਡ ਬੁੱਕ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੀ ਹੜ੍ਹ ਰੋਕੂ ਪ੍ਰਬੰਧਾਂ ਬਾਰੇ ਜਾਣਕਾਰੀ ਅਤੇ ਵੱਖ-ਵੱਖ ਵਿਭਾਗਾਂ ਦੇ ਲੋੜੀਂਦੇ ਸੰਪਰਕ ਨੰਬਰ ਸ਼ਾਮਲ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਸੰਭਾਵੀ ਹੜ੍ਹਾਂ ਦੇ ਖ਼ਤਰੇ ਨੂੰ ਟਾਲਣ ਵਿੱਚ ਇਹ ਫਲੱਡ ਗਾਈਡ ਬੁੱਕ ਅਹਿਮ ਸਹਾਈ ਹੋਵੇਗੀ।

# ਲੋਕ ਗਾਇਕਾ ਗੁਰਮੀਤ ਬਾਵਾ ਦੇ ਪਰਿਵਾਰ ਨੂੰ ਇੱਕ ਲੱਖ ਦੀ ਸਹਾਇਤਾ

## * ਬਾਵਾ ਦੀਆਂ ਦੁਕਾਨਾਂ 'ਤੇ ਕੀਤੇ ਨਾਜਾਇਜ਼ ਕਬਜ਼ੇ ਛੱਡਣ ਦੁਕਾਨਦਾਰ : ਧਾਲੀਵਾਲ

ਅੰਮ੍ਰਿਤਸਰ (**ਨਰਿੰਦਰਜੀਤ ਸਿੰਘ**)– ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬ ਦੀ ਪ੍ਰਸਿੱਧ ਗਾਇਕਾ ਗੁਰਮੀਤ ਬਾਵਾ ਦੇ ਪਰਿਵਾਰ ਜਿਸ ਵਿੱਚ ਉਨ੍ਹਾਂ ਦੀ ਧੀ ਗਲੋਰੀ ਬਾਵਾ ਸ਼ਾਮਿਲ ਹੈ, ਨੂੰ ਆਪਣੀ ਤਨਖਾਹ ਵਿਚੋਂ ਇੱਕ ਲੱਖ ਰੁਪਏ ਪਰਿਵਾਰ ਦੇ ਪਾਲਣ ਪੋਸ਼ਣ ਲਈ ਦਿੱਤੇ।ਇਸ ਮੌਕੇ ਉਨ੍ਹਾਂ ਨੇ ਰੈੱਡ ਕਰਾਸ ਅੰਮ੍ਰਿਤਸਰ ਵੱਲੋਂ ਵੀ ਇੱਕ ਲੱਖ ਰੁਪਏ ਦਾ ਚੈੱਕ ਪਰਿਵਾਰ ਨੂੰ ਸੌਂਪਿਆ।

ਇਸ ਮੌਕੇ ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਅਤੇ ਹੋਰ ਅਧਿਕਾਰੀ ਵੀ ਉਨ੍ਹਾਂ ਨਾਲ ਸਨ।ਲੋਕ ਗਾਇਕਾ ਗੁਰਮੀਤ ਬਾਵਾ ਦੇ ਘਰ ਪਹੁੰਚੇ ਧਾਲੀਵਾਲ ਨੇ ਪਰਿਵਾਰ ਨੂੰ ਵਿੱਤੀ ਯੋਗਦਾਨ ਦਿੰਦੇ ਹੋਏ ਬੜੇ ਦੁਖੀ ਮਨ ਨਾਲ ਕਿਹਾ ਕਿ ਸਾਡੀ ਉਹ ਗਾਇਕਾ ਜਿਸ ਨੇ ਪੰਜਾਬੀ ਬੋਲੀ ਅਤੇ ਸੱਭਿਆਚਾਰ ਨੂੰ ਵਿਸ਼ਵ ਦੇ ਕੋਨੇ-ਕੋਨੇ ਵਿੱਚ ਪਹੁੰਚਾਇਆ, ਦੇ ਘਰੇਲੂ ਹਾਲਾਤ ਕੁਝ ਕੁਦਰਤੀ ਕਾਰਨਾਂ ਕਰਨ ਇੰਨੇ ਖਰਾਬ ਹੋ ਗਏ ਕਿ ਉਨ੍ਹਾਂ ਦੀ ਧੀ ਗਲੋਰੀ ਬਾਵਾ ਨੇ ਸੋਸ਼ਲ ਮੀਡੀਆ ਉਤੇ ਇਸ ਗੱਲ ਦਾ ਜ਼ਿਕਰ ਕੀਤਾ ਜਿਸ ਨੂੰ ਪੜ੍ਹ ਕੇ ਮੇਰੀਆਂ ਅੱਖਾਂ ਵਿੱਚ ਹੰਝੂ ਆ ਗਏ ਅਤੇ ਮੈਂ ਅੱਜ ਪਰਿਵਾਰ ਦਾ ਸਾਥ ਦੇਣ ਲਈ ਅੱਗੇ ਆਇਆਂ, ਪਰ ਇੱਥੇ ਆ ਕੇ ਇਹ ਸੁਣ ਕੇ ਮਨ ਹੋਰ ਵੀ ਦੁਖੀ ਹੋਇਆ ਕਿ ਪਰਿਵਾਰ ਦੀਆਂ ਪੰਜ ਦੁਕਾਨਾਂ ਜੋ ਕਿ ਇਨ੍ਹਾਂ ਦੀ ਰੋਜ਼ੀ-ਰੋਟੀ ਦਾ ਸਾਧਨ ਹਨ, ਉਤੇ ਵੀ ਕੁਝ ਲੋਕਾਂ ਨੇ ਨਜਾਇਜ਼ ਕਬਜ਼ਾ ਕੀਤਾ ਹੋਇਆ ਹੈ।ਉਹ ਲੋਕ ਨਾ ਤਾਂ ਕਿਰਾਇਆ ਦੇ ਰਹੇ ਹਨ ਅਤੇ ਨਾ ਹੀ ਦੁਕਾਨਾਂ ਖਾਲੀ ਕਰ ਰਹੇ ਹਨ।

ਧਾਲੀਵਾਲ ਨੇ ਕਿਹਾ ਕਿ ਗੁਰੂ ਨਾਨਕ ਸਾਹਿਬ ਦੇ ਫਲਸਫੇ ਉਤੇ ਚੱਲਣ ਵਾਲੇ ਪੰਜਾਬੀ ਅਤੇ ਬਾਬੇ ਬੁੱਲ੍ਹੇ ਸ਼ਾਹ ਦੇ ਪੰਜਾਬ ਦੇ ਵਾਸੀ ਪੰਜਾਬੀ ਅੱਜ ਕਿਹੜੇ ਰਾਹ ਪੈ ਗਏ ਕਿ ਆਪਣੇ ਹੀ ਲੋਕਾਂ ਦੀਆਂ ਜਾਇਦਾਦਾਂ ਉਤੇ ਕਬਜ਼ੇ ਕਰ ਰਹੇ ਹਨ।ਉਹ ਬੱਚੀ ਜੋ ਕਿ ਆਪਣੀ ਭੈਣ ਡੌਲੀ ਦੀ ਮੌਤ ਤੋਂ ਬਾਅਦ ਦੋ ਪਰਿਵਾਰਾਂ ਦਾ ਪਾਲਣ ਪੋਸ਼ਣ ਕਰ ਰਹੀ ਹੈ ਅਤੇ ਇਹ ਦੁਕਾਨਾਂ ਦੀ ਆਮਦਨ ਉਸ ਦਾ ਗੁਜ਼ਾਰਾ ਕਰ ਸਕਦੀ ਹੈ, ਵੀ ਅਸੀਂ ਦੇਣ ਨੂੰ ਤਿਆਰ ਨਹੀਂ।ਉਨ੍ਹਾਂ ਨੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਭਲਮਾਨਸੀ ਨਾਲ ਇਹ ਦੁਕਾਨਾਂ ਦਾ ਕਿਰਾਇਆ ਦੇਣਾ ਸ਼ੁਰੂ ਕਰਨ ਜਾਂ ਦੁਕਾਨਾਂ ਖਾਲੀ ਕਰਨ ਨਹੀਂ ਤਾਂ ਉਨ੍ਹਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ।

ਸ. ਧਾਲੀਵਾਲ ਨੇ ਇਸ ਮੌਕੇ ਪੰਜਾਬ ਦੇ ਗਾਇਕਾਂ ਖਾਸ ਕਰਕੇ ਨਵੇਂ ਪੀੜ੍ਹੀ ਦੇ ਗਾਇਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਗੁਰਮੀਤ ਬਾਵਾ ਦੇ ਪਰਿਵਾਰ ਦਾ ਖੁੱਲ੍ਹ ਕੇ ਸਾਥ ਦੇਣ ਤਾਂ ਜੋ ਪਰਿਵਾਰ ਨੂੰ ਇਸ ਔਖੀ ਘੜੀ ਵਿੱਚੋਂ ਬਾਹਰ ਕੱਢਿਆ ਜਾ ਸਕੇ।ਇਸ ਮੌਕੇ ਐੱਸ. ਡੀ. ਐੱਮ. ਲਾਲ ਵਿਸ਼ਵਾਸ, ਡੀ. ਸੀ. ਪੀ. ਆਲਮ ਸਿੰਘ, ਜ਼ਿਲਾ ਪ੍ਰਧਾਨ ਆਮ ਆਦਮੀ ਪਾਰਟੀ ਮਨੀਸ਼ ਅਗਰਵਾਲ, ਅਰਵਿੰਦਰ ਭੱਟੀ ਅਤੇ ਰੈੱਡ ਕਰਾਸ ਦੇ ਸਕੱਤਰ ਸੈਮਸਨ ਮਸੀਹ ਵੀ ਹਾਜ਼ਰ ਸਨ।

# ਸਰਕਾਰੀ ਬਹੁ-ਤਕਨੀਕੀ ਕਾਲਜ ਦੀਨਾਨਗਰ 'ਚ ਦਾਖਲਾ ਸ਼ੁਰੂ

## * ਪਹਿਲੇ ਰਾਊਂਡ ਦੀ ਆਨਲਾਈਨ ਰਜਿਸਟ੍ਰੇਸ਼ਨ ਭਲਕ ਤੱਕ

ਗੁਰਦਾਸਪੁਰ (ਬਲਵਿੰਦਰ ਸਿੰਘ ਬਿੱਲਾ)-ਸਰਕਾਰੀ ਬਹੁ-ਤਕਨੀਕੀ ਕਾਲਜ ਦੀਨਾਨਗਰ ਵਿਖੇ ਸੈਸ਼ਨ 2024-25 ਦੇ ਦਾਖਲਿਆਂ ਲਈ ਪਹਿਲੇ ਰਾਊਂਡ ਦੀ ਰਜਿਸਟ੍ਰੇਸ਼ਨ ਸ਼ੁਰੂ ਹੋ ਚੁੱਕੀ ਹੈ। ਇਸ ਕਾਲਜ ਵਿਖੇ ਪੰਜਾਬ ਰਾਜ ਤਕਨੀਕੀ ਸਿੱਖਿਆ ਬੋਰਡ, ਚੰਡੀਗੜ੍ਹ ਦੇ ਦਾਖਲਾ ਸ਼ਡਿਊਲ ਅਨੁਸਾਰ ਪਹਿਲੇ ਰਾਊਂਡ ਦੀ ਆਨਲਾਈਨ ਰਜਿਸਟ੍ਰੇਸ਼ਨ ਦੀ ਆਖਰੀ ਮਿਤੀ 5 ਜੁਲਾਈ ਹੈ। ਕਾਲਜ ਪ੍ਰਿੰ. ਇੰਜ: ਵਿਜੈ ਥਾਪਾ ਨੇ ਦੱਸਿਆ ਕਿ ਇਹ ਕਾਲਜ ਪਿਛਲੇ ਸਾਲ ਤੋਂ ਕੋ-ਐਡ ਹੋ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਕਾਲਜ ਵੱਲੋਂ ਵਿਦਿਆਰਥੀਆਂ ਅਤੇ ਮਾਪਿਆਂ ਦੀ ਸਹੂਲਤ ਲਈ ਕਾਲਜ ਵਿਚ ਦਾਖਲਾ ਸੈੱਲ ਦਾ ਗਠਨ ਕੀਤਾ ਗਿਆ ਹੈ, ਜਿਸ ਦਾ ਉਦੇਸ਼ ਵਿਦਿਆਰਥੀਆਂ ਦੀ ਦਾਖਲੇ ਲਈ ਰਜਿਸਟ੍ਰੇਸ਼ਨ, ਕੋਰਸ ਦੀ ਚੋਣ ਕਰਨ ਵਿਚ ਸਹਾਇਤਾ ਅਤੇ ਫੀਸਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕਰਵਾਉਣਾ ਹੈ। ਪ੍ਰਿੰ. ਥਾਪਾ ਨੇ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅਨੁਸੂਚਿਤ ਜਾਤੀ, ਪੱਛੜੀ ਸ਼੍ਰੇਣੀ, ਘੱਟ ਗਿਣਤੀ ਵਰਗ ਆਦਿ ਦੇ ਵਿਦਿਆਰਥੀਆਂ ਲਈ ਫੀਸ ਵਿਚ ਵਿਸ਼ੇਸ਼ ਛੋਟ ਦਿੱਤੀ ਜਾ ਰਹੀ ਹੈ। ਅਨੁਸੂਚਿਤ ਜਾਤੀ ਦੇ 2.50 ਲੱਖ ਤੱਕ ਪਰਿਵਾਰਕ ਆਮਦਨ ਵਾਲੇ ਵਿਦਿਆਰਥੀਆਂ ਵਾਸਤੇ ਪੂਰੇ ਕੋਰਸ ਲਈ 1683 ਰੁਪਏ ਫੀਸ, ਜਨਰਲ ਅਤੇ ਹੋਰ ਵਰਗ ਦੇ ਵਿਦਿਆਰਥੀਆਂ ਲਈ ਮੁੱਖ ਮੰਤਰੀ ਵਜ਼ੀਫਾ ਯੋਜਨਾ ਤਹਿਤ ਵਿਦਿਆਰਥੀ ਯੋਗਤਾ ਪ੍ਰੀਖਿਆ ਵਿਚ 60 ਫੀਸਦੀ ਤੋਂ 100 ਫੀਸਦੀ ਤੱਕ ਪ੍ਰਤੀ ਸਮੈਸਟਰ ਟਿਊਸ਼ਨ ਫੀਸ ਛੂਟ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕਾਲਜ ਵਿਖੇ ਤਿੰਨ ਸਾਲਾ ਡਿਪਲੋਮਾ ਕੋਰਸ ਦੇ ਦੋ ਟਰੇਡ ਕੰਪਿਊਟਰ ਸਾਇੰਸ ਐਂਡ ਇੰਜੀ: ਅਤੇ ਇਲੈਕਟ੍ਰੋਨਿਕਸ ਐਂਡ ਕਮਿਊਨੀਕੇਸ਼ਨ ਇੰਜੀ: ਸਫਲਤਾਪੂਰਵਕ ਚੱਲ ਰਹੇ ਹਨ। ਇਸ ਕਾਲਜ ਵਿਚ ਮਿਹਨਤੀ ਅਤੇ ਤਜਰਬੇਕਾਰ ਸਟਾਫ, ਉੱਤਮ ਲੈਬਾਂ ਅਤੇ ਵਰਕਸ਼ਾਪਾਂ ਦੇ ਨਾਲ-ਨਾਲ ਖੇਡਾਂ ਅਤੇ ਹੋਰ ਗਤੀਵਿਧੀਆਂ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ। ਕਾਲਜ ਵਿਖੇ ਪਲੇਸਮੈਂਟ ਸੈੱਲ ਦੇ ਸਹਿਯੋਗ ਨਾਲ ਚੰਗੇ ਨਤੀਜਿਆਂ ਰਾਹੀਂ ਵਿਦਿਆਰਥੀ ਸਰਕਾਰੀ ਅਦਾਰਿਆਂ ਅਤੇ ਮਲਟੀ ਨੈਸ਼ਨਲ ਕੰਪਨੀਆਂ ਵਿਚ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਦਾਖਲਾ ਲੈਣ ਦੇ ਚਾਹਵਾਨ ਵਿਦਿਆਰਥੀ ਕਿਸੇ ਵੀ ਕੰਮ ਵਾਲੇ ਦਿਨ ਸਵੇਰੇ 09:00 ਵਜੇ ਤੋਂ ਸ਼ਾਮ 05:00 ਵਜੇ ਤੱਕ ਦਾਖਲੇ ਸਬੰਧੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ ਅਤੇ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ 9501021625, 9501017073, 9914691364, 9501118350 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# 401 ਗ੍ਰਾਮ ਚਰਸ ਤੇ ਡਰੱਗ ਮਨੀ ਸਮੇਤ 4 ਨੌਜਵਾਨ ਕਾਬੂ



ਦੀਨਾਨਗਰ (ਸੰਜੀਵ)-ਦੀਨਾਨਗਰ ਪੁਲਸ ਵੱਲੋਂ ਹਾਈਟੈਕ ਨਾਕੇ ਨੇੜੇ ਸ਼ੂਗਰ ਮਿੱਲ ਨੇੜੇ ਆਉਣ ਜਾਣ ਵਾਲੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਸੀ ਅਤੇ ਗੁਪਤ ਸੂਚਨਾ ਦੇ ਆਧਾਰ 'ਤੇ ਪੁਲਸ ਵੱਲੋਂ ਇੱਕ ਪਠਾਨਕੋਟ ਵਾਲੀ ਸਾਈਡ ਤੋਂ ਆ ਰਹੀ ਸਵਿਫਟ ਕਾਰ ਨੂੰ ਰੋਕ ਕੇ ਤਲਾਸ਼ੀ ਲਈ ਗਈ ਤਾਂ ਉਸ ਵਿੱਚੋਂ 401 ਗ੍ਰਾਮ ਚਰਸ ਸਮੇਤ 25 ਹਜ਼ਾਰ ਰੁਪਏ ਦੀ ਡਰੱਗ ਮਨੀ ਨਾਲ ਚਾਰ ਨੌਜਵਾਨਾਂ ਨੂੰ ਮੌਕੇ 'ਤੇ ਕਾਬੂ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀਐਸਪੀ ਦੀਨਾਨਗਰ ਸੁਖਵਿੰਦਰ ਪਾਲ ਸਿੰਘ ਨੇ ਦੱਸਿਆ ਕਿ ਸਬ-ਇੰਸਪੈਕਟਰ ਬਲਕਾਰ ਸਿੰਘ ਨੇ ਸਮੇਤ ਪੁਲਸ ਪਾਰਟੀ ਸ਼ੂਗਰ ਮਿੱਲ ਨੈਸ਼ਨਲ ਹਾਈਵੇ ਵਿਖੇ ਨਾਕਾਬੰਦੀ ਕਰਕੇ ਵਹੀਕਲਾਂ ਦੀ ਚੈਕਿੰਗ ਕਰ ਰਹੇ ਸੀ। ਇੱਕ ਕਾਰ ਸਵਿਫਟ ਪਠਾਨਕੋਟ ਸਾਈਡ ਵਲੋਂ ਆਈ ਜੋ ਕਾਰ ਚਾਲਕ ਪੁਲਸ ਨਾਕਾਬੰਦੀ ਨੂੰ ਦੇਖ ਕੇ ਕਾਰ ਹੌਲੀ ਕਰਕੇ ਪਿੱਛੇ ਨੂੰ ਮੋੜਨ ਲੱਗਾ ਤਾਂ ਪੁਲਸ ਪਾਰਟੀ ਨੇ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਕਾਰ ਦੀ ਤਲਾਸ਼ੀ ਲਈ ਗਈ ਤਾਂ ਕਾਰ ਦੇ ਡੈਸ਼ ਬੋਰਡ ਵਿਚੋਂ 401 ਗ੍ਰਾਮ ਚਰਸ ਅਤੇ 25 ਹਜ਼ਾਰ ਰੁਪਏ ਦੀ ਡਰੱਗ ਮਨੀ ਬਰਾਮਦ ਹੋਈ। ਪੁਲਸ ਨੇ ਜਾਂਚ ਪੜਤਾਲ ਕਰਨ ਉਪਰੰਤ ਸੋਨੂੰ ਸਿੰਘ ਪੁੱਤਰ ਨਰਿੰਦਰ ਸਿੰਘ ਵਾਸੀ ਜਗਤਪੁਰ ਝਬਾਲ, ਤਰਨ ਤਾਰਨ, ਮੰਗਲ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਸ਼ੰਗਣਾ ਚਾਟੀਵਿੰਡ ਅੰਮ੍ਰਿਤਸਰ, ਬਲਰਾਜ ਸਿੰਘ ਪੁੱਤਰ ਮੱਸਾ ਸਿੰਘ ਵਾਸੀ ਛੇਹਰਾਟਾ,.ਜੋਬਨਜੋਤ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਚੀਜ਼ਾ ਥਾਣਾ ਘਰਿੰਡਾ, ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਚਾਰੇ ਦੋਸ਼ੀ ਗ੍ਰਿਫਤਾਰ ਕਰ ਲਏ ਹਨ।

# ਸੇਖਵਾਂ ਫਾਰਮ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਭਲਕੇ



ਕਲਾਨੌਰ (ਮਨਦੀਪ ਕੋਹਲੀ)-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਆਤਮਾ ਸਕੀਮ ਅਧੀਨ ਮਿਤੀ 5 ਜੁਲਾਈ ਨੂੰ ਬਲਾਕ ਕਲਾਨੌਰ ਦੇ ਸੇਖਵਾਂ ਫਾਰਮ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅਤੇ ਆਤਮਾ ਸਕੀਮ ਅਧੀਨ ਵੱਖ-ਵੱਖ ਪ੍ਰਦਰਸ਼ਨੀਆਂ ਲਗਾਈਆਂ ਜਾ ਰਹੀਆਂ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਡਾ. ਸੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਇਸ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਵਿੱਚ ਖੇਤੀਬਾੜੀ ਦੇ ਮਾਹਿਰਾਂ ਵੱਲੋਂ ਕਿਸਾਨਾਂ ਨੂੰ ਸਾਉਣੀ ਦੀਆਂ ਫ਼ਸਲਾਂ ਦੀ ਸਾਂਭ-ਸੰਭਾਲ ਬਾਰੇ ਤਕਨੀਕੀ ਜਾਣਕਾਰੀ ਦਿੱਤੀ ਜਾਵੇਗੀ।ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ 5 ਜੁਲਾਈ ਨੂੰ ਸਵੇਰੇ 10:00 ਵਜੇ ਸੇਖਵਾਂ ਫਾਰਮ, ਬਲਾਕ ਕਲਾਨੌਰ ਵਿਖੇ ਪਹੁੰਚ ਕੇ ਇਸ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਵਿੱਚ ਭਾਗ ਲੈਣ ਅਤੇ ਖੇਤੀ ਦੀਆਂ ਤਕਨੀਕਾਂ ਤੋਂ ਜਾਣੂ ਹੋਣ।

# ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਪਬਲਿਕ ਸਕੂਲ 'ਚ ਵਿਸ਼ੇਸ਼ ਸੈਮੀਨਾਰ



ਕਲਾਨੌਰ (ਮਨਦੀਪ ਕੋਹਲੀ)- ਕਸਬਾ ਕਲਾਨੌਰ ਦੇ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਪਬਲਿਕ ਸਕੂਲ ਵਿੱਚ ਚੇਅਰਮੈਨ ਸ: ਅਜੀਤ ਸਿੰਘ ਮੱਲ੍ਹੀ, ਸੁੱਖਜੀਤ ਕੌਰ ਮੱਲ੍ਹੀ, ਅਮਰਿੰਦਰ ਸਿੰਘ ਮੱਲ੍ਹੀ, ਮੈਡਮ ਸੁਪ੍ਰੀਤ ਕੌਰ ਮੱਲ੍ਹੀ, ਪ੍ਰਿੰ. ਡਾ. ਸ਼ਰਨਪ੍ਰੀਤ ਸਿੰਘ ਕਾਹਲੋਂ ਦੀ ਸੁਚੱਜੀ ਅਗਵਾਈ ਹੇਠ ਸਕੂਲ ਦੇ ਅਧਿਆਪਕਾਂ ਲਈ ਕਲਾਸਰੂਮ ਮੈਨੇਜਮੈਂਟ ਵਿਸ਼ੇ ਦੇ ਉਪਰ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਪ੍ਰਿੰ. ਡਾ: ਸ਼ਰਨਪ੍ਰੀਤ ਸਿੰਘ ਕਾਹਲੋਂ ਨੇ ਦੱਸਿਆ ਕਿ ਇਸ ਸੈਮੀਨਾਰ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਐਜੂਕੇਸ਼ਨ ਵਿਭਾਗ ਦੇ ਸਹਾਇਕ ਪ੍ਰੋ. ਡਾ.ਸਿੱਧੀ ਸੂਦ ਅਤੇ ਸੁਰਿੰਦਰ ਸਿੰਘ ਨੇ ਬਤੌਰ ਮੁੱਖ ਬੁਲਾਰੇ ਵੱਜੋਂ ਪਹੁੰਚੇ। ਪ੍ਰਿੰ. ਡਾ: ਸ਼ਰਨਪ੍ਰੀਤ ਸਿੰਘ ਕਾਹਲੋਂ ਨੇ ਦੱਸਿਆ ਕਿ ਡਾ. ਸਿੱਧੀ ਸੂਦ ਅਤੇ ਸੁਰਿੰਦਰ ਸਿੰਘ ਵੱਲੋਂ ਸਕੂਲ ਦੇ ਅਧਿਆਪਕਾਂ ਨੂੰ ਕਲਾਸਰੂਮ ਮੈਨੇਜਮੈਂਟ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਕਿ ਕਿਵੇਂ ਕਲਾਸ ਵਿੱਚ ਵਿਦਿਆਰਥੀਆਂ ਨੂੰ ਪੜ੍ਹਾਈ ਵੱਲ ਕੇਂਦਰਿਤ ਕਰ ਸਕਦੇ ਹਾਂ। ਇਸ ਸੈਮੀਨਾਰ ਵਿੱਚ ਡਾ. ਸਿੱਧੀ ਸੂਦ ਅਤੇ ਸੁਰਿੰਦਰ ਸਿੰਘ ਵੱਲੋਂ ਵਿਦਿਆਰਥੀਆਂ ਦੀਆਂ ਜ਼ਰੂਰਤਾਂ ਅਤੇ ਰੁਚੀ ਅਨੁਸਾਰ ਗਤੀਵਿਧੀਆਂ ਕਰਵਾਉਣ ਉਪਰ ਜ਼ੋਰ ਦਿੱਤਾ।ਪ੍ਰਿੰ. ਡਾ. ਸ਼ਰਨਪ੍ਰੀਤ ਸਿੰਘ ਕਾਹਲੋਂ ਨੇ ਸੈਮੀਨਾਰ ਦੇ ਆਖਿਰ ਵਿੱਚ ਡਾ. ਸਿੱਧੀ ਸੂਦ ਅਤੇ ਸ: ਸੁਰਿੰਦਰ ਸਿੰਘ ਦਾ ਧੰਨਵਾਦ ਕੀਤਾ। ਇਸ ਦੌਰਾਨ ਪ੍ਰਿੰ. ਡਾ: ਸ਼ਰਨਪ੍ਰੀਤ ਸਿੰਘ ਕਾਹਲੋਂ ਵੱਲੋਂ ਡਾ. ਸਿੱਧੀ ਸੂਦ ਅਤੇ ਸੁਰਿੰਦਰ ਸਿੰਘ ਨੂੰ ਸਕੂਲ ਵੱਲੋਂ ਯਾਦਗਾਰੀ ਚਿੰਨ੍ਹ ਭੇਟ ਕੀਤਾ ਗਿਆ।

# ਸ਼੍ਰੋਮਣੀ ਭਗਤ ਬਾਬਾ ਸੈਣ ਜੀ ਦੇ ਵਿਆਹ ਪੁਰਬ ਸੰਬੰਧੀ ਸਾਲਾਨਾ ਜੋੜ ਮੇਲਾ ਕਰਵਾਇਆ



ਸਰਾਏ ਅਮਾਨਤ ਖਾਂ ਝਬਾਲ (ਮੱਖਣ ਮਨੋਜ)-ਸ੍ਰੋਮਣੀ ਭਗਤ ਬਾਬਾ ਸੈਣ ਜੀ ਦੇ ਜਨਮ ਅਸਥਾਨ ਗੁਰਦੁਆਰਾ ਬਾਬਾ ਸੈਣ ਭਗਤ ਜੀ ਪਿੰਡ ਠੱਠੀ ਸੋਹਲ ਜਿਲਾ ਤਰਨ ਤਾਰਨ ਵਿਖੇ ਬਾਬਾ ਜੀ ਦੇ ਵਿਆਹ ਪੁਰਬ ਸਬੰਧੀ ਸਾਲਾਨਾ ਜੋੜ ਮੇਲਾ ਬੁੱਧਵਾਰ ਨੂੰ ਦੇਸ ਵਿਦੇਸ ਅਤੇ ਨਗਰ ਸੋਹਲ ਦੀਆ ਸਮੂਹ ਸਾਧ ਸੰਗਤਾਂ ਦੇ ਵੱਡਮੁਲੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਤਰਲੋਚਨ ਸਿੰਘ ਸੋਹਲ ਪ੍ਰਧਾਨ ਗੱਗੋਬੂਹਾ ਸਤਿਕਾਰ ਗੁਰੂ ਗ੍ਰੰਥ ਸਾਹਿਬ ਨੇ ਦੱਸਿਆ ਕਿ ਮੰਗਲਵਾਰ ਸ਼ਾਮ ਵੇਲੇ ਕਥਾਵਾਚਕ ਵੱਲੋਂ ਕਥਾ ਤੇ ਰਾਗੀ ਸਿੰਘਾਂ ਵੱਲੋਂ ਸ਼ਬਦ ਕੀਰਤਨ ਉਪਰੰਤ ਦਰਬਾਰ ਵਿੱਚ ਦੀਪਮਾਲਾ ਕੀਤੀ ਗਈ।

ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣ ਉਪਰੰਤ ਦੀਵਾਨ ਹਾਲ ਵਿੱਚ ਸਜਾਏ ਗਏ ਧਾਰਮਿਕ ਦੀਵਾਨਾਂ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰੀ ਜਥਿਆਂ ਨੇ ਸੰਗਤਾ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ।ਸ਼ਾਮ ਵੇਲੇ ਨੌਜਵਾਨ ਪੀੜ੍ਹੀ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਪੰਜਾਬ ਦੀਆਂ ਨਾਮਵਰ ਕਬੱਡੀ ਕਲੱਬਾਂ ਦੀਆਂ ਟੀਮਾਂ ਵਿਚਕਾਰ ਪ੍ਰਦਰਸ਼ਨੀ ਮੈਚ ਕਰਵਾਇਆ ਗਿਆ।ਇਸ ਮੌਕੇ ਪ੍ਰਧਾਨ ਭਾਈ ਤਰਲੋਚਨ ਸਿੰਘ ਸੋਹਲ, ਥਾਣੇਦਾਰ ਹਰਦੀਪ ਸਿੰਘ ਸੰਧੂ, ਖਜਾਨਚੀ ਮਖਤੂਲ ਸਿੰਘ, ਹੁਸਨਪ੍ਰੀਤ ਸਿੰਘ ਸੋਹਲ, ਬੱਬੂ, ਸੱਮਾ, ਨਿਸ਼ਾਨ ਸਿੰਘ, ਗੋਪੀ, ਗੁਰਪ੍ਰੀਤ ਸਿੰਘ, ਗ੍ਰੰਥੀ ਗਿਆਨੀ ਗੁਰਵੇਲ ਸਿੰਘ, ਉਘੇ ਉਦਯੋਗਪਤੀ ਗੁਰਦੇਵ ਸਿੰਘ ਰਿੰਟੂ ਸੋਹਲ, ਤਰਸੇਮ ਸਿੰਘ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ, ਗੁਰਭਾਗ ਸਿੰਘ ਸੋਹਲ, ਸ਼ੈਲੀ ਸੋਹਲ, ਬਲਵਿੰਦਰ ਸਿੰਘ ਬਿੰਦਰ ਸੋਹਲ, ਅਮਰਜੀਤ ਸਿੰਘ, ਜਥੇਦਾਰ ਚੈਂਚਲ ਸਿੰਘ, ਪ੍ਰਗਟ ਸਿੰਘ, ਪਲਵਿੰਦਰ ਸਿੰਘ, ਗੁਰਜੰਟ ਸਿੰਘ, ਤੇਜਿੰਦਰ ਸਿੰਘ ਗੋਲਡੀ ਆਦਿ ਹੋਰ ਗੁਰੂ ਘਰ ਦੇ ਸੇਵਾਦਾਰ ਹਾਜ਼ਰ ਸਨ।

# ਝੋਨੇ ਦੀ ਸਿੱਧੀ ਬਿਜਾਈ ਸਬੰਧੀ ਨੱਥੂਪੁਰ ਟੋਡਾ ਵਿਖੇ ਸਿਖਲਾਈ ਕੈਂਪ ਲਗਾਇਆ



ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ ਦੇ ਫਾਰਮ ਸਲਾਹਕਾਰ ਸੇਵਾ ਕੇਂਦਰ ਤਰਨ ਤਾਰਨ ਵਲੋਂ ਪਿੰਡ ਬੁਰਜ ਨੱਥੂਪੁਰ ਟੋਡਾ ਵਿਖੇ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਟ੍ਰੇਨਿੰਗ ਕੈਂਪ ਆਯੋਜਿਤ ਕੀਤਾ ਗਿਆ।ਕੈਂਪ ਵਿੱਚ 80 ਦੇ ਕਰੀਬ ਕਿਸਾਨਾਂ ਵਲੋਂ ਭਾਗ ਲਿਆ ਗਿਆ।ਇਸ ਮੌਕੇ ਫਾਰਮ ਸਲਾਹਕਾਰ ਸੇਵਾ ਕੇਂਦਰ ਦੀ ਟੀਮ ਤੋਂ ਇਲਾਵਾ ਕੇ. ਵੀ. ਕੇ. ਬੂਹ ਦੇ ਵਿਗਿਆਨੀ, ਪੰਜਾਬ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਬਲਾਕ ਪੱਟੀ ਦੇ ਅਧਿਕਾਰੀਆਂ ਨੇ ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਅਤੇ ਕਿਸਾਨ ਭਲਾਈ ਸਕੀਮਾਂ ਤੋਂ ਜਾਣੂ ਕਰਾਇਆ। ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਡਾ. ਪਰਵਿੰਦਰ ਸਿੰਘ, ਇੰਚਾਰਜ ਫਾਰਮ ਸਲਾਕਾਰ ਸੇਵਾ ਕੇਂਦਰ, ਤਰਨ ਤਾਰਨ ਅਤੇ ਉਸਮਾਂ ਬੀਜ ਫਾਰਮ ਨੇ ਹਾਜਰੀਨ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਲੋਂ ਕਿਸਾਨਾਂ ਲਈ ਕੀਤੇ ਜਾਂਦੇ ਕਾਰਜਾਂ ਬਾਰੇ ਜਾਣੂ ਕਰਨ ਉਪਰੰਤ ਗਰਮੀ ਅਤੇ ਬਰਸਾਤੀ ਮੌਸਮ ਵਿਚ ਸਬਜ਼ੀਆਂ ਦੀ ਦੇਖਭਾਲ ਅਤੇ ਵੱਧ ਪੈਦਾਵਾਰ ਲੈਣ ਦੇ ਨੁਕਤੇ ਸਾਂਝੇ ਕੀਤੇ। ਇਸ ਮੌਕੇ ਡਾ. ਪਰਮਿੰਦਰ ਸਿੰਘ ਸੰਧੂ ਫਸਲ ਵਿਗਿਆਨੀ ਨੇ ਸਿੱਧੀ ਬਿਜਾਈ ਵਾਲੇ ਝੋਨੇ ਵਿਚ ਖਾਦ, ਨਦੀਨ ਅਤੇ ਪਾਣੀ ਪ੍ਰਬੰਧ ਬਾਰੇ ਕਿਸਾਨਾਂ ਨੂੰ ਵਿਸਥਾਰ ਵਿੱਚ ਜਾਣਕਾਰੀ ਦਿੱਤੀ।ਡਾ. ਪਰਮਿੰਦਰ ਕੌਰ ਪੌਦਾ ਰੋਗ ਵਿਗਿਆਨੀ ਨੇ ਝੋਨੇ, ਬਾਸਮਤੀ ਵਿੱਚ ਨੁਕਸਾਨ ਕਰਨ ਵਾਲੇ ਕੀੜੇ ਅਤੇ ਬਿਮਾਰੀਆਂ ਦੀ ਰੋਕਥਾਮ ਦੇ ਨੁਕਤੇ ਸਾਂਝੇ ਕੀਤੇ।ਡਾ. ਨਵਜੋਤ ਸਿੰਘ ਬਰਾੜ, ਫ਼ਸਲ ਵਿਗਿਆਨੀ ਨੇ ਸਿੱਧੀ ਬਿਜਾਈ ਦੇ ਫਾਇਦੇ ਅਤੇ ਪਸ਼ੂ ਅਚਾਰ ਬਾਰੇ ਜਾਣਕਾਰੀ ਸਾਂਝੀ ਕੀਤੀ।ਡਾ. ਅਨਿਲ ਕੁਮਾਰ, ਭੂਮੀ ਵਿਗਿਆਨੀ ਨੇ ਕੇਵੀਕੇ ਬੂਹ ਤੋਂ ਮਿੱਟੀ ਪਰਖ ਕਰਾਉਣ ਵਾਲੇ ਕਿਸਾਨਾਂ ਨੂੰ ਰਿਪੋਰਟ ਕਾਰਡ ਦਿੰਦਿਆਂ ਅਪੀਲ ਕੀਤੀ ਕਿ ਖਾਦਾਂ ਦੀ ਵਰਤੋਂ ਮਿੱਟੀ ਪਰਖ ਅਨੁਸਾਰ ਕਰਨਾ ਲਾਹੇਵੰਦ ਰਹਿੰਦਾ ਹੈ।ਡਾ. ਭੁਪਿੰਦਰ ਸਿੰਘ, ਬਲਾਕ ਖੇਤੀਬਾੜੀ ਅਫਸਰ ਪੱਟੀ ਨੇ ਕਿਸਾਨਾਂ ਨੂੰ ਦਿੱਤੀਆਂ ਜਾ ਰਹੀਆਂ ਕਿਸਾਨ ਭਲਾਈ ਸਕੀਮਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਨ੍ਹਾਂ ਕਿਸਾਨਾਂ ਨੇ ਸਾਉਣੀ ਦੀ ਮੱਕੀ ਬਿਜਾਈ ਕੀਤੀ ਹੈ ਉਹ ਕਿਸਾਨ 10 ਜੁਲਾਈ ਤੱਕ ਖਰੀਦ ਬਿਲ ਖੇਤੀਬਾੜੀ ਦਫਤਰ ਜਮ੍ਹਾ ਕਰਾ ਦੇਣ ਤਾਂ ਜੋ ਸਰਕਾਰ ਦੁਆਰਾ ਆਨਲਾਈਨ ਖਾਤੇ ਵਿੱਚ ਮਿਲਣ ਵਾਲੀ ਸਬਸਿਡੀ ਪਵਾਈ ਜਾ ਸਕੇ।ਨਾਲ ਹੀ ਉਨ੍ਹਾਂ ਕਿਹਾ ਕਿ ਜਿਨ੍ਹਾਂ ਖੇਤਾਂ ਵਿੱਚ ਕਲਰਾਠਾਪਨ ਆ ਰਿਹਾ ਹੈ ਉਹ ਸਬਸਿਡੀ ਤੇ ਜਿਪਸਮ ਲੈ ਸਕਦੇ ਹਨ। ਡਾ. ਸੰਦੀਪ ਸਿੰਘ ਖੇਤੀਬਾੜੀ ਵਿਕਾਸ ਅਫਸਰ ਪੱਟੀ ਨੇ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ ਸਰਕਾਰ ਵਲੋਂ ਲਾਹਾ ਲੈਣ ਲਈ ਰਜਿਸਟ੍ਰੇਸ਼ਨ ਕਰਾਉਣ ਲਈ 15 ਜੁਲਾਈ ਤੱਕ ਵਾਧੇ ਬਾਰੇ ਜਾਣਕਾਰੀ ਦਿੱਤੀ।ਡਾ. ਸਵਰੀਤ ਖਹਿਰਾ ਨੇ ਆਏ ਹੋਏ ਕਿਸਾਨਾਂ ਅਤੇ ਵੱਖ-ਵੱਖ ਅਦਾਰਿਆਂ ਦੇ ਅਧਿਕਾਰੀਆਂ ਦਾ ਧੰਨਵਾਦ ਕੀਤਾ।ਇਸ ਦੌਰਾਨ ਬੀਟੀਐਮ ਗੁਰਪ੍ਰੀਤ ਸਿੰਘ, ਅਗਾਂਹ ਵਧੂ ਕਿਸਾਨ ਚਾਨਣ ਸਿੰਘ, ਸੁਖਬੀਰ ਸਿੰਘ, ਗੁਰਜੀਤ ਪਾਲ ਸਿੰਘ, ਹਰਬੰਸ ਸਿੰਘ, ਅਮਰਜੀਤ ਸਿੰਘ ਫੌਜੀ ਅਤੇ ਸਿੱਧੀ ਬਜਾਈ ਕਰਨ ਵਾਲੇ ਇਲਾਕੇ ਦੇ ਕਿਸਾਨਾਂ ਨੇ ਸਹਿਯੋਗ ਅਤੇ ਜਾਣਕਾਰੀ ਸਾਂਝੀ ਕੀਤੀ।

# ਸਫੀਪੁਰ ਦੇ ਸਰਕਾਰੀ ਹਾਈ ਸਕੂਲ ਦੇ ਤਿੰਨ ਹੋਣਹਾਰ ਬੱਚੇ ਸਨਮਾਨਿਤ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸਕੂਲ ਸਿੱਖਿਆ ਤੇ ਸਾਖਰਤਾ ਵਿਭਾਗ ਵੱਲੋਂ ਚਲਾਈ ਜਾ ਰਹੀ ਐੱਨ. ਐੱਮ. ਐੱਮ. ਐੱਸ. ਸਕੀਮ ਤਹਿਤ ਸਾਲ 23-24 ਦਾ ਨਤੀਜਾ ਐਲਾਨਿਆ ਗਿਆ।

ਐਲਾਨੇ ਗਏ ਇਸ ਨਤੀਜੇ ਵਿੱਚ ਸ਼ਹੀਦ ਸਰਤਾਜ ਸਿੰਘ ਸਰਕਾਰੀ ਹਾਈ ਸਕੂਲ ਸਫੀਪੁਰ ਦੇ ਤਿੰਨ ਵਿਦਿਆਰਥੀਆਂ ਜਿਨ੍ਹਾਂ ਵਿੱਚ ਅਭੀਜੀਤ ਸਿੰਘ, ਅਰਸ਼ਦੀਪ ਸਿੰਘ ਅਤੇ ਰਾਜਬੀਰ ਸਿੰਘ ਨੇ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਰਕਾਰ ਵੱਲੋਂ ਦਿਤੇ ਜਾਣ ਵਾਲੇ ਵਜ਼ੀਫ਼ੇ ਦੇ ਹੱਕਦਾਰ ਬਣ ਕੇ ਸਕੂਲ ਤੇ ਪਿੰਡ ਦਾ ਨਾਮ ਰੌਸ਼ਨ ਕੀਤਾ।

ਇਸ ਮੌਕੇ ਸਕੂਲ ਦੇ ਮੁਖੀ ਅਨੂ ਪਠਾਨੀਆ, ਸਰਪੰਚ ਦਿਲਬਾਗ ਸਿੰਘ ਸਫੀਪੁਰ, ਕੋਆਰਡੀਨੇਟਰ ਡਾ. ਲਖਵਿੰਦਰ ਸਿੰਘ ਬੰਡਾਲਾ, ਅਵਤਾਰ ਸਿੰਘ ਟੱਕਰ ਜਾਣੀਆਂ, ਕੁਲਦੀਪ ਸਿੰਘ ਬਾਠ, ਤਰਸੇਮ ਸਿੰਘ ਸਫੀਪੁਰ, ਗੁਰਵਿੰਦਰ ਸਿੰਘ, ਰਾਜਵਿੰਦਰ ਸਿੰਘ, ਮਨਦੀਪ ਸਿੰਘ, ਹਰਪ੍ਰੀਤ ਸਿੰਘ, ਸਾਹਿਲ ਸਿੰਘ, ਰਮਨਦੀਪ ਕੌਰ, ਮੈਡਮ ਜੀਵਨ ਜੋਤੀ, ਸਕੂਲ ਦੇ ਸਟਾਫ ਤੇ ਹੋਰ ਪਿੰਡ ਵਾਸੀਆਂ ਨੇ ਬੱਚਿਆਂ ਨੂੰ ਸਨਮਾਨਿਤ ਕੀਤਾ ਤੇ ਵਧਾਈਆਂ ਵੀ ਦਿੱਤੀਆਂ।

# ਡੀ ਸੀ ਨੇ ਵੱਖ-ਵੱਖ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦਾ ਕੀਤਾ ਰੀਵਿਊ



ਪਠਾਨਕੋਟ (ਦਵਿੰਦਰ ਸਿੰਘ)-ਡਿਪਟੀ ਕਮਿਸ਼ਨਰ ਪਠਾਨਕੋਟ ਆਦਿੱਤਿਆ ਉਪਲ ਵੱਲੋਂ ਜੂਨ ਮਹੀਨੇ ਦੌਰਾਨ ਵੱਖ-ਵੱਖ ਵਿਭਾਗਾਂ ਵੱਲੋਂ ਕੀਤੇ ਵਿਕਾਸ ਕਾਰਜਾਂ ਦਾ ਰੀਵਿਊ ਮਹੀਨਾਵਾਰ ਮੀਟਿੰਗ ਦੌਰਾਨ ਕੀਤਾ ਗਿਆ ਅਤੇ ਜ਼ਿਲ੍ਹਾ ਪਠਾਨਕੋਟ ਅੰਦਰ ਗ੍ਰਾਮੀਣ ਪੱਧਰ ਅਤੇ ਸ਼ਹਿਰ ਪੱਧਰ 'ਤੇ ਚਲ ਰਹੇ ਵਿਕਾਸ ਕਾਰਜਾਂ ਨੂੰ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨ ਦੇ ਲਈ ਜ਼ਿਲ੍ਹਾ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਦਿੱਤੇ।ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਅੰਕੁਰਜੀਤ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ) ਪਠਾਨਕੋਟ, ਪਰਮਜੀਤ ਸਿੰਘ ਵਧੀਕ ਡਿਪਟੀ ਕਮਿਸ਼ਨਰ ਵਿਕਾਸ, ਸਤੀਸ਼ ਸੈਣੀ ਕਾਰਪੋਰੇਸ਼ਨ ਪਠਾਨਕੋਟ, ਯੁੱਧਵੀਰ ਸਿੰਘ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਅਤੇ ਹੋਰ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਵੀ ਹਾਜ਼ਰ ਸਨ।ਮੀਟਿੰਗ ਦੌਰਾਨ ਆਦਿੱਤਿਆ ਉੱਪਲ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਜ਼ਿਲ੍ਹਾ ਪਠਾਨਕੋਟ ਵਿੱਚ ਵੱਖ-ਵੱਖ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦਾ ਰੀਵਿਓ ਕੀਤਾ।ਉਨ੍ਹਾਂ ਮੀਟਿੰਗ ਦੌਰਾਨ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਅਤੇ ਪੰਚਾਇਤ ਰਾਜ ਵਿਭਾਗ ਵੱਲੋਂ ਪਿੰਡਾਂ ਅੰਦਰ ਕੀਤੇ ਜਾ ਰਹੇ ਵਿਕਾਸ ਕਾਰਜਾਂ ਦਾ ਰੀਵਿਓ ਕੀਤਾ। ਲੰਮੇ ਸਮੇਂ ਤੋਂ ਪੈਂਡਿੰਗ ਪਏ ਵਿਕਾਸ ਕਾਰਜਾਂ ਨੂੰ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨ ਲਈ ਹਦਾਇਤਾਂ ਵੀ ਦਿੱਤੀਆਂ।ਉਨ੍ਹਾਂ ਵਾਟਰ ਸਪਲਾਈ ਐਂਡ ਸੈਨੀਟੇਸ਼ਨ ਵਿਭਾਗ ਨਾਲ ਜ਼ਿਲ੍ਹਾ ਪਠਾਨਕੋਟ ਦੇ ਪਿੰਡਾਂ ਅੰਦਰ ਘਰਾਂ ਅੰਦਰ ਪਖਾਨਿਆਂ ਦੇ ਨਿਰਮਾਣ ਨੂੰ ਲੈ ਕੇ ਚਰਚਾ ਕੀਤੀ ਅਤੇ ਜ਼ਿਲ੍ਹੇ ਅੰਦਰ ਮੌਜੂਦਾ ਸਮੇਂ ਦੌਰਾਨ ਪ੍ਰਗਤੀ ਰਿਪੋਰਟ ਦਾ ਰੀਵਿਊ ਕੀਤਾ।ਉਨ੍ਹਾਂ ਇਸ ਮੌਕੇ ਵੱਖ-ਵੱਖ ਬਲਾਕਾਂ ਅੰਦਰ ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ ਨਾਲ ਜ਼ਿਲ੍ਹਾ ਪਠਾਨਕੋਟ ਦੇ ਪਿੰਡਾਂ ਅੰਦਰ ਚਲ ਰਹੇ ਵਿਕਾਸ ਕਾਰਜਾਂ ਤੇ ਚਰਚਾ ਕੀਤੀ ਅਤੇ ਹਦਾਇਤ ਕੀਤੀ ਕਿ ਜਿਨ੍ਹਾਂ ਪਿੰਡਾਂ ਅੰਦਰ ਵਿਕਾਸ ਕਾਰਜ ਲੰਮੇ ਸਮੇਂ ਤੋਂ ਰੁਕੇ ਹੋਏ ਹਨ ਉਨ੍ਹਾਂ ਕਾਰਜਾਂ ਨੂੰ ਨਿਰਧਾਰਤ ਸਮੇਂ ਅੰਦਰ ਪੂਰਾ ਕੀਤਾ ਜਾਵੇ ਅਤੇ ਉਨ੍ਹਾਂ ਕਾਰਜਾਂ ਦੇ ਯੂ. ਸੀ. ਜਮ੍ਹਾ ਕਰਵਾਏ ਜਾਣ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਜਨ ਭਲਾਈ ਸਕੀਮਾਂ ਅਧੀਨ ਕੀਤੇ ਜਾ ਰਹੇ ਕਾਰਜਾਂ 'ਤੇ ਫੋਕਸ ਕੀਤਾ ਜਾਵੇ ਅਤੇ ਗਰਾਊਂਡ ਪੱਧਰ 'ਤੇ ਕਾਰਜਾਂ ਵੱਲ ਧਿਆਨ ਦਿੱਤਾ ਜਾਵੇ ਤਾਂ ਜੋ ਲੋਕ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਜਨ ਭਲਾਈ ਸਕੀਮਾਂ ਤੋਂ ਲਾਭ ਪ੍ਰਾਪਤ ਕਰ ਸਕਣ।

# ਗੋਦਰੇਜ ਉਪਕਰਣਾਂ ਨੂੰ ਆਫਟਰ-ਸੇਲ ਸਰਵਿਸ 'ਚ ਨੰਬਰ 1 ਦਾ ਦਰਜਾ ਹਾਸਲ

ਚੰਡੀਗੜ੍ਹ : ਗੋਦਰੇਜ ਐਪਲਾਇੰਸ ਗੋਦਰੇਜ ਐਂਡ ਬੌਇਸ ਦੀ ਇੱਕ ਵਪਾਰਕ ਇਕਾਈ ਨੂੰ ਹੋਮ ਐਪਲਾਇੰਸ ਦੀ ਸ਼੍ਰੇਣੀ ਵਿੱਚ 'ਆਫ਼ਟਰ-ਸੇਲਜ਼ ਸਰਵਿਸ' ਵਿੱਚ ਨੰਬਰ 1 ਦਾ ਦਰਜਾ ਦਿੱਤਾ ਗਿਆ ਹੈ। ਇਹ ਜਾਣਕਾਰੀ ਗੋਦਰੇਜ ਐਪਲਾਇੰਸ ਦੁਆਰਾ ਰਸਮੀ ਤੌਰ 'ਤੇ ਅਧਕ੍ਰਿਤ ਕੀਤੇ ਗਏ ਅਤੇ ਨੀਲਸਨਆਈਕਿਊ ਦੁਆਰਾ 12 ਭਾਰਤੀ ਸ਼ਹਿਰਾਂ ਵਿੱਚ ਕੀਤੇ ਗਏ ਅਨੁਕੂਲਿਤ ਪਾਠਕ੍ਰਮ ਰਿਪੋਰਟਾਂ ਦੇ ਅਧਾਰਤ 'ਤੇ ਦਿੱਤੀ ਗਈ ਹੈ।ਹੋਮ ਐਪਲਾਇੰਸ ਸ਼੍ਰੇਣੀ ਵਿੱਚ ਕਰਵਾਏ ਗਏ ਸਰਵੇਖਣ ਵਿੱਚ ਕਈ ਖਪਤਕਾਰਾਂ ਨੇ ਹਿੱਸਾ ਲਿਆ ਸੀ।ਅਨੁਕੂਲਿਤ ਕੋਰਸ ਦਾ ਉਦੇਸ਼ ਖਪਤਕਾਰਾਂ ਨੂੰ ਟਿਕਾਊ ਬ੍ਰਾਂਡ (ਕੰਜ਼ਿਊਮਰ ਡਿਊਰੇਬਲ ਬ੍ਰਾਂਡਜ਼) ਦੁਆਰਾ ਪ੍ਰਦਾਨ ਕੀਤੀ ਜਾਣ ਵਾਲੀ ਆਫਟਰ-ਸੇਲ ਸਰਵਿਸ ਨਾਲ ਸਮੁੱਚੀ ਸੰਤੁਸ਼ਟੀ ਦਾ ਮੁਲਾਂਕਣ ਕਰਨਾ ਸੀ।ਸਰਵੇਖਣ ਦੇ ਅਨੁਸਾਰ ਗੋਦਰੇਜ ਐਪਲਾਇੰਸ ਨੇ ਉਚੇ ਨੈੱਟ ਪ੍ਰਮੋਟਰ ਸਕੋਰ, ਉੱਚੇ ਸੰਬੰਧ ਸ਼ਕਤੀ ਸੂਚਕਾਂਕ ਅਤੇ ਵਿਕਰੀ ਤੋਂ ਬਾਅਦ ਦੀ ਸੇਵਾ ਦੇ ਲਈ ਸਰਵੋਤਮ ਸਮੁੱਚੇ ਸੰਤੁਸ਼ਟੀ ਮਾਪਦੰਡ ਪ੍ਰਾਪਤ ਕੀਤਾ ਹੈ।ਇਸ ਪ੍ਰਾਪਤੀ 'ਤੇ ਗੋਦਰੇਜ ਐਂਡ ਬੌਇਸ ਦੀ ਇਕਾਈ ਗੋਦਰੇਜ ਐਪਲਾਇੰਸਜ਼ ਦੇ ਬਿਜ਼ਨਸ ਹੈੱਡ ਅਤੇ ਐਗਜ਼ੀਕਿਊਟਿਵ ਵਾਈਸ ਪ੍ਰੈਜ਼ੀਡੈਂਟ ਕਮਲ ਨੰਦੀ ਨੇ ਕਿਹਾ ਕਿ ਗੋਦਰੇਜ ਵਿਖੇ ਗਾਹਕਾਂ ਦੀ ਸੰਤੁਸ਼ਟੀ ਸਾਡੀ ਪ੍ਰਮੁੱਖ ਤਰਜੀਹ ਹੈ।

# ਸਪੈਸ਼ਲ ਡੀ ਜੀ ਪੀ ਨੇ ਪੁਲਸ, ਫੌਜ, ਸਿਵਲ ਪ੍ਰਸ਼ਾਸਨ ਤੇ ਸੁਰੱਖਿਆ ਏਜੰਸੀਆਂ ਦੀ ਉਚ-ਪੱਧਰੀ ਮੀਟਿੰਗ ਦੀ ਕੀਤੀ ਪ੍ਰਧਾਨਗੀ



ਪਠਾਨਕੋਟ (ਦਵਿੰਦਰ ਸਿੰਘ)-ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਪੁਲਸ ਨੂੰ ਸ੍ਰੀ ਅਮਰਨਾਥ ਯਾਤਰਾ ਲਈ ਜਾਣ ਵਾਲੇ ਸ਼ਰਧਾਲੂਆਂ ਲਈ ਨਿਰਵਿਘਨ ਅਤੇ ਸੁਰੱਖਿਅਤ ਲਾਂਘੇ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਜਾਣ ਤੇ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਸ (ਸਪੈਸ਼ਲ ਡੀਜੀਪੀ) ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਇਸ ਸਬੰਧੀ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਪੁਲਸ, ਫੌਜ, ਸਿਵਲ ਪ੍ਰਸ਼ਾਸਨ ਅਤੇ ਹੋਰ ਸੁਰੱਖਿਆ ਏਜੰਸੀਆਂ ਦੀ ਉਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ।ਪਠਾਨਕੋਟ ਵਿੱਚ ਹੋਈ ਇਹ ਮੀਟਿੰਗ ਚੱਲ ਰਹੀ ਅਮਰਨਾਥ ਯਾਤਰਾ ਲਈ ਰਣਨੀਤਕ ਤਿਆਰੀਆਂ ਦੇ ਵੱਖ-ਵੱਖ ਪਹਿਲੂਆਂ ਜਿਵੇਂ ਪੁਲਸ ਦੀ ਤਾਇਨਾਤੀ, ਸੁਰੱਖਿਆ ਉਪਾਅ, ਆਵਾਜਾਈ ਪ੍ਰਬੰਧਨ ਅਤੇ ਆਫ਼ਤ ਪ੍ਰਬੰਧਨ 'ਤੇ ਕੇਂਦਰਿਤ ਸੀ।ਇਸ ਮੀਟਿੰਗ ਦੌਰਾਨ ਕੋਟ ਭੱਟੀਆਂ ਪਿੰਡ, ਬਮਿਆਲ ਵਿੱਚ ਹਥਿਆਰਬੰਦ ਸ਼ੱਕੀ ਵਿਅਕਤੀਆਂ ਦੇ ਦੇਖੇ ਜਾਣ ਅਤੇ ਕਠੂਆ ਜ਼ਿਲ੍ਹੇ ਵਿੱਚ ਹਥਿਆਰਬੰਦ ਸ਼ੱਕੀ ਵਿਅਕਤੀ ਨਾਲ ਹੋਈ ਮੁੱਠਭੇੜ ਵਾਲੀਆਂ ਤਾਜ਼ਾ ਘਟਨਾਵਾਂ 'ਤੇ ਵੀ ਧਿਆਨ ਕੇਂਦਰਿਤ ਕੀਤਾ ਗਿਆ।ਮੀਟਿੰਗ ਵਿੱਚ ਪੰਜਾਬ ਪੁਲਸ, ਜੰਮੂ-ਕਸ਼ਮੀਰ ਪੁਲਸ, ਹਿਮਾਚਲ ਪ੍ਰਦੇਸ਼ ਪੁਲਸ, ਭਾਰਤੀ ਸੈਨਾ, ਭਾਰਤੀ ਹਵਾਈ ਸੈਨਾ, ਸੀਮਾ ਸੁਰੱਖਿਆ ਬਲ (ਬੀਐਸਐਫ), ਅਤੇ ਹੋਰ ਕੇਂਦਰੀ ਏਜੰਸੀਆਂ ਦੇ ਸੀਨੀਅਰ ਅਧਿਕਾਰੀਆਂ ਸ਼ਾਮਲ ਸਨ।ਸ਼੍ਰੀ ਸ਼ੁਕਲਾ ਨੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਅੰਤਰਰਾਸ਼ਟਰੀ ਸਰਹੱਦ ਨੂੰ ਸੁਰੱਖਿਅਤ ਕਰਨ ਅਤੇ ਸ੍ਰੀ ਅਮਰਨਾਥ ਯਾਤਰਾ ਲਈ ਜਾਣ ਵਾਲੇ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਬਾਰੇ ਵਿਚਾਰ ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਵੱਲੋਂ ਪੰਜਾਬ ਪੁਲਸ ਦੇ 550 ਜਵਾਨਾਂ, ਐੱਸਓਜੀ, ਸਨਾਈਪਰ ਟੀਮਾਂ, ਬੰਬ ਨਿਰੋਧਕ ਦਸਤਾ ਅਤੇ ਹੋਰ ਕਮਾਂਡੋ ਯੂਨਿਟਾਂ ਦੀ ਤਾਇਨਾਤੀ ਨਾਲ ਸੁਰੱਖਿਆ ਪੱਧਰ ਵਿੱਚ ਹੋਰ ਵਾਧਾ ਕੀਤਾ ਗਿਆ ਹੈ।ਇਸ ਦੇ ਨਾਲ ਹੀ ਪੰਜਾਬ ਪੁਲਸ ਵੱਲੋਂ ਅੱਠ ਦੂਜੀ ਕਤਾਰ ਦੇ ਰੱਖਿਆ ਨਾਕੇ ਸਥਾਪਤ ਕੀਤੇ ਗਏ ਹਨ।ਰਸਤਿਆਂ ਦੇ ਪ੍ਰਭਾਵਸ਼ਾਲੀ ਪ੍ਰਬੰਧਨ ਲਈ ਇਨ੍ਹਾਂ ਨੂੰ ਪੰਜ ਸੈਕਟਰਾਂ ਵਿੱਚ ਵੰਡਿਆ ਗਿਆ ਹੈ ਅਤੇ ਸੀਏਪੀਐਫ ਦੀਆਂ ਚਾਰ ਕੰਪਨੀਆਂ ਇਨ੍ਹਾਂ ਨਾਲ ਤਾਇਨਾਤ ਕੀਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਲੰਗਰ ਸਥਾਨਾਂ ਤੇ ਵਿਸ਼ੇਸ਼ ਸੁਰੱਖਿਆ ਪ੍ਰਬੰਧ, ਕੈਮਰਿਆਂ ਦੀ ਸਥਾਪਨਾ, ਬੁਲੇਟ ਪਰੂਫ ਮੋਰਚੇ ਅਤੇ ਐਸਓਜੀ ਦੀ ਤਾਇਨਾਤੀ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।ਅਧਿਕਾਰੀਆਂ, ਸੁਰੱਖਿਆ ਏਜੰਸੀਆਂ ਅਤੇ ਸਿਵਲ ਪ੍ਰਸ਼ਾਸਨ ਦਰਮਿਆਨ ਨੇੜਲੇ ਤਾਲਮੇਲ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੰਦਿਆਂ ਸਪੈਸ਼ਲ ਡੀਜੀਪੀ ਨੇ ਸੁਚਾਰੂ ਅਤੇ ਸ਼ਾਂਤੀਪੂਰਨ ਯਾਤਰਾ ਦੇ ਪ੍ਰਬੰਧ ਨੂੰ ਯਕੀਨੀ ਬਣਾਉਣ ਲਈ ਸੁਚੱਜੀ ਯੋਜਨਾਬੰਦੀ ਅਤੇ ਪ੍ਰਭਾਵੀ ਵਿਧੀ ਅਪਨਾਉਣ ਲਈ ਕਿਹਾ।ਉਨ੍ਹਾਂ ਕਿਹਾ ਕਿ ਡਰੋਨ ਨਿਗਰਾਨੀ ਪ੍ਰਣਾਲੀ ਸਮਾਜ ਵਿਰੋਧੀ ਅਨਸਰਾਂ 'ਤੇ ਤਿੱਖੀ ਨਜ਼ਰ ਰੱਖੇਗੀ ਅਤੇ ਬੀਐਸਐਫ ਅਤੇ ਪਠਾਨਕੋਟ ਪੁਲਿਸ ਵੱਲੋਂ ਸਾਂਝੀਆਂ ਚੌਂਕ ਪੋਸਟਾਂ ਵੀ ਸਥਾਪਿਤ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਖਤਰੇ ਤੋਂ ਬਚਣ ਲਈ ਨਿਯਮਤ ਘੇਰਾਬੰਦੀ ਅਤੇ ਤਲਾਸ਼ੀ ਅਭਿਆਨ (ਸੀਏਐਸਓ) ਅਤੇ ਐਂਟੀ ਟਨਲਿੰਗ ਆਪ੍ਰੇਸ਼ਨ ਚਲਾਏ ਜਾ ਰਹੇ ਹਨ।ਮੀਟਿੰਗ ਵਿੱਚ ਡੀਆਈਜੀ ਬਾਰਡਰ ਰੇਂਜ ਰਾਕੇਸ਼ ਕੌਸ਼ਲ, ਡੀਆਈਜੀ ਬੀਐਸਐਫ ਗੁਰਦਾਸਪੁਰ ਸ਼ਸ਼ਾਂਕ ਆਨੰਦ, ਡੀਆਈਜੀ ਬੀਐਸਐਫ ਗੁਰਦਾਸਪੁਰ ਯੁਵਰਾਜ ਦੂਬੇ, ਡਿਪਟੀ ਕਮਿਸ਼ਨਰ ਪਠਾਨਕੋਟ ਅਦਿੱਤਿਆ ਉਪਲ, ਐਸਐਸਪੀ ਪਠਾਨਕੋਟ ਸੁਹੇਲ ਕਾਸਿਮ ਮੀਰ, ਐਸਐਸਪੀ ਕਠੂਆ ਅਨਾਇਤ ਅਲੀ ਅਤੇ ਵਿੰਗ ਕਮਾਂਡਰ ਏਆਈਐਫ ਪਠਾਨਕੋਟ ਨਰਿੰਦਰ ਸਿੰਘ ਸਮੇਤ ਪ੍ਰਮੁੱਖ ਅਧਿਕਾਰੀ ਅਤੇ ਕੇਂਦਰੀ ਏਜੰਸੀਆਂ ਦੇ ਸੀਨੀਅਰ ਅਧਿਕਾਰੀ ਹਾਜ਼ਰ ਸਨ।

# ਹਾਥਰਸ ਦੀ ਦੁਖਦਾਈ ਘਟਨਾ ਲਈ ਪ੍ਰਸ਼ਾਸਨ ਤੇ ਪ੍ਰਬੰਧਕ ਜ਼ੁੰਮੇਵਾਰ: ਬਾਬਾ ਬਲਬੀਰ ਸਿੰਘ

ਅੰਮ੍ਰਿਤਸਰ (**ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ**)-ਉੱਤਰ ਪ੍ਰਦੇਸ ਵਿੱਚ ਵਾਪਰੀ ਦੁਖਦਾਈ ਅਫਸੋਸਜਨਕ ਘਟਨਾ ਤੇ ਪ੍ਰਤੀਕਰਮ ਦਿੰਦਿਆਂ ਨਿਹੰਗ ਸਿੰਘਾਂ ਦੀ ਮੁੱਖ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਕਿਹਾ ਕਿ ਉੱਤਰ ਪ੍ਰਦੇਸ਼ ਦੇ ਹਾਥਰਸ ਜ਼ਿਲ੍ਹੇ ਵਿਚ ਇਕ ਧਾਰਮਿਕ ਸਮਾਗਮ ਵਿਚ ਭਾਜੜ ਕਾਰਨ ਸਵਾ ਸੌ ਤੋਂ ਜ਼ਿਆਦਾ ਵਿਅਕਤੀਆਂ ਦੀ ਮੌਤ ਹੋ ਜਾਣੀ ਦਿਲ ਦਹਿਲਾ ਦੇਣ ਵਾਲੀ ਘਟਨਾ ਹੈ, ਇਹ ਘਟਨਾ ਇਸ ਲਈ ਵਾਪਰੀ ਹੈ ਕਿਉਂਕਿ ਇਸ ਸਮਾਗਮ ਵਿਚ ਅਨੁਮਾਨ ਨਾਲੋਂ ਕਿਤੇ ਜ਼ਿਆਦਾ ਤਾਦਾਦ ਵਿਚ ਲੋਕ ਸ਼ਾਮਲ ਹੋਏ ਅਤੇ ਮਾੜੇ ਪ੍ਰਬੰਧਾਂ ਸਦਕਾ ਭਾਜੜ ਮਚ ਗਈ ਅਤੇ ਲੋਕਾਂ ਨੇ ਹੀ ਇਕ-ਦੂਜੇ ਨੂੰ ਕੁਚਲ ਦਿੱਤਾ। ਨਿਹੰਗ ਮੁਖੀ ਬਾਬਾ ਬਲਬੀਰ ਸਿੰਘ ਨੇ ਕਿਹਾ ਇਸ ਤਰ੍ਹਾਂ ਦੀਆਂ ਘਟਨਾਵਾਂ ਸਿਰਫ਼ ਜਾਨੀ ਨੁਕਸਾਨ ਦਾ ਕਾਰਨ ਹੀ ਨਹੀਂ ਬਣਦੀਆਂ ਬਲਕਿ ਦੇਸ਼ ਦੀ ਬਦਨਾਮੀ ਵੀ ਕਰਵਾਉਂਦੀਆਂ ਹਨ। ਉਨ੍ਹਾਂ ਕਿਹਾ ਉੱਤਰ ਪ੍ਰਦੇਸ਼ ਦੀ ਸਰਕਾਰ ਵੱਲੋਂ ਭਾਵੇਂ ਘਟਨਾ ਦੀ ਜਾਂਚ ਦੇ ਆਦੇਸ਼ ਦੇ ਦਿੱਤੇ ਗਏ ਹਨ ਪਰ ਆਮ ਤੌਰ ਤੇ ਇਹੀ ਦੇਖਣ ਵਿਚ ਆਉਂਦਾ ਹੈ ਕਿ ਇਸ ਤਰ੍ਹਾਂ ਦੇ ਮਾਮਲਿਆਂ ਵਿਚ ਕਾਰਵਾਈ ਨਾਂਹ ਬਰਾਬਰ ਹੁੰਦੀ ਹੈ। ਇਸੇ ਕਾਰਨ ਸਮੇਂ-ਸਮੇਂ ਤੇ ਅਜਿਹੀਆਂ ਦੁਖਦਾਈ ਘਟਨਾਵਾਂ ਵਾਪਰਦੀਆਂ ਹਨ। ਪ੍ਰਬੰਧਕਾਂ ਨੇ ਏਡਾ ਵੱਡਾ ਇਕੱਠ ਕਰਨ ਅਤੇ ਉਸ ਦੇ ਪ੍ਰਬੰਧਾਂ ਸਬੰਧੀ ਸਥਾਨਕ ਪ੍ਰਸ਼ਾਸਨ ਨਾਲ ਗੱਲਬਾਤ ਕਿਉਂ ਨਾ ਕੀਤੀ? ਉਨ੍ਹਾਂ ਕਿਹਾ ਇਹ ਹੈਰਾਨੀ ਵਾਲੀ ਗੱਲ ਹੈ ਕਿ ਕਿਸੇ ਨੇ ਇਹ ਦੇਖਣ-ਸਮਝਣ ਦੀ ਕੋਈ ਕੋਸ਼ਿਸ਼ ਨਹੀਂ ਕੀਤੀ ਕਿ ਭਾਰੀ ਭੀੜ ਨੂੰ ਸੰਭਾਲਣ ਦੀ ਢੁੱਕਵੀਂ ਵਿਵਸਥਾ ਹੈ ਜਾਂ ਨਹੀਂ, ਭੀੜ ਨਾਲ ਕਿਵੇਂ ਸਿੱਝਿਆ ਜਾਵੇਗਾ? ਹਾਥਰਸ ਵਿਚ ਇੰਨੀ ਜ਼ਿਆਦਾ ਗਿਣਤੀ ਵਿਚ ਲੋਕਾਂ ਦੇ ਮਾਰੇ ਜਾਣ ਤੇ ਉਨ੍ਹਾਂ ਨੂੰ ਸ਼ਰਧਾਂਜਲੀਆਂ ਦੇਣ ਵਾਲਿਆਂ ਦਾ ਤਾਂਤਾ ਲੱਗੇਗਾ ਪਰ ਕੀ ਦੁੱਖ ਜ਼ਾਹਰ ਕਰਨ ਵਾਲੇ ਅਜਿਹੇ ਕੋਈ ਉਪਾਅ ਵੀ ਯਕੀਨੀ ਬਣਾ ਸਕਣਗੇ ਜਿਨ੍ਹਾਂ ਸਦਕਾ ਭਵਿੱਖ ਵਿਚ ਦੇਸ਼ ਨੂੰ ਸ਼ਰਮਿੰਦਾ ਕਰਨ ਵਾਲੀਆਂ ਅਜਿਹੀਆਂ ਘਟਨਾਵਾਂ ਨਾ ਵਾਪਰ ਸਕਣ? ਕੀ ਉਥੋਂ ਦੇ ਪ੍ਰਸ਼ਾਸਨ ਨੂੰ ਇਸ ਗੱਲ ਦਾ ਗਿਆਨ ਨਹੀਂ ਸੀ? ਲਾਪਰਵਾਹੀ ਹੀ ਅਜਿਹੇ ਦੁਖਦਾਈ ਪਲਾਂ ਨੂੰ ਜਨਮ ਦਿੰਦੀ ਹੈ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸ਼ਹੀਦ ਭਾਈ ਤਾਰੂ ਸਿੰਘ ਜੀ ਪੂਹਲਾ ਜ਼ੋਨ ਭਿੱਖੀਵਿੰਡ ਦੀ ਹੰਗਾਮੀ ਮੀਟਿੰਗ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸ਼ਹੀਦ ਭਾਈ ਤਾਰੂ ਸਿੰਘ ਜੀ ਪੂਹਲਾ ਜ਼ੋਨ ਭਿੱਖੀਵਿੰਡ ਦੀ ਮੀਟਿੰਗ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਦੇ ਜਨਮ ਅਸਥਾਨ ਗੁਰਦੁਆਰਾ ਪਹੂਵਿੰਡ ਸਾਹਿਬ ਵਿਖੇ ਪੂਰਨ ਸਿੰਘ ਮੱਦਰ ਤੇ ਸੁੱਚਾ ਸਿੰਘ ਵੀਰਮ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਮੀਟਿੰਗ 'ਚ ਮੌਜੂਦ ਕਿਸਾਨਾਂ ਤੇ ਮਜ਼ਦੂਰਾਂ ਨੂੰ ਸੰਬੋਧਿਤ ਹੁੰਦਿਆਂ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਤੇ ਜ਼ੋਨ ਪ੍ਰਧਾਨ ਦਿਲਬਾਗ ਸਿੰਘ ਪਹੂਵਿੰਡ ਨੇ ਕਿਹਾ ਕਿ ਮਿਤੀ 10 ਜੁਲਾਈ ਨੂੰ ਜ਼ਿਲ੍ਹਾ ਤਰਨ ਤਾਰਨ ਤੋਂ ਵੱਡੇ ਕਾਫਲੇ ਸ਼ੰਭੂ ਬਾਰਡਰ ਵੱਲ ਨੂੰ ਰਵਾਨਾ ਹੋਣਗੇ।ਆਗੂਆਂ ਨੇ ਕਿਹਾ ਕਿ ਬੀਜੇਪੀ ਦੇ ਗੁੰਡਿਆਂ ਵੱਲੋਂ ਸ਼ੰਭੂ ਬਾਰਡਰ ਦੀ ਸਟੇਜ 'ਤੇ ਸ਼ਾਂਤਮਈ ਤਰੀਕੇ ਨਾਲ ਬੈਠੇ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਬੀਬੀਆਂ 'ਤੇ ਹਮਲਾ ਕਰਨਾ ਸਰਕਾਰ ਦੀ ਬੁਖਲਾਹਟ ਦਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਦੇਸ਼ ਦੇ ਕਿਸਾਨ ਤੇ ਮਜ਼ਦੂਰ ਅਜਿਹੇ ਵਤੀਰੇ ਨੂੰ ਬਿਲਕੁਲ ਬਰਦਾਸ਼ਤ ਨਹੀਂ ਕਰਨਗੇ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਕਿਸਾਨੀ ਮੋਰਚੇ ਨੂੰ ਢਾਹ ਲਗਾਉਣ ਲਈ ਝੂਠੀਆਂ ਅਫਵਾਹਾਂ ਫੈਲਾ ਰਹੀ ਹੈ।ਸਰਕਾਰ ਵੱਲੋਂ ਉਸਾਰੀਆਂ ਉਚੀਆਂ ਕੰਧਾਂ, ਨੁਕੀਲੀਆਂ ਤਾਰਾਂ ਤੇ ਸੜਕ 'ਤੇ ਰੱਖੇ ਗਏ ਕੰਟੇਨਰ ਰਸਤੇ ਨੂੰ ਬੰਦ ਕਰ ਰਹੇ ਹਨ ਨਾ ਕਿ ਕਿਸਾਨ।ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਹੱਕ ਸੱਚ ਦੀ ਆਵਾਜ਼ ਚੁੱਕ ਰਹੇ ਹਰਿਆਣਾ ਤੋਂ ਕਿਸਾਨ ਆਗੂ ਨਵਦੀਪ ਸਿੰਘ ਤੇ ਉਸਦੇ ਦੋ ਹੋਰ ਸਾਥੀਆਂ ਨੂੰ ਸਰਕਾਰ ਵੱਲੋਂ ਜੇਲ੍ਹ ਵਿੱਚ ਨਜ਼ਰਬੰਦ ਕਰਕੇ ਉਨ੍ਹਾਂ 'ਤੇ ਅੰਨ੍ਹਾ ਤਸ਼ੱਦਦ ਢਾਇਆ ਜਾ ਰਿਹਾ ਹੈ ਤੇ ਦੂਜੇ ਪਾਸੇ ਭਾਜਪਾਈ ਆਗੂ ਦਾ ਪੁੱਤਰ ਕਿਸਾਨਾਂ ਨੂੰ ਗੱਡੀ ਹੇਠਾਂ ਦਰੜ ਕੇ ਸ਼ਰੇਆਮ ਬਾਹਰ ਘੁੰਮ ਰਿਹਾ ਹੈ।ਇਸ ਮੌਕੇ ਉਨ੍ਹਾਂ ਕਿਹਾ ਕਿ ਮਿਤੀ 17 ਜੁਲਾਈ ਨੂੰ ਨੌਜਵਾਨ ਕਿਸਾਨ ਨਵਦੀਪ ਸਿੰਘ ਤੇ ਉਸ ਦੇ ਸਾਥੀਆਂ ਨੂੰ ਛੁਡਾਉਣ ਲਈ ਕਿਸਾਨ ਵੱਡੀ ਗਿਣਤੀ ਵਿੱਚ ਅੰਬਾਲਾ ਵਿਖੇ ਐੱਸਐੱਸਪੀ ਦਫ਼ਤਰ ਸਾਹਮਣੇ ਲੱਗਣ ਵਾਲੇ ਧਰਨੇ ਵਿੱਚ ਪਹੁੰਚਣਗੇ।

ਇਸ ਮੌਕੇ ਰਣਜੀਤ ਸਿੰਘ ਚੀਮਾ ਤੇ ਜਗਰੂਪ ਸਿੰਘ ਮਾੜੀਮੇਘਾ ਨੇ ਲਿਖਤੀ ਪ੍ਰੈੱਸ ਨੋਟ ਜਾਰੀ ਕਰਦਿਆ ਕੇਂਦਰ ਦੀ ਐੱਨਡੀਏ ਸਰਕਾਰ ਪਾਸੋਂ 23 ਫਸਲਾਂ 'ਤੇ ਐੱਮਐੱਸਪੀ ਦੀ ਕਾਨੂੰਨੀ ਗਾਰੰਟੀ ਦੇਣ, ਲਖੀਮਪੁਰ ਖੀਰੀ ਕਾਂਡ ਦੇ ਦੋਸ਼ੀਆਂ ਨੂੰ ਸਜਾਵਾਂ ਦੇਣ, ਦਿੱਲੀ ਅੰਦੋਲਨ ਦੌਰਾਨ ਕਿਸਾਨਾਂ 'ਤੇ ਦਰਜ ਕੀਤੇ ਝੂਠੇ ਪਰਚੇ ਰੱਦ ਕਰਨ, 2022 ਬਿਜਲੀ ਸੋਧ ਐਕਟ ਰੱਦ ਕਰਨ, ਮਨਰੇਗਾ ਤਹਿਤ ਮਜ਼ਦੂਰਾਂ ਦੀ ਦਿਹਾੜੀ ਵਿੱਚ ਵਾਧਾ ਕਰਨ, ਨਵਦੀਪ ਸਿੰਘ ਅਤੇ ਉਸ ਦੇ ਸਾਥੀਆਂ ਨੂੰ ਤੁਰੰਤ ਰਿਹਾਅ ਕਰਨ, ਸ਼ੁਭਕਰਨ ਦੀ ਮੌਤ ਦਾ ਇਨਸਾਫ ਦੇਣ ਤੇ ਪ੍ਰਦੂਸ਼ਣ ਐਕਟ ਵਿੱਚੋਂ ਕਿਸਾਨਾਂ ਨੂੰ ਬਾਹਰ ਰੱਖਣ ਦੀ ਮੰਗ ਕੀਤੀ।

ਇਸ ਮੌਕੇ ਸੁਖਦੇਵ ਸਿੰਘ ਚੀਮਾ, ਪ੍ਰਤਾਪ ਸਿੰਘ ਚੀਮਾ, ਬਲਵਿੰਦਰ ਸਿੰਘ ਵਾੜਾ ਠੱਠੀ, ਅਮਰਜੀਤ ਸਿੰਘ ਵਾੜਾ ਠੱਠੀ, ਪ੍ਰਤਾਪ ਸਿੰਘ ਮਨਾਵਾ, ਅਵਤਾਰ ਸਿੰਘ ਮਨਾਵਾ, ਹਰਭਾਲ ਸਿੰਘ ਮਨਾਵਾਂ, ਗੁਰਜੰਟ ਸਿੰਘ ਮਨਾਵਾਂ, ਗੁਰਲਾਲ ਸਿੰਘ ਮਾੜੀਮੇਘਾ, ਜਗਰੂਪ ਸਿੰਘ ਮਾੜੀਮੇਘਾ, ਸਤਨਾਮ ਸਿੰਘ ਮਨਿਹਾਲਾ, ਰਾਜਬੀਰ ਸਿੰਘ ਮਨਿਹਾਲਾ, ਅਖਤਿਆਰ ਸਿੰਘ ਮਨਿਹਾਲਾ, ਬਚਿੱਤਰ ਸਿੰਘ ਨਵਾਪਿੰਡ, ਜਸਵੰਤ ਸਿੰਘ ਨਵਾਪਿੰਡ, ਪਲਵਿੰਦਰ ਸਿੰਘ ਮਾਸਟਰ, ਰਾਜਬੀਰ ਸਿੰਘ ਲਾਡਾ, ਬਿੱਕਰ ਸਿੰਘ ਮੱਖੀ ਕਲ੍ਹਾ, ਜਸਬੀਰ ਸਿੰਘ ਮੱਖੀ ਕਲ੍ਹਾ, ਹੀਰਾ ਸਿੰਘ ਪਹਿਲਵਾਨ, ਪ੍ਰਤਾਪ ਸਿੰਘ ਮੱਦਰ, ਜਸਵਿੰਦਰ ਸਿੰਘ ਮੱਦਰ , ਹਰੀ ਸਿੰਘ ਮੱਦਰ, ਸੁਖਦੇਵ ਸਿੰਘ ਦੋਦੇ, ਸੁੱਖਾ ਸਿੰਘ ਦੋਦੇ, ਸਵਰਨ ਸਿੰਘ ਫੌਜੀ ਡਲੀਰੀ, ਅੰਗਰੇਜ਼ ਸਿੰਘ ਡਲੀਰੀ, ਬਲਜਿੰਦਰ ਸਿੰਘ ਪਹੂਵਿੰਡ, ਹੀਰਾ ਸਿੰਘ ਪਹੂਵਿੰਡ, ਜਗਜੀਤ ਸਿੰਘ ਪਹੂਵਿੰਡ, ਅੰਗਰੇਜ ਸਿੰਘ ਵੀਰਮ, ਜਰਨੈਲ ਸਿੰਘ ਕੱਚਾ ਪੱਕਾ, ਭਜਨ ਸਿੰਘ ਕੱਚਾ ਪੱਕਾ, ਅੰਗਰੇਜ਼ ਸਿੰਘ ਵਾਂ, ਅਜੀਤ ਸਿੰਘ ਵਾਂ, ਨਿਰਵੈਲ ਸਿੰਘ ਚੇਲਾ, ਸੁਖਦੇਵ ਸਿੰਘ ਚੇਲਾ, ਚਰਨਜੀਤ ਸਿੰਘ ਚੇਲਾ, ਬਘੇਲ ਸਿੰਘ ਖਾਲੜਾ, ਸੁਬੇਗ ਸਿੰਘ ਖਾਲੜਾ, ਮੂਲਾ ਸਿੰਘ ਅਮੀਸ਼ਾਹ, ਬਲਜੀਤ ਸਿੰਘ ਅਮੀਸ਼ਾਹ, ਅਰੂੜ ਸਿੰਘ ਥੇਹ ਨੌਸ਼ਹਿਰਾ, ਜਸਬੀਰ ਸਿੰਘ ਦੋਦੇ, ਸੁਖਪਾਲ ਸਿੰਘ ਦੋਦੇ, ਸੁਖਚੈਨ ਸਿੰਘ ਨੰਬਰਦਾਰ, ਅਜੀਤ ਸਿੰਘ ਚੇਲਾ ਆਦਿ ਕਿਸਾਨ ਆਗੂ ਹਾਜ਼ਰ ਸਨ।

# 7 ਮਿੰਨੀ ਐੱਲ ਈ ਡੀ ਸੀਰੀਜ਼ ਨਾਲ ਘਰ ਬੈਠੇ ਸਿਨੇਮਾ ਦਾ ਅਨੰਦ ਲਵੋ

ਲੁਧਿਆਣਾ : ਸੋਨੀ ਇੰਡੀਆ ਨੇ ਆਪਣੀ ਨਵੀਂ ਬ੍ਰਾਵੀਆ 7 ਸੀਰੀਜ਼ ਲਾਂਚ ਕਰਨ ਦਾ ਐਲਾਨ ਕੀਤਾ ਹੈ, ਜੋ ਆਪਣੀ ਐਡਵਾਂਸ ਵਿਸ਼ੇਸ਼ਤਾਵਾਂ ਅਤੇ ਅਤਿ-ਆਧੁਨਿਕ ਤਕਨਾਲੋਜੀ ਦੇ ਨਾਲ ਸ਼ਾਨਦਾਰ ਵਿਊਇੰਗ ਅਤੇ ਬੇਮਿਸਾਲ ਆਡੀਓ ਅਨੁਭਵ ਪ੍ਰਦਾਨ ਕਰਦੀ ਹੈ। ਇਹ ਸੀਰੀਜ਼ ਸਿਨੇਮੈਟਿਕ ਕੰਟੈਂਟ ਨੂੰ ਜੀਵੰਤ ਰੂਪ ਦਿੰਦੇ ਹੋਏ ਸ਼ਾਨਦਾਰ ਪਿਕਚਰ ਅਤੇ ਸਾਊਂਡ ਕੁਆਲਟੀ ਪ੍ਰਦਾਨ ਕਰਦੀ ਹੈ, ਜਿਸ ਨਾਲ ਦਰਸ਼ਕ ਆਪਣੇ ਘਰ ਬੈਠੇ ਹੀ ਵੱਡੇ ਪਰਦੇ ਦੇ ਸਾਮਾਨ ਫਿਲਮਾਂ ਦਾ ਜਾਦੂਈ ਅਨੰਦ ਲੈ ਸਕਦੇ ਹਨ।

ਬ੍ਰਾਵੀਆ 7 ਸੀਰੀਜ਼ ਵਿਚ ਲਾਈਫ ਲਾਈਕ ਵਿਜ਼ੂਅਲ ਅਤੇ ਸ਼ਾਨਦਾਰ ਸਾਊਂਡ ਪ੍ਰਦਾਨ ਕਰਨ ਲਈ ਕ੍ਰਾਂਤੀਕਾਰੀ ਕੋਗਨਿਟਿਵ ਪ੍ਰੋਸੈਸਰ ਐਕਸਆਰ, ਮਿੰਨੀ ਐੱਲਈਡੀ ਅਤੇ ਐਕਸਆਰ ਟ੍ਰਾਇਲੂਮਿਨਸ ਪ੍ਰੋ ਟੈਕਨਾਲੋਜੀ ਸ਼ਾਮਲ ਕੀਤੀ ਗਈ ਹੈ।

ਇਸ ਸੀਰੀਜ਼ ਵਿੱਚ ਗੂਗਲ ਟੀਵੀ ਇੰਟੀਗ੍ਰੇਸ਼ਨ ਅਤੇ ਸੋਨੀ ਪਿਕਚਰਜ਼ ਕੋਰ (ਜੋ ਪਹਿਲਾਂ ਬ੍ਰਾਵੀਆ ਕੋਰ ਸੀ) ਵਰਗੀਆਂ ਸਮਾਰਟ ਵਿਸ਼ੇਸ਼ਤਾਵਾਂ ਵੀ ਸ਼ਾਮਲ ਹਨ, ਜੋ ਉਪਭੋਗਤਾਵਾਂ ਨੂੰ ਮਨੋਰੰਜਨ ਦਾ ਸ਼ਾਨਦਾਰ ਅਨੁਭਵ ਪ੍ਰਦਾਨ ਕਰਦੀਆਂ ਹਨ।

